ਮੰਗਲਵਾਰ, 10 ਨਵੰਬਰ, 2026

25 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 75

ਅੰਕ/NO. : 160

ਰੋਜ਼ਾਨਾ

ਨਵਾਂ ਜ਼ਮਾਨਾ

DAILY NAWAN ZAMANA • TUESDAY, 10 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਪਰਗਟ ਤੇ ਬਾਜਵਾ ਵੱਲੋਂ ਕਾਮਰੇਡਾਂ ਨਾਲ ਚੋਣ ਗੱਠਜੋੜ ਦਾ ਇਸ਼ਾਰਾ

ਕਾਂਗਰਸ ਉਮੀਦਵਾਰਾਂ ਦੀ ਪਹਿਲੀ ਸੂਚੀ ਇਸੇ ਮਹੀਨੇ

ਫਗਵਾੜਾ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਅਤੇ ਪਾਰਟੀ ਦੇ ਅਸੈਂਬਲੀ ਵਿੱਚ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਸੋਮਵਾਰ ਸੰਕੇਤ ਦਿੱਤਾ ਕਿ ਕਾਂਗਰਸ ਖੱਬੇ-ਪੱਖੀ ਪਾਰਟੀਆਂ ਨਾਲ ਚੋਣ ਗੱਠਜੋੜ 'ਤੇ ਵਿਚਾਰ ਕਰ ਸਕਦੀ ਹੈ। ਉਨ੍ਹਾਂ ਦੇ ਇਹ ਵਿਚਾਰ ਇਸ ਕਰਕੇ ਅਹਿਮ ਹਨ, ਕਿਉਂਕਿ ਪਾਰਟੀ ਪੰਜਾਬ ਦੀ ਸੱਤਾ 'ਤੇ ਮੁੜ ਕਾਬਜ਼ ਹੋਣ ਲਈ ਕੋਈ ਕਸਰ ਨਹੀਂ ਛੱਡਣਾ ਚਾਹੁੰਦੀ।



ਇੱਥੇ ਪਾਰਟੀ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਦੀ ਰਿਹਾਇਸ਼ 'ਤੇ ਪੁੱਜੇ ਪਰਗਟ ਸਿੰਘ ਨੇ ਦੱਸਿਆ ਕਿ ਪਾਰਟੀ ਇਸ ਮਹੀਨੇ ਦੇ ਅੰਤ ਤੱਕ ਆਪਣੇ ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕਰ ਸਕਦੀ ਹੈ। ਸ੍ਰੀ ਵਿਸ਼ਵਕਰਮਾ ਮੰਦਰ ਵੱਲ ਜਾਣ ਤੋਂ ਪਹਿਲਾਂ ਦੋਵਾਂ ਆਗੂਆਂ ਨੇ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਭਾਜਪਾ 'ਤੇ ਤਿੱਖਾ ਹਮਲਾ ਬੋਲਦਿਆਂ ਉਨ੍ਹਾਂ 'ਤੇ ਅਜਿਹੀਆਂ ਨੀਤੀਆਂ ਅਪਣਾਉਣ ਦੇ ਦੋਸ਼ ਲਾਏ, ਜਿਨ੍ਹਾਂ ਪੰਜਾਬ ਅਤੇ ਇਸ ਦੇ ਲੋਕਾਂ 'ਤੇ ਮਾੜਾ ਅਸਰ ਪਾਇਆ ਹੈ। ਲਗਾਤਾਰ ਸਰਕਾਰਾਂ ਦੀਆਂ ਸਿਆਸੀ ਅਤੇ ਪ੍ਰਸ਼ਾਸਨਿਕ ਨਾਕਾਮੀਆਂ ਨੇ ਸੂਬੇ ਦੇ ਸਾਹਮਣੇ ਕਈ ਪੇਚੀਦਾ ਸਮੱਸਿਆਵਾਂ ਪੈਦਾ ਕਰ ਦਿੱਤੀਆਂ ਹਨ।

ਦੋਵਾਂ ਨੇ ਦੋਸ਼ ਲਾਇਆ ਕਿ ਪੰਜਾਬ ਦੀ ਵਿੱਤੀ ਸਥਿਤੀ ਵਿਗੜ ਚੁੱਕੀ ਹੈ ਅਤੇ 'ਆਪ' ਦੇ ਕਾਰਜਕਾਲ ਦੌਰਾਨ ਸੂਬਾ ਵਧਦੇ ਕਰਜ਼ੇ ਹੇਠ ਦੱਬ ਗਿਆ ਹੈ। ਉਨ੍ਹਾ ਇਮਾਨਦਾਰ ਅਤੇ ਪਾਰਦਰਸ਼ੀ ਪ੍ਰਸ਼ਾਸਨ ਦੇਣ ਦੇ ਦਾਅਵਿਆਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਸਾਫ-ਸੁਥਰੇ ਸ਼ਾਸਨ ਦੇ ਵਾਰ-ਵਾਰ ਕੀਤੇ ਵਾਅਦਿਆਂ ਦੇ • ਬਾਕੀ ਸਫਾ 10 'ਤੇ

ਦੀਵਾਲੀ ਨੇ ਕੱਢਿਆ ਸਾਹਾਂ ਦਾ ਦੀਵਾਲਾ

ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)

ਦੀਵਾਲੀ ਤੋਂ ਬਾਅਦ ਦਿੱਲੀ ਅਤੇ ਕੌਮੀ ਰਾਜਧਾਨੀ ਖੇਤਰ ਵਿੱਚ ਹਵਾ ਦੀ ਗੁਣਵੱਤਾ 'ਚ ਤੇਜ਼ੀ ਨਾਲ ਗਿਰਾਵਟ ਆਈ ਹੈ। ਇੱਥੋਂ ਦਾ ਏਅਰ ਕੁਆਲਿਟੀ ਇੰਡੈਕਸ (ਏ ਕਿਊ ਆਈ) ਕੁੱਝ ਥਾਵਾਂ ਉੱਤੇ 400 ਨੂੰ ਪਾਰ ਕਰ ਗਿਆ ਅਤੇ ਚਾਂਦਨੀ ਚੌਕ ਤੇ ਆਈ ਟੀ ਓ ਸਮੇਤ ਕਈ ਖੇਤਰਾਂ ਵਿੱਚ ਹਵਾ ਦੀ ਗੁਣਵੱਤਾ 'ਗੰਭੀਰ' ਪੱਧਰ 'ਤੇ ਪਹੁੰਚ ਗਈ।

ਵਿਦੇਸ਼ੀ ਸੰਸਥਾ ਦੀ ਰੀਅਲ-ਟਾਈਮ ਹਵਾ ਗੁਣਵੱਤਾ ਦਰਜਾਬੰਦੀ ਤੋਂ ਪ੍ਰਾਪਤ ਅੰਕੜਿਆਂ ਮੁਤਾਬਕ 9 ਨਵੰਬਰ ਤੜਕੇ ਲੱਗਭੱਗ 2 ਵਜੇ ਦਿੱਲੀ ਦੇ ਕੁਝ ਸਟੇਸ਼ਨਾਂ ਉੱਪਰ ਏ ਕਿਊ ਆਈ ਦਾ ਪੱਧਰ 1,713 ਦਰਜ ਕੀਤਾ ਗਿਆ। ਰਾਜੌਰੀ ਗਾਰਡਨ ਵਿੱਚ 2,236 ਰਿਹਾ, ਜਦਕਿ ਸੁੰਦਰ ਵਿਹਾਰ ਵਿੱਚ 2,552 ਦਾ ਚਿੰਤਾਜਨਕ ਅੰਕੜਾ ਦਰਜ ਕੀਤਾ ਗਿਆ। ਭਾਰਤੀ ਸੰਸਥਾ ਨੇ ਇਸ ਤੋਂ ਕਾਫੀ ਘੱਟ ਅੰਕੜੇ ਦਿੱਤੇ ਹਨ।



ਕੋਲਕਾਤਾ ਵਿੱਚ ਦੀਵਾਲੀ ਦੀ ਰਾਤ ਸਾਲ ਦੀ ਸਭ ਤੋਂ ਭੈੜੀ ਰਾਤ ਸਾਬਤ ਹੋਈ। ਪਟਾਕੇ 8 ਵਜੇ ਤੋਂ 10 ਵਜੇ ਦੀ ਸੀਮਾ ਤੋਂ ਕਾਫੀ ਜ਼ਿਆਦਾ ਫਟ ਗਏ ਅਤੇ ਸੰਘਣੇ ਧੂੰਏਂ ਨੇ ਏ ਕਿਊ ਆਈ ਨੂੰ 600 ਤੋਂ ਉੱਪਰ ਧੱਕ ਦਿੱਤਾ, ਜਿਸ ਨਾਲ ਕੁਝ ਲੋਕਾਂ ਨੂੰ ਸਾਹ ਲੈਣ ਵਿੱਚ ਮੁਸ਼ਕਲ ਆਈ। ਕੋਲਕਾਤਾ ਵਾਸੀਆਂ ਨੇ ਕਿਹਾ ਕਿ ਸ਼ਾਇਦ ਹੀ ਕਿਸੇ ਨੇ ਪਟਾਕੇ ਚਲਾਉਣ ਦੀ ਸਮਾਂ ਸੀਮਾ ਦੀ ਪਾਲਣਾ ਕੀਤੀ ਅਤੇ ਇਸ ਨੂੰ ਰੋਕਣ ਲਈ ਪੁਲਸ ਵੱਲੋਂ ਕੋਈ ਦਖਲ ਨਹੀਂ ਦਿੱਤਾ ਗਿਆ। ਤਾਲਾ ਪਾਰਕ ਦੇ ਵਸਨੀਕ ਡੋਲਨ ਦੱਤਾ ਚੌਧਰੀ ਨੇ ਕਿਹਾ, "ਕੱਲ੍ਹ ਇੱਕ ਭਿਆਨਕ ਸੁਪਨਾ ਸੀ। ਇਹ ਇਸ ਤਰ੍ਹਾਂ ਸੀ ਜਿਵੇਂ ਲੋਕ ਬਦਲੇ ਦੀ ਭਾਵਨਾ ਨਾਲ ਪਟਾਕੇ ਚਲਾ ਰਹੇ ਸਨ। ਪਾਗਲਪਨ ਸਵੇਰੇ 4 ਵਜੇ ਤੱਕ ਜਾਰੀ ਰਿਹਾ। ਬੋਲ਼ੇ ਕਰਨ ਵਾਲੀ ਆਵਾਜ਼ ਨੂੰ ਭੁੱਲ ਜਾਓ, ਪੂਰਾ ਇਲਾਕਾ ਧੂੰਏਂ ਨਾਲ ਘਿਰਿਆ ਹੋਇਆ ਸੀ।" ਡਮ ਡਮ ਮਾਲ ਰੋਡ ਦੇ ਨੇੜੇ ਰਹਿਣ ਵਾਲੀ ਪੰਚਾਲੀ ਕਾਰ ਨੇ ਕਿਹਾ, "ਸਵੇਰੇ 4 ਵਜੇ ਤੱਕ ਪਟਾਕੇ ਚੱਲਦੇ ਰਹੇ ਅਤੇ ਸਾਰੀਆਂ ਖਿੜਕੀਆਂ ਬੰਦ ਕਰਨ ਨਾਲ ਕੋਈ ਫਾਇਦਾ ਨਹੀਂ ਹੋਇਆ। ਮੈਂ ਆਪਣੀ ਜ਼ਿੰਦਗੀ ਦੇ ਸਭ ਤੋਂ ਭਿਆਨਕ ਮਾਈਗ੍ਰੇਨ 'ਚੋਂ ਲੰਘੀ, ਜੋ ਦਵਾਈ ਲੈਣ ਦੇ ਬਾਵਜੂਦ ਘੱਟ ਨਹੀਂ ਹੋਇਆ।"

ਪੰਜਾਬ ਵਿੱਚ ਦੀਵਾਲੀ ਤੋਂ ਬਾਅਦ ਕਈ ਸ਼ਹਿਰਾਂ ਦੀ ਹਵਾ ਕਾਫੀ ਖਰਾਬ ਰਹੀ। ਦੀਵਾਲੀ ਵਾਲੀ ਰਾਤ ਸਥਿਤੀ ਹੋਰ ਵੀ ਗੰਭੀਰ ਸੀ, ਕਿਉਂਕਿ ਸਰਕਾਰ ਵੱਲੋਂ ਤੈਅ ਕੀਤੀ ਗਈ ਸਮਾਂ-ਹੱਦ ਤੋਂ ਬਾਅਦ ਵੀ ਪਟਾਕੇ ਚੱਲਦੇ ਰਹੇ। ਇਸ ਕਾਰਨ ਹਵਾ ਵਿੱਚ ਧੂੰਆਂ ਭਰ ਗਿਆ ਅਤੇ ਲੋਕਾਂ ਨੂੰ ਹਾਨੀਕਾਰਕ ਪ੍ਰਦੂਸ਼ਣ ਦਾ ਸਾਹਮਣਾ ਕਰਨਾ • ਬਾਕੀ ਸਫਾ 10 'ਤੇ

ਕੇਵਲ ਢਿੱਲੋਂ ਬਰਨਾਲਾ ਛੱਡ ਕੇ ਲੁਧਿਆਣਾ ਉੱਤਰੀ ਤੋਂ ਨਿੱਤਰਨਗੇ?

ਲੁਧਿਆਣਾ : ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਵਿਧਾਨ ਸਭਾ ਚੋਣ ਲੁਧਿਆਣਾ ਉੱਤਰੀ ਤੋਂ ਲੜ ਸਕਦੇ ਹਨ। ਇੱਕ ਅੰਦਰੂਨੀ ਪਾਰਟੀ ਰਿਪੋਰਟ ਵਿੱਚ ਇਸ ਹਲਕੇ ਨੂੰ ਉਨ੍ਹਾ ਲਈ ਸੁਰੱਖਿਅਤ ਦਰਸਾਇਆ ਗਿਆ ਹੈ। ਢਿੱਲੋਂ ਪਾਰਟੀ ਵਰਕਰਾਂ ਨੂੰ ਮਿਲਣ ਲਈ ਅਕਸਰ ਲੁਧਿਆਣਾ ਆਉਂਦੇ ਰਹਿੰਦੇ ਹਨ। ਹਲਕੇ ਵਿੱਚ ਕਈ ਥਾਵਾਂ 'ਤੇ ਉਨ੍ਹਾ ਦੇ ਨਾਂਅ ਵਾਲੇ ਹੋਰਡਿੰਗ ਲੱਗੇ ਹੋਏ ਹਨ। 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੇ ਇਸ ਵਿਧਾਨ ਸਭਾ ਹਲਕੇ ਤੋਂ ਲੀਡ ਹਾਸਲ ਕੀਤੀ ਸੀ। ਉਦੋਂ ਸਾਬਕਾ ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਨੇ ਇਸ ਹਲਕੇ ਤੋਂ 53,725 ਵੋਟਾਂ ਪ੍ਰਾਪਤ ਕੀਤੀਆਂ ਸਨ, ਜਦੋਂ ਕਿ ਜੇਤੂ ਰਹੇ ਕਾਂਗਰਸ ਦੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ 31,415 ਵੋਟਾਂ ਮਿਲੀਆਂ ਸਨ।



ਭਾਵੇਂ ਢਿੱਲੋਂ ਦਾ ਬਰਨਾਲਾ ਵਿੱਚ ਰਵਾਇਤੀ ਆਧਾਰ ਹੈ, ਪਰ ਉਨ੍ਹਾ ਨੇ 2007 ਅਤੇ 2012 ਵਿੱਚ ਕਾਂਗਰਸ ਵਿੱਚ ਹੁੰਦਿਆਂ ਇਹ ਸੀਟ ਜਿੱਤੀ ਸੀ। 2012 ਤੋਂ ਬਾਅਦ ਉਨ੍ਹਾ ਨੂੰ ਲਗਾਤਾਰ ਹਾਰਾਂ ਦਾ ਸਾਹਮਣਾ ਕਰਨਾ ਪਿਆ। 2017 ਵਿੱਚ ਉਹ 'ਆਪ' ਦੇ ਗੁਰਮੀਤ ਸਿੰਘ ਮੀਤ ਹੇਅਰ ਤੋਂ 2,432 ਵੋਟਾਂ ਨਾਲ ਹਾਰ ਗਏ। 2024 ਦੀ ਵਿਧਾਨ ਸਭਾ ਉਪ ਚੋਣ ਵਿੱਚ ਭਾਜਪਾ ਦੀ ਟਿਕਟ 'ਤੇ ਚੋਣ ਲੜਦੇ ਹੋਏ 17,958 ਵੋਟਾਂ ਨਾਲ ਤੀਜੇ ਸਥਾਨ 'ਤੇ ਰਹੇ।

ਚੋਣਾਂ ਫਰਵਰੀ 'ਚ ਸੰਭਵ

ਚੰਡੀਗੜ੍ਹ : ਮੁੱਖ ਚੋਣ ਕਮਿਸ਼ਨਰ ਤੇ ਚੋਣ ਕਮਿਸ਼ਨ ਦੇ ਹੋਰ ਮੈਂਬਰ ਨਵੰਬਰ ਦੇ ਆਖਰੀ ਹਫਤੇ ਜਾਂ ਦਸੰਬਰ ਵਿੱਚ ਪੰਜਾਬ ਸਮੇਤ ਪੰਜ ਚੋਣਾਂ ਵਾਲੇ ਸੂਬਿਆਂ ਦਾ ਦੌਰਾ ਕਰ ਸਕਦੇ ਹਨ। ਸੂਤਰਾਂ ਮੁਤਾਬਕ ਚੋਣ ਕਮਿਸ਼ਨ ਵੱਲੋਂ ਜਨਵਰੀ 2027 ਦੇ ਪਹਿਲੇ ਪੰਦਰਵਾੜੇ ਵਿੱਚ ਪੰਜਾਬ ਸਮੇਤ ਪੰਜ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਦਾ ਪ੍ਰੋਗਰਾਮ ਐਲਾਨੇ ਜਾਣ ਦੀ ਸੰਭਾਵਨਾ ਹੈ। ਇਨ੍ਹਾਂ ਸੂਬਿਆਂ ਵਿੱਚ ਪੰਜਾਬ ਤੋਂ ਇਲਾਵਾ ਯੂ ਪੀ, ਉੱਤਰਾਖੰਡ, ਗੋਆ ਅਤੇ ਮਨੀਪੁਰ ਸ਼ਾਮਲ ਹਨ। ਪੰਜਾਬ ਵਿਧਾਨ ਸਭਾ ਦਾ ਪੰਜ ਸਾਲਾ ਕਾਰਜਕਾਲ 15 ਮਾਰਚ ਨੂੰ ਖਤਮ ਹੋ ਰਿਹਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ 16 ਮਾਰਚ 2022 ਨੂੰ ਅਹੁਦੇ ਦੀ ਸਹੁੰ ਚੁੱਕੀ ਸੀ। 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਚੋਣ ਕਮਿਸ਼ਨ ਦੀ ਟੀਮ ਨੇ 15 ਅਤੇ 16 ਦਸੰਬਰ 2021 ਨੂੰ ਪੰਜਾਬ ਦਾ ਦੌਰਾ ਕੀਤਾ ਸੀ। ਇਸ ਤੋਂ ਬਾਅਦ 8 ਜਨਵਰੀ 2022 ਨੂੰ ਚੋਣ ਪ੍ਰੋਗਰਾਮ ਦੇ ਐਲਾਨ ਨਾਲ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਗਿਆ ਸੀ। ਉਸ ਚੋਣ ਵਿੱਚ 20 ਫਰਵਰੀ ਨੂੰ ਵੋਟਾਂ ਪਈਆਂ ਸਨ ਅਤੇ 10 ਮਾਰਚ ਨੂੰ ਨਤੀਜੇ ਐਲਾਨੇ ਗਏ ਸਨ। ਇਸ ਵਾਰ ਵੀ ਚੋਣ ਕਮਿਸ਼ਨ ਵੱਲੋਂ ਤਿਆਰੀਆਂ ਦੀ ਸਮੀਖਿਆ ਮਗਰੋਂ ਚੋਣ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ।

ਮੋਦੀ ਸਰਕਾਰ ਨੂੰ ਕੋਈ ਚਿੰਤਾ ਨਹੀਂ : ਕਾਂਗਰਸ

ਨਵੀਂ ਦਿੱਲੀ : ਕਾਂਗਰਸ ਨੇ ਮੋਦੀ ਸਰਕਾਰ 'ਤੇ ਜਨਤਕ ਸਿਹਤ 'ਤੇ ਪ੍ਰਦੂਸ਼ਣ ਦੇ ਪੈਣ ਵਾਲੇ ਪ੍ਰਭਾਵਾਂ ਦੀ ਪਰਵਾਹ ਨਾ ਕਰਨ ਦਾ ਦੋਸ਼ ਲਗਾਇਆ ਅਤੇ ਇੱਕ ਨਵੇਂ 'ਕਲੀਨ ਏਅਰ ਐਕਟ' (ਸਵੱਛ ਹਵਾ ਕਾਨੂੰਨ) ਦੀ ਮੰਗ ਕੀਤੀ। ਕਾਂਗਰਸ ਨੇ ਐੱਫ ਆਈ ਸੀ ਸੀ ਆਈ-ਈ ਵਾਈ ਦੀ ਇੱਕ ਰਿਪੋਰਟ, ਜਿਸ ਵਿੱਚ ਅੰਦਾਜ਼ਾ ਲਗਾਇਆ ਗਿਆ ਹੈ ਕਿ 2023 ਵਿੱਚ ਭਾਰਤ ਵਿੱਚ ਲੱਗਭੱਗ 20 ਲੱਖ ਮੌਤਾਂ ਹਵਾ ਪ੍ਰਦੂਸ਼ਣ ਦੇ ਕਾਰਨ ਹੋਈਆਂ ਸਨ, ਦਾ ਹਵਾਲਾ ਦਿੰਦੇ ਹੋਏ ਇਹ ਮੰਗ ਕੀਤੀ ਹੈ। ਕਾਂਗਰਸ ਦੇ ਰਾਜ ਸਭਾ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਜੈਰਾਮ ਰਮੇਸ਼ ਨੇ ਕਿਹਾ ਕਿ ਸਰਕਾਰ ਨੇ ਸੰਸਦ ਦੇ ਅੰਦਰ ਅਤੇ ਬਾਹਰ, ਹਵਾ ਪ੍ਰਦੂਸ਼ਣ ਨੂੰ ਮੌਤਾਂ ਨਾਲ ਜੋੜਨ ਵਾਲੇ ਅਧਿਐਨਾਂ ਨੂੰ ਵਾਰ-ਵਾਰ ਇਹ ਤਰਕ ਦਿੰਦੇ ਹੋਏ ਖਾਰਜ ਕੀਤਾ ਹੈ ਕਿ ਇਹ ਭਾਰਤ-ਵਿਸ਼ੇਸ਼ ਨਹੀਂ ਸਨ ਅਤੇ ਇਹ ਮੌਤਾਂ ਸਿੱਧੇ ਅਤੇ ਵਿਲੱਖਣ ਤੌਰ 'ਤੇ ਪ੍ਰਦੂਸ਼ਣ ਨਾਲ ਨਹੀਂ ਜੋੜੀਆਂ ਜਾ ਸਕਦੀਆਂ। ਉਨ੍ਹਾ ਕਿਹਾ ਕਿ ਰਿਪੋਰਟ ਵਿੱਚ ਅੰਦਾਜ਼ਾ ਲਗਾਇਆ ਗਿਆ ਹੈ ਕਿ 2023 ਵਿੱਚ ਲੱਗਭੱਗ 20 ਲੱਖ ਮੌਤਾਂ, ਜੋ ਕਿ ਦੇਸ਼ ਵਿੱਚ ਹੋਈਆਂ ਕੁੱਲ ਮੌਤਾਂ ਦਾ ਲੱਗਭੱਗ 22 ਪ੍ਰਤੀਸ਼ਤ ਹਨ, ਹਵਾ ਪ੍ਰਦੂਸ਼ਣ ਦੇ ਕਾਰਨ ਹੋਈਆਂ ਸਨ। ਇਨ੍ਹਾਂ ਨਤੀਜਿਆਂ ਨੂੰ ਸਰਕਾਰ ਲਈ ਇੱਕ ਹੋਰ ਚਿਤਾਵਨੀ ਦੱਸਦਿਆਂ ਰਮੇਸ਼ ਨੇ ਕਿਹਾ, "ਕਾਰੋਬਾਰ ਕਰਨ ਦੀ ਸੁਖਾਲ ਠੀਕ ਹੈ, ਪਰ ਸਾਹ ਲੈਣ ਦੀ ਸੁਖਾਲ ਇਸ ਤੋਂ ਵੀ ਵੱਧ ਜ਼ਰੂਰੀ ਹੈ।"

ਹੱਥ 'ਚ ਚੱਲਿਆ ਅਨਾਰ ਜਾਨ ਲੈ ਗਿਆ

ਨਵੀਂ ਦਿੱਲੀ : ਬਾਹਰੀ ਦਿੱਲੀ ਦੇ ਨਰੇਲਾ ਖੇਤਰ ਵਿੱਚ ਦੀਵਾਲੀ ਦੀ ਰਾਤ ਕਰੀਬ ਪੌਣੇ ਦਸ ਵਜੇ 10 ਸਾਲਾ ਮੁੰਡੇ ਰਿਸ਼ੀ ਦੀ ਹੱਥ ਵਿੱਚ ਅਨਾਰ ਫਟਣ ਕਾਰਨ ਮੌਤ ਹੋ ਗਈ। ਅੱਗ ਨੇ ਉਸ ਦੀ ਛਾਤੀ ਸਾੜ ਦਿੱਤੀ। ਉਸ ਦੇ ਭਰਾ ਨੇ ਦੱਸਿਆ, "ਸ਼ੁਰੂ ਵਿੱਚ ਰਿਸ਼ੀ ਨੇ ਮਾਂ ਨੂੰ ਆਵਾਜ਼ ਮਾਰੀ, ਪਰਵਾਰ ਨੇ ਸੋਚਿਆ ਕਿ ਸ਼ਾਇਦ ਉਸ ਨੂੰ ਮਾਮੂਲੀ ਸੱਟ ਲੱਗੀ ਹੈ, ਪਰ ਫਿਰ ਉਹ ਬੇਹੋਸ਼ ਹੋ ਗਿਆ ਅਤੇ ਅਸੀਂ ਉਸ ਨੂੰ ਸਕੂਟਰ 'ਤੇ ਹਸਪਤਾਲ ਲੈ ਗਏ, ਪਰ ਉਹ ਬਚ ਨਹੀਂ ਸਕਿਆ।"

ਛੇ ਨੌਜਵਾਨ ਜ਼ਿੰਦੜੀਆਂ ਸੜੀਆਂ



ਹਿਸਾਰ : ਯੂ ਪੀ ਦੇ ਮੁਜ਼ੱਫਰਨਗਰ ਜ਼ਿਲ੍ਹੇ ਤੋਂ ਲੱਗਭੱਗ 25 ਕਿੱਲੋਮੀਟਰ ਦੂਰ ਪਾਨੀਪਤ-ਖਟੀਮਾ ਕੌਮੀ ਰਾਜਮਾਰਗ 'ਤੇ ਸੋਮਵਾਰ ਸਵੇਰੇ ਬਿਜਲੀ ਦੇ ਖੰਭੇ ਨਾਲ ਟਕਰਾਉਣ ਤੋਂ ਬਾਅਦ ਕਾਰ ਅੱਗ ਦੀ ਲਪੇਟ 'ਚ ਆਉਣ ਕਾਰਨ ਹਰਿਆਣਾ ਦੇ ਹਾਂਸੀ ਜ਼ਿਲ੍ਹੇ ਦੇ ਦੋ ਪਿੰਡਾਂ ਦੇ ਛੇ ਨੌਜਵਾਨ ਜਿਊਂਦੇ ਸੜ ਗਏ। ਮ੍ਰਿਤਕਾਂ ਦੀ ਪਛਾਣ ਸਾਹਿਲ (20), ਅਮਨ (21), ਅਜੈ (21), ਅੰਕਿਤ (21), ਉਸ ਦੇ ਹਮਨਾਮ ਅੰਕਿਤ (21) ਅਤੇ ਰਾਹੁਲ (23) ਵਜੋਂ ਹੋਈ ਹੈ। ਇਨ੍ਹਾਂ ਵਿੱਚੋਂ ਚਾਰ ਨੌਜਵਾਨ-ਸਾਹਿਲ, ਰਾਹੁਲ ਅਤੇ ਦੋਵੇਂ ਅੰਕਿਤ ਰਾਖੀਗੜ੍ਹੀ ਪਿੰਡ ਦੇ ਸਨ, ਜਦਕਿ ਅਮਨ ਅਤੇ ਅਜੈ ਮੋਠ ਰੰਗੜਾਂ ਪਿੰਡ ਦੇ। ਅੰਕਿਤ ਅਤੇ ਰਾਹੁਲ ਸਕੇ ਭਰਾ ਸਨ। ਜਿੱਥੇ ਅਮਨ, ਅਜੈ ਅਤੇ ਅੰਕਿਤ ਵਿਦਿਆਰਥੀ ਸਨ, ਬਾਕੀ ਤਿੰਨ ਨੌਜਵਾਨ ਆਪਣਾ ਕੰਮ-ਕਾਰ ਕਰਦੇ ਸਨ। ਉਹ ਮੱਸਿਆ ਦੇ ਮੌਕੇ 'ਤੇ ਹਰੀਦਵਾਰ ਵਿਖੇ ਗੰਗਾ ਵਿੱਚ ਇਸ਼ਨਾਨ ਕਰਨ ਲਈ ਦੇਰ ਰਾਤ ਕਰੀਬ 12 ਵਜੇ ਬਿਨਾਂ ਦੱਸੇ ਘਰੋਂ ਨਿਕਲੇ ਸਨ। ਸਾਹਿਲ ਦੇ ਪਿਤਾ ਸੋਮ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦਾ ਪੁੱਤਰ ਹੁੰਡਈ ਔਰਾ ਕਾਰ ਚਲਾ ਰਿਹਾ ਸੀ, ਜੋ ਕਿ ਉਸ ਨੇ ਦੋ ਦਿਨ ਪਹਿਲਾਂ ਹੀ ਪਰਵੀਨ ਤੋਂ ਲਈ ਸੀ। ਨੌਜਵਾਨਾਂ ਦੀਆਂ ਲਾਸ਼ਾਂ ਇਸ ਤਰ੍ਹਾਂ ਸੜ ਚੁੱਕੀਆਂ ਸਨ ਕਿ ਪਛਾਨਣੀਆਂ ਮੁਸ਼ਕਲ ਸਨ।

ਸਮਾਜਵਾਦ ਦੀ ਅਟੱਲਤਾ ਤੇ ਏ ਆਈ ਦੇ ਪ੍ਰਭਾਵਾਂ 'ਤੇ ਗੰਭੀਰ ਚਰਚਾ

ਕਾਮਰੇਡ ਰਣਧੀਰ ਗਿੱਲ ਦੀ ਬਰਸੀ ਮੌਕੇ ਕਰਵਾਇਆ ਪ੍ਰਭਾਵਸ਼ਾਲੀ ਸੈਮੀਨਾਰ

ਮੋਗਾ (ਇਕਬਾਲ ਸਿੰਘ ਖਹਿਰਾ)

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਵੱਲੋਂ ਕਾਮਰੇਡ ਰਣਧੀਰ ਗਿੱਲ ਦੀ ਚੌਥੀ ਬਰਸੀ ਅਤੇ ਸਮਾਜਵਾਦੀ ਅਕਤੂਬਰ ਇਨਕਲਾਬ ਦੀ 109ਵੀਂ ਵਰ੍ਹੇਗੰਢ ਨੂੰ ਸਮਰਪਿਤ ਇੱਕ ਵਿਸ਼ੇਸ਼ ਸੈਮੀਨਾਰ ਸੋਮਵਾਰ ਇੱਥੋਂ ਦੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਸਫ਼ਲਤਾਪੂਰਵਕ ਕਰਵਾਇਆ ਗਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਬੁੱਧੀਜੀਵੀਆਂ, ਸਾਹਿਤਕਾਰਾਂ, ਮਜ਼ਦੂਰ-ਮੁਲਾਜ਼ਮ ਆਗੂਆਂ ਅਤੇ ਪਾਰਟੀ ਵਰਕਰਾਂ ਨੇ ਹਿੱਸਾ ਲਿਆ। ਇਸ ਸੈਮੀਨਾਰ ਦਾ ਉਦਘਾਟਨ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਮੀਤ ਸਕੱਤਰ ਡਾਕਟਰ ਇੰਦਰਵੀਰ ਗਿੱਲ ਨੇ ਕਾਮਰੇਡ ਰਣਧੀਰ ਗਿੱਲ ਦੇ ਜੀਵਨ ਤੇ ਉਹਨਾ ਦੁਆਰਾ ਅਧਿਆਪਕ ਲਹਿਰ ਨੂੰ ਮਜ਼ਬੂਤ ਕਰਨ ਲਈ ਪਾਏ ਗਏ ਯੋਗਦਾਨ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਤੇ ਆਏ ਹੋਏ ਮੁੱਖ ਬੁਲਾਰਿਆਂ ਤੇ ਵਰਕਰਾਂ ਦਾ ਸਵਾਗਤ ਕੀਤਾ। ਇਸ ਸਮਾਗਮ ਵਿੱਚ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਦਿਨੇਸ਼ ਸ੍ਰੀਰੰਗਰਾਜ ਵੀ ਹਾਜ਼ਰ ਹੋਏ, ਜਿਨ੍ਹਾ ਐੱਸ ਆਈ ਆਰ ਤੇ ਵੋਟ ਚੋਰੀ ਦੇ ਮਾਮਲੇ ਉਪਰ ਆਪਣੇ ਵਿਚਾਰ ਰੱਖੇ। ਉਹਨਾ ਕਿਹਾ ਕਿ ਮੋਦੀ ਸਰਕਾਰ ਨੇ ਦੇਸ਼ ਦੀ ਸਿੱਖਿਆ ਪ੍ਰਣਾਲੀ ਨੂੰ ਪ੍ਰਾਈਵੇਟ ਹੱਥਾਂ ਵਿੱਚ ਸੌਂਪ ਕੇ ਵਿਦਿਆਰਥੀਆਂ ਨੂੰ ਖੁਦਕਸ਼ੀਆਂ ਦੇ ਰਾਹ ਤੋਰ ਦਿੱਤਾ ਹੈ। ਵਿਸ਼ਵ ਵਿੱਚ ਮੁੱਖ ਸਥਾਨ ਰੱਖਦੇ ਸਾਡੇ ਦੇਸ਼ ਨੂੰ ਆਪਣੇ ਭਵਿੱਖ ਲਈ ਘੱਟੋ-ਘੱਟ ਦਸ ਪ੍ਰਤੀਸ਼ਤ ਬਜਟ ਸਿੱਖਿਆ ਉੱਤੇ ਖਰਚ ਕਰਨ ਦੀ ਲੋੜ ਹੈ। ਉਹਨਾ ਕਿਹਾ ਕੇ ਅੱਜ ਦੁਨੀਆ ਭਰ ਵਿੱਚ ਸਿੱਖਿਆ ਤੇ ਰੁਜ਼ਗਾਰ ਲਈ ਅੰਦੋਲਨ ਹੋ ਰਹੇ ਹਨ ਅਤੇ ਇਹਨਾਂ ਅੰਦੋਲਨਾਂ ਵਿੱਚ ਵਿਦਿਆਰਥੀਆਂ ਦੀ ਮੋਹਰੀ ਭੂਮਿਕਾ ਹੈ। ਇਸ ਲਈ ਸਾਡੇ ਇੱਥੇ ਵਿਦਿਆਰਥੀ ਅਤੇ ਨੌਜਵਾਨ ਜਥੇਬੰਦੀਆਂ ਨੂੰ ਮਜ਼ਬੂਤ ਕਰਨ ਦੀ ਵਧੇਰੇ ਲੋੜ ਹੈ।



ਸੈਮੀਨਾਰ ਦੌਰਾਨ ਮੁੱਖ ਬੁਲਾਰੇ ਵਜੋਂ ਸੰਬੋਧਨ ਕਰਦਿਆਂ ਪੰਜਾਬ ਯੂਨੀਵਰਸਿਟੀ ਦੇ ਸੈਨੇਟ ਮੈਂਬਰ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਜਨਰਲ ਸਕੱਤਰ ਪ੍ਰੋ. ਸੁਖਦੇਵ ਸਿਰਸਾ ਨੇ ਕਿਹਾ ਕੇ ਸਮਾਜਵਾਦੀ ਅਕਤੂਬਰ ਇਨਕਲਾਬ ਦੀ ਪੂਰੇ ਸੰਸਾਰ ਲਈ ਇਸ ਗੱਲੋਂ ਵਡੇਰੀ ਮਹੱਤਤਾ ਹੈ ਕਿ ਉਸ ਨੇ ਨਵੀਂ ਕਿਸਮ ਦੇ ਮਨੁੱਖ ਸਿਰਜੇ। ਸਾਡੇ ਲਈ ਨੋਟ ਕਰਨ ਵਾਲੀ ਸਿੱਖਿਆ ਹੈ ਕਿ ਅਸੀਂ ਆਰਥਿਕ ਸੰਘਰਸ਼ਾਂ ਦੇ ਨਾਲ-ਨਾਲ ਲੋਕਾਈ ਨੂੰ ਸੱਭਿਆਚਾਰਕ ਪੱਖੋਂ ਅਮੀਰ ਬਣਾਉਣ ਦੇ ਯਤਨ ਕਰੀਏ। ਅਸੀਂ ਲੋਕਾਂ ਨੂੰ ਸੱਭਿਆਚਾਰਕ ਤੌਰ ਉਤੇ ਉਪਰ ਚੁੱਕਾਂਗੇ ਤਾਂ ਵਧੇਰੇ ਸੰਵੇਦਨਾ, ਵਧੇਰੇ ਮਾਨਵੀ ਹਮਦਰਦੀ, ਵਧੇਰੇ ਵਿਗਿਆਨਕਤਾ, ਆਰਥਿਕ ਬਰਾਬਰਤਾ ਜਿਹੀਆਂ ਕੀਮਤੀ ਉਪਲੱਬਧੀਆਂ ਵਾਲਾ ਸਮਾਜ ਸਿਰਜਿਆ ਜਾ ਸਕਦਾ ਹੈ। ਪ੍ਰੋ. ਸਿਰਸਾ ਨੇ ਕਿਹਾ ਕਿ ਕਮਿਊਨਿਸਟ ਲਹਿਰ ਨੂੰ ਅਕਤੂਬਰ ਸਮਾਜਵਾਦੀ ਇਨਕਲਾਬ ਤੋਂ ਸੇਧ ਲੈਂਦਿਆਂ ਆਪਣੇ ਕਾਰਕੁਨਾਂ ਨੂੰ ਵਿੱਦਿਆ ਦੇਣ ਉਪਰ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ, ਤਾਂ ਜੋ ਸਮਾਜਵਾਦੀ ਇਨਕਲਾਬ ਦੀ ਅਟੱਲਤਾ ਉਹਨਾਂ ਦੀ ਸਮੁੱਚੀ ਸਰਗਰਮੀ ਦਾ ਅੰਤਮ ਨਿਸ਼ਾਨਾ ਹੋਵੇ।

ਸੈਮੀਨਾਰ ਵਿੱਚ 'ਏ ਆਈ (ਆਰਟੀਫੀਸ਼ੀਅਲ ਇੰਟੈਲੀਜੈਂਸ)-ਬੁਰਜੂਆ ਵਿਕਾਸ ਦੀ ਉਤਮਤਾ ਅਤੇ ਪ੍ਰੋਲੇਤਾਰੀ ਉਥਾਣ' ਵਿਸ਼ੇ 'ਤੇ ਬੋਲਦਿਆਂ ਕਾਮਰੇਡ ਜਗਰੂਪ ਨੇ ਕਿਹਾ ਕਿ ਨਵੀਂ ਤਕਨਾਲੋਜੀ ਅਤੇ ਏ ਆਈ ਦੀ ਵਰਤੋਂ ਕਾਰਪੋਰੇਟ ਘਰਾਣਿਆਂ ਵੱਲੋਂ ਮੁਨਾਫ਼ਾ ਕਮਾਉਣ ਅਤੇ ਰੁਜ਼ਗਾਰ ਘਟਾਉਣ ਲਈ ਕੀਤੀ ਜਾ ਰਹੀ ਹੈ। ਇਸ ਦੇ ਮੁਕਾਬਲੇ ਪ੍ਰੋਲੇਤਾਰੀ ਨੂੰ ਆਪਣੇ ਹੱਕਾਂ ਲਈ ਵਧੇਰੇ ਜਾਗਰੂਕ ਹੋਣ ਦੀ ਲੋੜ ਹੈ। ਉਹਨਾਂ ਕਿਹਾ ਕੇ ਏ ਆਈ ਨਾਲ ਅੱਜ ਹਰ ਖੇਤਰ ਵਿਚ ਹੋ ਰਹੇ ਉਤਪਾਦਨ ਨੇ ਸਾਬਤ ਕਰ ਦਿੱਤਾ ਕਿ ਬਹੁਤ ਘੱਟ ਮਨੁੱਖੀ ਮਿਹਨਤ ਨਾਲ ਦੁਨੀਆਂ ਦੀ ਆਬਾਦੀ ਦੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਸਕਦੀਆਂ ਹਨ। ਇਸ ਦੇ ਨਾਲ ਸਭ ਤੋਂ ਜ਼ਰੂਰੀ ਕਾਰਜ ਹੈ ਕਿ ਵਧੀ ਹੋਈ ਤਕਨੀਕ ਨਾਲ ਹੋ ਰਹੇ ਉਤਪਾਦਨ ਅਤੇ ਵਧ ਰਹੀ ਬੇਰੁਜ਼ਗਾਰੀ ਦੇ ਹੱਲ ਲਈ ਕੰਮ ਦਿਹਾੜੀ ਦੀ ਕਨੂੰਨੀ ਸਮਾਂ ਸੀਮਾ ਘੱਟ ਕਰਕੇ ਰੁਜ਼ਗਾਰ ਪੈਦਾ ਕੀਤਾ ਜਾਵੇ। ਤਕਨੀਕ ਦੀ ਇਸ ਸੁਚੱਜੀ ਵਰਤੋਂ ਨੂੰ ਇਸਤੇਮਾਲ ਨਾ ਕਰਨਾ ਸਮਾਜਕ ਵਿਗਾੜਾਂ ਨੂੰ ਜਨਮ ਦੇ ਰਿਹਾ ਹੈ ਤੇ ਇਸ ਨਾਅਰੇ ਨੂੰ ਨਜ਼ਰਅੰਦਾਜ ਕਰਨ ਵਾਲੀਆਂ ਲਹਿਰਾਂ ਵੀ ਕਮਜ਼ੋਰ ਹੋ ਰਹੀਆਂ ਹਨ। • ਬਾਕੀ ਸਫਾ 10 'ਤੇ

ਪਸ਼ੂ ਲੈ ਕੇ ਹਜ਼ਾਰਾਂ ਕਿਸਾਨ ਸੜਕਾਂ 'ਤੇ



ਕੋਲਹਾਪੁਰ (ਨਵਾਂ ਜ਼ਮਾਨਾ ਸਰਵਿਸ)

ਚੋਣਾਂ ਵਿੱਚ ਹਾਰਨ ਦੇ ਬਾਵਜੂਦ ਕੋਲਹਾਪੁਰ ਜ਼ਿਲ੍ਹਾ ਸਹਿਕਾਰੀ ਦੁੱਧ ਉਤਪਾਦਕ ਯੂਨੀਅਨ, ਜਿਸ ਨੂੰ ਗੋਕੁਲ ਡੇਅਰੀ ਵਜੋਂ ਜਾਣਿਆ ਜਾਂਦਾ ਹੈ, ਦੇ ਬੋਰਡ ਉੱਤੇ ਕਬਜ਼ਾ ਕਰਨ ਦੀਆਂ ਹੁਕਮਰਾਨ ਮਹਾਯੁਤੀ ਦੀਆਂ ਕੋਸ਼ਿਸ਼ਾਂ ਦੇ ਖਿਲਾਫ ਹਜ਼ਾਰਾਂ ਕਿਸਾਨਾਂ ਨੇ ਸੋਮਵਾਰ ਪਸ਼ੂਆਂ ਨੂੰ ਨਾਲ ਲੈ ਕੇ ਡੀ ਸੀ ਦਫਤਰ ਤੱਕ ਮਾਰਚ ਕੀਤਾ। ਉਹ ਸਰਕਾਰ ਦੇ ਉਸ ਆਰਡੀਨੈਂਸ ਦਾ ਵਿਰੋਧ ਕਰ ਰਹੇ ਸਨ, ਜਿਹੜਾ 25 ਮੈਂਬਰੀ ਬੋਰਡ ਵਿੱਚ ਮਹਾਯੁਤੀ ਦੇ ਸਮਰਥਕਾਂ ਦੀ ਗਿਣਤੀ 12 ਤੋਂ ਵਧਾ ਕੇ 16 ਕਰ ਦਿੰਦਾ ਹੈ। ਪਿਛਲੇ ਹਫਤੇ, ਮਹਾਰਾਸ਼ਟਰ ਕੈਬਨਿਟ ਨੇ 500 ਕਰੋੜ ਰੁਪਏ ਤੋਂ ਵੱਧ ਸਾਲਾਨਾ ਟਰਨਓਵਰ ਵਾਲੀਆਂ ਸਹਿਕਾਰੀ ਸੰਸਥਾਵਾਂ ਦੀਆਂ ਪ੍ਰਬੰਧਕੀ ਕਮੇਟੀਆਂ ਵਿੱਚ ਸਰਕਾਰ ਵੱਲੋਂ ਨਾਮਜ਼ਦ ਪੰਜ ਮੈਂਬਰਾਂ ਦੀ ਨਿਯੁਕਤੀ ਨੂੰ ਮਨਜ਼ੂਰੀ ਦੇ ਦਿੱਤੀ, ਜਿਸ ਵਿੱਚ ਜ਼ਿਲ੍ਹਾ ਕੇਂਦਰੀ ਸਹਿਕਾਰੀ ਬੈਂਕਾਂ ਨੂੰ ਛੱਡ ਦਿੱਤਾ ਗਿਆ। ਆਰਡੀਨੈਂਸ ਨਾਲ ਗੋਕੁਲ ਡੇਅਰੀ ਬੋਰਡ ਵਿੱਚ ਸਰਕਾਰ ਵੱਲੋਂ ਨਿਯੁਕਤ ਚਾਰ ਡਾਇਰੈਕਟਰ ਵੋਟ ਪਾਉਣ ਦੇ ਹੱਕਦਾਰ ਹੋਣਗੇ। ਮਾਰਚ ਦੀ ਅਗਵਾਈ ਕਾਂਗਰਸ ਦੇ ਐੱਮ ਐੱਲ ਸੀ ਸਤੇਜ ਪਾਟਿਲ ਦੀ ਅਗਵਾਈ ਵਾਲੀ ਰਾਜਰਸ਼ੀ ਸ਼ਾਹੂ ਸ਼ੇਤਕਾਰੀ ਸੰਵਿਚਾਰੀ ਅਘਾੜੀ ਕਰ ਰਹੀ ਸੀ, ਜਿਸ ਨੇ 19 ਅਕਤੂਬਰ ਨੂੰ ਗੋਕੁਲ ਬੋਰਡ ਦੀਆਂ ਚੋਣਾਂ ਵਿੱਚ 25 ਵਿੱਚੋਂ 13 ਸੀਟਾਂ ਜਿੱਤੀਆਂ ਸਨ। ਮਹਾਯੁਤੀ-ਸਮਰਥਤ ਪੈਨਲ 12 ਸੀਟਾਂ ਜਿੱਤ ਸਕਿਆ, ਜੋ ਭਾਜਪਾ ਦੀ ਅਗਵਾਈ ਵਾਲੇ ਸੱਤਾਧਾਰੀ ਗੱਠਜੋੜ ਲਈ ਇੱਕ ਝਟਕਾ ਹੈ, ਜਿਸ ਦੇ ਨੇਤਾਵਾਂ ਨੇ ਪ੍ਰਭਾਵਸ਼ਾਲੀ ਸਹਿਕਾਰੀ ਸੰਸਥਾ 'ਤੇ ਕੰਟਰੋਲ ਹਾਸਲ ਕਰਨ ਦੀ ਕੋਸ਼ਿਸ਼ ਵਿੱਚ ਇਕੱਠੇ ਪ੍ਰਚਾਰ ਕੀਤਾ ਸੀ, ਜਿਸ ਦਾ ਸਾਲਾਨਾ ਟਰਨਓਵਰ 4,000 ਕਰੋੜ ਰੁਪਏ ਤੋਂ ਵੱਧ ਹੈ।

ਕਾਂਗਰਸ ਆਗੂ, ਸੰਸਦ ਮੈਂਬਰ ਅਤੇ ਸਥਾਨਕ ਵਕੀਲ ਵੀ ਸਰਕਾਰ ਦੇ ਫੈਸਲੇ ਵਿਰੁੱਧ ਕਾਲੇ ਝੰਡੇ ਅਤੇ ਬੈਨਰ ਲੈ ਕੇ ਮਾਰਚ ਵਿੱਚ ਸ਼ਾਮਲ ਹੋਏ। ਵਕੀਲਾਂ ਨੇ ਕਿਹਾ ਕਿ ਉਹ ਸਹਿਕਾਰੀ ਸੰਸਥਾਵਾਂ ਵਿੱਚ ਲੋਕਤੰਤਰੀ ਸਿਧਾਂਤਾਂ ਦੀ ਰੱਖਿਆ ਲਈ ਅੰਦੋਲਨ ਵਿੱਚ ਸ਼ਾਮਲ ਹੋਏ ਹਨ। ਸੰਵਿਚਾਰੀ ਅਘਾੜੀ ਨੇ ਇਸ ਆਰਡੀਨੈਂਸ ਨੂੰ ਬੰਬੇ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਹੈ ਅਤੇ • ਬਾਕੀ ਸਫਾ 10 'ਤੇ

ਅੱਜ-ਨਾਮਾ

ਨਿੱਜੀ ਝਗੜੇ ਦਾ ਸੜਕ 'ਤੇ ਅਸਰ ਪੈਂਦਾ,
ਦੇਂਦੇ ਗੱਡੀ ਵਿੱਚ ਗੱਡੀ ਹਨ ਮਾਰ ਮੀਆਂ।
ਕਿਸੇ ਨੂੰ ਮਾਰਦੇ ਕਈ ਫਿਰ ਮਰਨ ਆਪੇ,
ਹੁੰਦੇ ਵਿਛੇ ਉਹ ਸੜਕ ਵਿਚਕਾਰ ਮੀਆਂ।
ਖੁਦ ਇਹ ਸੰਕਟ ਸਹੇੜਿਆ ਆਪ ਹੁੰਦਾ,
ਫਸਦੇ ਨਾਲ ਹੀ ਮਿੱਤਰ ਤੇ ਯਾਰ ਮੀਆਂ।
ਪਿੱਛੇ ਖਬਰ ਦੇ ਦੂਜੀ ਪਈ ਖਬਰ ਆਵੇ,
ਦਿੱਸੇ ਖਬਰਾਂ ਦੀ ਡਾਢੀ ਭਰਮਾਰ ਮੀਆਂ।
ਹਾਦਸੇ ਹੁੰਦੇ ਤਾਂ ਮਰਦੇ ਆ ਨਿੱਤ ਲੋਕੀਂ,
ਅਕਲਾਂ ਅਜੇ ਵੀ ਲੋਕ ਨਾ ਕਰਨ ਮੀਆਂ।
ਲੋਕ ਨੇ ਜਿੱਦਾਂ ਬੇਅਕਲੀਆਂ ਕਰੀ ਜਾਂਦੇ,
ਹੋਈ ਅਕਲ ਬੱਸ ਜਾਪਦੀ ਹਰਨ ਮੀਆਂ।

-ਤੀਸ ਮਾਰ ਖਾਂ

ਅਮਰੀਕਾ 'ਚ ਦੀਵਾਲੀ 'ਤੇ ਹਿੰਦੂਆਂ ਖਿਲਾਫ ਪ੍ਰਦਰਸ਼ਨ

ਵਾਸ਼ਿੰਗਟਨ (ਨਵਾਂ ਜ਼ਮਾਨਾ ਸਰਵਿਸ)

ਅਮਰੀਕਾ ਦੇ ਸਿਆਟਲ ਵਿੱਚ ਦੀਵਾਲੀ ਦੇ ਸਮਾਗਮ ਦੌਰਾਨ ਰੂੜ੍ਹੀਵਾਦੀਆਂ ਦੇ ਇੱਕ ਗਰੁੱਪ ਨੇ ਖੂਬ ਹੰਗਾਮਾ ਕੀਤਾ। ਜੈਕ ਲੈਂਗ ਦੀ ਅਗਵਾਈ ਹੇਠ ਆਏ ਇਨ੍ਹਾਂ ਕਾਰਕੁੰਨਾਂ ਨੇ ਭਾਰਤੀ ਮੂਲ ਦੇ ਲੋਕਾਂ ਅਤੇ ਹਿੰਦੂ ਭਾਈਚਾਰੇ ਖਿਲਾਫ ਨਸਲੀ ਨਾਅਰਿਆਂ ਵਾਲੀਆਂ ਤਖਤੀਆਂ ਚੁੱਕ ਕੇ ਨਾਅਰੇਬਾਜ਼ੀ ਕੀਤੀ। ਇਸ ਘਟਨਾ ਦੀ ਅਮਰੀਕੀ ਸੰਸਦ ਮੈਂਬਰਾਂ ਅਤੇ ਭਾਈਚਾਰੇ ਦੇ ਆਗੂਆਂ ਨੇ ਸਖਤ ਨਿਖੇਧੀ ਕੀਤੀ ਹੈ।

ਜੈਕ ਲੈਂਗ ਅਤੇ ਉਸ ਦੇ ਸਾਥੀ ਥੌਮਸ ਐਲਨ ਨੇ ਅਮਰੀਕੀ ਝੰਡਾ ਲਹਿਰਾਉਂਦਿਆਂ ਰੋਸ ਪ੍ਰਗਟਾਇਆ। ਉਨ੍ਹਾਂ 'ਸਾਰੇ ਭਾਰਤੀਆਂ ਨੂੰ ਦੇਸ਼ 'ਚੋਂ ਕੱਢੋ' ਅਤੇ 'ਈਸਾਈਆਂ ਦੀ ਥਾਂ ਹਿੰਦੂਆਂ ਨੂੰ ਵਸਾਉਣਾ ਬੰਦ ਕਰੋ' ਵਰਗੇ ਨਾਅਰੇ ਵਾਲੀਆਂ ਤਖਤੀਆਂ ਦਿਖਾਈਆਂ।

ਇਹ ਹੰਗਾਮਾ ਉਸ ਵੇਲੇ ਹੋਇਆ ਜਦੋਂ ਮੰਚ 'ਤੇ ਨਾਚ ਦੀ ਪੇਸ਼ਕਾਰੀ ਚੱਲ ਰਹੀ ਸੀ। ਇਸ ਘਟਨਾ ਦੀਆਂ ਵੀਡੀਓਜ਼ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈਆਂ। ਹੰਗਾਮਾ ਕਰਨ ਵਾਲੇ ਕਾਰਕੁੰਨਾਂ ਨੂੰ ਛੇਤੀ ਹੀ ਸਮਾਗਮ ਵਾਲੀ ਥਾਂ ਤੋਂ ਬਾਹਰ ਕੱਢ ਦਿੱਤਾ ਗਿਆ। ਇਹ ਘਟਨਾ ਸਿਆਟਲ ਸੈਂਟਰ ਆਰਮਰੀ ਵਿੱਚ ਹੋਏ ਦੀਵਾਲੀ ਸਮਾਗਮ ਦੌਰਾਨ ਵਾਪਰੀ। ਇਥੇ ਸਾਲਾਨਾ 25 ਸੱਭਿਆਚਾਰਕ ਮੇਲੇ ਹੁੰਦੇ ਹਨ, ਜਿਨ੍ਹਾਂ ਵਿੱਚ ਹਰ ਸਾਲ ਕਰੀਬ ਚਾਰ ਲੱਖ ਲੋਕ ਸ਼ਾਮਲ ਹੁੰਦੇ ਹਨ। ਅਮਰੀਕੀ ਸੰਸਦ ਮੈਂਬਰ ਪ੍ਰਮੀਲਾ ਜੈਪਾਲ ਨੇ ਇਸ ਘਟਨਾ 'ਤੇ ਨਾਰਾਜ਼ਗੀ ਪ੍ਰਗਟਾਉਂਦਿਆਂ ਕਿਹਾ ਕਿ ਇਹ ਬੇਹੱਦ ਘਟੀਆ ਅਤੇ ਨਸਲਵਾਦੀ ਹਰਕਤ ਹੈ। ਦੀਵਾਲੀ ਇੱਕ ਮਹੱਤਵਪੂਰਨ ਤਿਉਹਾਰ ਹੈ ਅਤੇ ਭਾਈਚਾਰੇ ਦੇ ਲੋਕਾਂ ਨੂੰ ਇਸ ਨੂੰ ਸੁਰੱਖਿਅਤ ਮਾਹੌਲ ਵਿੱਚ ਮਨਾਉਣ ਦਾ ਹੱਕ ਹੈ। ਨਫਰਤ ਫੈਲਾਉਣ ਵਾਲੀ ਅਜਿਹੀ ਹਰਕਤ ਦੀ ਉਨ੍ਹਾਂ ਦੇ ਸ਼ਹਿਰ ਅਤੇ ਦੇਸ਼ ਵਿੱਚ ਕੋਈ ਥਾਂ ਨਹੀਂ ਹੈ।



ਵ੍ਹਾਈਟ ਹਾਊਸ ਦੇ ਸਾਬਕਾ ਸਲਾਹਕਾਰ ਅਜੈ ਜੈਨ ਭੂਟੋਰੀਆ ਨੇ ਕਿਹਾ ਕਿ ਹਿੰਦੂ ਅਮਰੀਕੀਆਂ ਅਤੇ ਭਾਰਤੀ ਪਰਵਾਸੀਆਂ ਨੂੰ ਨਸਲੀ ਗਾਲ੍ਹਾਂ ਕੱਢ ਕੇ ਨਿਸ਼ਾਨਾ ਬਣਾਉਣਾ ਅਤੇ ਉਨ੍ਹਾਂ ਖਿਲਾਫ ਸਾਜ਼ਿਸ਼ੀ ਬਿਆਨਬਾਜ਼ੀ ਕਰਨਾ ਬਿਲਕੁਲ ਗਲਤ ਹੈ। ਹਰ ਅਮਰੀਕੀ ਨੂੰ ਆਪਣੀ ਸੱਭਿਆਚਾਰਕ ਵਿਰਾਸਤ ਅਤੇ ਤਿਉਹਾਰ ਆਜ਼ਾਦੀ ਨਾਲ ਮਨਾਉਣ ਦਾ ਹੱਕ ਹੈ। ਇਹ ਘਟਨਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਓਵਲ ਦਫਤਰ ਵਿੱਚ ਰਵਾਇਤੀ ਦੀਵਾ ਜਗਾਉਣ ਅਤੇ ਵਾਸ਼ਿੰਗਟਨ ਦੇ ਗਵਰਨਰ ਬੌਬ ਫਰਗੂਸਨ ਵੱਲੋਂ ਸਿਆਟਲ ਸਥਿਤ ਭਾਰਤੀ ਕੌਂਸਲਖਾਨੇ ਵਿੱਚ ਦੀਵਾਲੀ ਸਮਾਗਮ ਵਿੱਚ ਸ਼ਾਮਲ ਹੋਣ ਤੋਂ ਇੱਕ ਦਿਨ ਬਾਅਦ ਵਾਪਰੀ। ਗਵਰਨਰ ਫਰਗੂਸਨ ਨੇ ਕਿਹਾ ਕਿ ਵਾਸ਼ਿੰਗਟਨ ਸੂਬੇ ਨੂੰ ਮਾਣ ਹੈ ਕਿ ਇੱਥੇ ਅਮਰੀਕਾ ਦੇ ਸਭ ਤੋਂ ਵੱਡੇ ਭਾਰਤੀ-ਅਮਰੀਕੀ ਭਾਈਚਾਰਿਆਂ ਵਿੱਚੋਂ ਇੱਕ ਵੱਸਦਾ ਹੈ। ਪਿਛਲੇ ਦਹਾਕੇ ਦੌਰਾਨ ਇਸ ਸੂਬੇ ਵਿੱਚ ਭਾਰਤੀ ਮੂਲ ਦੇ ਅਮਰੀਕੀ ਲੋਕਾਂ ਦੀ ਆਬਾਦੀ ਦੇਸ਼ ਵਿੱਚ ਸਭ ਤੋਂ ਤੇਜ਼ੀ ਨਾਲ ਵਧੀ ਹੈ ਅਤੇ ਇਸ ਭਾਈਚਾਰੇ ਨੇ ਸੂਬੇ ਦੇ ਵਿਕਾਸ ਵਿੱਚ ਵੱਡਾ ਯੋਗਦਾਨ ਪਾਇਆ ਹੈ।

ਝੋਟਾ ਨਮਿਤ ਸ਼ਰਧਾਂਜਲੀ ਸਮਾਗਮ 15 ਨੂੰ ਤਲਵੰਡੀ ਸਾਬੋ 'ਚ

ਮਾਨਸਾ (ਆਤਮਾ ਸਿੰਘ ਪਮਾਰ)-ਨਸ਼ਿਆਂ ਵਿਰੁੱਧ ਲੜਾਈ ਦੌਰਾਨ ਆਪਣੀ ਜਾਨ ਗੁਆਉਣ ਵਾਲੇ ਨੌਜਵਾਨ ਪਰਵਿੰਦਰ ਸਿੰਘ ਝੋਟਾ ਨਮਿਤ ਪਾਠ ਦੇ ਭੋਗ ਅਤੇ ਸ਼ਰਧਾਂਜਲੀ ਸਮਾਗਮ ਦਾ ਸਥਾਨ ਬਦਲ ਦਿੱਤਾ ਗਿਆ ਹੈ। ਹੁਣ ਇਹ ਸਮਾਗਮ 15 ਨਵੰਬਰ, ਦਿਨ ਐਤਵਾਰ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਵਿਖੇ ਹੋਵੇਗਾ। ਪਹਿਲਾਂ ਇਹ ਸਮਾਗਮ ਇਤਿਹਾਸਕ ਗੁਰਦੁਆਰਾ ਸ੍ਰੀ ਸੂਲੀਸਰ ਸਾਹਿਬ, ਪਿੰਡ ਕੋਟਧਰਮੂ ਵਿਖੇ ਰੱਖਿਆ ਗਿਆ ਸੀ। ਐਕਸ਼ਨ ਕਮੇਟੀ ਮਾਨਸਾ ਦੇ ਮੀਡੀਆ ਇੰਚਾਰਜ ਹਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਪਰਵਿੰਦਰ ਸਿੰਘ ਝੋਟਾ ਦੀ ਸੋਚ ਨੂੰ ਜਿਉਂਦਾ ਰੱਖਣ ਅਤੇ ਉਸ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਲੜਾਈ ਨੂੰ ਅੱਗੇ ਵਧਾਉਣ ਲਈ ਭੋਗ ਮੌਕੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਦਾ ਐਲਾਨ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਪਰਵਿੰਦਰ ਸਿੰਘ ਝੋਟਾ ਦੇ ਨਾਂਅ 'ਤੇ ਬਣਾਈ ਗਈ ਨਸ਼ਿਆਂ ਵਿਰੁੱਧ ਟਾਸਕ ਫੋਰਸ ਨੇ ਨਸ਼ਿਆਂ ਖ਼ਿਲਾਫ਼ ਮੁਹਿੰਮ ਨੂੰ ਹੋਰ ਤੇਜ਼ ਕਰਨ ਦਾ ਫ਼ੈਸਲਾ ਕੀਤਾ ਹੈ। ਇਸ ਤਹਿਤ ਆਉਣ ਵਾਲੇ ਸਮੇਂ 'ਚ ਨਵੇਂ ਪ੍ਰੋਗਰਾਮ ਉਲੀਕੇ ਜਾਣਗੇ। ਉਧਰ ਦੂਜੇ ਪਾਸੇ ਡਿਪਟੀ ਕਮਿਸ਼ਨਰ ਦੀ ਕੋਠੀ ਨੇੜੇ ਮੁੱਖ ਮਾਰਗ 'ਤੇ ਪਿਛਲੇ 26 ਦਿਨਾਂ ਤੋਂ ਚੱਲ ਰਿਹਾ ਧਰਨਾ ਸਮਾਪਤ ਕਰ ਦਿੱਤਾ ਗਿਆ ਹੈ। ਹਾਲਾਂਕਿ ਧਰਨਾ ਸਮਾਪਤ ਕਰਨ ਦੇ ਬਾਵਜੂਦ ਸੰਘਰਸ਼ਸ਼ੀਲ ਜਥੇਬੰਦੀਆਂ ਨੇ ਸਾਫ਼ ਕੀਤਾ ਹੈ ਕਿ ਨਸ਼ਿਆਂ ਵਿਰੁੱਧ ਲੜਾਈ ਜਾਰੀ ਰਹੇਗੀ।

ਦੀਵਾਲੀ, ਬੰਦੀ ਛੋੜ, ਗੁਰਪੁਰਬ ਅਤੇ ਬਾਬਾ ਵਿਸ਼ਵਕਰਮਾ ਦਿਵਸ ਨੂੰ ਸਮਰਪਿਤ ਹਰਭਜਨ ਸਿੰਘ ਢਿੱਲੋਂ ਵੱਲੋਂ ਭਲਾਣ ਵਿਸ਼ੇਸ਼ ਸਪਲੀਮੈਂਟ

ਦੀਵਾਲੀ, ਵਿਸ਼ਵਕਰਮਾ ਦਿਵਸ ਤੇ ਗੁਰਪੁਰਬ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਹਰਜੋਤ ਸਿੰਘ ਬੈਂਸ, ਸਿੱਖਿਆ ਮੰਤਰੀ ਪੰਜਾਬ ਸਰਕਾਰ | ਰਾਣਾ ਕੰਵਰਪਾਲ ਸਿੰਘ, ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ | ਟਿੱਕਾ ਜਸਵੀਰ ਚੰਦ ਭਲਾਣ, ਉੱਘੇ ਸਮਾਜ ਸੇਵੀ | ਕਾਮਰੇਡ ਮਲਕੀਤ ਸਿੰਘ, ਸਾਬਕਾ ਪ੍ਰਧਾਨ ਆਰ ਐੱਮ ਪੀ ਆਈ ਜ਼ਿਲ੍ਹਾ ਰੋਪੜ

ਧੰਨਵਾਦ

ਮੈਂ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ ਉਨ੍ਹਾ ਮਿੱਤਰਾਂ ਸੱਜਣਾਂ ਦਾ ਜਿਨ੍ਹਾਂ ਨੇ ਅਦਾਰਾ 'ਨਵਾਂ ਜ਼ਮਾਨਾ' ਅਖਬਾਰ ਪ੍ਰਤੀ ਪਿਆਰ ਦਿਖਾਉਂਦਿਆਂ ਇਸ ਵਿਸ਼ੇਸ਼ ਸਪਲੀਮੈਂਟ ਕੱਢਣ ਵਿੱਚ ਹਰ ਸਾਲ ਤਰ੍ਹਾਂ ਇਸ਼ਤਿਹਾਰਾਂ ਨਾਲ ਨਿਵਾਜਿਆ ਅਤੇ ਮੈਂ ਆਸ ਕਰਦਾਂ ਭਵਿੱਖ ਵਿੱਚ ਵੀ ਮੈਨੂੰ ਇਸੇ ਤਰ੍ਹਾਂ ਪਿਆਰ ਦਾ ਸਹਿਯੋਗ ਮਿਲਦਾ ਰਹੇਗਾ।

ਸ੍ਰ. ਰਘੁਬੀਰ ਸਿੰਘ ਕੈਨੇਡਾ

ਪੱਤਰਕਾਰ ਹਰਭਜਨ ਢਿੱਲੋਂ ਛੋਟੇਵਾਲ
ਤਹਿਸੀਲ ਨੰਗਲ, ਜ਼ਿਲ੍ਹਾ ਰੂਪਨਗਰ, ਪੰਜਾਬ, ਮੋਬਾਇਲ : 94645-21052



ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ | ਹਰਜੋਤ ਸਿੰਘ ਬੈਂਸ, ਸਿੱਖਿਆ ਮੰਤਰੀ ਪੰਜਾਬ ਸਰਕਾਰ | ਦੀਪਕ ਸੋਨੀ, ਮੀਡੀਆ ਕੋਆਰਡੀਨੇਟਰ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਸਾਰੇ ਨਿਵਾਸੀਆਂ ਨੂੰ ਦੀਵਾਲੀ, ਵਿਸ਼ਵਕਰਮਾ ਦਿਵਸ, ਬੰਦੀ ਛੋੜ ਦਿਵਸ ਅਤੇ ਗੁਰਪੁਰਬ ਦੀਆਂ

ਲੱਖ-ਲੱਖ ਵਧਾਈਆਂ

ਕੰਵਰ ਪੋਸਵਾਲ, ਸਾਬਕਾ ਮੀਤ ਪ੍ਰਧਾਨ ਭਾਜਪਾ, ਰੂਪਨਗਰ | ਡਾ. ਜੀਵਨ ਕੁਮਾਰ, ਮੀਤ ਪ੍ਰਧਾਨ ਭਾਜਪਾ, ਰੂਪਨਗਰ | ਬਲਵੀਰ ਸ਼ਾਰਦਾ, ਗੋਹਲਣੀ ਮੰਡਲ ਕੈਸ਼ੀਅਰ, ਭਾਜਪਾ | ਰਜਿੰਦਰ ਸੈਣੀ, ਸਾਬਕਾ ਮੰਡਲ ਪ੍ਰਧਾਨ ਬੀ ਸੀ ਮੋਰਚਾ ਭਾਜਪਾ ਗੋਹਲਣੀ

ਰਾਜੇਸ਼ ਚੌਧਰੀ
ਉਪ ਪ੍ਰਧਾਨ, ਭਾਜਪਾ ਜ਼ਿਲ੍ਹਾ ਰੂਪਨਗਰ ਸਾਬਕਾ ਪ੍ਰਧਾਨ, ਨਗਰ ਕੌਂਸਲ ਨੰਗਲ

ਦੀਵਾਲੀ, ਵਿਸ਼ਵਕਰਮਾ ਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਵੱਲੋਂ : ਸਮਾਜ ਸੇਵੀ ਸ਼ਿਵ ਕੁਮਾਰ ਬੌਬੀ
ਪਿੰਡ ਸੁਖਸਾਲ, ਤਹਿਸੀਲ ਨੰਗਲ, ਜ਼ਿਲ੍ਹਾ ਰੂਪਨਗਰ

ਸ਼ਿਵ ਕੁਮਾਰ ਬੌਬੀ, ਉੱਘੇ ਸਮਾਜ ਸੇਵੀ ਸੁਖਸਾਲ | ਰਾਣਾ ਕੰਵਰਪਾਲ ਸਿੰਘ, ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

Happy

Happy Cement & Iron Store
Deals in :- Ceramic tiles Bathware all Designs Etc.
Nangal-Bhallan Road, Chhotewal, Distt. Ropar (Pb.)
+91-95013-73571

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਸ੍ਰ. ਗੁਰਮੀਤ ਸਿੰਘ ਗਿੱਲ ਸਰਪੰਚ | ਬਲਜਿੰਦਰ ਕੌਰ ਸਾਬਕਾ ਸਰਪੰਚ | ਜਸਪਾਲ ਸਿੰਘ | ਕੁਲਦੀਪ ਸਿੰਘ
ਰਮਨਦੀਪ ਰਾਣਾ | ਸੁਨੀਤਾ | ਪ੍ਰਿਆ ਰਾਣੀ | ਬਲਵਿੰਦਰ ਕੌਰ | ਸੁਰਿੰਦਰ ਕੌਰ

ਵੱਲੋਂ : ਗ੍ਰਾਮ ਪੰਚਾਇਤ ਤਰਫ ਮਜਾਰਾ, ਤਹਿਸੀਲ ਨੰਗਲ, ਰੂਪਨਗਰ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਗ੍ਰਾਮ ਪੰਚਾਇਤ ਬੇਲਾ ਧਿਆਨੀ ਉਪਰਲਾ, ਤਹਿ. ਨੰਗਲ (ਰੂਪਨਗਰ)

ਰਾਮ ਕੁਮਾਰ ਸਰਪੰਚ, ਬੇਲਾ ਧਿਆਨੀ ਉੱਪਰਲਾ | ਹਰਜੋਤ ਸਿੰਘ ਬੈਂਸ, ਸਿੱਖਿਆ ਮੰਤਰੀ ਪੰਜਾਬ

ਦੀਵਾਲੀ ਤੇ ਭਗਵਾਨ ਵਿਸ਼ਵਕਰਮਾ ਦਿਹਾੜੇ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵਸਦੇ ਪੰਜਾਬੀਆਂ ਨੂੰ ਤੇ ਰੋਜ਼ਾਨਾ 'ਨਵਾਂ ਜ਼ਮਾਨਾ' ਅਖਬਾਰ ਦੇ ਇਮਾਨਦਾਰ ਪੱਤਰਕਾਰ ਹਰਭਜਨ ਢਿੱਲੋਂ ਨੂੰ ਲੱਖ-ਲੱਖ ਮੁਬਾਰਕਾਂ

ਅਕਾਲੀ ਆਗੂ ਮਾ. ਕਮਲ ਸਿੰਘ
ਪਿੰਡ ਮਜਾਰੀ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਬ) ਨੰਗਲ ਦਿਹਾਤੀ ਤਹਿ. ਨੰਗਲ, ਜ਼ਿਲ੍ਹਾ ਰੂਪ ਨਗਰ

ਮਾਸਟਰ ਕਮਲ ਸਿੰਘ ਮਜਾਰੀ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਦੀ ਜਨਕੌਰ ਦੁੱਧ ਉਤਪਾਦਕ ਸਹਿਕਾਰੀ ਸਭਾ ਬੀ ਐੱਮ ਸੀ ਹਿਮਾਚਲ ਪ੍ਰਦੇਸ਼, ਜ਼ਿਲ੍ਹਾ ਊਨਾ
ਦੁੱਧ ਉਤਪਾਦਕਾਂ ਨੂੰ ਅਪੀਲ ਹੈ ਕਿ ਵੇਰਕਾ ਮਿਲਕ ਪਲਾਂਟ ਵੱਲੋਂ ਖੋਲ੍ਹੀਆਂ ਸਹਿਕਾਰੀ ਸਭਾ ਬੀ ਐੱਮ ਸੀ ਵਿੱਚ ਵਧੀਆ ਕੁਆਲਟੀ ਵਾਲਾ ਦੁੱਧ ਪਾਉ ਤੇ ਚੰਗਾ ਮੁਨਾਫਾ ਕਮਾਉ। ਵੇਰਕਾ ਮਿਲਕ ਪਲਾਂਟ ਵੱਲੋਂ ਹਰੇ ਚਾਰੇ ਦਾ ਬੀਜ ਮੌਸਮ ਅਨੁਸਾਰ 50% ਸਬਸਿਡੀ 'ਤੇ ਦਿੱਤਾ ਜਾਂਦਾ ਹੈ। ਦੁੱਧ ਉਤਪਾਦਕਾਂ ਨੂੰ ਵੇਰਕਾ ਮਿਲਕ ਪਲਾਂਟ ਮੋਹਾਲੀ ਤੇ ਸਹਿਕਾਰੀ ਸਭਾ ਜਨਕੌਰ ਵੱਲੋਂ ਦੀਵਾਲੀ ਦੇ ਤਿਉਹਾਰ ਦੀਆਂ ਸ਼ੁਭਕਾਮਨਵਾਂ

ਅਸ਼ੋਕ ਕੁਮਾਰ, ਪ੍ਰਧਾਨ | ਸੁੱਚਾ ਸਿੰਘ, ਸਕੱਤਰ

ਦੀ ਦੁੱਧ ਉਤਪਾਦਕ ਸਹਿਕਾਰੀ ਸਭਾ ਜਨਕੌਰ ਜ਼ਿਲ੍ਹਾ ਊਨਾ, ਹਿਮਾਚਲ ਪ੍ਰਦੇਸ਼

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

SIAN HOSPITAL
Surgical & Maternity Home
ਪਿੱਤੇ ਦੀ ਪੱਥਰੀ ਅਤੇ ਗਦੂਦਾਂ ਦਾ ਦੂਰਬੀਨ ਨਾਲ ਇਲਾਜ, ਗੁਰਦੇ ਦੀਆਂ ਪੱਥਰੀਆਂ, ਹਰਨੀਆ, ਅਪੈਂਡਿਕਸ ਅਤੇ ਪੇਟ ਦੇ ਅਪ੍ਰੇਸ਼ਨ ਕੀਤੇ ਜਾਂਦੇ ਹਨ।
ਲੇਡੀਜ਼ ਸਰਜ਼ਰੀ ਐਂਤ ਦੀ ਨੌਰਮਲ ਡਲੀਵਰੀ, ਔਰਤਾਂ ਦੀਆਂ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਇਲਾਜ ਕੀਤਾ ਜਾਂਦਾ ਹੈ।
ਐਮਰਜੈਂਸੀ 24 ਘੰਟੇ, ਐਂਬੂਲੈਂਸ ਸਰਵਿਸ 24 ਘੰਟੇ।
Nagal Road Bagichi Adda, BATHRI, Disst. UNA (H.P.)
Mob. 98767-76480, 98168-76480, 98820-76480
E-mail : sian_hotpital@yahoo.com

Mob. 82647-81751
Neelam Stone Crusher & Screening Plant
ਨੋਟ : ਸਾਡੇ ਇੱਥੇ ਧੋਤਾ ਰੇਤਾ, ਗੋਲ ਬਜਰੀ 10mm, 20mm, 40mm, 65mm ਹਰ ਸਮੇਂ ਤਿਆਰ ਮਿਲਦਾ ਹੈ।
Vill. Mehandpur, Nangal, Anandpur Sahib (Ropar)

ਦੀਵਾਲੀ ਤੇ ਭਗਵਾਨ ਵਿਸ਼ਵਕਰਮਾ ਦਿਹਾੜੇ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਪੰਜਾਬੀਆਂ ਨੂੰ ਅਤੇ ਰੋਜ਼ਾਨਾ 'ਨਵਾਂ ਜ਼ਮਾਨਾ' ਦੇ ਸੂਝਵਾਨ ਪੱਤਰਕਾਰ ਹਰਭਜਨ ਢਿੱਲੋਂ ਨੂੰ ਲੱਖ-ਲੱਖ ਮੁਬਾਰਕਾਂ।

MEHATPUR FILLING STATION
Dealer : Indian Oil Corporation
Una Road, Mehatpur (Distt Una)
(98155-37711,98160-37711)
Resi : 27-28, Main Market, Nangal Township (Pb.)
Rakesh Nayar

ਦੀਵਾਲੀ, ਵਿਸ਼ਵਕਰਮਾ, ਬੰਦੀ ਛੋੜ ਦਿਵਸ ਅਤੇ ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ



ਬਲਵੰਤ ਸਿੰਘ (ਸੋਨੀ) ਸਕੱਤਰ

ਵੱਲੋਂ :- ਬਲਾਕ ਮਿਲਕ ਕੂਲਰ ਪਿੰਡ ਹਾਜੀਪੁਰ, ਤਹਿ: ਨੰਗਲ ਜ਼ਿਲ੍ਹਾ ਰੂਪਨਗਰ

ਰੌਸ਼ਨੀਆਂ ਦੇ ਪਵਿੱਤਰ ਤਿਉਹਾਰ ਦੀਵਾਲੀ, ਵਿਸ਼ਵਕਰਮਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਮਹਿੰਦਰਾ ਟਰੇਡਿੰਗ ਕੰਪਨੀ
ਦਾਣਾ ਮੰਡੀ ਸੁਰੇਵਾਲ, ਤਹਿ. ਨੰਗਲ, ਜ਼ਿਲ੍ਹਾ ਰੂਪਨਗਰ

ਨੰਬਰਦਾਰ ਹਰਜਾਪ ਸਿੰਘ, ਛੇਤਰਾ ਹਾਜ਼ੀਪੁਰ | ਰਾਣਾ ਕੰਵਰਪਾਲ ਸਿੰਘ, ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸੁਖਸ਼ਾਲ (ਰੂਪਨਗਰ)

English Medium
Extra classes for weak students
Special coaching for NMMS and PSTSE exam
Sh. Gurdeep Kumar, Principal

ਸਰਕਾਰੀ ਸਕੂਲਾਂ ਵੱਲ ਮਾਰੋ ਝਾਤ ਕਾਨਵੈਂਟ ਸਕੂਲਾਂ ਨੂੰ ਪਾਉਂਦੇ ਮਾਤ

- ਸੁੰਦਰ, ਖੁੱਲ੍ਹੀ ਅਤੇ ਹਵਾਦਾਰ ਇਮਾਰਤ
- ਮਿਹਨਤੀ, ਤਜਰਬੇਕਾਰ ਅਤੇ ਉੱਚ ਯੋਗਤਾ ਪ੍ਰਾਪਤ ਅਧਿਆਪਕ ਸਾਹਿਬਾਨ
- ਅੰਗਰੇਜੀ ਅਤੇ ਪੰਜਾਬੀ ਮਾਧਿਅਮ
- ਮੈਡੀਕਲ, ਨਾਨ ਮੈਡੀਕਲ ਅਤੇ ਆਰਟਸ ਗਰੁੱਪ ਉਪਲਬਧ (+1 ਅਤੇ +2)
- ਮੁਫਤ ਕਿਤਾਬਾਂ, ਵਰਦੀਆਂ, ਮਿਡ ਡੇ ਮੀਲ (ਛੇਵੀਂ ਤੋਂ ਅੱਠਵੀਂ)
- ਨੇੜਲੇ ਪਿੰਡਾਂ ਤੋਂ ਆਉਣ ਲਈ ਟਰਾਂਸਪੋਰਟ ਉਪਲਬਧ
- ਐਜੂਸੈਟ, ਸਾਇੰਸ, ਮੈਥ ਅਤੇ ਕੰਪਿਊਟਰ ਲੈਬ, ਲਾਇਬ੍ਰੇਰੀ, ਈ ਕੰਨਟੈਂਟ
- ਐਨ. ਸੀ. ਸੀ. (ਨੇਵਲ ਵਿੰਗ) ਅਤੇ ਵੱਖ ਵੱਖ ਖੇਡਾਂ ਦੀ ਸਿਖਲਾਈ ਉਪਲਬਧ

ਸੁਨਹਿਰੀ ਭਵਿੱਖ, ਸਰਵਪੱਖੀ ਵਿਕਾਸ ਅਤੇ ਸਿਹਤਮੰਦ ਸੋਚ ਲਈ ਅੱਜ ਹੀ ਆਪਣੇ ਬੱਚਿਆਂ ਨੂੰ ਸ.ਸ.ਸ.ਸਮਾਰਟ ਸਕੂਲ, ਸੁਖਸਾਲ ਵਿੱਚ ਦਾਖਲ ਕਰਵਾਉ

ਵੱਲੋਂ: ਪ੍ਰਿੰਸੀਪਲ, ਸਕੂਲ ਮੈਨੇਜਮੈਂਟ ਕਮੇਟੀ ਅਤੇ ਸਮੂਹ ਸਟਾਫ ਸ.ਸ.ਸ.ਸ.ਸੁਖਸਾਲ

ਦੀਵਾਲੀ ਤੇ ਭਗਵਾਨ ਵਿਸ਼ਵਕਰਮਾ ਦਿਹਾੜੇ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਪੰਜਾਬੀਆਂ ਨੂੰ ਅਤੇ ਰੋਜ਼ਾਨਾ 'ਨਵਾਂ ਜ਼ਮਾਨਾ' ਦੇ ਸੂਝਵਾਨ ਪੱਤਰਕਾਰ ਹਰਭਜਨ ਢਿੱਲੋਂ ਨੂੰ ਲੱਖ-ਲੱਖ ਮੁਬਾਰਕਾਂ।

The Sukhjit Agro Industries
(A Unit of The Sukhjit Starch & Chemicals Ltd. Phgwara)
Works : V.P.O. Gurpalah (Bathu)-174507, Tehsil Haroli, Ditt. Una (H.P.)
Mob. 098166-49399 Email : sukhjitagro@gmail.com
An FSSC22000 : 2010 Unit

ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਸੁਖਸਾਲ

ਬਲਾਕ ਕੀਰਤਪੁਰ ਸਾਹਿਬ, ਜ਼ਿਲ੍ਹਾ ਰੂਪਨਗਰ
ਆਪਣੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਸਰਕਾਰੀ ਸਕੂਲਾਂ ਵਿੱਚ ਪੜ੍ਹਾਓ

ਅਮਰਜੀਤ ਸਿੰਘ, ਹੈਡ ਟੀਚਰ

ਵੱਲੋਂ : ਹੈੱਡ ਮਾਸਟਰ ਅਮਰਜੀਤ ਭੱਲੜੀ

ਰੌਸ਼ਨੀਆਂ ਦੇ ਪਵਿੱਤਰ ਤਿਉਹਾਰ ਦੀਵਾਲੀ, ਵਿਸ਼ਵਕਰਮਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਵੱਲੋਂ : ਇਲਾਕਾ ਸੰਘਰਸ਼ ਕਮੇਟੀ ਸ੍ਰੀ ਅਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ
ਅਪੀਲ : ਆਓ ਇਲਾਕਾ ਨਿਵਾਸੀਆਂ ਪਾਰਟੀ ਬਾਜ਼ੀ ਤੋਂ ਉੱਪਰ ਉਠ ਕੇ ਇਲਾਕਾ ਸੰਘਰਸ਼ ਕਮੇਟੀ ਦਾ ਇੱਕਜੁੱਟ ਹੋ ਕੇ ਸਾਥ ਦੇ, ਤਾਂ ਇਲਾਕੇ ਵਿੱਚ ਧੁੜਲੇ ਨਾਲ ਚੱਲ ਰਹੇ ਰੇਤ ਮਾਫੀ, ਨਸ਼ੇ ਮਾਫੀ ਠੱਲ ਪਾਈ ਜਾ ਸਕੇ ਤਾਂ ਜੋ ਆਪਣੀ ਜਵਾਨੀ ਤੇ ਇਲਾਕੇ ਦੇ ਹੋ ਰਹੀ ਬਰਬਾਦੀ ਤੋਂ ਬਚਾਇਆ ਜਾ ਸਕੇ।

ਪ੍ਰਧਾਨ ਹਰਦੇਵ ਸਿੰਘ, ਤਰਫ ਮਜਾਰੀ

ਜਾਰੀ ਕਰਤਾ : ਸਮਾਜ ਸੇਵੀ ਟਿੱਕਾ ਜਸਬੀਰ ਚੰਦ ਭਲਾਣ ਅਤੇ ਸਮੂਹ ਇਲਾਕਾ ਸੰਘਰਸ਼ ਕਮੇਟੀ ਮੈਂਬਰ, ਜ਼ਿਲ੍ਹਾ ਰੂਪਨਗਰ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਸਰਪੰਚ ਮਧੂ ਬਾਲਾ | ਸਮਾਜ ਸੇਵੀ ਚੌ. ਮੋਹਣ ਲਾਲ, ਪ੍ਰਧਾਨ ਬਾਹਤੀ ਮਹਾਂ ਸਭਾ ਜ਼ਿਲ੍ਹਾ ਰੋਪੜ

ਵੱਲੋਂ : ਗਰਾਮ ਪੰਚਾਇਤ ਮਹਿਲਵਾਂ, ਤਹਿਸੀਲ ਨੰਗਲ, ਰੂਪਨਗਰ

Himachal Pesticide Santokhgarh
hpm yielding prosperity
Growing Together... Always
ਮੋਬਾ.- 98150-95630
दीपावली और छठ पूजा की हार्दिक शुभकामनाएं
Hitculan Plus
Bhoomiputra
Growing Quality | Better Yield | Healthy Crops | Farmer Prosperity

ਪੱਤਰਕਾਰ ਭਾਈਚਾਰਾ

ਧਰਮਪਾਲ, ਪੱਤਰਕਾਰ | ਅਜੈ ਕੁਮਾਰ ਕੌਂਸ਼ਲ, ਪੱਤਰਕਾਰ | ਜੁਝਾਰ ਸਿੰਘ, ਪੱਤਰਕਾਰ | ਕੁਲਵਿੰਦਰਜੀਤ ਸਿੰਘ ਭਾਟੀਆ, ਸੀਨੀਅਰ ਪੱਤਰਕਾਰ ਨੰਗਲ | ਅਸ਼ੋਕ ਚੋਪੜਾ ਐੱਮ ਡੀ, ਸਿਟੀ ਹਲਚਲ ਨਿਊਜ਼ ਚੈਨਲ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

M/S SHIVALIK CONSTRUCTION COMPANY
M/S RR BUILDERS
ARUN SONI PARTNER
RLY. ROAD NANGAL DAM
DISTT. ROPAR (PB)
(M) 98154-82414, 92163-01324

ਅਰੁਨ ਸੋਨੀ, ਰੇਲਵੇ ਰੋਡ ਨੰਗਲ | ਸਿਮਰਇੰਦਰ ਸਿੰਘ, ਠੇਕੇਦਾਰ

(M) 98766-40524
Lucky (M) 94631-01120
SODHI MEDICAL STORE
ਇੱਥੇ ਅੰਗਰੇਜ਼ੀ, ਦੇਸੀ ਅਤੇ ਪਸ਼ੂਆਂ ਦੀਆਂ ਦਵਾਈਆਂ ਮਿਲਦੀਆਂ ਹਨ।
Deals in : Chemist, Druggist & Cosmetic
Mojowal, Near Shiv Mandir, Tehsil Nangal, Distt. Ropar (Pb.)
ਅਜੀਤ ਸਿੰਘ ਸੋਢੀ
98766-40524

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਦਮਨ ਦੀਪ ਸਿੰਘ ਬੇਲਾ, ਵੈਟਨਰੀ ਇਸਪੈਕਟਰ ਭਲਾਣ | ਅਮਰੀਕ ਸਿੰਘ ਛੇਤਰਾ, ਸੀਨੀਅਰ ਵੈਟਨਰੀ ਇਸਪੈਕਟਰ ਪਿੰਡ ਹਾਜ਼ੀਪੁਰ | ਗੁਰਪ੍ਰੀਤ ਸਿੰਘ ਰਾਜਾ ਭੱਲੜੀ, ਵੈਟਨਰੀ ਇੰਸਪੈਕਟਰ (ਭੱਟੋਂ) | ਜਸਵੀਰ ਸਿੰਘ ਬੇਲਾ, ਵੈਟਨਰੀ ਮੁਲਾਜ਼ਮ

ਅਪੀਲ : ਕਿਸਾਨ ਵੀਰ ਆਪਣੇ ਦੁਧਾਰੂ ਪਸ਼ੂਆਂ ਨੂੰ ਸਮੇਂ-ਸਮੇਂ 'ਤੇ ਟੀਕਾਕਰਨ ਨੇੜਲੇ ਪਸ਼ੂ ਹਸਪਤਾਲਾਂ ਤੋਂ ਕਰਵਾਓ ਅਤੇ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਮੁਫਤ ਸਹੂਲਤਾਂ ਦਾ ਲਾਭ ਲਓ

ਦੀਵਾਲੀ, ਵਿਸ਼ਵਕਰਮਾ, ਬੰਦੀ ਛੋੜ ਦਿਵਸ ਅਤੇ ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ



ਢਿੱਲੋਂ ਫੈਮਲੀ, ਪਿੰਡ ਛੋਟੇਵਾਲ, ਡਾਕਖਾਨਾ ਮੋਜੋਵਾਲ, ਤਹਿਸੀਲ ਨੰਗਲ, ਜ਼ਿਲ੍ਹਾ ਰੋਪੜ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਵੱਲੋਂ : ਠੇਕੇਦਾਰ ਮੋਹਨ ਸਿੰਘ ਰਾਣਾ, ਸਮਾਜ ਸੇਵੀ ਸੁਸ਼ੀਲ ਰਾਣਾ ਪਿੰਡ ਨਾਨਗਰਾਂ, ਤਹਿ. ਨੰਗਲ, ਜ਼ਿਲ੍ਹਾ ਰੂਪਨਗਰ

ਸੁਸ਼ੀਲ ਰਾਣਾ

Radhe Puri 98144-79058 | Bittu Puri 98158-68377 | 01887-27100
ਪੁਰੀ ਕਰਿਆਨਾ ਅਤੇ ਸ੍ਰੀ ਸੀਮਿੰਟ ਸਟੋਰ
Deals In:- All Kinds of Karyana Items
Puri Tour & Travels
Spl Arrangement For Marriages & Tour Programme
VPO Bhallan, Distt. Ropar (Pb.)

ਰਾਧੇ ਕ੍ਰਿਸ਼ਨ | ਬਿੱਟੂ ਪੁਰੀ ਭਲਾਣ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਸ੍ਰ. ਦਿਲਬਾਗ ਸਿੰਘ | ਮੋਬਾ. 94633-86758 | ਰਾਣਾ ਕੰਵਰਪਾਲ ਸਿੰਘ, ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ

ਵੱਲੋਂ : ਉੱਘੇ ਸਮਾਜ ਸੇਵੀ ਸ੍ਰ. ਦਿਲਬਾਗ ਸਿੰਘ ਬਲਾਕ ਸੰਮਤੀ ਮੈਂਬਰ ਬੇਲਾ ਰਾਮਗੜ੍ਹ, ਤਹਿਸੀਲ ਨੰਗਲ, ਰੂਪਨਗਰ

ਜਿਨ੍ਹਾਂ 'ਤੇ ਸਾਨੂੰ ਮਾਣ

ਜਗਦੀਸ਼ ਸਿੰਘ ਬਣਵੈਤ, ਪਿੰਡ ਦੇਨੋਵਾਲ ਕਲਾਂ | ਨਿਰਮਲ ਸਿੰਘ ਢਿੱਲੋਂ, ਪਿੰਡ ਛੋਟੇਵਾਲ | ਦਰਸ਼ਪ੍ਰੀਤ ਸਿੰਘ ਢਿੱਲੋਂ, ਪਿੰਡ ਛੋਟੇਵਾਲ | ਅਮਨਪ੍ਰੀਤ ਸਿੰਘ ਢਿੱਲੋਂ, ਪਿੰਡ ਛੋਟੇਵਾਲ
ਬੋਧ ਰਾਜ ਪੱਸੀਵਾਲ | ਮਾਸਟਰ ਸੋਹਣ ਸਿੰਘ ਚਾਹਲ | ਅੰਮ੍ਰਿਤ ਸੈਣੀ ਲੈਕਚਰਾਰ | ਸੁਖਵੀਰ ਸਿੰਘ ਪਿੰਡ ਦੁਸਾਂਝ ਕਲਾਂ
ਰਜਿੰਦਰ ਸਿੰਘ ਪ੍ਰਧਾਨ, ਗੁਰਦੁਆਰਾ ਕਮੇਟੀ ਸੈਕਟਰ-2 | ਸੂਬੇਦਾਰ ਕਿਸ਼ਨ ਸਿੰਘ, ਪਿੰਡ ਛੋਟੇਵਾਲ | ਸਾਹਿਲ ਛੋਟੇਵਾਲ | ਪਵਨ ਸ਼ਰਮਾ, ਦੇਹਲਾਂ (ਹਿਮਾਚਲ)

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਖੇੜਾ ਕਲਮੋਟ, ਜ਼ਿਲ੍ਹਾ ਰੂਪਨਗਰ

ਸਮਾਰਟ ਕੰਪਿਊਟਰ ਲੈਬ, * ਸਮਾਰਟ ਕਲਾਸ ਰੂਮ,* ਵਾਈਫਾਈ ਕੈਂਪਸ, * ਸੀ ਸੀ ਸੀ ਟੀ ਵੀ ਕੈਮਰਿਆਂ ਦੀ ਸੁਵਿਧਾ *ਖੁੱਲ੍ਹੀ ਹਵਾਦਾਰ ਇਮਾਰਤ *ਕੁਦਰਤੀ ਵਾਤਾਵਰਣ *ਪ੍ਰੋਜੈਕਟਰ ਅਤੇ ਇਨਟ੍ਰੈਕਟਿਵ ਪੈਨਲ ਨਾਲ ਪੜ੍ਹਾਈ *ਖੇਡਾਂ ਵਿੱਚ ਸੂਬਾ ਪ੍ਰਾਪਤੀਆਂ ਤਜਰਬੇਕਾਰ ਤੇ ਮਿਹਨਤ ਅਧਿਆਪਕ *10+2 ਤੱਕ ਮੈਡੀਕਲ ਅਤੇ ਨਾਨ ਮੈਡਕੀਲ ਦੀ ਪੜ੍ਹਾਈ, ਹਰ ਮਹੀਨੇ ਸਹਿ ਵਿਦਿਅਕ ਮੁਕਾਬਲੇ

ਅਪੀਲ : ਮਾਪੇ ਆਪਣੇ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਵੱਧ-ਵੱਧ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ

ਵੱਲੋਂ : ਪ੍ਰਿੰਸੀਪਲ ਤੇ ਸਮੂਹ ਸਟਾਫ

ਦੀਵਾਲੀ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਮੁਬਾਰਕਾਂ

ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਕਾਰਸੇਵਾ ਵਾਲਿਆਂ ਦੀ ਯਾਦ ਨੂੰ ਤਾਜਾ ਕਰਦੇ ਹਾਂ, ਜਿਨ੍ਹਾਂ ਨੇ ਕਾਰਸੇਵਾ ਰਾਹੀਂ ਬੇਲਿਆਂ ਦੇ ਪਿੰਡਾਂ ਪੁਲ ਬਣਾ ਕੇ ਆਪਸੀ ਸੰਪਰਕ ਜੋੜਿਆ ਸੀ। ਮਹਾਂਪੁਰਸ਼ਾਂ ਵੱਲੋਂ ਕਈ ਸਕੂਲ ਵੀ ਖੁਲਵਾਏ ਜਿੱਥੇ ਅੱਜ ਵੀ ਹਜ਼ਾਰਾਂ ਬੱਚੇ ਵਿੱਦਿਆ ਹਾਸਲ ਕਰ ਰਹੇ ਹਨ।

ਵੱਲੋਂ : ਜਸਵੰਤ ਸਿੰਘ ਬੇਲਾ ਸਮਾਜ ਸੇਵੀ
ਪੱਤੀ ਟੇਕ ਸਿੰਘ, ਪਿੰਡ ਰਾਮਗੜ੍ਹ ਬੇਲਾ, ਤਹਿਸੀਲ ਨੰਗਲ, ਜ਼ਿਲ੍ਹਾ ਰੂਪਨਗਰ

ਸੰਤ ਬਾਬਾ ਲਾਭ ਸਿੰਘ ਜੀ, ਸੱਚਖੰਡ ਵਾਸੀ | ਜਸਵੰਤ ਸਿੰਘ ਬੇਲਾ, ਸਮਾਜ ਸੇਵੀ

ਦੀਵਾਲੀ, ਵਿਸ਼ਵਕਰਮਾ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਅਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਹਰਭਜਨ ਢਿੱਲੋਂ ਵੱਲੋਂ ਭਲਾਣ ਤੋਂ ਵਿਸ਼ੇਸ਼ ਅੰਕ ਕੱਢਣ 'ਤੇ ਸ਼ੁੱਭ ਕਾਮਨਾਵਾਂ

ਸਰਪੰਚ ਗੁਰਚਰਨ ਸਿੰਘ ਸੋਢੀ | ਰਾਣਾ ਕੰਵਰਪਾਲ ਸਿੰਘ, ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ

ਵੱਲੋਂ : ਗਰਾਮ ਪੰਚਾਇਤ ਮਜਾਰੀ, ਤਹਿਸੀਲ ਨੰਗਲ, ਰੂਪਨਗਰ

99155-25798
85915-58000
The Name You Can Trust
ARJUN CATERERS
The Gravy Kings
We Serve Quality
100% Pure fresh gravy prepared in quality ingredients & MDH/Cath Spices
Contact For : Marriages, Kitty Parties & Other Functions
Vill. Chottewal, Teh. Nangal, Distt. Ropar (Pb.)

ਦੀਵਾਲੀ ਤੇ ਭਗਵਾਨ ਵਿਸ਼ਵਕਰਮਾ ਦਿਹਾੜੇ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਪੰਜਾਬੀਆਂ ਨੂੰ ਅਤੇ ਰੋਜ਼ਾਨਾ 'ਨਵਾਂ ਜ਼ਮਾਨਾ' ਦੇ ਸੂਝਵਾਨ ਪੱਤਰਕਾਰ ਹਰਭਜਨ ਢਿੱਲੋਂ ਨੂੰ ਲੱਖ-ਲੱਖ ਮੁਬਾਰਕਾਂ।

ਹਰਜਿੰਦਰ ਸਿੰਘ
ਸਾਬਕਾ ਸਰਪੰਚ
ਤਰਫ ਮਜਾਰੀ, ਰੂਪਨਗਰ

ਦੀਵਾਲੀ ਤੇ ਭਗਵਾਨ ਵਿਸ਼ਵਕਰਮਾ ਦਿਹਾੜੇ ਨੂੰ ਸਮਰਪਿਤ ਦੇਸ਼-ਵਿਦੇਸ਼ ਵਿੱਚ ਵੱਸਦੇ ਪੰਜਾਬੀਆਂ ਨੂੰ ਅਤੇ ਰੋਜ਼ਾਨਾ 'ਨਵਾਂ ਜ਼ਮਾਨਾ' ਦੇ ਸੂਝਵਾਨ ਪੱਤਰਕਾਰ ਹਰਭਜਨ ਢਿੱਲੋਂ ਨੂੰ ਲੱਖ-ਲੱਖ ਮੁਬਾਰਕਾਂ।

ਗੁਰਦੇਵ ਚੱਬਾ ਲੰਬੜਦਾਰ
ਸਾਬਕਾ ਸਰਪੰਚ
ਕੁੱਲਗਰਾਂ, ਰੂਪਨਗਰ

ਦੀਵਾਲੀ, ਵਿਸ਼ਵਕਰਮਾ, ਬੰਦੀ ਛੋੜ ਦਿਵਸ ਅਤੇ ਗੁਰਪੁਰਬ ਦੀਆਂ ਲੱਖ-ਲੱਖ ਵਧਾਈਆਂ

Shri Ram Stone Crusher
Deals in : Bajri, Gatka, Washed Sand & Stone Dust, Bolder, Sand, Washing Sand, Washed 10mm, 20mm, 40mm, 65mm, Core Sand, River Sand
Vill Bhallri Teh, Nangal, Distt. Ropar (Pb.)
Office : 98158-72569
Amrik : 98811-44500

GSTIN 03ABMPK4458P1Z4 | VAT No. 03822059300
CREDIT MEMO | PROVISIONAL
93178-33906 | 94631-48548
MAA LUXMI FILLING STATION
Dealers in : Indian Oil Corporation Ltd.
इंडियन ऑयल
Nangal-Kalma Morh Road, Nangran, Distt. Ropar (Pb.)

ਬਾਲ ਫੁਲ ਵਾੜੀ

ਗੁਰਨੂਰ ਢਿੱਲੋਂ | ਸੁਖਨਾਜ਼ ਸੰਧੂ | ਰਵਨੂਰ ਸਿੰਘ ਸੰਧੂ | ਰਣਜੋਤ ਦਿਆਲ

ਵਿਸ਼ਵਕਰਮਾ ਦਿਵਸ ਮੌਕੇ ਲੇਬਰ ਕੋਡ ਖ਼ਿਲਾਫ਼ ਮਜ਼ਦੂਰਾਂ ਕੀਤੀ ਆਵਾਜ਼ ਬੁਲੰਦ

ਕੇਂਦਰ ਦੀਆਂ ਮਜ਼ਦੂਰ ਮਾਰੂ ਨੀਤੀਆਂ ਖ਼ਿਲਾਫ਼ 2 ਤੇ 3 ਦਸੰਬਰ ਨੂੰ ਦਿੱਲੀ ਧਰਨੇ ਦਾ ਐਲਾਨ

ਰਾਏਕੋਟ (ਸੰਤੋਖ ਗਿੱਲ)- ਸੀਟੂ ਨਾਲ ਸਬੰਧਤ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ ਦੀ ਰਾਏਕੋਟ ਇਕਾਈ ਵੱਲੋਂ ਭਗਵਾਨ ਵਿਸ਼ਵਕਰਮਾ ਦਾ ਜਨਮ ਦਿਵਸ



ਸੀਟੂ ਦਫ਼ਤਰ ਵਿੱਚ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੌਰਾਨ ਮਜ਼ਦੂਰਾਂ ਦੇ ਹੱਕਾਂ, ਕੇਂਦਰ ਸਰਕਾਰ ਦੀਆਂ ਨੀਤੀਆਂ ਤੇ ਕਿਰਤ ਕਾਨੂੰਨਾਂ ਵਿੱਚ ਤਬਦੀਲੀਆਂ ਬਾਰੇ ਚਰਚਾ ਕੀਤੀ ਗਈ।ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ), ਪੰਜਾਬ ਦੇ ਸੂਬਾ ਪ੍ਰਧਾਨ ਦਲਜੀਤ ਕੁਮਾਰ ਗੋਰਾ ਨੇ ਕਿਹਾ ਕਿ ਕੌਮਾਂਤਰੀ ਪੱਧਰ 'ਤੇ ਹੋ ਰਹੀ ਤਕਨੀਕੀ ਤੇ ਸਨਅਤੀ ਤਰੱਕੀ ਵਿੱਚ ਭਗਵਾਨ ਵਿਸ਼ਵਕਰਮਾ ਦੀ ਸਿਰਜਣਾਤਮਿਕ ਸੋਚ ਦਾ ਵਿਸ਼ੇਸ਼ ਮਹੱਤਵ ਹੈ।ਗੋਰਾ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵੱਲੋਂ ਮਜ਼ਦੂਰ ਪੱਖੀ ਕਿਰਤ ਕਾਨੂੰਨਾਂ ਦੀ ਥਾਂ ਚਾਰ ਲੇਬਰ ਕੋਡ ਲਾਗੂ ਕਰਨ ਨਾਲ ਮਜ਼ਦੂਰਾਂ ਦੇ ਹੱਕਾਂ ਤੇ ਜਥੇਬੰਦ ਹੋਣ ਦੀ ਆਜ਼ਾਦੀ ਨੂੰ ਸੱਟ ਵੱਜੀ ਹੈ।ਉਨ੍ਹਾਂ ਮਨਰੇਗਾ ਦੀ ਥਾਂ ਨਵੀਂ 'ਵਿਕਸਿਤ ਭਾਰਤ-ਜੀ ਰਾਮ ਜੀ' ਯੋਜਨਾ ਲਿਆਉਣ ਤੇ ਕੰਮ ਦੇ ਘੰਟੇ ਵਧਾਉਣ 'ਤੇ ਵੀ ਚਿੰਤਾ ਪ੍ਰਗਟ ਕੀਤੀ ਹੈ।

ਉਨ੍ਹਾਂ ਐਲਾਨ ਕੀਤਾ ਕਿ ਇਨ੍ਹਾਂ ਤਬਦੀਲੀਆਂ ਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਸੀਟੂ ਵੱਲੋਂ 2 ਤੇ 3 ਦਸੰਬਰ ਨੂੰ ਦਿੱਲੀ ਵਿੱਚ ਵਿਸ਼ਾਲ ਧਰਨਾ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਦੇਸ਼ ਵਿਆਪੀ ਸੰਘਰਸ਼ ਤੇਜ਼ ਕੀਤਾ ਜਾਵੇਗਾ।ਮਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਪ੍ਰਕਾਸ਼ ਸਿੰਘ ਬਰ੍ਹਮੀ ਨੇ ਦੱਸਿਆ ਕਿ ਧਰਨੇ ਦੀਆਂ ਤਿਆਰੀਆਂ ਸਬੰਧੀ 21 ਦਸੰਬਰ ਨੂੰ ਰਾਏਕੋਟ ਵਿੱਚ ਕਨਵੈਨਸ਼ਨ ਕੀਤੀ ਜਾਵੇਗੀ।

ਸਮਾਗਮ ਵਿੱਚ ਰਾਜਜਸਵੰਤ ਸਿੰਘ ਤਲਵੰਡੀ, ਕਾਲਾ ਸਿੰਘ ਜੌਹਲਾਂ, ਕਰਮਜੀਤ ਸੰਨੀ, ਰੁਲਦਾ ਸਿੰਘ ਗੋਬਿੰਦਗੜ੍ਹ, ਪ੍ਰਿਤਪਾਲ ਸਿੰਘ ਬਿੱਟਾ, ਚਮਕੌਰ ਸਿੰਘ ਨੂਰਪੁਰਾ, ਸਤਵਿੰਦਰ ਸਿੰਘ, ਭੁਪਿੰਦਰ ਸਿੰਘ ਰਾਏਕੋਟ, ਗੁਰਨਾਮ ਸਿੰਘ, ਗੁਰਦੀਪ ਸਿੰਘ ਬੁਰਜ ਤੇ ਕਰਮ ਚੰਦ ਬੁਰਜ ਹਕੀਮਾਂ ਸਮੇਤ ਹੋਰ ਆਗੂ 'ਤੇ ਮਜ਼ਦੂਰ ਹਾਜ਼ਰ ਸਨ।

ਵਿਸ਼ਵਕਰਮਾ ਦਿਵਸ ਮੌਕੇ ਵੱਖ-ਵੱਖ ਆਗੂਆਂ ਨੇ ਭਰੀ ਸਮਾਗਮ 'ਚ ਹਾਜ਼ਰੀ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)- ਗੁਰੂ ਹਰਸਹਾਏ ਵਿਖੇ ਸਥਿਤ ਗੁਰਦੁਆਰਾ ਵਿਸ਼ਵਕਰਮਾ ਸਾਹਿਬ ਵਿਖੇ ਵਿਸ਼ਵਕਰਮਾ ਦਿਵਸ ਬੜੀ ਸ਼ਰਧਾ ਸਤਿਕਾਰ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਪਵਿੱਤਰ ਮੌਕੇ ਗੁਰੂ ਹਰਸਹਾਏ ਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਮੱਥਾ ਟੇਕਿਆ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਇਸ ਮੌਕੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨੇ ਵੀ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਧਾਰਮਿਕ ਸਮਾਗਮ ਦੌਰਾਨ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ, ਉੱਥੇ ਹੀ ਕਥਾ ਵਾਚਕ ਵੱਲੋਂ ਵਿਸ਼ਵਕਰਮਾ ਦਿਵਸ ਦੇ ਇਤਿਹਾਸ ਤੇ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ ਤੇ ਸੰਗਤਾਂ ਨੂੰ ਧਾਰਮਿਕ ਇਤਿਹਾਸ ਨਾਲ ਜੋੜਿਆ ਗਿਆ।ਬਾਬਾ ਵਿਸ਼ਵਕਰਮਾ ਦੇ ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵਰਦੇਵ ਸਿੰਘ ਨੋਨੀ ਮਾਨ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਦਰਸ਼ਨ ਸਿੰਘ ਮੋਠਾਂਵਾਲਾ, ਕਾਂਗਰਸ ਦੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ, ਕਾਂਗਰਸੀ ਆਗੂ ਰੋਹਿਤ ਕੁਮਾਰ ਮੋਂਟੂ ਵੋਹਰਾ, ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਇੰਚਾਰਜ ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਆਪ ਆਗੂ ਬੀ ਸੀ ਵਿੰਗ ਚੇਅਰਮੈਨ ਮਲਕੀਤ



ਥਿੰਦ, ਸਮੇਤ ਕਈ ਹੋਰਾਂ ਪਤਵੰਤਿਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਗੁਰਦੁਆਰਾ ਵਿਸ਼ਵਕਰਮਾ ਕਮੇਟੀ ਵੱਲੋਂ ਆਏ ਹੋਏ ਸਾਰੇ ਰਾਜਨੀਤਕ ਆਗੂਆਂ ਨੂੰ ਸਰਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸੰਗਤਾਂ ਦੀ ਸੇਵਾ ਲਈ ਵਿਸ਼ੇਸ਼ ਤੌਰ 'ਤੇ ਚਾਹ ਪਕੌੜਿਆਂ ਦਾ ਪ੍ਰਬੰਧ ਕੀਤਾ ਗਿਆ ਤੇ ਗੁਰੂ ਕਾ ਅਟੁੱਟ ਲੰਗਰ ਵਰਤਾਇਆ ਗਿਆ।ਸੰਗਤਾਂ ਨੇ ਬੜੀ ਸ਼ਰਧਾ ਨਾਲ ਲੰਗਰ ਛਕਿਆ ਤੇ ਸੇਵਾ ਵਿੱਚ ਆਪਣਾ ਯੋਗਦਾਨ ਪਾਇਆ।ਸਮੁੱਚਾ ਸਮਾਗਮ ਧਾਰਮਿਕ ਮਾਹੌਲ ਤੇ ਆਪਸੀ ਭਾਈਚਾਰੇ ਦੀ ਭਾਵਨਾ ਨਾਲ ਸੰਪੰਨ ਹੋਇਆ।

ਜਤਿੰਦਰ ਭੱਲਾ ਨੇ ਮੁਨੀਸ਼ ਸਿਸੋਦੀਆ ਨਾਲ ਕੀਤੀ ਵਿਸ਼ੇਸ਼ ਮੁਲਾਕਾਤ

ਪੰਜਾਬ ਦੇ ਲੋਕ ਮੁੜ ਆਪ ਦੀ ਸਰਕਾਰ ਬਣਾਉਣ ਲਈ ਤਿਆਰ : ਮੁਨੀਸ਼ ਸਿਸੋਦੀਆ

ਬਠਿੰਡਾ (ਰਾਜੀਵ ਗੋਇਲ) ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਭੱਲਾ ਨੇ ਪਾਰਟੀ ਦੇ ਸੀਨੀਅਰ ਆਗੂ ਮੁਨੀਸ਼ ਸਿਸੋਦੀਆ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।

ਇਸ ਮੁਲਾਕਾਤ ਦੌਰਾਨ ਪੰਜਾਬ ਦੇ ਮੌਜੂਦਾ ਰਾਜਨੀਤਕ ਹਾਲਾਤ, ਪਾਰਟੀ ਦੀਆਂ ਗਤੀਵਿਧੀਆਂ, ਸਰਕਾਰ ਦੇ ਕੰਮਕਾਜ ਤੇ ਆਉਣ ਵਾਲੇ ਸਮੇਂ ਦੀ ਰਣਨੀਤੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੁਲਾਕਾਤ ਦੌਰਾਨ ਜਤਿੰਦਰ ਭੱਲਾ ਨੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨਾਤਮਕ ਢਾਂਚੇ, ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਤੇ ਜ਼ਮੀਨੀ ਪੱਧਰ 'ਤੇ ਪਾਰਟੀ ਦੀਆਂ ਸਰਗਰਮੀਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਨੇ ਸੂਬੇ ਦੇ ਮੌਜੂਦਾ ਸਿਆਸੀ ਹਾਲਾਤਾਂ ਤੋਂ ਵੀ ਮੁਨੀਸ਼ ਸਿਸੋਦੀਆ ਨੂੰ ਜਾਣੂ ਕਰਵਾਇਆ ਤੇ ਕਿਹਾ ਕਿ ਪਾਰਟੀ ਦੇ ਆਗੂ ਤੇ ਵਰਕਰ ਲਗਾਤਾਰ ਲੋਕਾਂ ਵਿਚਕਾਰ ਰਹਿ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਪਹਿਲ ਦੇ



ਆਧਾਰ 'ਤੇ ਉਠਾ ਰਹੇ ਹਨ।ਇਸ ਮੌਕੇ ਮੁਨੀਸ਼ ਸਿਸੋਦੀਆ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਭਰੋਸਾ ਤੇ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੁੜ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਤਿਆਰ ਹਨ।ਮੁਨੀਸ਼ ਸਿਸੋਦੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਨੂੰ ਤਰੱਕੀ ਤੇ ਵਿਕਾਸ ਦੀਆਂ ਲੀਹਾਂ 'ਤੇ ਲਿਆਉਣ ਲਈ ਕਈ ਕਦਮ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦਾ ਟੀਚਾ ਸਿਰਫ ਮੌਜੂਦਾ ਸਮੇਂ ਵਿੱਚ ਵਿਕਾਸ ਕਾਰਜ ਕਰਵਾਉਣਾ ਹੀ ਨਹੀਂ, ਸਗੋਂ ਪੰਜਾਬ ਦੇ ਭਵਿੱਖ ਨੂੰ ਵੀ ਮਜ਼ਬੂਤ ਬਣਾਉਣਾ ਹੈ।ਇਸ ਮੌਕੇ ਰਾਮਪੁਰਾ ਫੂਲ ਵਿਧਾਨ ਸਭਾ ਹਲਕੇ ਸਬੰਧੀ ਵੀ ਵਿਚਾਰ-ਵਟਾਂਦਰਾ ਹੋਇਆ।ਜਤਿੰਦਰ ਭੱਲਾ ਨੇ ਹਲਕੇ ਵਿੱਚ ਪਾਰਟੀ ਦੀਆਂ ਸਰਗਰਮੀਆਂ, ਸੰਗਠਨ ਦੀ ਮਜ਼ਬੂਤੀ ਤੇ ਲੋਕਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਰਾਮਪੁਰਾ ਫੂਲ ਹਲਕੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਸੰਗਰੂਰ ਰੈਲੀ ਨੇ ਪੰਜਾਬ ਕਾਂਗਰਸ ਦੀ ਜਿੱਤ ਦਾ ਮੁੱਢ ਬੰਨ੍ਹਿਆ : ਗੌਰਵ ਸੰਧੂ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਨੌਜਵਾਨ ਕਾਂਗਰਸੀ ਆਗੂ ਤੇ ਪੰਜਾਬ ਸੇਵਾ ਦਲ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਵੱਲੋਂ ਸਨੌਰ ਹਲਕੇ 'ਚ ਕਾਂਗਰਸ ਦੀ ਮਜ਼ਬੂਤੀ ਲਈ ਕੀਤੀ ਜਾ ਰਹੀ ਸਖ਼ਤ ਮਿਹਨਤ ਨਾਲ ਹਲਕਾ ਸਨੌਰ 'ਚ ਕਾਂਗਰਸ ਜਿਉਂਦੀ ਤੇ ਮਜ਼ਬੂਤ ਹੋ ਗਈ ਹੈ। ਹਲਕਾ ਸਨੌਰ 'ਚ ਲੋਕਾਂ ਦਾ ਉਨ੍ਹਾਂ ਨੂੰ ਭਰਵਾਂ ਸਮਰਥਨ ਮਿਲ ਰਿਹਾ ਹੈ। ਸੰਗਰੂਰ ਜ਼ਿਲ੍ਹੇ ਦੇ ਪਿੰਡ ਫੱਗੂਵਾਲਾ ਵਿਖੇ 4 ਨਵੰਬਰ ਨੂੰ ਕਾਂਗਰਸ ਪਾਰਟੀ ਵੱਲੋਂ ਕੌਮੀ ਆਗੂ ਸ੍ਰੀ ਰਾਹੁਲ ਗਾਂਧੀ ਤੇ ਕਾਂਗਰਸ ਦੇ ਕੌਮੀ ਪ੍ਰਧਾਨ ਸ੍ਰੀ ਮਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਕਰਵਾਈ ਗਈ ਵਿਸ਼ਾਲ 'ਇਨਸਾਫ਼ ਰੈਲੀ' ਨੇ 2027 'ਚ ਹੋਣ ਜਾ ਰਹੀਆਂ ਚੋਣਾਂ 'ਚ ਕਾਂਗਰਸ ਦੀ ਜਿੱਤ ਦਾ ਮੁੱਢ ਬੰਨ੍ਹ ਦਿੱਤਾ ਹੈ। ਸਨੌਰ ਹਲਕੇ ਤੋਂ ਕਾਂਗਰਸ ਸੰਭਾਵੀ ਉਮੀਦਵਾਰ ਤੇ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਮੀਤ ਪ੍ਰਧਾਨ ਗੌਰਵ ਸੰਧੂ ਨੇ ਸੰਗਰੂਰ ਰੈਲੀ ਤੋਂ ਬਾਅਦ ਇਸ ਦਾ ਖੁਲਾਸਾ ਕੀਤਾ। ਇਸ ਮੌਕੇ ਉਨ੍ਹਾਂ ਰੈਲੀ ਵਿੱਚ ਸ਼ਮੂਲੀਅਤ ਕਰਦਿਆਂ ਪੰਜਾਬ ਦੇ ਹੱਕਾਂ, ਲੋਕਾਂ ਨੂੰ ਇਨਸਾਫ਼ ਦਿਵਾਉਣ ਤੇ ਸੂਬੇ ਦੇ ਬਿਹਤਰ ਭਵਿੱਖ ਲਈ ਕਾਂਗਰਸ ਪਾਰਟੀ ਵੱਲੋਂ ਵਿੱਢੀ ਜਾ ਰਹੀ ਲੜਾਈ ਨੂੰ ਆਪਣਾ ਪੂਰਾ ਸਮਰਥਨ ਦਿੱਤਾ।



ਗੌਰਵ ਸੰਧੂ ਨੇ ਕਿਹਾ ਕਿ ਸੰਗਰੂਰ ਦੀ ਇਨਸਾਫ਼ ਰੈਲੀ ਨੇ ਪੰਜਾਬ ਦੇ ਲੋਕਾਂ ਵਿੱਚ ਇੱਕ ਨਵਾਂ ਜੋਸ਼ ਤੇ ਉਤਸ਼ਾਹ ਪੈਦਾ ਕੀਤਾ ਹੈ।ਹਲਕਾ ਸਨੌਰ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸਾਥੀਆਂ ਸਮੇਤ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਾ ਮੇਰੇ ਲਈ ਮਾਣ ਵਾਲੀ ਗੱਲ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਰਾਹੁਲ ਗਾਂਧੀ ਜੀ ਵੱਲੋਂ ਪੰਜਾਬ ਦੇ ਅਸਲ ਮੁੱਦਿਆਂ ਨੂੰ ਜਿਸ ਦਲੇਰੀ ਤੇ ਸਪੱਸ਼ਟਤਾ ਨਾਲ ਦੇਸ਼ ਦੇ ਸਾਹਮਣੇ ਰੱਖਿਆ ਗਿਆ ਹੈ, ਉਹ ਹਰ ਪੰਜਾਬੀ ਦੀ ਆਵਾਜ਼ ਹੈ।ਰਾਹੁਲ ਗਾਂਧੀ ਨੇ ਇਨਸਾਫ਼ ਰੈਲੀ ਵਿੱਚ ਹਲਕਾ ਸਨੌਰ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚ ਕੇ ਰੈਲੀ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ ਵਾਲੇ ਸਮੂਹ ਸਾਥੀਆਂ, ਕਾਂਗਰਸੀ ਆਗੂਆਂ ਤੇ ਵਰਕਰਾਂ ਦਾ ਦਿਲੋਂ ਧੰਨਵਾਦ ਕੀਤਾ।

ਐੱਮ ਏ ਐੱਮ ਸਕੂਲ 'ਚ ਮਨਾਇਆ ਦੀਵਾਲੀ ਦਾ ਤਿਉਹਾਰ

ਸਮਰਾਲਾ (ਸੁਰਜੀਤ ਸਿੰਘ)- ਸਥਾਨਕ ਮੈਕਸ ਆਰਥਰ ਮੈਕਾਲਿਫ਼ ਪਬਲਿਕ ਸਕੂਲ ਵਿੱਚ ਬੱਚਿਆਂ ਨੇ ਆਪਣੇ ਅਧਿਆਪਕਾਂ ਦੀ ਦੇਖ ਰੇਖ ਦਿਵਾਲੀ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਤੇ ਰਚਨਾਤਮਕਤਾ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਵੇਰ ਦੀ ਪ੍ਰਾਰਥਨਾ ਸਭਾ ਵਿੱਚ ਪ੍ਰਿੰਸੀਪਲ ਮੈਡਮ ਡਾ. ਦੀਪਤੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੀਵਾਲੀ ਦੇ ਇਤਿਹਾਸਕ ਪਿਛੋਕੜ ਤੇ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਕਵਿਤਾਵਾਂ ਤੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਸਕੂਲ ਦੇ ਵੱਖ-ਵੱਖ ਵਰਗਾਂ ਦੇ ਵਿਦਿਆਰਥੀਆਂ ਨੇ ਆਪਣੀ ਕਲਾ ਤੇ ਸਿਰਜਣਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਪ੍ਰਾਇਮਰੀ ਵਿੰਗ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਦੀਵਿਆਂ ਦੀ ਸਜਾਵਟ, ਸ਼ੁਭਕਾਮਨਾ ਕਾਰਡ, ਸਜਾਵਟੀ ਤੋਰਨ, ਰੰਗੋਲੀ ਤੇ ਬੇਕਾਰ ਵਸਤੂਆਂ ਤੋਂ ਉਪਯੋਗੀ ਤੇ ਸਜਾਵਟੀ ਚੀਜ਼ਾਂ ਤਿਆਰ ਕੀਤੀਆਂ।ਵਿਦਿਆਰਥੀਆਂ ਨੇ ਬਿਨਾਂ ਅੱਗ ਦੀ ਵਰਤੋਂ ਕੀਤੇ ਸਿਹਤਮੰਦ ਤੇ ਸੁਆਦੀ ਪਕਵਾਨ ਤਿਆਰ ਕੀਤੇ।ਇਨ੍ਹਾਂ ਵਿੱਚ ਫਲਾਂ ਤੇ ਸਬਜ਼ੀਆਂ ਦੇ ਸਲਾਦ, ਸੈਂਡਵਿਚ, ਰੈਪਸ, ਭੇਲ ਪੁਰੀ, ਚਾਟ ਅਤੇ ਵੱਖ-ਵੱਖ ਮਿੱਠੇ ਪਕਵਾਨ ਸ਼ਾਮਲ ਸਨ।ਸਕੂਲ ਪ੍ਰਿੰਸੀਪਲ ਮੈਡਮ ਦੀਪਤੀ ਚੋਪੜਾ ਨੇ ਵਿਦਿਆਰਥੀਆਂ ਨੂੰ ਪਟਾਕਿਆਂ ਤੇ ਹਾਨੀਕਾਰਕ



ਪਦਾਰਥਾਂ ਤੋਂ ਦੂਰ ਰਹਿਣ, ਵਾਤਾਵਰਣ ਦੀ ਸੰਭਾਲ ਕਰਨ ਤੇ ਸਾਫ਼-ਸਫ਼ਾਈ ਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਤਿਉਹਾਰ ਮਨਾਉਣ ਲਈ ਪ੍ਰੇਰਿਤ ਕੀਤਾ।ਸਕੂਲ ਪ੍ਰੈਜ਼ੀਡੈਂਟ ਅਨਿਲ ਵਰਮਾ, ਪ੍ਰਿੰਸੀਪਲ ਦੀਪਤੀ ਚੋਪੜਾ, ਮੈਨੇਜਰ ਰਮਨਦੀਪ ਸਿੰਘ, ਹੈੱਡਮਿਸਟ੍ਰੈੱਸ ਚਰਨਪ੍ਰੀਤ ਕੌਰ ਸੌਂਦ, ਗੁਰਪ੍ਰੀਤ ਸਿੰਘ ਘਲੋਟੀ ਨੇ ਵਿਦਿਆਰਥੀਆਂ ਤੇ ਸਟਾਫ਼ ਦੀ ਸ਼ਲਾਘਾ ਕਰਦਿਆਂ ਸਾਰਿਆ ਨੂੰ ਦਿਵਾਲੀ ਦੀਆਂ ਹਾਰਦਿਕ ਸ਼ੁੱਭ-ਕਾਮਨਾਵਾਂ ਦਿੱਤੀਆਂ।

ਸੋਨੇ ਦੇ ਵਿਵਾਦ ਨੂੰ ਲੈ ਕੇ ਗੋਲੀ ਚੱਲਣ ਨਾਲ ਇਕ ਦੀ ਮੌਤ, ਏ ਐੱਸ ਆਈ ਸਮੇਤ ਤਿੰਨ ਜ਼ਖ਼ਮੀ

ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਦੀਵਾਲੀ ਵਾਲੀ ਰਾਤ ਸੋਨੇ ਦੇ ਵਿਵਾਦ ਨੂੰ ਲੈ ਕੇ ਥਾਣਾ ਬੀ ਡਵੀਜ਼ਨ ਇਲਾਕੇ ਵਿਚ ਗੋਲੀਆਂ ਚੱਲਣ ਨਾਲ ਇਕ ਵਿਅਕਤੀ ਦੀ ਮੌਤ ਹੋ ਗਈ, ਜਦੋਂਕਿ ਇਕ ਏ.ਐੱਸ.ਆਈ ਸਮੇਤ ਤਿੰਨ ਵਿਅਕਤੀ ਜ਼ਖ਼ਮੀ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਸੋਨੇ ਦਾ ਕੰਮ ਕਰਨ ਵਾਲੇ ਪ੍ਰਤਾਪ ਸਿੰਘ ਦਾ 1400 ਗ੍ਰਾਮ ਸੋਨੇ ਨੂੰ ਲੈ ਕੇ ਸੁਨਿਆਰੇ ਦਾ ਕਿੱਤਾ ਕਰਨ ਵਾਲੇ ਦੋ ਭਰਾਵਾਂ ਰਣਜੀਤ ਸਿੰਘ ਤੇ ਦਿਲਬਾਗ ਸਿੰਘ ਨਾਲ ਵਿਵਾਦ ਚੱਲ ਰਿਹਾ ਸੀ। ਇਸ ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਿਸ ਕਮਿਸ਼ਨਰੇਟ ਅੰਮ੍ਰਿਤਸਰ ਦੇ ਏ.ਡੀ.ਸੀ.ਪੀ. ਸਿਟੀ-3 ਮਨਮੋਹਨ ਸਿੰਘ ਔਲਖ ਨੇ ਦੱਸਿਆ ਕਿ ਥਾਣਾ ਬੀ ਡਵੀਜ਼ਨ ਨੂੰ ਸ਼ਿਕਾਇਤ ਮਿਲੀ ਸੀ ਕਿ ਦੋ ਭਰਾਵਾਂ ਪ੍ਰਤਾਪ ਸਿੰਘ ਤੇ ਵਿਕਰਮ ਸਿੰਘ ਵੱਲੋਂ ਸ਼ਿਕਾਇਤ ਮਿਲੀ ਸੀ ਕਿ ਉਨ੍ਹਾਂ ਨੂੰ ਰਣਜੀਤ ਸਿੰਘ ਤੇ ਦਿਲਬਾਗ ਸਿੰਘ ਵੱਲੋਂ ਧਮਕੀਆਂ ਮਿਲ ਰਹੀਆਂ ਹਨ। ਜਦੋਂ ਇਸ ਸਬੰਧ ਵਿਚ ਥਾਣਾ ਬੀ ਡਵੀਜਨ ਦੇ ਏ.ਐੱਸ.ਆਈ. ਹਰਨੇਕ ਸਿੰਘ ਮੌਕੇ 'ਤੇ ਪੁੱਜੇ ਤਾਂ ਦਿਲਬਾਗ ਸਿੰਘ ਨੇ ਆਉਂਦਿਆਂ ਹੀ ਆਪਣੇ ਪਿਸਤੌਲ ਨਾਲ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਇਸ 'ਤੇ ਪ੍ਰਤਾਪ ਸਿੰਘ, ਵਿਕਰਮ ਸਿੰਘ ਤੇ ਏ.ਐੱਸ.ਆਈ. ਹਰਨੇਕ ਸਿੰਘ ਜ਼ਖ਼ਮੀ ਹੋ ਗਏ। ਉਨ੍ਹਾਂ ਦੱਸਿਆ ਕਿ ਪ੍ਰਤਾਪ ਸਿੰਘ ਦੀ ਬਾਅਦ ਵਿਚ ਮੌਤ ਹੋ ਗਈ, ਜਦੋਂ ਏ.ਐੱਸ.ਆਈ. ਹਰਨੇਕ ਸਿੰਘ ਦੀ ਲੱਤ 'ਤੇ ਗੋਲੀ ਲੱਗੀ। ਉਨ੍ਹਾਂ ਦੱਸਿਆ ਕਿ ਇਸ ਵਾਰਤਾਰ ਦੌਰਾਨ ਜਦੋਂ ਪੁਲਿਸ ਮੁਲਾਜ਼ਮ ਨੇ ਦਿਲਬਾਗ ਸਿੰਘ ਨੂੰ ਗੋਲੀਆਂ ਚਲਾਉਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਸ ਦੇ ਭਰਾ ਰਣਜੀਤ ਸਿੰਘ ਵੱਲੋਂ ਕੀਤੀ ਗਈ ਫਾਇਰਿੰਗ ਵਿਚ ਉਸ ਦਾ ਭਰਾ ਦਿਲਬਾਗ ਸਿੰਘ ਵੀ ਗੋਲੀ ਲੱਗਣ ਨਾਲ ਜ਼ਖ਼ਮੀ ਹੋ ਗਿਆ। ਉਨ੍ਹਾਂ ਦੱਸਿਆ ਕਿ ਇਸ ਘਟਨਾ ਦੌਰਾਨ ਗੋਲੀਆਂ ਲੱਗਣ ਨਾਲ ਜ਼ਖ਼ਮੀ ਹੋਏ ਤਿੰਨਾਂ ਵਿਅਕਤੀਆਂ, ਜਿਨ੍ਹਾਂ ਵਿਚ ਮੁਲਜ਼ਮ ਦਿਲਬਾਗ ਸਿੰਘ ਵੀ ਸ਼ਾਮਲ ਹੈ, ਹਸਪਤਾਲ ਵਿਚ ਜ਼ੇਰੇ ਇਲਾਜ ਹਨ। ਉਨ੍ਹਾਂ ਦੱਸਿਆ ਕਿ ਦੋਵੇਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਵੱਲੋਂ ਵਾਰਦਾਤ ਵਿਚ ਵਰਤੇ ਗਏ ਦੋਵੇਂ ਪਿਸਤੌਲ ਕਬਜ਼ੇ ਵਿਚ ਲੈ ਕੇ ਥਾਣਾ ਬੀ ਡਵੀਜਨ ਵਿਚ ਪਰਚਾ ਦਰਜ ਕਰ ਲਿਆ ਗਿਆ ਹੈ।

ਐੱਨ ਐੱਚ ਐੱਮ ਮੁਲਾਜ਼ਮਾਂ ਨੂੰ ਪੱਕੇ ਕਰਨ ਵਾਲਾ ਵਾਅਦਾ ਵਫ਼ਾ ਨਹੀਂ ਹੋ ਰਿਹਾ: ਮਨਦੀਪ ਸਿੰਘ



ਤਰਨ ਤਾਰਨ/ਚੋਹਲਾ ਸਾਹਿਬ (ਰਮਨ ਚੱਢਾ)- ਲੰਮੇ ਸਮੇਂ ਤੋਂ ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮ ਨਿਗੂਣੀਆਂ ਤਨਖਾਹਾਂ ਤੇ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਐੱਨ ਐੱਚ ਐੱਮ ਯੂਨੀਅਨ ਦੇ ਪ੍ਰਧਾਨ ਮਨਦੀਪ ਸਿੰਘ ਨੇ ਪੱਤਰਕਾਰਾਂ ਨਾਲ ਗਲਬਾਤ ਦੌਰਾਨ ਕੀਤਾ। ਉਨਾਂ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਮੇਂ ਸਮੇਂ ਦੀਆਂ ਸਰਕਾਰਾਂ ਵੱਲੋਂ ਐੱਨ ਐੱਚ ਐੱਮ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਵਾਅਦਾ ਕੀਤਾ ਪਰ ਕਿਸੇ ਵੀ ਸਰਕਾਰ ਨੇ ਐਨ ਐਚ ਐਮ ਮੁਲਾਜਮਾਂ ਨੂੰ ਨਾਂ ਤਾਂ ਰੈਗੂਲਰ ਪੇਅ ਸਕੇਅ ਜਾਰੀ ਕੀਤੇ ਅਤੇ ਨਾ ਹੀ ਪੱਕਾ ਕੀਤਾ ਜਿਸ ਕਾਰਨ ਐਨ ਐਚ ਐਮ ਮੁਲਾਜ਼ਮ ਸੜਕਾਂ ਦੇ ਰੁਲਦੇ ਨਜ਼ਰ ਆਏ। ਉਨਾਂ ਦੱਸਿਆ ਕਿ ਮਾਨ ਸਰਕਾਰ ਦਾ ਵਾਅਦਾ ਵਫ਼ਾ ਹੁੰਦਾ ਨਜ਼ਰ ਨਹੀਂ ਆ ਰਿਹਾ ਜਿਸ ਕਾਰਨ ਮੁਲਾਜਮਾਂ ਨੇ ਕਾਲੀ ਦਿਵਾਲੀ ਮਨਾਈ ਹੈ। ਉਹਨਾਂ ਕਿਹਾ ਕਿ ਜਿਲ੍ਹਾ ਤਰਨ ਤਾਰਨ ਦੇ ਵੱਖ-ਵੱਖ ਬਲਾਕਾਂ ਦੇ ਮੁਲਾਜ਼ਮਾਂ ਵੱਲੋਂ ਯੂਨੀਅਨ ਦੇ ਸੱਦੇ ਤੇ ਆਪਣੇ ਆਪਣੇ ਐੱਸ ਐੱਮ ਓ ਸਾਹਿਬਾਨ ਨੂੰ ਮੰਗ ਪੱਤਰ ਸੌਂਪੇ ਹਨ।

ਜਲਾਲੀਆ ਨਾਲੇ 'ਤੇ 16 ਕਰੋੜ ਰੁਪਏ ਦੀ ਲਾਗਤ ਨਾਲ ਬਣੇਗਾ 150 ਮੀਟਰ ਲੰਮਾ ਪੁਲ : ਕਟਾਰੂਚੱਕ

ਪਠਾਨਕੋਟ,: (ਦਵਿੰਦਰ ਸਿੰਘ) ਵਿਧਾਨ ਸਭਾ ਹਲਕਾ ਭੋਆ ਦੇ ਸਰਹੱਦੀ ਖੇਤਰ ਬਮਿਆਲ ਵਿੱਚ ਪੈਂਦੇ ਜਲਾਲੀਆ ਨਾਲੇ ਉੱਪਰ ਲੋਕਾਂ ਦੀ ਦਹਾਕਿਆਂ ਪੁਰਾਣੀ ਮੰਗ ਨੂੰ ਪੂਰਾ ਕਰਦਿਆਂ



ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਨਵੇਂ ਪੁਲ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ।ਕਰੀਬ 16 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲਾ ਇਹ ਪੁਲ 150 ਮੀਟਰ ਲੰਬਾ ਅਤੇ 44 ਫੁੱਟ ਚੌੜਾ ਹੋਵੇਗਾ।ਪੁਲ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਹੋਣ 'ਤੇ ਸਮੁੱਚੇ ਇਲਾਕੇ ਵਿੱਚ ਖ਼ੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ। ਇਸ ਮੌਕੇ ਇਲਾਕਾ ਨਿਵਾਸੀਆਂ ਵੱਲੋਂ ਆਤਿਸ਼ਬਾਜ਼ੀ ਚਲਾ ਕੇ ਅਤੇ ਢੋਲ-ਧਮਕਿਆਂ ਨਾਲ ਕੈਬਨਿਟ ਮੰਤਰੀ ਦਾ ਸਵਾਗਤ ਕੀਤਾ ਗਿਆ ਅਤੇ ਇਸ ਇਤਿਹਾਸਕ ਵਿਕਾਸ ਕਾਰਜ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸਭ ਤੋਂ ਪਹਿਲਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਦੀਵਾਲੀ, ਵਿਸ਼ਵਕਰਮਾ ਦਿਵਸ ਅਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਉਨ੍ਹਾਂ ਲਈ ਬਹੁਤ ਖ਼ੁਸ਼ੀ ਅਤੇ ਭਾਗਾਂ ਵਾਲਾ ਹੈ, ਕਿਉਂਕਿ ਸਰਹੱਦੀ ਖੇਤਰ ਦੇ ਲੋਕਾਂ ਦੀ ਕਈ ਸਾਲਾਂ ਤੋਂ ਲਟਕਦੀ ਆ ਰਹੀ ਇੱਕ ਅਹਿਮ ਮੰਗ ਨੂੰ ਪੂਰਾ ਕਰਨ ਵੱਲ ਠੋਸ ਕਦਮ ਚੁੱਕਿਆ ਗਿਆ ਹੈ।ਉਨ੍ਹਾਂ ਕਿਹਾ ਕਿ ਜਲਾਲੀਆ ਨਾਲੇ ਉੱਪਰ ਬਣਨ ਵਾਲਾ ਇਹ ਪੁਲ ਇਲਾਕੇ ਦੇ ਵਿਕਾਸ ਅਤੇ ਆਵਾਜਾਈ ਦੀ ਸਹੂਲਤ ਲਈ ਇੱਕ ਇਤਿਹਾਸਕ ਪ੍ਰੋਜੈਕਟ ਸਾਬਤ ਹੋਵੇਗਾ: ਉਨ੍ਹਾਂ ਦੱਸਿਆ ਕਿ ਇਸ ਪੁਲ ਦਾ ਨਿਰਮਾਣ ਲੋਕ ਨਿਰਮਾਣ ਵਿਭਾਗ (ਪੀ.ਡਬਲਯੂ.ਡੀ.) ਵੱਲੋਂ ਕਰਵਾਇਆ ਜਾ ਰਿਹਾ ਹੈ ਅਤੇ ਇਸ ਉੱਪਰ ਲਗਭਗ 16 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸ ਦੀ ਲੰਬਾਈ 150 ਮੀਟਰ ਅਤੇ ਚੌੜਾਈ 44 ਫੁੱਟ ਹੋਵੇਗੀ। ਐਸੋਸੀਏਟ ਇੰਜਨੀਅਰਿੰਗ ਕੰਪਨੀ ਵੱਲੋਂ ਇਸ ਪੁਲ ਦਾ ਨਿਰਮਾਣ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕ ਲੰਮੇ ਸਮੇਂ ਤੋਂ ਇਸ ਪੁਲ ਦੀ ਉਡੀਕ ਕਰ ਰਹੇ ਸਨ ਅਤੇ ਅੱਜ ਸਮੂਹ ਇਲਾਕਾ ਨਿਵਾਸੀਆਂ ਦੀ ਹਾਜ਼ਰੀ ਵਿੱਚ ਇਸ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਨਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ।

ਖ਼ਾਲਸਾ ਕਾਲਜ ਮਹਿਤਾ ਵਿਖੇ ਬੰਦੀ ਛੋੜ ਦਿਵਸ ਮਨਾਇਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਸੰਤ ਗਿਆਨੀ ਗੁਰਬਚਨ ਸਿੰਘ ਜੀ ਖ਼ਾਲਸਾ ਕਾਲਜ ਅਤੇ ਖ਼ਾਲਸਾ ਕਾਲਜੀਏਟ ਸਕੂਲ ਮਹਿਤਾ ਵਿਖੇ ਸਿੱਖ ਧਰਮ ਦੇ ਮਹਾਨ



ਇਤਿਹਾਸਕ ਅਤੇ ਅਧਿਆਤਮਿਕ ਮਹੱਤਵ ਵਾਲੇ ਪਾਵਨ ਤਿਉਹਾਰ 'ਬੰਦੀ ਛੋੜ ਦਿਵਸ' ਨੂੰ ਬੜੀ ਸ਼ਰਧਾ ਅਤੇ ਉਤਸ਼ਾਹਪੂਰਵਕ ਢੰਗ ਨਾਲ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਹਰੀ ਦੀਵਾਲੀ ਮਨਾਉਣ ਦੀ ਅਪੀਲ ਕਰਦਿਆਂ ਭਾਸ਼ਣ ਤੇ ਕਵਿਤਾਵਾਂ ਰਾਹੀਂ ਸਮਾਜ ਨੂੰ ਵਾਤਾਵਰਨ ਬਚਾਉਣ ਦਾ ਸੁਨੇਹਾ ਦਿੱਤਾ।ਇਸ ਮੌਕੇ ਸਮੁੱਚੇ ਕਾਲਜ ਦਾ ਮਾਹੌਲ ਤਿਉਹਾਰੀ ਰੰਗ ਵਿੱਚ ਰੰਗਿਆ ਨਜ਼ਰ ਆਇਆ।ਵਿਦਿਆਰਥੀਆਂ ਨੇ ਸੁੰਦਰ ਰੰਗੋਲੀਆਂ ਬਣਾਈਆਂ ਅਤੇ ਦੀਪ ਸਜਾਵਟ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਨੂੰ ਬੰਦੀ ਛੋੜ ਦਿਵ ਦੀ ਇਤਿਹਾਸਕ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਇਹ ਦਿਹਾੜਾ ਸਿਰਫ਼ ਖ਼ੁਸ਼ੀਆਂ ਮਨਾਉਣ ਜਾਂ ਦੀਵੇ ਜਗਾਉਣ ਦਾ ਤਿਉਹਾਰ ਨਹੀਂ, ਸਗੋਂ ਮਨੁੱਖਤਾ ਦੀ ਆਜ਼ਾਦੀ, ਨਿਆਂ, ਬਰਾਬਰੀ ਅਤੇ ਪਰਉਪਕਾਰ ਦੀਆਂ ਉੱਚੀਆਂ ਕਦਰਾਂ-ਕੀਮਤਾਂ ਦਾ ਪ੍ਰਤੀਕ ਹੈ।ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਆਪਣੀ ਰਿਹਾਈ ਦੇ ਨਾਲ-ਨਾਲ 52 ਰਾਜਿਆਂ ਦੀ ਰਿਹਾਈ ਕਰਵਾ ਕੇ ਸਮੁੱਚੀ ਮਨੁੱਖਤਾ ਨੂੰ ਨਿਰਸਵਾਰਥ ਸੇਵਾ, ਹੱਕ-ਸੱਚ ਦੀ ਪਹਿਰੇਦਾਰੀ ਅਤੇ ਦੂਜਿਆਂ ਦੀ ਆਜ਼ਾਦੀ ਲਈ ਸੰਘਰਸ਼ ਕਰਨ ਦਾ ਮਹਾਨ ਸੰਦੇਸ਼ ਦਿੱਤਾ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਅਸਲ ਮਹਾਨਤਾ ਆਪਣੇ ਸੁੱਖਾਂ ਤੱਕ ਸੀਮਤ ਰਹਿਣ ਵਿੱਚ ਨਹੀਂ, ਸਗੋਂ ਦੂਜਿਆਂ ਦੇ ਦੁੱਖ ਦੂਰ ਕਰਨ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਕਰਨ ਵਿੱਚ ਹੈ।ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਸਮਾਜ ਵਿੱਚੋਂ ਅਗਿਆਨਤਾ, ਨਫ਼ਰਤ, ਅਨਿਆਂ ਅਤੇ ਸਮਾਜਿਕ ਬੁਰਾਈਆਂ ਦੇ ਹਨੇਰੇ ਨੂੰ ਦੂਰ ਕਰਨ ਲਈ ਯਤਨਸ਼ੀਲ ਹੋਣਾ ਚਾਹੀਦਾ।

ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਨੇ ਮਨਾਇਆ ਵਿਸ਼ਵਕਰਮਾ ਦਿਵਸ


ਮੋਗਾ (ਇਕਬਾਲ ਸਿੰਘ ਖਹਿਰਾ)- ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਵਲੋਂ ਸ੍ਰਿਸ਼ਟੀ ਤੇ ਕਲਾ ਦੇ ਨਿਰਮਾਤਾ ਸ੍ਰੀ ਵਿਸ਼ਵਕਰਮਾ ਦਾ ਜਨਮ ਦਿਨ ਵੱਖ ਵੱਖ ਜੱਥੇਬੰਦੀਆਂ ਦੇ ਸਹਿਯੋਗ ਨਾਲ ਹਰਮੇਲ ਸਿੰਘ ਡਰੋਲੀ ਪ੍ਰਧਾਨਗੀ ਹੇਠ ਹੋਈ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਵਲੋ ਮਨਾਇਆ ਗਿਆ।ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਹਿਜ ਪਾਠ ਦੇ ਭੋਗ ਉਪਰੰਤ ਬੀਬੀਆਂ ਦਾ ਜੱਥਾ ਵਿਸ਼ਵਕਰਮਾ ਭਵਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਭਾਈ ਪਰਮਜੀਤ ਸਿੰਘ ਹਜ਼ੂਰੀ ਰਾਗੀ ਦੇ ਜੱਥੇ ਵਲੋ ਕੀਰਤਨ ਕੀਤਾ ਗਿਆ।ਹਾਕਮ ਸਿੰਘ ਚੀਮਾ ਵੈਰੋਨੀਵਾਲ ਦੇ ਢਾਡੀ ਜੱਥੇ ਵਲੋ ਵਿਸ਼ਵਕਰਮਾ ਦੇ ਜੀਵਨ ਅਤੇ ਰਾਮਗੜ੍ਹੀਆ ਇਤਿਹਾਸ ਰਚਨਾਵਾਂ ਪੇਸ਼ ਕੀਤੀਆਂ ਗਈਆਂ।ਇਸ ਸਮਾਗਮ ਵਿਚ ਡਾ. ਅਮਨਦੀਪ ਕੌਰ ਅਰੋੜਾ ਐਮ ਐਲ ਏ ਮੋਗਾ ਮੁੱਖ ਮਹਿਮਾਨ ਵਜੋਂ ਸਾਮਲ ਹੋਏ।ਉਨ੍ਹਾਂ ਸੰਬੋਧਨ ਕਰਦਿਆਂ ਵਿਸ਼ਵਕਰਮਾ ਦਿਵਸ ਦੀ ਵਧਾਈ ਦਿੱਤੀ ਤੇ ਕਿਹਾ ਮੋਗਾ ਟਰਾਂਸਪੋਰਟ ਨਗਰ ਅਤੇ ਜੱਸਾ ਸਿੰਘ ਰਾਮਗੜ੍ਹੀਆ ਚੌਕ ਦਾ ਮਸਲਾ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਵਿਨੈਪਾਲ ਕੌਰ ਦੌਧਰੀਆ ਮੇਅਰ ਨਗਰ ਨਿਗਮ ਮੋਗਾ, ਡਾ. ਹਰਜੋਤ ਕਮਲ ਸਾਬਕਾ ਵਿਧਾਇਕ, ਸੰਜੀਤ ਸਿੰਘ ਸੰਨੀ ਗਿੱਲ ਹਲਕਾ ਇੰਨਚਾਰਜ ਸ਼੍ਰੋਮਣੀ ਅਕਾਲੀ ਦਲ, ਮਾਲਵਿਕਾ ਸੂਦ ਸੱਚਰ ਕਾਂਗਰਸ ਹਲਕਾ ਮੋਗਾ ਦੀ ਇੰਚਾਰਜ, ਵਿਜੇ ਸਾਥੀ ਸਾਬਕਾ ਵਿਧਾਇਕ, ਐਡਵੋਕੇਟ ਪਰਮਪਾਲ ਸਿੰਘ ਤਖਤੂਪੁਰਾ, ਲਾਭ ਸਿੰਘ ਆਹਲੂਵਾਲੀਆ, ਵਿਨੋਦ ਬਾਂਸਲ ਸਾਬਕਾ ਚੇਅਰਮੈਨ ਨਗਰ ਸੁਧਾਰ ਟਰੱਸਟ ਤੇ ਪਰਮਜੀਤ ਸਿੰਘ ਖਾਲਸਾ ਨੇ ਵਧਾਈ ਦੇਣ ਉਪਰੰਤ ਵਿਸ਼ਵਕਰਮਾ ਦੇ ਇਤਿਹਾਸ ਤੇ ਚਾਨਣਾ ਪਾਉਂਦਿਆ ਕਿਹਾ ਕਿ ਅੱਜ ਹਰ ਖੇਤਰ ਵਿਚ ਜੋ ਤਰੱਕੀ ਵੇਖ ਰਹੇ ਹਾਂ ਇਹ ਸਭ ਵਿਸ਼ਵਕਰਮਾ ਦਾ ਅਸ਼ੀਰਵਾਦ ਹੈ।ਇਸ ਮੌਕੇ ਬਰਜਿੰਦਰ ਸਿੰਘ ਮੱਖਣ ਬਰਾੜ, ਰਾਜਿੰਦਰ ਸਿੰਘ ਡੱਲਾ, ਨਿਧੜਕ ਸਿੰਘ ਬਰਾੜ ਸਾਬਕਾ ਸੂਚਨਾ ਕਮਿਸ਼ਨਰ, ਨਵਦੀਪ ਸਿੰਘ ਸੰਘਾ, ਬਲਜੀਤ ਸਿੰਘ ਚਾਨੀ ਸਾਬਕਾ ਮੇਅਰ ਤੇ ਮੁਖਤਿਆਰ ਸਿੰਘ ਐਸ ਪੀ ਵੀ ਸ਼ਾਮਲ ਸਨ। ਕੁਲਵੰਤ ਸਿੰਘ ਰਾਮਗੜ੍ਹੀਆ ਮੈਂਬਰ



ਰਾਮਗੜ੍ਹੀਆ ਬੋਰਡ ਪੰਜਾਬ ਨੇ ਸੰਗਤਾਂ ਦਾ ਧੰਨਵਾਦ ਕੀਤਾ।ਮੰਚ ਦਾ ਸੰਚਾਲਨ ਕਰਦਿਆਂ ਚਰਨਜੀਤ ਸਿੰਘ ਝੰਡੇਆਣਾ ਨੇ ਵਿਸ਼ਵਕਰਮਾ ਬੰਸੀਆਂ ਦੇ ਸੰਖੇਪ ਇਤਿਹਾਸ ਅਤੇ ਤਰੱਕੀ ਦਾ ਜਿਕਰ ਕੀਤਾ।ਇਸ ਮੌਕੇ ਸੁਖਵਿੰਦਰ ਸਿੰਘ ਅਜ਼ਾਦ ਚੇਅਰਮੈਨ ਰਾਮਗੜ੍ਹੀਆ ਸੰਗਠਨ ਦੇ ਸੰਗਤਾਂ ਦਾ ਸਵਾਗਤ ਕਰਦਿਆਂ ਕਿਰਤੀਆਂ ਨੂੰ ਦਰਪੇਸ਼ ਮੁਸ਼ਕਿਲਾਂ ਦਾ ਜ਼ਿਕਰ ਕੀਤਾ। ਰਾਮਗੜ੍ਹੀਆ ਵੈਲਫੇਅਰ ਕਮੇਟੀ ਵਲੋ ਸਾਰੇ ਪ੍ਰਮੁੱਖ ਵਿਅਕਤੀਆਂ ਦਾ ਸਨਮਾਨ ਕੀਤਾ।ਹਰਮੇਲ ਸਿੰਘ ਡਰੋਲੀ ਪ੍ਰਧਾਨ, ਸੋਹਣ ਸਿੰਘ ਸੱਗੂ ਸਰਪ੍ਰਸਤ, ਰਾਜਾ ਸਿੰਘ ਭਾਰਤਵਾਲੇ, ਮਾਸਟਰ ਇੰਦਰਜੀਤ ਸਿੰਘ ਅਤੇ ਚੰਮਕੌਰ ਸਿੰਘ ਝੰਡੇਆਣਾ ਸਾਬਕਾ ਪ੍ਰਧਾਨ ਤੇ ਹੋਰ ਮੈਂਬਰਾਂ ਨੇ ਸਮਾਗਮ ਲਈ ਸਰਗਰਮੀ ਨਾਲ ਕੰਮ ਕੀਤੇ। ਇਸ ਸਮਾਗਮ ਵਿਚ ਮਨਜੀਤ ਸਿੰਘ ਧੰਮੂ, ਵਿਕਰਮਜੀਤ ਸਿੰਘ ਘਾਤੀ, ਪ੍ਰੇਮ ਚੰਦ ਚੱਕੀਵਾਲੇ, ਜਗਦੀਸ਼ ਛਾਬੜਾ ਤੇ ਗਵਰਧਨ ਪੋਪਲੀ ਸਾਰੇ ਨਗਰ ਕੌਂਸਲਰ,ਜੋਗਿੰਦਰ ਸਿੰਘ ਲੋਹਾਮ, ਸੁਰਿੰਦਰ ਸਿੰਘ ਭੁਲਰ, ਕੁਲਦੀਪ ਸਿੰਘ ਕਲਸੀ, ਗੁਰਨਾਮ ਸਿੰਘ ਲਵਲੀ, ਮਹਿੰਦਰ ਸਿੰਘ ਕਲਸੀ, ਮਨਜੀਤ ਸਿੰਘ ਮਿੰਦੀ, ਸੁਰਿੰਦਰ ਗੋਗੀ ਦੌਧਰੀਅ, ਮੱਖਣ ਸਿੰਘ, ਪ੍ਰਿੰਸੀਪਲ ਦਰਸ਼ਨ ਸਿੰਘ, ਪ੍ਰਿੰਸੀਪਲ ਰਣਜੀਤ ਸਿੰਘ ਤੇ ਹੋਰ ਪਤਵੰਤੇ ਸੰਗਤ ਵਿਚ ਸ਼ਾਮਲ ਸਨ। ਸਮਾਗਮ ਨੂੰ ਸਫਲ ਬਣਾਉਣ ਲਈ ਸਾਰੀਆਂ ਸਹਿਯੋਗੀ ਸੰਸਥਾਵਾਂ ਦੇ ਅਹੁੱਦੇਦਾਰਾਂ ਦਾ ਸੰਗਰਾਂਦ ਦੇ ਦਿਹਾੜੇ ਸਨਮਾਨ ਕੀਤਾ ਜਾਵੇਗਾ। ਅਖੀਰ ਵਿਚ ਸੰਗਤਾਂ ਨੂੰ ਲੰਗਰ ਵਰਤਾਇਆ ਗਿਆ।

ਪੰਜਾਬ ਤੇ ਪੰਥ ਦੇ ਹਿੱਤਾਂ ਲਈ ਸਾਂਝੀ ਲੜਾਈ ਸਮੇਂ ਦੀ ਮੁੱਖ ਲੋੜ : ਚੰਦੂਮਾਜਰਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ ਤੇ ਪੰਜਾਬ ਦੀ ਨੁਮਾਇੰਦਾ ਜਮਾਤ ਹੈ ਅਤੇ ਉਨ੍ਹਾਂ ਨੂੰ ਮਾਣ ਹੈ ਕਿ ਆਪਣੇ ਜਨਤਕ



ਤੇ ਰਾਜਨੀਤਕ ਜੀਵਨ ਦੌਰਾਨ ਉਨ੍ਹਾਂ ਹਮੇਸ਼ਾ ਪੰਥ ਤੇ ਪੰਜਾਬ ਦੇ ਹੱਕਾਂ ਲਈ ਲੜੇ ਹਰ ਸੰਘਰਸ਼ ਵਿੱਚ ਅੱਗੇ ਹੋ ਕੇ ਭੂਮਿਕਾ ਨਿਭਾਈ ਹੈ, ਪਰ ਮੌਜੂਦਾ ਹਾਲਾਤਾਂ ਵਿੱਚ ਪੰਜਾਬ ਦੇ ਹੱਕਾਂ ਤੇ ਹਿੱਤਾਂ ਲਈ ਕੋਈ ਸਾਰਥਕ ਭੂਮਿਕਾ ਨਾ ਨਿਭਾ ਸਕਣ ਦੀ ਉਨ੍ਹਾਂ ਦੇ ਮਨ ਵਿੱਚ ਵੱਡੀ ਪੀੜ ਹੈ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਸਰਕਾਰ ਦੇ ਲੋਕ ਵਿਰੋਧੀ ਤੇ ਪੰਜਾਬ ਵਿਰੋਧੀ ਫ਼ੈਸਲਿਆਂ ਦੇ ਬਾਵਜੂਦ ਸਿਆਸੀ ਸਰਗਰਮੀਆਂ ਦੀ ਘਾਟ ਕਾਰਨ ਸਾਡੀ ਭੂਮਿਕਾ ਸਿਰਫ਼ ਅਖ਼ਬਾਰਾਂ ਦੇ ਬਿਆਨਾਂ ਤੱਕ ਸੀਮਤ ਹੋ ਕੇ ਰਹਿ ਗਈ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਵੱਖ-ਵੱਖ ਧੜਿਆਂ ਵਿੱਚ ਵੰਡੇ ਹੋਣ ਦਾ ਪੰਥ ਵਿਰੋਧੀ ਤਾਕਤਾਂ ਫਾਇਦਾ ਉਠਾ ਰਹੀਆਂ ਹਨ, ਇਸ ਲਈ ਸਮੂਹ ਅਕਾਲੀ ਤੇ ਪੰਥਕ ਧਿਰਾਂ ਦਾ ਇੱਕ ਮੰਚ 'ਤੇ ਇਕੱਠੇ ਹੋਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪੰਜਾਬ ਪੱਖੀ ਤਾਕਤਾਂ ਦੀ ਏਕਤਾ ਤੇ ਸਾਂਝੀ ਆਵਾਜ਼ ਹੀ ਸੂਬੇ ਦੇ ਹਿੱਤਾਂ ਦੀ ਰਾਖੀ ਕਰ ਸਕਦੀ ਹੈ।ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਮੇਰੇ ਵੱਲੋਂ ਪਿਛਲੇ ਦਿਨੀਂ ਪੰਥਕ ਏਕਤਾ ਲਈ ਇੱਕ ਮੰਚ 'ਤੇ ਇਕੱਠੇ ਹੋਣ ਦੀ ਕੀਤੀ ਅਪੀਲ 'ਤੇ ਗਿਆਨੀ ਹਰਪ੍ਰੀਤ ਸਿੰਘ ਜੀ ਵੱਲੋਂ ਜਨਤਕ ਤੌਰ 'ਤੇ ਦਿੱਤੇ ਪ੍ਰਤੀਕਰਮ ਤੋਂ ਮਹਿਸੂਸ ਹੋਇਆ ਹੈ ਕਿ ਉਨ੍ਹਾਂ ਨਾਲ ਸਾਡੀ ਸੋਚ, ਵਿਚਾਰ ਤੇ ਕਾਰਜਸ਼ੈਲੀ ਆਪਸੀ ਤੌਰ 'ਤੇ ਮੇਲ ਨਹੀਂ ਖਾਂਦੀ।

ਇਸ ਲਈ ਮੇਰੇ ਵੱਲੋਂ ਆਪਣੇ ਤੇ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਮਨਾਂ ਤੋਂ ਬੇਲੋੜਾ ਭਾਰ ਉਤਾਰਦਿਆਂ ਪੁਨਰ ਸੁਰਜੀਤ ਅਕਾਲੀ ਦਲ ਜਥੇਬੰਦੀ ਤੋਂ ਵੱਖ ਹੋਣ ਦਾ ਫ਼ੈਸਲਾ ਕੀਤਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਪੰਥ, ਪੰਜਾਬ, ਪੰਜਾਬੀਅਤ ਤੇ ਪੰਜਾਬ ਦੇ ਹੱਕਾਂ ਦੀ ਰਾਖੀ ਲਈ ਉਨ੍ਹਾਂ ਦੀ ਵਚਨਬੱਧਤਾ ਪਹਿਲਾਂ ਵਾਂਗ ਹੀ ਕਾਇਮ ਰਹੇਗੀ।

ਰਣਸੀਕੇ ਮੀਰਾ ਦੇ ਮੌਜੂਦਾ ਤੇ ਸਾਬਕਾ ਕਾਂਗਰਸੀ ਸਰਪੰਚ ਸਾਥੀਆਂ ਸਮੇਤ ਭਗਵਾਨਪੁਰੀਆ ਟੀਮ 'ਚ ਸ਼ਾਮਿਲ

ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)- ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਅੰਦਰ ਜੱਗੂ ਭਗਵਾਨਪੁਰੀਆ ਦੀ ਪਤਨੀ ਡਾਕਟਰ ਅਮਨਦੀਪ ਕੌਰ ਤੇ ਭਗਵਾਨਪੁਰੀਆ ਟੀਮ ਨੂੰ ਉਸ ਵੇਲੇ ਵੱਡਾ ਬਲ ਮਿਲਿਆ ਜਦ ਡੇਰਾ ਬਾਬਾ ਨਾਨਕ ਦੇ ਨਜਦੀਕੀ ਪਿੰਡ ਰਣਸੀਕੇ ਮੀਰਾ ਦੇ ਮੌਜੂਦਾ ਸਰਪੰਚ ਸੈਮਲ ਮਸੀਹ ਤੇ ਸਾਬਕਾ ਸਰਪੰਚ ਨਰਿੰਦਰ ਸਿੰਘ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਭਗਵਾਨਪੁਰੀਆ ਟੀਮ ਵਿੱਚ ਸ਼ਾਮਿਲ ਹੋਣ ਦਾ ਐਲਾਨ ਕਰ ਦਿੱਤਾ। ਭਗਵਾਨਪੁਰੀਆ ਟੀਮ ਵਿਚ ਸ਼ਾਮਿਲ ਹੋਣ ਵਾਲੇ ਆਮ ਆਦਮੀ ਪਾਰਟੀ ਦੇ ਮੌਜੂਦਾ ਸਰਪੰਚ ਬੀਬੀ ਹਰਜਿੰਦਰ ਕੌਰ, ਬਲਾਕ ਪ੍ਰਧਾਨ ਕੈਪਟਨ ਰਣਜੀਤ ਸਿੰਘ,ਮੈਂਬਰ ਪੰਚਾਇਤ ਪਰਮਜੀਤ ਕੌਰ, ਰਣਧੀਰ ਸਿੰਘ ਫੌਜੀ, ਪਰਜੀਤ ਸਿੰਘ,ਕੁਲਦੀਪ ਚੰਦ,ਕਾਂਗਰਸ ਦੇ ਸਾਬਕਾ ਸਰਪੰਚ ਅਮਰਜੀਤ ਸਿੰਘ, ਸਾਬਕਾ ਪੰਚਾਇਤ ਮੈਂਬਰ ਰਾਜ ਕੁਮਾਰ, ਸਾਬਕਾ ਮੈਂਬਰ ਮਨਦੀਪ ਕੌਰ, ਸਰਬਜੀਤ ਸਿੰਘ,ਹਰਭਜਨ ਸਿੰਘ,ਹਰਜੀਤ ਸਿੰਘ, ਬਲਦੇਵ ਸਿੰਘ ਫੌਜੀ, ਅਮਰਜੀਤ ਸਿੰਘ ਡਰਾਈਵਰ, ਕਰਨਬੀਰ ਸਿੰਘ ਨੂੰ ਡਾਕਟਰ ਅਮਨਦੀਪ ਕੌਰ ਭਗਵਾਨਪੁਰ ਤੇ ਚੇਅਰਪਰਸਨ ਬੀਬੀ ਰਾਜਵਿੰਦਰ ਕੌਰ ਭਗਵਾਨਪੁਰ ਵੱਲੋਂ ਜੀ ਆਇਆ ਕਹਿੰਦਿਆਂ ਹੋਇਆਂ ਸਿਰਪਾਓ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਹੋਇਆਂ ਡਾਕਟਰ ਅਮਨਦੀਪ ਕੌਰ ਭਗਵਾਨਪੁਰ ਨੇ ਕਿਹਾ ਕਿ ਅਸੀਂ ਹਲਕਾ ਡੇਰਾ ਬਾਬਾ ਨਾਨਕ ਦੀਆਂ ਸਮੂਹ ਸੰਗਤਾਂ ਦਾ ਦਿਲ ਦੀਆਂ



ਗਹਿਰਾਈਆਂ ਤੋਂ ਧੰਨਵਾਦ ਕਰਦੇ ਹਾਂ ਜਿਨਾਂ ਵੱਲੋਂ ਸਾਨੂੰ ਆਸ ਨਾਲੋਂ ਵੀ ਵੱਧ ਸਹਿਯੋਗ ਦਿੱਤਾ ਜਾ ਰਿਹਾ ਹੈ।ਉਨਾਂ ਕਿਹਾ ਕਿ ਇਨਾਂ ਲੋਕਾਂ ਵੱਲੋਂ ਦਿੱਤੇ ਜਾ ਰਹੇ ਵੱਡੇ ਸਹਿਯੋਗ ਸਦਕਾ ਹੀ ਅਸੀਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਡੇਰਾ ਬਾਬਾ ਨਾਨਕ ਤੋਂ ਵੱਡੀ ਨਾਲ ਜਿੱਤ ਹਾਸਲ ਕਰਾਂਗੇ।

ਉਨਾਂ ਕਿਹਾ ਕਿ ਅਸੀਂ ਹਲਕੇ ਦੇ ਲੋਕਾਂ ਨੂੰ ਵਿਸ਼ਵਾਸ ਦਵਾਉਂਦੇ ਹਾਂ ਕਿ ਸਾਡੇ ਪਰਿਵਾਰ ਵੱਲੋਂ ਕਦੀ ਵੀ ਹਲਕੇ ਦੇ ਵਰਕਰਾਂ ਲਈ ਮੱਥੇ ਵੱਟ ਨਹੀਂ ਪਾਇਆ ਜਾਵੇਗਾ ਤੇ ਹਰ ਵਰਕਰ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਅਮਨਦੀਪ ਕੌਰ ਭਗਵਾਨਪੁਰ ਨੇ ਕਿਹਾ ਕਿ ਸਾਡੀ ਟੀਮ ਵੱਲੋਂ ਸਿਆਸਤ ਦੇ ਨਾਲ ਨਾਲ ਸਮਾਜ ਸੇਵਾ ਦੇ ਕੰਮ ਵੀ ਨਿਰਵਿਘਨ ਜਾਰੀ ਰਹਿਣਗੇ।

ਇਸ ਮੌਕੇ ਕੈਪਟਨ ਰਣਜੀਤ ਸਿੰਘ ਅਤੇ ਸਾਬਕਾ ਸਰਪੰਚ ਅਮਰਜੀਤ ਸਿੰਘ ਨੇ ਕਿਹਾ ਕਿ ਅਸੀ ਭਗਵਾਨਪੁਰ ਪਰਿਵਾਰ ਦੀ ਟੀਮ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਤੋਂ ਖੁਸ਼ ਹੋ ਕੇ ਭਗਵਾਨ ਪੁਰ ਪਰਿਵਾਰ ਨਾਲ ਚੱਲਣ ਦਾ ਫੈਸਲਾ ਕੀਤਾ ਹੈ ।ਇਸ ਮੌਕੇ ਭਗਵਾਨ ਪੁਰ ਟੀਮ ਨੇ ਪਿੰਡ ਦੀਆਂ 2 ਨਵੇਂ ਵਿਆਹ ਵਾਲੀਆ ਲੜਕੀਆਂ ਨੂੰ 21000,21000 ਹਜ਼ਾਰ ਰੁਪਏ ਸ਼ਗਨ ਵੀ ਦਿੱਤੇ ।ਇਸ ਮੌਕੇ ਦਲਬੀਰ ਸਿੰਘ ਭਿੱਲਾ ਸਰਪੰਚ ਕੋਟਲੀ ਸੂਰਤ ਮੱਲੀ, ਜੁਗਦੀਪ ਸਿੰਘ ਜੱਗੀ ਸਮਰਾਂ, ਬਲਬੀਰ ਸਿੰਘ ਘੁੰਮਣ, ਰਮਨਦੀਪ ਕੌਰ ਸਰਪੰਚ ਮੀਰ ਕਚਾਨਾ,ਜਗਦੀਪ ਸਿੰਘ ਸਰਪੰਚ ਲੁਕਮਾਨੀਆਂ, ਯੁੱਧਵੀਰ ਸਿੰਘ ਮਸਤਕੋਟ, ਗੁਰਮੁੱਖ ਸਿੰਘ ਸਰਪੰਚ ਢੇਸੀਆਂ,ਅਤਿੰਦਰ ਪਾਲ ਸਿੰਘ ਲੋਪਾ,ਪਿੰਦਰਜੀਤ ਸਿੰਘ ਪਕੀਵਾਂ,ਮਲਕੀਤ ਸਿੰਘ ਪਕੀਵਾਂ, ਪ੍ਰਿੰਸ ਮਸੀਹ, ਬਿਕਰਮ ਮਸੀਹ ਲੋਪਾ ਜੋਗਿੰਦਰ ਪਾਲ ਮੀਆਂ ਕੋਟ,ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਾਂਗੇ : ਪੰਜੇਟਾ

ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ) ਲੋਕ ਜਨ ਪਾਰਟੀ (ਪਾਸਵਾਨ) ਦੇ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਪ੍ਰਸਿੱਧ ਸਮਾਜ ਸੇਵੀ ਤੇ ਕਾਰੋਬਾਰੀ ਸੁਖਦੇਵ ਸਿੰਘ ਪੰਜੇਟਾ ਨੇ ਪਾਰਟੀ ਦੇ ਕੇਂਦਰੀ ਸੁਪਰੀਮੋ ਕੇਂਦਰੀ ਮੰਤਰੀ ਚਿਰਾਗ਼ ਪਾਸਵਾਨ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਅਸ਼ੀਰਵਾਦ ਲਿਆ। ਇਸ ਮੌਕੇ ਚਿਰਾਗ ਪਾਸਵਾਨ ਨਾਲ ਪਾਰਟੀ ਨੂੰ ਪੰਜਾਬ 'ਚ ਮਜ਼ਬੂਤ ਕਰਨ ਨਾਲ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ। ਪੰਜੇਟਾ ਨੇ ਦੱਸਿਆ ਕਿ ਲੋਕ ਜਨ ਪਾਰਟੀ (ਪਾਸਵਾਨ) ਦੇ ਰਾਸ਼ਟਰੀ ਪ੍ਰਧਾਨ ਚਿਰਾਗ਼ ਪਾਸਵਾਨ ਦੀ ਅਗਵਾਈ ਹੇਠ ਜਲਦ ਪੰਜਾਬ ਪੱਧਰ ਤੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਰਣਨੀਤੀ ਤਹਿ ਕੀਤੀ ਜਾਵੇਗੀ। ਪੰਜੇਟਾ ਨੇ ਕਿਹਾ ਚਿਰਾਗ਼ ਪਾਸਵਾਨ ਵੱਲੋਂ ਉਨ੍ਹਾਂ ਨੂੰ ਪੰਜਾਬ ਵਪਾਰ ਵਿੰਗ ਦੀ ਜੋ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ 'ਤੇ ਉਹ ਖ਼ਰਾ ਉਤਾਰਨ ਦੀ ਪੂਰੀ ਕੋਸ਼ਿਸ਼ ਕਰਦੇ ਹੋਏ ਸੰਗਠਨ ਨੂੰ ਪੰਜਾਬ ਅੰਦਰ ਮਜ਼ਬੂਤ ਕਰਨ ਲਈ ਕੋਈ ਕਸਰ ਨਹੀਂ ਛੱਡਣਗੇ। ਆਪਣੀ ਨਿਯੁਕਤੀ ਲਈ ਸੁਖਦੇਵ ਸਿੰਘ ਪੰਜੇਟਾ ਨੇ ਪਾਰਟੀ ਦੇ ਕੇਂਦਰੀ ਪ੍ਰਧਾਨ ਚਿਰਾਗ਼ ਪਾਸਵਾਨ ਤੇ ਦੂਸਰੇ ਹੋਰ ਸੀਨੀਅਰ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਵਿਸ਼ਵਾਸ ਦਿਵਾਇਆ ਕਿ ਉਹ ਇਮਾਨਦਾਰੀ ਤੇ ਤਨਦੇਹੀ ਨਾਲ ਪਾਰਟੀ ਪ੍ਰਤੀ ਆਪਣੀਆਂ ਸੇਵਾਵਾਂ ਨਿਭਾਉਣਗੇ। ਸੁਖਦੇਵ ਸਿੰਘ ਪੰਜੇਟਾ ਨੂੰ ਵਪਾਰ ਵਿੰਗ ਵਿੱਚ ਵੱਡੀ ਜ਼ਿੰਮੇਵਾਰੀ ਮਿਲਣ 'ਤੇ ਸਮਰਥਕਾਂ ਤੇ ਵਪਾਰਕ ਵਰਗ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਉਨ੍ਹਾਂ ਨੂੰ ਮਿਲੀ ਇਸ ਨਵੀਂ ਜ਼ਿੰਮੇਵਾਰੀ ਨੂੰ ਪੰਜਾਬ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਦੇ ਨਜ਼ਰੀਏ ਨਾਲ ਅਹਿਮ ਮੰਨਿਆ ਜਾ ਰਿਹਾ ਹੈ। ਇਸ ਮੌਕੇ ਪਾਰਟੀ ਪ੍ਰਧਾਨ ਚਿਰਾਗ ਪਾਸਵਾਨ ਨੇ ਕਿਹਾ ਕਿ ਪੰਜਾਬ ਵਿੱਚ ਵਪਾਰੀਆਂ ਦੀ ਸਮਸਿਆਵਾਂ ਨੂੰ ਉੱਚ ਪੱਧਰ ਤੱਕ ਪਹੁੰਚਾਉਣ ਲਈ ਸੁਖਦੇਵ ਪੰਜੇਟਾਂ ਵਰਗੇ ਸੂਝਵਾਨ ਤੇ ਸਮਾਜ ਸੇਵੀ ਵਿਅਕਤੀ ਦੀ ਜ਼ਰੂਰਤ ਹੁੰਦੀ ਹੈ।ਵਪਾਰ ਦੇ ਖੇਤਰ ਵਿੱਚ ਸੁਖਦੇਵ ਪੰਜੇਟਾ ਦੀ ਕਈ ਦਹਾਕਿਆਂ ਦੀ ਮਿਹਨਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ।



ਪੱਤਰਕਾਰ ਅਮਰੀਸ਼ ਆਨੰਦ ਨੂੰ ਗਹਿਰਾ ਸਦਮਾ, ਤਾਈ ਦਾ ਦੇਹਾਂਤ

ਦੋਰਾਹਾ (ਹਰਮਿੰਦਰ ਸੇਠ)- ਪੱਤਰਕਾਰ ਅਮਰੀਸ਼ ਆਨੰਦ ਦੇ ਪਰਵਾਰ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ, ਜਦੋਂ ਉਨ੍ਹਾਂ ਦੇ ਤਾਈ ਜੀ ਪੁਸ਼ਪਾ ਦੇਵੀ ਆਨੰਦ ਦਾ ਦੇਹਾਂਤ ਹੋ ਗਿਆ। ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਪੁੱਤਰ ਰਾਜੇਸ਼ ਆਨੰਦ (ਸੋਨੂੰ) ਸਮੇਤ ਸਮੁੱਚੇ ਪਰਵਾਰ ਨੂੰ ਗਹਿਰਾ ਸਦਮਾ ਪਹੁੰਚਿਆ ਹੈ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਨਾਲ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਜਾਣਕਾਰਾਂ ਵਿੱਚ ਸੋਗ ਦੀ ਲਹਿਰ ਦੌੜ ਗਈ।ਸ਼੍ਰੀਮਤੀ ਪੁਸ਼ਪਾ ਦੇਵੀ ਆਨੰਦ ਦਾ ਅੰਤਿਮ ਸੰਸਕਾਰ 7 ਨਵੰਬਰ ਨੂੰ ਸ਼ਾਮ 5 ਵਜੇ ਲੁਧਿਆਣਾ ਵਿਖੇ ਕੇ.ਵੀ.ਐੱਮ. ਸਕੂਲ ਦੇ ਨਜ਼ਦੀਕ ਸਥਿਤ ਸ਼ਮਸ਼ਾਨਘਾਟ ਵਿਖੇ ਪੂਰੀਆਂ ਧਾਰਮਿਕ ਰਸਮਾਂ ਅਨੁਸਾਰ ਕੀਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਰਾਜੇਸ਼ ਆਨੰਦ (ਸੋਨੂੰ) ਵੱਲੋਂ ਦਿਖਾਈ ਗਈ। ਇਸ ਮੌਕੇ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਵੱਖ-ਵੱਖ ਸਮਾਜਿਕ ਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਨਮ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ। ਸ਼੍ਰੀਮਤੀ ਪੁਸ਼ਪਾ ਦੇਵੀ ਆਨੰਦ ਦਾ ਜਨਮ 31 ਦਸੰਬਰ 1949 ਨੂੰ ਮੰਡੀ ਅਹਿਮਦਗੜ੍ਹ ਵਿਖੇ ਹੋਇਆ ਸੀ। ਸਾਲ 1972 ਵਿੱਚ ਉਨ੍ਹਾਂ ਦਾ ਵਿਆਹ ਦੋਰਾਹਾ ਦੇ ਪ੍ਰਸਿੱਧ ਆਨੰਦ ਪਰਵਾਰ ਨਾਲ ਸੰਬੰਧਤ ਸਵਰਗੀ ਲਾਲਾ ਬਨਾਰਸੀ ਦਾਸ ਆਨੰਦ ਦੇ ਸਭ ਤੋਂ ਵੱਡੇ ਸਪੁੱਤਰ ਐੱਲ. ਐੱਮ. ਆਨੰਦ ਨਾਲ ਹੋਇਆ ਸੀ। ਉਨ੍ਹਾਂ ਦੇ ਪਤੀ ਐੱਲ. ਐੱਮ. ਆਨੰਦ ਬੀ.ਐੱਸ.ਐੱਨ.ਐੱਲ. ਵਿੱਚ ਚੀਫ਼ ਸੈਕਸ਼ਨ ਸੁਪਰਵਾਈਜ਼ਰ ਵਜੋਂ ਆਪਣੀਆਂ ਸੇਵਾਵਾਂ ਨਿਭਾਉਣ ਉਪਰੰਤ ਸੇਵਾਮੁਕਤ ਹੋਏ ਸਨ। ਪੁਸ਼ਪਾ ਦੇਵੀ ਆਨੰਦ ਨੇ ਸਿੱਖਿਆ ਵਿਭਾਗ ਵਿੱਚ ਜੇ.ਬੀ.ਟੀ. ਅਧਿਆਪਕਾ ਵਜੋਂ ਆਪਣਾ ਲੰਮਾ ਸੇਵਾ ਕਾਲ ਬਹੁਤ ਹੀ ਇਮਾਨਦਾਰੀ, ਮਿਹਨਤ ਅਤੇ ਸਮਰਪਣ ਭਾਵਨਾ ਨਾਲ ਨਿਭਾਇਆ। ਆਪਣੇ ਅਧਿਆਪਨ ਕਾਰਜ ਦੌਰਾਨ ਉਨ੍ਹਾਂ ਨੇ ਫਿਲੌਰ, ਥੜ੍ਹਾ ਅਤੇ ਦੋਰਾਹਾ ਸਮੇਤ ਵੱਖ-ਵੱਖ ਸਥਾਨਾਂ ਦੇ ਸਰਕਾਰੀ ਸਕੂਲਾਂ ਵਿੱਚ ਸੇਵਾਵਾਂ ਨਿਭਾਈਆਂ।ਉਹ ਮਾਰਚ 2009 ਵਿੱਚ ਸਰਕਾਰੀ ਸਕੂਲ ਦੋਰਾਹਾ ਤੋਂ ਸੇਵਾਮੁਕਤ ਹੋਏ ਸਨ।ਉਨ੍ਹਾਂ ਨੇ ਆਪਣੇ ਪਿੱਛੇ ਦੋ ਬੇਟੀਆਂ, ਇੱਕ ਬੇਟਾ, ਦੋ ਪੋਤਰੇ ਅਤੇ ਦੋ ਦੋਹਤਰੀਆਂ ਸਮੇਤ ਭਰਿਆ-ਪੂਰਾ ਪਰਵਾਰ ਛੱਡਿਆ ਹੈ। ਉਨ੍ਹਾਂ ਦੇ ਦੇਹਾਂਤ ਨਾਲ ਆਨੰਦ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਦੁੱਖ ਦੀ ਘੜੀ ਵਿੱਚ ਆਨੰਦ ਪਰਵਾਰ ਨਾਲ ਦੁੱਖ ਸਾਂਝਾ ਕਰਨ ਅਤੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਨ ਵਾਲਿਆਂ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਪਰਵਾਰਕ ਮੈਂਬਰ ਅਤੇ ਦੋਰਾਹਾ ਹਿੰਦੂ ਧਰਮਸ਼ਾਲਾ ਦੇ ਪ੍ਰਧਾਨ ਡਾ. ਜੇ.ਐੱਲ. ਆਨੰਦ, ਪਰਵਾਰ ਦੀ ਨੂੰਹ ਅਤੇ ਲੁਧਿਆਣਾ ਦੀ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਲੁਧਿਆਣਾ ਤੋਂ



ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ, ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ, ਪਾਇਲ ਦੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ, ਆਮ ਆਦਮੀ ਪਾਰਟੀ ਦੇ ਐੱਸ.ਸੀ. ਵਿੰਗ ਲੁਧਿਆਣਾ ਦੇ ਪ੍ਰਧਾਨ ਡਾ. ਜਸਪ੍ਰੀਤ ਸਿੰਘ ਬੀਜਾ, ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਲਾਪਰਾਂ, ਭਾਜਪਾ ਦੇ ਸੀਨੀਅਰ ਆਗੂ ਬਿਕਰਮਜੀਤ ਸਿੰਘ ਚੀਮਾ ਅਤੇ ਭੁਪਿੰਦਰ ਸਿੰਘ ਚੀਮਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਭਾਜਪਾ ਦੋਰਾਹਾ ਮੰਡਲ ਦੇ ਪ੍ਰਧਾਨ ਵਿਨੈ ਸੂਦ, ਵਾਰਿਸ ਪੰਜਾਬ ਦੇ ਇੰਚਾਰਜ ਸੰਦੀਪ ਸਿੰਘ ਰੁਪਾਲੋਂ, ਮਾਰਕੀਟ ਕਮੇਟੀ ਦੋਰਾਹਾ ਦੇ ਚੇਅਰਮੈਨ ਐਡਵੋਕੇਟ ਗੁਰਦਰਸ਼ਨ ਸਿੰਘ ਧਾਲੀਵਾਲ, ਨਗਰ ਕੌਂਸਲ ਦੋਰਾਹਾ ਦੇ ਸਾਬਕਾ ਪ੍ਰਧਾਨ ਸੁਦਰਸ਼ਨ ਸ਼ਰਮਾ ਪੱਪੂ, ਮੌਜੂਦਾ ਪ੍ਰਧਾਨ ਅਨਮੋਲ ਸ਼ਰਮਾ, ਸਾਬਕਾ ਚੇਅਰਮੈਨ ਬੰਤ ਸਿੰਘ ਦੋਬੁਰਜੀ, ਕੌਂਸਲਰ ਰਿੱਕੀ ਬੈਕਟਰ, ਕੌਂਸਲਰ ਪਤੀ ਹਰਿੰਦਰ ਸਿੰਘ ਹਿੰਦਾ ਅਤੇ ਗੁਰਦੀਪ ਸਿੰਘ ਬਾਵਾ ਪੱਤਰਕਾਰ ਹਰਮਿੰਦਰ ਸੇਠ ਸਮੇਤ ਹੋਰ ਪਤਵੰਤੇ ਸ਼ਾਮਲ ਸਨ।ਇਸ ਮੌਕੇ ਪ੍ਰੈੱਸ ਕਲੱਬ ਸਬ-ਡਵੀਜ਼ਨ ਪਾਇਲ, ਦੋਰਾਹਾ ਵੱਲੋਂ ਵੀ ਸਮੁੱਚੇ ਆਨੰਦ ਪਰਿਵਾਰ ਨਾਲ ਡੂੰਘੇ ਦੁੱਖ ਅਤੇ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ।

ਸ਼ਾਂਤੀ ਵਿੱਦਿਆ ਮੰਦਰ 'ਚ ਦੀਵਾਲੀ ਤੇ ਬੰਦੀ ਛੋੜ ਦਿਵਸ ਮਨਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸ਼ਾਂਤੀ ਵਿਦਿਆ ਮੰਦਰ ਸਕੂਲ ਵਿੱਚ ਦਿਵਾਲੀ ਤੇ ਬੰਦੀ ਛੋੜ ਦਿਵਸ ਦਾ ਪਵਿੱਤਰ ਤਿਉਹਾਰ ਬਹੁਤ ਹੀ ਹਰਸ਼ੋਲਾਸ, ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ ਸਕੂਲ ਕੰਪਲੈਕਸ ਨੂੰ ਬਹੁਤ ਹੀ ਖੂਬਸੂਰਤੀ ਨਾਲ ਸਜਾਇਆ ਗਿਆ ਸੀ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਤੇ ਅਧਿਆਪਕਾਂ ਵੱਲੋਂ ਮਿਲ ਕੇ ਈਕੋ-ਫਰੈਂਡਲੀ (ਵਾਤਾਵਰਣ ਪੱਖੀ) ਦੀਵਾਲੀ ਮਨਾਉਣ ਦਾ ਸੁਨੇਹਾ ਦਿੱਤਾ ਗਿਆ, ਤਾਂ ਜੋ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕ ਕੀਤਾ ਜਾ ਸਕੇ ਤੇ ਪ੍ਰਦੂਸ਼ਣ ਮੁਕਤ ਤਿਉਹਾਰ ਮਨਾਉਣ ਲਈ ਪ੍ਰੇਰਿਤ ਕੀਤਾ ਜਾ ਸਕੇ। ਇਸ ਰੰਗਾਰੰਗ ਪ੍ਰੋਗਰਾਮ ਵਿੱਚ ਸਕੂਲ ਦੀਆਂ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਆਪਣੀ ਬੇਮਿਸਾਲ ਰਚਨਾਤਮਕਤਾ ਤੇ ਕਲਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਬੱਚਿਆਂ ਨੇ ਸਕੂਲ ਦੇ ਵਿਹੜੇ ਵਿੱਚ ਬਹੁਤ ਹੀ ਆਕਰਸ਼ਕ ਤੇ ਸੁੰਦਰ ਰੰਗੋਲੀਆਂ ਤਿਆਰ ਕੀਤੀਆਂ। ਇਸ ਦੇ ਨਾਲ ਹੀ, ਫਾਉਂਡੇਸ਼ਨ ਬਲਾਕ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਭਗਵਾਨ ਸ੍ਰੀ ਰਾਮ ਜੀ ਦੇ ਜੀਵਨ ਤੇ ਘਰ




ਵਾਪਸੀ ਨਾਲ ਜੁੜੀਆਂ ਬਹੁਤ ਹੀ ਮਨਮੋਹਕ ਝਾਕੀਆਂ ਪੇਸ਼ ਕੀਤੀਆਂ, ਜੋ ਉੱਥੇ ਮੌਜੂਦ ਹਰ ਇੱਕ ਵਿਅਕਤੀ ਦੇ ਖਿੱਚ ਦਾ ਮੁੱਖ ਕੇਂਦਰ ਰਹੀਆਂ। ਬੱਚਿਆਂ ਨੇ ਸੱਭਿਆਚਾਰਕ ਪ੍ਰੋਗਰਾਮ ਤਹਿਤ ਵੱਖ-ਵੱਖ ਪੇਸ਼ਕਾਰੀਆਂ, ਜੋਸ਼ੀਲੀਆਂ ਕਵਿਤਾਵਾਂ ਤੇ ਪ੍ਰਭਾਵਸ਼ਾਲੀ ਪ੍ਰੋਗਰਾਮਾਂ ਰਾਹੀਂ ਦੀਵਾਲੀ ਦੇ ਅਸਲ ਮਹੱਤਵ ਨੂੰ ਬਾਖੂਬੀ ਦਰਸਾਇਆ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਬੰਦੀ ਛੋੜ ਦਿਵਸ ਦੇ ਇਤਿਹਾਸਕ ਤੇ ਧਾਰਮਿਕ ਮਹੱਤਵ ਬਾਰੇ ਵੀ ਆਪਣੇ ਵਿਚਾਰ ਤੇ ਜਾਣਕਾਰੀ ਸਾਂਝੀ ਕੀਤੀ।

ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਪ੍ਰਬੰਧਨ ਕਮੇਟੀ ਵੱਲੋਂ ਅਧਿਆਪਕਾਂ ਦੀ ਮਿਹਨਤ ਤੇ ਸਮਰਪਣ ਪ੍ਰਤੀ ਸਤਿਕਾਰ ਤੇ ਧੰਨਵਾਦ ਪ੍ਰਗਟ ਕੀਤਾ ਗਿਆ। ਇਸ ਦੌਰਾਨ ਅਧਿਆਪਕਾਂ ਨੂੰ ਵਿਸ਼ੇਸ਼ ਤੌਰ 'ਤੇ ਤੋਹਫ਼ੇ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਰਜਨੀ ਮਦਾਨ ਨੇ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਹਾਰਦਿਕ ਸ਼ੁੱਭ-ਕਾਮਨਾਵਾਂ ਦਿੱਤੀਆਂ।

ਅਮਨਦੀਪ ਕੱਕੜ ਦੇ ਪਿਤਾ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਸਾਬਕਾ ਕੈਬਨਿਟ ਮੰਤਰੀ ਸੁੱਖਬਿੰਦਰ ਸਿੰਘ ਸੁੱਖ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਮਨਦੀਪ ਸਿੰਘ ਕੱਕੜ ਦੇ ਪਿਤਾ ਸ਼ਮਸ਼ੇਰ ਸਿੰਘ ਦੇ ਸੰਖੇਪ ਬਿਮਾਰੀ ਪਿੱਛੋਂ ਹੋਏ ਦਿਹਾਂਤ 'ਤੇ ਰਾਜਨੀਤਕ ਧਾਰਮਿਕ ਅਤੇ ਸਾਹਿਤਕ ਸ਼ਖ਼ਸੀਅਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਦੁੱਖ ਪ੍ਰਗਟ ਕਰਨ ਵਾਲਿਆਂ ਵਿੱਚ ਸਾਬਕਾ ਕੈਬਨਿਟ ਮੰਤਰੀ ਸੁਖਬਿੰਦਰ ਸਿੰਘ ਸੁੱਖ ਸਰਕਾਰੀਆ, ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ, ਸੁਖਜਿੰਦਰ ਸਿੰਘ ਸੁਖ ਔਜਲਾ, ਸਾਬਕਾ ਜਿਲਾ ਪਰੀਸ਼ਦ ਚੇਅਰਮੈਨ ਦਿਲਰਾਜ ਸਿੰਘ ਸਰਕਾਰੀਆ, ਮਜੀਠਾ ਹਲਕੇ ਤੋਂ ਉੱਘੇ ਕਾਂਗਰਸੀ ਨੇਤਾ ਭਗਵੰਤ ਪਾਲ ਸਿੰਘ ਸੱਚਰ, ਸਾਬਕਾ ਐਮਐਲਏ ਹਰਪ੍ਰਤਾਪ ਸਿੰਘ ਅਜਨਾਲਾ, ਪੀ.ਏ. ਰਵੀ ਕੁਮਾਰ, ਮੇਜਰ ਸਿੰਘ ਕੱਕੜ, ਸਰਪੰਚ ਸੋਨਾ ਸਿੱਧੂ ਬਲੱਗਣ, ਹਰਕੰਵਲਜੀਤ ਸਿੰਘ ਹੈਪੀ ਅਦਲੀਵਾਲ, ਜਸਪਾਲ ਸਿੰਘ ਭੱਟੀ, ਜਸਕਰਨ ਸਿੰਘ ਕੋਹਰੀ, ਹਰਭੇਜ ਸਿੰਘ ਵਣੀਏਕੇ, ਲਖਵਿੰਦਰ ਸਿੰਘ ਝੰਜੋਟੀ, ਲਖਵਿੰਦਰ ਸਿੰਘ ਭਿੱਟੇਵੱਡ, ਗੁਰਮੀਤ ਸਿੰਘ ਡਾਲਾ, ਦਿਲਬਾਗ ਸਿੰਘ ਖਿਆਲਾ, ਗੁਰਮੇਜ ਸਿੰਘ ਬਬਲਾ ਕੋਟਲਾ, ਸਾਹਬੀ ਚੈਨਪੁਰ, ਗਿੰਦਰ ਲੋਪੋਕੇ, ਡਾਕਟਰ ਪ੍ਰਗਟ ਸਿੰਘ ਭੁੱਲਰ, ਕੁਲਦੀਪ ਸਿੰਘ ਔਲਖ ਚੋਗਾਵਾਂ, ਰਿੱਕੂ ਚੋਗਾਵਾਂ, ਰਵੀ ਸ਼ੇਰ ਸਿੰਘ, ਬਲਜੀਤ ਸਿੰਘ ਪੰਡੋਰੀ, ਗੁਰਜੰਟ ਸਿੰਘ ਮੁੱਧ, ਬਲਦੇਵ ਸਿੰਘ ਮੰਜ, ਅਮਰਜੀਤ ਸਿੰਘ ਨੇਪਾਲ, ਲਖਬੀਰ ਸਿੰਘ ਕੋਹਾਲੀ, ਬਲਵਿੰਦਰ ਸਿੰਘ ਕੋਹਾਲੀ, ਰਿੰਕੂ ਕੋਹਾਲੀ, ਪ੍ਰਭਦੀਪ ਸਿੰਘ ਲਾਡਾ ਚੇਤਨਪੁਰਾ, ਪੱਤਰਕਾਰ ਨਿਰਵੈਲ ਸਿੰਘ ਗਿੱਲ, ਮਹਾਂਵੀਰ ਸਿੰਘ ਗਿੱਲ, ਰਣਬੀਰ ਸਿੰਘ ਮਿੱਟੂ, ਕੁਲਦੀਪ ਸਿੰਘ ਸੰਤੂ ਨੰਗਲ ਸੁਖਦੇਵ ਸਿੰਘ ਖਾਲਸਾ, ਧਰਵਿੰਦਰ ਸਿੰਘ ਔਲਖ ਆਦਿ ਸ਼ਾਮਿਲ ਹਨ।



ਨਵਾਂ ਜ਼ਮਾਨਾ

ਮੰਗਲਵਾਰ, 10 ਨਵੰਬਰ 2026

ਲੱਲਨ ਦਾ ਇਸ਼ਾਰਾ

ਕੇਂਦਰੀ ਪੰਚਾਇਤੀ ਰਾਜ, ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਮੰਤਰੀ ਰਾਜੀਵ ਰੰਜਨ ਸਿੰਘ ਉਰਫ ਲੱਲਨ ਸਿੰਘ ਦੇ ਬਿਆਨ ਨੇ ਵੋਟਰ ਸੂਚੀਆਂ ਦੀ ਡੂੰਘੀ ਸੁਧਾਈ (ਐੱਸ ਆਈ ਆਰ) ਪਿਛਲੇ ਅਸਲ ਮਕਸਦ ਬਾਰੇ ਇਸ਼ਾਰਾ ਕਰ ਦਿੱਤਾ ਹੈ-ਗਰੀਬਾਂ, ਮਜ਼ਦੂਰਾਂ ਤੇ ਘੱਟਗਿਣਤੀਆਂ ਨੂੰ ਸਮਾਜ ਵਿੱਚੋਂ ਪੂਰੀ ਤਰ੍ਹਾਂ ਬਾਹਰ ਧੱਕ ਦੇਣਾ। ਉਨ੍ਹਾ ਕਿਹਾ ਕਿ ਸਰਕਾਰੀ ਭਲਾਈ ਸਕੀਮਾਂ ਦੇ ਲਾਭਪਾਤਰੀਆਂ ਨੂੰ ਭੁਗਤਾਨ ਹੁਣ ਆਧਾਰ ਕਾਰਡਾਂ ਦੀ ਥਾਂ ਬਾਇਓਮੈਟ੍ਰਿਕ ਪ੍ਰਮਾਣਿਕਤਾ ਅਤੇ ਇਲੈਕਟਰਸ ਫੋਟੋ ਆਈਡੈਂਟਿਟੀ ਕਾਰਡ (ਈ ਪੀ ਆਈ ਸੀ) ਨੰਬਰ ਯਾਨੀ ਵੋਟਰ ਆਈ ਡੀ ਰਾਹੀਂ ਕੀਤਾ ਜਾਵੇਗਾ। ਲੱਲਨ ਸਿੰਘ ਦੀ ਦਲੀਲ ਹੈ ਕਿ ਆਧਾਰ ਕਾਰਡ ਪ੍ਰੋਸੈਸਿੰਗ ਸੈਂਟਰ ਹੁਣ ਹਰ ਮੁਹੱਲੇ ਵਿੱਚ ਉਪਲੱਬਧ ਹਨ ਅਤੇ ਕੋਈ ਵੀ ਸਿਰਫ ਪੰਜ ਮਿੰਟਾਂ ਵਿੱਚ ਆਧਾਰ ਕਾਰਡ ਬਣਵਾ ਸਕਦਾ ਹੈ। ਦਿਲਚਸਪ ਗੱਲ ਹੈ ਕਿ ਕੇਂਦਰ ਸਰਕਾਰ ਨੇ ਸ਼ੁਰੂ ਵਿੱਚ ਸੁਪਰੀਮ ਕੋਰਟ ਦੇ ਸਾਹਮਣੇ ਕਿਹਾ ਸੀ ਕਿ ਆਧਾਰ ਲਾਜ਼ਮੀ ਨਹੀਂ ਹੋਵੇਗਾ, ਪਰ ਬਾਅਦ ਵਿੱਚ ਵੱਖ-ਵੱਖ ਸਰਕਾਰੀ ਯੋਜਨਾਵਾਂ ਵਿੱਚ ਇਸ ਦੀ ਵਰਤੋਂ ਦਾ ਵਿਸਤਾਰ ਕੀਤਾ ਗਿਆ। ਹੁਣ ਸਰਕਾਰ ਖੁਦ ਲਾਭਪਾਤਰੀਆਂ ਦੀ ਪਛਾਣ ਲਈ ਇੱਕ ਭਰੋਸੇਯੋਗ ਆਧਾਰ ਵਜੋਂ ਆਪਣੀ ਸਥਿਤੀ ਤੋਂ ਪਿੱਛੇ ਹਟਦੀ ਜਾਪਦੀ ਹੈ।

ਐੱਸ ਆਈ ਆਰ ਦੌਰਾਨ ਹੁਣ ਤੱਕ ਘੱਟੋ-ਘੱਟ 13 ਕਰੋੜ 30 ਲੱਖ ਭਾਰਤੀਆਂ ਨੂੰ ਵੋਟਰ ਸੂਚੀਆਂ ਵਿੱਚੋਂ ਹਟਾ ਦਿੱਤਾ ਗਿਆ ਹੈ। ਇਨ੍ਹਾਂ ਵਿੱਚ ਬਹੁਤੇ ਮੁਸਲਮ ਭਾਈਚਾਰੇ, ਔਰਤਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਵੋਟਰ ਹਨ। ਜੇ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਉਠਾਉਣ ਲਈ ਵੋਟਰ ਆਈ ਡੀ ਸਭ ਥਾਈਂ ਲਾਜ਼ਮੀ ਕਰ ਦਿੱਤੀ ਜਾਂਦੀ ਹੈ, ਤਾਂ ਜਿਨ੍ਹਾਂ ਲੋਕਾਂ ਦੇ ਨਾਂਅ ਵੋਟਰ ਸੂਚੀਆਂ ਤੋਂ ਹਟਾ ਦਿੱਤੇ ਗਏ ਹਨ, ਉਹ ਸਰਕਾਰੀ ਸਹਾਇਤਾ ਤੋਂ ਵਾਂਝੇ ਰਹਿ ਜਾਣਗੇ। ਨਤੀਜੇ ਵਜੋਂ ਲੱਖਾਂ ਭਾਰਤੀ ਲੋਕਤੰਤਰੀ ਪ੍ਰਣਾਲੀ ਦੇ ਨਾਲ-ਨਾਲ ਭਲਾਈ ਯੋਜਨਾਵਾਂ ਤੋਂ ਵੀ ਬਾਹਰ ਜਾਣਗੇ। ਬਾਇਓਮੈਟ੍ਰਿਕ ਮਸ਼ੀਨਾਂ ਬਹੁਤ ਸਾਰੇ ਬਜ਼ੁਰਗ ਖੇਤੀਬਾੜੀ ਮਜ਼ਦੂਰਾਂ ਦੀਆਂ ਅੱਖਾਂ ਦੀ ਰੌਸ਼ਨੀ ਨੂੰ ਸਹੀ ਢੰਗ ਨਾਲ ਸਕੈਨ ਨਹੀਂ ਕਰ ਸਕਦੀਆਂ। ਇਸੇ ਤਰ੍ਹਾਂ ਹੱਥੀਂ ਕੰਮ ਕਰਨ ਵਾਲੇ ਮਜ਼ਦੂਰਾਂ ਦੇ ਉਂਗਲਾਂ ਦੇ ਨਿਸ਼ਾਨ ਘਿਸ ਜਾਂਦੇ ਹਨ, ਜਿਸ ਕਾਰਨ ਉਨ੍ਹਾਂ ਦੀ ਪਛਾਣ ਕਰਨਾ ਮੁਸ਼ਕਲ ਹੋ ਜਾਂਦਾ ਹੈ। ਇਸ ਤੋਂ ਇਲਾਵਾ ਇਲੈਕਟ੍ਰਾਨਿਕ ਕੇ ਵਾਈ ਸੀ ਪ੍ਰਕਿਰਿਆ ਲਈ ਸਮਾਰਟਫੋਨ ਦੀ ਲੋੜ ਪੇਂਡੂਆਂ ਲਈ ਮੁਸੀਬਤ ਬਣੀ ਹੋਈ ਹੈ। ਸਮਾਰਟਫੋਨ ਤੋਂ ਬਿਨਾਂ ਪਰਵਾਰਾਂ ਨੂੰ ਸਰਕਾਰੀ ਯੋਜਨਾਵਾਂ ਤੱਕ ਪਹੁੰਚ ਕਰਨਾ ਹੋਰ ਵੀ ਮੁਸ਼ਕਲ ਹੋ ਸਕਦਾ ਹੈ। ਪੱਛਮੀ ਬੰਗਾਲ ਸਣੇ ਕੁਝ ਭਾਜਪਾ ਸਰਕਾਰਾਂ ਉਨ੍ਹਾਂ ਲੋਕਾਂ ਨੂੰ ਰਾਸ਼ਨ ਅਤੇ ਹੋਰ ਸਰਕਾਰੀ ਲਾਭ ਨਾ ਦੇਣ ਦਾ ਐਲਾਨ ਕਰ ਚੁੱਕੀਆਂ ਹਨ, ਜਿਨ੍ਹਾਂ ਦੇ ਨਾਂਅ ਵੋਟਰ ਸੂਚੀਆਂ ਤੋਂ ਹਟਾ ਦਿੱਤੇ ਗਏ ਸਨ। ਪੱਛਮੀ ਬੰਗਾਲ ਵਿੱਚ ਲੱਗਭੱਗ 27.16 ਲੱਖ ਵੋਟਰਾਂ ਦੇ ਨਾਂਅ ਹਟਾ ਦਿੱਤੇ ਗਏ ਸਨ।

ਕੇਂਦਰ ਸਰਕਾਰ ਦੀਆਂ ਕਈ ਪ੍ਰਮੁੱਖ ਯੋਜਨਾਵਾਂ ਭੁਗਤਾਨਾਂ ਲਈ ਆਧਾਰ-ਅਧਾਰਤ ਬੈਂਕ ਖਾਤਿਆਂ ਦੀ ਵਰਤੋਂ ਕਰਦੀਆਂ ਹਨ। ਇਹਨਾਂ ਵਿੱਚ ਸ਼ਾਮਲ ਹਨ : ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ, ਪ੍ਰਧਾਨ ਮੰਤਰੀ ਆਵਾਸ ਯੋਜਨਾ-ਗ੍ਰਾਮੀਣ, ਰਾਸ਼ਟਰੀ ਸਮਾਜਿਕ ਸਹਾਇਤਾ ਪ੍ਰੋਗਰਾਮ : ਬਜ਼ੁਰਗਾਂ, ਵਿਧਵਾਵਾਂ ਅਤੇ ਅਪਾਹਜਾਂ ਨੂੰ ਪੈਨਸ਼ਨਾਂ ਅਤੇ ਪੇਂਡੂ ਰੁਜ਼ਗਾਰ ਗਰੰਟੀ ਪ੍ਰੋਗਰਾਮ : ਮਜ਼ਦੂਰਾਂ ਨੂੰ ਉਜਰਤਾਂ ਦੀ ਅਦਾਇਗੀ। ਇਸ ਤੋਂ ਇਲਾਵਾ, ਪਸ਼ੂ ਪਾਲਣ ਮੰਤਰਾਲੇ ਦੀ ਰਾਸ਼ਟਰੀ ਪਸ਼ੂਧਨ ਮਿਸ਼ਨ ਉੱਦਮ ਵਿਕਾਸ ਯੋਜਨਾ ਵਿੱਚ ਲਾਭਪਾਤਰੀਆਂ ਲਈ ਆਧਾਰ ਨੰਬਰ ਪ੍ਰਮਾਣ ਜਾਂ ਆਧਾਰ ਪ੍ਰਮਾਣੀਕਰਨ ਵੀ ਲਾਜ਼ਮੀ ਹੈ।

ਜੇ ਸਰਕਾਰੀ ਭਲਾਈ ਯੋਜਨਾਵਾਂ ਦੇ ਲਾਭਾਂ ਨੂੰ ਵੀ ਵੋਟਰ ਆਈ ਡੀ ਅਤੇ ਬਾਇਓਮੈਟ੍ਰਿਕ ਪ੍ਰਮਾਣਿਕਤਾ ਨਾਲ ਜੋੜਿਆ ਜਾਂਦਾ ਹੈ ਤਾਂ ਸਵਾਲ ਸਿਰਫ ਚੋਣ ਅਧਿਕਾਰਾਂ ਬਾਰੇ ਹੀ ਨਹੀਂ, ਸਗੋਂ ਗਰੀਬਾਂ ਦੇ ਭੋਜਨ, ਪੈਨਸ਼ਨਾਂ, ਰਿਹਾਇਸ਼ ਅਤੇ ਵਿੱਤੀ ਸਹਾਇਤਾ ਦੇ ਅਧਿਕਾਰਾਂ ਦਾ ਵੀ ਹੋਵੇਗਾ। ਸਰਕਾਰੀ ਯੋਜਨਾਵਾਂ ਲਈ ਵੋਟਰ ਆਈ ਡੀ ਲਾਜ਼ਮੀ ਕਰ ਦਿੱਤੀ ਜਾਂਦੀ ਹੈ, ਤਾਂ ਭਵਿੱਖ ਵਿੱਚ ਇਸ ਦਾ ਦਾਇਰਾ ਹੋਰ ਯੋਜਨਾਵਾਂ ਤੱਕ ਵਧਾਇਆ ਜਾ ਸਕਦਾ ਹੈ। ਰਾਸ਼ਨ, ਪੈਨਸ਼ਨ, ਮਨਰੇਗਾ ਮਜ਼ਦੂਰੀ, ਰਿਹਾਇਸ਼ੀ ਯੋਜਨਾਵਾਂ, ਸਕਾਲਰਸ਼ਿਪ ਅਤੇ ਰਾਖਵੇਂਕਰਨ ਲਈ ਵੀ ਵੋਟਰ ਆਈ ਡੀ ਲਾਜ਼ਮੀ ਕਰ ਦਿੱਤੀ ਜਾਵੇਗੀ। ਵੋਟ ਪਾਉਣਾ ਨਾਗਰਿਕ ਦਾ ਅਧਿਕਾਰ ਹੈ, ਪਰ ਇਸ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਲਈ ਸ਼ਰਤ ਨਹੀਂ ਬਣਾਇਆ ਜਾ ਸਕਦਾ। ਕਿਸੇ ਗਰੀਬ ਵਿਅਕਤੀ ਦੀ ਪੈਨਸ਼ਨ ਨੂੰ ਉਸ ਦੇ ਵੋਟਰ ਕਾਰਡ ਦਾ ਗੁਲਾਮ ਨਹੀਂ ਬਣਾਇਆ ਜਾ ਸਕਦਾ।

ਖਾਂਦੇ ਖੁਦ ਅਖਰੋਟ !

ਉਹ ਇੱਕ-ਦੂਜੇ ਦੇ ਕੁੜਮ ਨੇ, ਅਸੀਂ ਬਣ ਗਏ ਹਾਂ ਵੋਟ,
ਉਹ ਮੱਛੀਓ ਮੱਛੀ ਹੋ ਰਹੇ, ਸਾਡੇ ਭਾਗੀਂ ਸੁੱਖਣੇ ਰੋਟ।
ਖਾਲੀ ਬਰਤਨ ਕਿਰਤ ਦੇ, ਰਲਿਆ ਹੈ ਵਿੱਚ ਖੋਟ,
ਭਰ-ਭਰ ਖਾਲੀ ਬੋਰੀਆਂ, ਨਹੀਂ ਛੱਡੀ ਕੋਈ ਤੋਟ।

ਚੋਗਾ ਜਿਹਾ ਖਿਲਾਰ ਕੇ, ਹਰ ਵਾਰੀ ਲੈਂਦੇ ਭੋਟ,
ਮੰਗਦੇ ਰਹਿੰਦੇ ਟਾਕੀਆਂ, ਪਾ ਕੇ ਪੈਂਟ ਤੇ ਕੋਟ!
ਢੋਲ ਵਜਾ ਕੇ ਲੁੱਟਦੇ, ਬਾਬਿਆਂ ਦੀ ਲੈ ਓਟ,
ਦੇ ਹੋਕਾ ਰੁੱਖੀ ਖਾਣ ਦਾ, ਖਾਂਦੇ ਖੁਦ ਅਖਰੋਟ।

-ਗੁਲਪੁਰ

ਬਦਲਦੀ ਦੁਨੀਆ 'ਚ ਭਾਰਤ ਲਈ ਸਿੱਖਣ ਵਾਲੇ ਸਬਕ

(ਦੁਨੀਆ ਭਰ ਵਿੱਚ ਸੱਜ-ਪਿਛਾਖੜੀ ਤਾਕਤਾਂ ਨੂੰ ਹਾਰਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਭਾਰਤ ਵਿੱਚ ਵੀ ਮੋਦੀ ਸਰਕਾਰ ਦਾ ਡਰ ਘਟਿਆ ਹੈ ਅਤੇ ਨੌਜਵਾਨ ਪੀੜ੍ਹੀ ਦੀ ਸੋਚ ਵਿੱਚ ਹਾਂ-ਪੱਖੀ ਤਬਦੀਲੀ ਆ ਰਹੀ ਹੈ। ਇਨ੍ਹਾਂ ਬਦਲਦੇ ਹਾਲਾਤ ਨੂੰ ਹੋਰ ਅੱਗੇ ਲਿਜਾਣ ਦੀ ਲੋੜ ਹੈ।)



ਡਾ. ਅਰੁਣ ਮਿਤਰਾ

ਜਦੋਂ ਮੈਂ ਭਾਰਤ ਦੀ ਗੱਲ ਕਰਦਾ ਹਾਂ, ਤਾਂ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਅਜੋਕੇ ਭਾਰਤ ਵਿੱਚ ਸਿੱਧੇ ਟਕਰਾਓ ਵਾਲੀਆਂ ਦੋ ਵਿਚਾਰਧਾਰਾਵਾਂ ਚੱਲ ਰਹੀਆਂ ਹਨ। ਇੱਕ ਵਿਚਾਰਧਾਰਾ ਨਫ਼ਰਤ ਤੇ ਹਿੰਸਾ 'ਤੇ ਅਧਾਰਤ ਹੈ ਤੇ ਦੂਸਰੀ ਵਿਚਾਰਧਾਰਾ ਧਰਮ ਨਿਰਪੱਖਤਾ, ਪਿਆਰ-ਮੁਹੱਬਤ ਨੂੰ ਪ੍ਰਚਾਰਨ ਵਾਲੀ ਅਤੇ ਨਿਆਂ ਤੇ ਬਰਾਬਰੀ ਵਾਲੇ ਸਮਾਜ ਦੀ ਸਿਰਜਨਾ ਕਰਨ ਦੀ ਦਿਸ਼ਾ ਦੇਣ ਵਾਲੀ ਹੈ। ਇਸ ਲਈ ਜਦੋਂ ਮੈਂ ਭਾਰਤ ਦੀ ਗੱਲ ਕਰਦਾਂ ਤਾਂ ਇਹਨਾਂ ਦੋ ਵਿਚਾਰਧਾਰਵਾਂ ਦੇ ਟਕਰਾਓ ਦੇ ਨਾਲ ਨਾਲ ਸੱਤਾ ਵਿੱਚ ਬੈਠੀ ਆਰ ਐੱਸ ਐੱਸ ਦੀ ਥਾਪੜੀ ਮੋਦੀ ਸਰਕਾਰ ਦੀ ਪਹੁੰਚ ਬਾਰੇ ਵਿਚਾਰਨਾ ਅਤੀ ਜ਼ਰੂਰੀ ਹੈ। ਇਸ ਸੰਦਰਭ ਵਿੱਚ ਕੌਮਾਂਤਰੀ ਅਤੇ ਕੌਮੀ ਦੋਨੋਂ ਸਥਿਤੀਆਂ ਦਾ ਮੁਲੰਕਣ ਕਰਨਾ ਅਵੱਸ਼ਕ ਹੈ।

ਮੱਧਕਾਲੀ ਚੋਣਾਂ ਬਾਰੇ ਨਤੀਜਿਆਂ ਨੇ ਟਰੰਪ ਨੂੰ ਹਾਰ ਦਾ ਮੂੰਹ ਦਿਖਾਇਆ ਹੈ। ਇਸ ਨਾਲ ਅਮਰੀਕਾ ਵਿੱਚ ਕਾਂਗਰਸ ਅਤੇ ਸੈਨੇਟ ਦੋਨਾਂ ਵਿੱਚ ਡੈਮੋਕ੍ਰੇਟਿਕ ਪਾਰਟੀ ਮਜ਼ਬੂਤ ਹੋਈ ਹੈ, ਜਿਸ ਨਾਲ ਟਰੰਪ ਦੇ ਲਈ ਬਹੁਤ ਸਾਰੇ ਕੰਮ ਕਰਨੇ ਔਖੇ ਹੋ ਗਏ ਹਨ ਤੇ ਉਸ 'ਤੇ ਅੰਕੁਸ਼ ਲਗਾਉਣਾ ਕੁਝ ਹੱਦ ਤੱਕ ਸੌਖਾ ਹੋ ਗਿਆ ਹੈ। ਇਸ ਵੇਲੇ ਟਰੰਪ ਨੂੰ ਲੰਗੜੀ ਬਤਖ਼ ਦਾ ਨਾਂਅ ਦਿੱਤਾ ਜਾ ਰਿਹਾ ਹੈ। ਟਰੰਪ ਦਾ ਹਾਰਨਾ ਤੇ ਇਸ ਦੇ ਨਾਲ ਜੁੜੀਆਂ ਹੋਈਆਂ ਹੋਰ ਅਨੇਕਾਂ ਘਟਨਾਵਾਂ ਸੱਜੇ-ਪੱਖੀ ਨੀਤੀਆਂ ਦੇ ਵਿਰੁੱਧ ਲੋਕਾਂ ਦੀ ਆਵਾਜ਼ ਨੂੰ ਦਰਸਾਉਂਦੀਆਂ ਹਨ ਅਤੇ ਘਟੀਆ ਕਿਸਮ ਦੇ 'ਕਰੋਨੀ ਕੈਪਿਟਲਿਜ਼ਮ' (ਸਰਕਾਰ ਤੇ ਪੂੰਜੀਪਤੀਆਂ ਦੀ ਮਿਲੀਭੁਗਤ ਵਾਲਾ ਪੂੰਜੀਵਾਦ) ਨੂੰ ਚੁਣੌਤੀ ਦਿੰਦੀਆਂ ਹਨ। ਇਸ ਦੀ ਇੱਕ ਵੱਡੀ ਮਿਸਾਲ ਹੈ ਕਿ ਮਿਸ਼ੀਗਨ ਵਿੱਚੋਂ ਅਬਦੁਲ ਅਲ-ਸਈਦ ਨਾਂਅ ਦੇ ਮੁਸਲਮਾਨ ਡੈਮੋਕਰੇਟ ਉਮੀਦਵਾਰ ਵਜੋਂ ਖੜੇ ਸਨ, ਨੂੰ ਹਰਾਉਣ ਲਈ 400 ਕਰੋੜ ਰੁਪਏ ਖਰਚ ਕੀਤੇ ਗਏ। ਇਹ ਵੀ ਸਮਝ ਲੈਣਾ ਚਾਹੀਦਾ ਹੈ ਕਿ ਡੈਮੋਕਰੇਟਾਂ ਵਿਚ ਵੀ ਵੱਡੀ ਗਿਣਤੀ ਕਾਰਪੋਰੇਟ ਦੇ ਹਮਾਇਤ ਕਰਨ ਵਾਲਿਆਂ ਦੀ ਹੈ। ਅਮਰੀਕੀ ਅਰਥ ਵਿਵਸਥਾ ਹਥਿਆਰ ਬਣਾਉਣ ਵਾਲੇ ਉਦਯੋਗ 'ਤੇ ਟਿਕੀ ਹੋਈ ਹੈ। ਫਿਰ ਵੀ, ਜਿਸ ਤਰ੍ਹਾਂ ਡੋਨਾਲਡ ਟਰੰਪ ਵਿਸ਼ਵ ਪੱਧਰ 'ਤੇ ਅਸਥਿਰਤਾ ਨੂੰ ਹੱਲਾਸ਼ੇਰੀ ਦੇ ਰਹੇ ਸਨ, ਉਸ ਨੂੰ ਦੇਖਦੇ ਹੋਏ ਇਸ ਮੋੜ 'ਤੇ ਉਨ੍ਹਾਂ ਦੀ ਹਾਰ ਇੱਕ ਬਹੁਤ ਹੀ ਸਕਾਰਾਤਮਕ ਘਟਨਾਕ੍ਰਮ ਹੈ। ਇਸ ਤੋਂ ਇਲਾਵਾ ਰਿਪੋਰਟਾਂ ਦੱਸਦੀਆਂ ਹਨ ਕਿ ਡੈਮੋਕ੍ਰੇਟਿਕ ਪਾਰਟੀ ਵੱਲੋਂ ਪ੍ਰਗਤੀਸ਼ੀਲ ਵਿਚਾਰਧਾਰਾ ਰੱਖਣ ਵਾਲੇ ਕਾਫ਼ੀ ਵਿਅਕਤੀ ਚੁਣੇ ਗਏ ਹਨ।

ਇਸ ਤੋਂ ਪਹਿਲਾਂ ਬ੍ਰਾਜ਼ੀਲ ਵਿੱਚ ਹੁਣੇ ਹੋਈਆਂ ਚੋਣਾਂ ਵਿੱਚ ਅੱਡੀ-ਚੋਟੀ ਦਾ ਜ਼ੋਰ, ਪੈਸੇ ਦੀ ਦੁਰਵਰਤੋਂ ਤੇ ਮੀਡੀਆ ਦੀ ਟੈਕਨਾਲੋਜੀ ਤੇ ਆਪਣੀ ਜਕੜ ਦਾ ਪੂਰਾ ਲਾਭ ਉਠਾਉਣ ਦੇ ਬਾਵਜੂਦ ਅਮਰੀਕਾ ਆਪਣੇ ਪਿੱਠੂ ਫਲਾਵੀਆ ਬੋਲਸੋਨਾਰੋ ਨੂੰ ਜਿਤਵਾ ਨਹੀਂ ਸਕਿਆ। ਲੂਲਾ ਡੀ ਸਿਲਵਾ 81 ਸਾਲ ਦੀ ਉਮਰ ਵਿੱਚ ਫੇਰ ਬ੍ਰਾਜ਼ੀਲ ਦੇ ਪ੍ਰਧਾਨ ਚੁਣੇ ਗਏ ਹਨ। ਸਭ ਕੁਝ ਦਾਅ 'ਤੇ ਲੱਗਿਆ ਸੀ, ਕਿਉਂਕਿ ਜੇ ਬੋਲਸੋਨਾਰੋ ਸੱਤਾ ਵਿੱਚ ਆ ਜਾਂਦਾ ਤਾਂ ਬ੍ਰਾਜ਼ੀਲ ਦੀ ਸਮੁੱਚੀ ਆਰਥਿਕ ਨੀਤੀ ਤੇ ਰਾਜਨੀਤਕ ਪਹੁੰਚ 'ਤੇ ਬਹੁਤ ਫਰਕ ਪੈਣਾ ਸੀ। ਬ੍ਰਿਕਸ (BRICS) ਵਰਗੀਆਂ ਸੰਸਥਾਵਾਂ ਨੇ ਕਮਜ਼ੋਰ ਹੋ ਜਾਣਾ ਸੀ। ਅਮਰੀਕਾ ਦੇ ਗੁਆਂਢ ਵਿੱਚ ਬੈਠ ਕੇ ਇਸ ਤਰੀਕੇ ਨਾਲ ਲੰਮੇ ਸਮੇਂ ਤੋਂ ਬਰਾਜ਼ੀਲ ਵਰਗੇ ਵੱਡੇ ਦੇਸ਼ ਨੂੰ ਚਲਾਉਣਾ, ਉਹ ਵੀ ਅਮਰੀਕਨ ਦਬਾਅ ਦੇ ਬਾਵਜੂਦ, ਕੋਈ ਛੋਟੀ ਜਿਹੀ ਗੱਲ ਨਹੀਂ। ਲੂਲਾ ਦੇ ਸਮਾਜਵਾਦੀ ਵਿਚਾਰਧਾਰਾ ਨਾਲ ਪਰਨਾਏ ਹੋਏ ਟਰੇਡ ਯੂਨੀਅਨ ਆਗੂ ਹੋਣ ਦੇ ਨਾਤੇ ਉਹਨਾਂ ਦੇ ਪ੍ਰਚਾਰ ਦੇ ਵਿੱਚ ਸਮਾਜ ਭਲਾਈ ਦੇ ਕੰਮਾਂ ਨੂੰ ਤਰਜੀਹ ਦਿੱਤੀ ਗਈ ਸੀ। ਇਸ ਨੇ ਲੂਲਾ ਨੂੰ ਆਮ ਜਨਤਾ ਵਿੱਚ ਬਹੁਤ ਹਰਮਨ-ਪਿਆਰਾ ਬਣਾ ਦਿੱਤਾ।

ਕੇਵਲ ਬ੍ਰਾਜ਼ੀਲ ਹੀ ਨਹੀਂ, ਪਿਛਲੇ ਦਿਨੀ ਸਰਬੀਆ ਵਿੱਚ ਯੁਵਾ ਪੀੜ੍ਹੀ ਨੇ ਲੋਕਤੰਤਰ ਦੇ ਰਾਹੀਂ ਮੁਕਾਬਲਾ ਕਰਕੇ 14 ਸਾਲ ਤੋਂ ਸੱਤਾ ਵਿੱਚ ਬੈਠੇ ਭ੍ਰਿਸ਼ਟ ਰਾਸ਼ਟਰਪਤੀ ਅਲੇਕਸਾਂਦਰ ਵੂਚਿਕ ਨੂੰ ਹਰਾ ਦਿੱਤਾ। ਅੱਜ ਫਰਾਂਸ ਵਿੱਚ, ਅਲਬਾਨੀਆ ਵਿੱਚ ਤੇ ਹੁਣ ਜਰਮਨੀ ਤੇ ਕੁਝ ਹੋਰ ਯੂਰਪੀ ਦੇਸ਼ਾਂ ਦੇ ਵਿੱਚ ਵੀ ਨੌਜਵਾਨਾਂ ਤੇ ਕਾਮਿਆਂ ਵੱਲੋਂ ਆਪਣੇ ਹੱਕਾਂ ਨੂੰ ਲੈ ਕੇ, ਲੋਕ ਭਲਾਈ ਨੂੰ ਲੈ ਕੇ ਤੇ ਲੋਕਤੰਤਰ ਦੀ ਰਾਖੀ ਦੇ ਲਈ ਵੱਡੇ ਵੱਡੇ ਪ੍ਰਦਰਸ਼ਨ ਕੀਤੇ ਜਾ ਰਹੇ ਹਨ।

ਭਾਰਤ ਵੀ ਇਹਨਾਂ ਪ੍ਰਦਰਸ਼ਨਾਂ ਤੋਂ ਅਛੂਕਾ ਨਹੀਂ। ਜੰਤਰ ਮੰਤਰ ਵਿੱਚ ਪੁਲਸ ਦੇ ਅਥਾਹ ਜਬਰ ਦੇ ਬਾਵਜੂਦ ਨੌਜਵਾਨਾਂ ਨੇ ਲੱਖਾਂ ਦੀ ਗਿਣਤੀ ਵਿੱਚ ਪ੍ਰਦਰਸ਼ਨ ਕੀਤੇ ਤੇ ਉਸ ਨੂੰ ਜਾਰੀ ਰੱਖਿਆ ਤੇ ਜੋ ਕਿ ਅੱਜ ਵੀ ਵੱਖੋ ਵੱਖਰੇ ਰੂਪ ਵਿੱਚ ਜਾਰੀ ਹੈ। ਵਿਰੋਧੀ ਦਲਾਂ ਨੇ 'ਇੰਡੀਆ' ਬਲਾਕ ਦੇ ਬੈਨਰ ਹੇਠ ਅੱਜ ਲੋਕਤੰਤਰ ਦੀ ਰਾਖੀ ਦਾ ਬੀੜਾ ਚੁੱਕਿਆ ਹੈ।

ਭਾਰਤ ਵਿੱਚ ਲੋਕਤੰਤਰਿਕ ਸੋਚ ਵਾਲੀਆਂ ਪਾਰਟੀਆਂ, ਜਥੇਬੰਦੀਆਂ ਤੇ ਚਿੰਤਕ ਕਿਸਮ ਦੇ ਲੋਕਾਂ ਨੇ ਅੱਜ ਫੈਸਲਾ ਕਰਨਾ ਹੈ ਕਿ ਉਹ ਮੁਲਕ ਨੂੰ ਕਿੱਧਰ ਲਿਜਾਉਣਗੇ। 'ਇੰਡੀਆ' ਬਲਾਕ ਦੀਆਂ ਪਾਰਟੀਆਂ ਇੱਕਮੁੱਠ ਹੋ ਕੇ ਕਿਸ ਤਰੀਕੇ ਦੇ ਨਾਲ ਦੇਸ਼ ਵਿੱਚ ਬੈਠੀ ਧਨ ਕੁਬੇਰਾਂ ਦੇ ਪੱਖੀ ਸਰਕਾਰ, ਜੋ ਕਿ ਨਾ ਕੇਵਲ ਦੇਸ਼ ਦੀ ਆਰਥਿਕਤਾ ਨੂੰ ਵਿਦੇਸ਼ੀ ਕੰਪਨੀਆਂ ਦੇ ਗਹਿਣੇ ਪਾ ਰਹੀ ਹੈ, ਬਲਕਿ ਦੇਸ਼ ਅੰਦਰ ਸਮਾਜਿਕ ਸਦਭਾਵਨਾ ਨੂੰ ਤੋੜ ਕੇ ਦੇਸ਼ ਦੇ ਵਿੱਚ ਵਿਭਿੰਨਤਾ, ਏਕਤਾ ਤੇ ਅਖੰਡਤਾ ਨੂੰ ਪੂਰੀ ਤਰ੍ਹਾਂ ਸੱਟ ਮਾਰ ਰਹੀ ਹੈ, ਨੂੰ ਸੱਤਾ ਤੋਂ ਹਟਾਉਣਾ, ਹਰਾਉਣਾ ਅਤੇ ਇਹਨਾਂ ਦੀ ਵਿਚਾਰਧਾਰਾ ਦੇ ਵਿਰੁੱਧ ਬੇਕਿਰਕ ਸੰਘਰਸ਼ ਜਾਰੀ ਰੱਖਣਾ ਬਹੁਤ ਵੱਡਾ ਕਰਤਬ ਹੈ। ਜੇ ਨਿਤੀਸ਼ ਕੁਮਾਰ ਅਤੇ ਚੰਦਰ ਬਾਬੂ ਨਾਇਡੂ ਵਰਗੇ ਗ਼ਦਾਰੀ ਨਾ ਕਰਦੇ ਤਾਂ ਪਿਛਲੀ ਵੇਰੀ 2024 ਦੀਆਂ ਚੋਣਾਂ ਵਿੱਚ ਇਹ ਸੱਤਾ ਤੋਂ ਉਤਰ ਚੁੱਕੇ ਸਨ।

ਇਸ ਲਈ ਇਹ ਤਾਂ ਹੁਣ ਕੰਧ 'ਤੇ ਲਿਖਿਆ ਦਿਖਦਾ ਹੈ ਕਿ 2027 ਵਿੱਚ ਸਾਰੇ ਹਰਬੇ-ਜਰਬੇ ਵਰਤਣ ਦੇ ਬਾਵਜੂਦ ਇਹ ਸੱਤਾ ਵਿੱਚ ਨਹੀਂ ਆਉਣਗੇ, ਪਰ ਇਹ ਗੱਲ ਵੀ ਸਾਫ ਸਮਝ ਲੈਣੀ ਚਾਹੀਦੀ ਹੈ ਕਿ ਫਾਸ਼ੀਵਾਦੀ ਕਦੇ ਵੀ ਸੱਤਾ ਸੌਖੇ ਨਹੀਂ ਛੱਡਦੇ। ਉਹ ਲੜਾਈਆਂ ਲਾ ਕੇ ਜਾਂ ਵੱਡੀ ਗਿਣਤੀ ਵਿੱਚ ਦੰਗਿਆਂ ਵਿੱਚ ਬੰਦੇ ਮਰਵਾ ਕੇ ਵੀ ਲੋਕਤੰਤਰ ਰਾਹੀਂ ਜਿੱਤਣ ਦਾ ਦਾਅਵਾ ਕਰਨਗੇ।

ਰੈਲੀਆਂ, ਮੁਜ਼ਾਹਰੇ ਜਿੰਨੇ ਮਰਜ਼ੀ ਕਰ ਲਓ, ਪਰ ਅਸਲ ਲੜਾਈ ਤਾਂ ਇਹਨਾਂ ਨੂੰ ਵੋਟਾਂ ਵਿੱਚ ਹੀ ਦੇਣੀ ਪੈਣੀ ਹੈ। ਇਸ ਲਈ ਜਿਹੜੇ ਸੂਬਿਆਂ ਵਿੱਚ ਵੋਟਾਂ ਪੈਣੀਆਂ ਹਨ, ਉਹਨਾਂ ਬਾਰੇ ਇੰਡੀਆ ਬਲਾਕ ਨੂੰ ਸਿਰ ਜੋੜ ਕੇ ਬੈਠ ਕੇ ਆਪਸ 'ਚ ਗੱਲਬਾਤ ਕਰਨੀ ਚਾਹੀਦੀ ਹੈ। ਵੱਡੀਆਂ ਪਾਰਟੀਆਂ ਨੂੰ ਫਿਰਾਕਦਿਲੀ ਦਿਖਾਣੀ ਪਏਗੀ ਤੇ ਸਭ ਨੂੰ ਨਾਲ ਲੈ ਕੇ ਚੱਲਣਾ ਪਏਗਾ, ਕਿਉਂਕਿ ਜੇ ਇਸ ਵਾਰ ਸੌੜੀਆਂ ਗੱਲਾਂ ਨੂੰ ਮੁੱਖ ਰੱਖ ਕੇ ਵੋਟਾਂ ਵਿੱਚ ਏਕਤਾ ਨਾ ਦਿਖਾਈ ਗਈ ਤੇ ਕਿਤੇ ਇਹ ਮੁੜ ਸੱਤਾ ਵਿੱਚ ਆ ਗਏ ਤਾਂ ਮਾਰਟਿਨ ਨੀਮੋਲਰ ਦਾ ਕਥਨ : ਪਹਿਲਾਂ ਉਹ ਸਮਾਜਵਾਦੀਆਂ ਨੂੰ ਲੈਣ ਆਏ, ਪਰ ਮੈਂ ਕੁਝ ਨਾ ਬੋਲਿਆ, ਕਿਉਂਕਿ ਮੈਂ ਸਮਾਜਵਾਦੀ ਨਹੀਂ ਸੀ; ਫਿਰ ਉਹ ਟਰੇਡ ਯੂਨੀਅਨ ਦੇ ਮੈਂਬਰਾਂ ਨੂੰ ਲੈਣ ਆਏ, ਪਰ ਮੈਂ ਕੁਝ ਨਾ ਬੋਲਿਆ, ਕਿਉਂਕਿ ਮੈਂ ਟਰੇਡ ਯੂਨੀਅਨ ਦਾ ਮੈਂਬਰ ਨਹੀਂ ਸੀ, ਫਿਰ ਉਹ ਯਹੂਦੀਆਂ ਨੂੰ ਲੈਣ ਆਏ, ਪਰ ਮੈਂ ਕੁਝ ਨਾ ਬੋਲਿਆ, ਕਿਉਂਕਿ ਮੈਂ ਯਹੂਦੀ ਨਹੀਂ ਸੀ; ਫਿਰ ਉਹ ਮੈਨੂੰ ਲੈਣ ਆਏ ਅਤੇ ਮੇਰੇ ਲਈ ਬੋਲਣ ਵਾਲਾ ਕੋਈ ਨਾ ਬਚਿਆ।'

ਇੰਡੀਆ ਬਲਾਕ ਵਿੱਚ ਵੱਖ-ਵੱਖ ਵਿਚਾਰਧਾਰਾਵਾਂ ਦੀਆਂ ਪਾਰਟੀਆਂ ਹਨ, ਜਿਨ੍ਹਾਂ ਵਿੱਚ ਖੇਤਰੀ ਪਾਰਟੀਆਂ ਵੀ ਹਨ। ਇਸ ਲਈ ਉਹਨਾਂ ਵਿੱਚ ਕਈ ਵਾਰ ਸੋਚਣ ਦੇ ਢੰਗ ਦੇ ਵਖਰੇਵੇਂ ਹੋਣਾ ਸੁਭਾਵਿਕ ਹੈ। ਕਈਆਂ ਦੀਆਂ ਨਿੱਜੀ ਮਹੱਤਵਕਾਂਖਿਆਵਾਂ ਵੀ ਹੁੰਦੀਆਂ ਹਨ। ਇਹਨਾਂ ਵਿੱਚੋਂ ਬਹੁਤ ਸਾਰੇ ਆਰਥਿਕ ਨੀਤੀਆਂ ਦੇ ਮਾਮਲੇ ਵਿੱਚ ਕਾਰਪੋਰੇਟ ਪੱਖੀ ਸੋਚ ਵੀ ਰੱਖਦੇ ਹਨ, ਪਰ ਇਸ ਵੇਲੇ ਸਭ ਕੁਝ ਛੱਡ ਕੇ ਬੈਠ ਕੇ ਵਿਚਾਰਾਂ ਕਰਨੀਆਂ ਪੈਣਗੀਆਂ। ਪ੍ਰਗਤੀਸ਼ੀਲ ਸ਼ਕਤੀਆਂ ਨੂੰ ਇੱਕਮੁੱਠ ਹੋ ਕੇ ਆਪਣੇ ਪ੍ਰੋਗਰਾਮ ਤਿਆਰ ਕਰਕੇ ਇੰਡੀਆ ਬਲਾਕ ਦੀਆਂ ਮੀਟਿੰਗਾਂ ਵਿੱਚ ਸਾਂਝੇ ਕਰਨੇ ਚਾਹੀਦੇ ਹਨ ਅਤੇ ਘੱਟੋ-ਘੱਟ ਸਾਂਝਾ ਪ੍ਰੋਗਰਾਮ ਤਿਆਰ ਕਰਨਾ ਚਾਹੀਦਾ ਹੈ।

ਇਹ ਲੜਾਈ ਤੇ ਸੰਘਰਸ਼ ਜਿੱਤਣਾ ਕੋਈ ਔਖਾ ਨਹੀਂ, ਪਰ ਸਹੀ ਦਿਸ਼ਾ ਨਾਲ ਮਿਹਨਤ ਕਰਨੀ ਪਏਗੀ। ਦੁਨੀਆ ਦੀ ਪਰਿਸਥਿਤੀ ਬਦਲ ਰਹੀ ਹੈ। ਕੌਮਾਂਤਰੀ ਤੌਰ 'ਤੇ ਸੱਜ-ਪਿਛਾਖੜੀਆਂ ਨੂੰ ਹਾਰਾਂ ਦਾ ਮੂੰਹ ਦੇਖਣਾ ਪੈ ਰਿਹਾ ਹੈ, ਭਾਵੇਂ ਉਨਾਂ ਕੋਲ ਅਥਾਹ ਪੈਸਾ ਤੇ ਸਰਕਾਰੀ ਤਾਕਤ ਹੈ। ਭਾਰਤ ਅੰਦਰ ਵੀ ਫਾਸ਼ੀਵਾਦੀ ਸੱਤਾ ਵਿੱਚ ਬੈਠੇ ਮੋਦੀ ਦੀ ਸਰਕਾਰ ਦਾ ਡਰ ਹੁਣ ਹਟ ਚੁੱਕਿਆ ਹੈ। ਨੌਜਵਾਨ ਪੀੜ੍ਹੀ ਦੀ ਸੋਚ ਵਿੱਚ ਕਾਫੀ ਹਾਂ-ਪੱਖੀ ਤਬਦੀਲੀਆਂ ਹੋਈਆਂ ਹਨ। ਇਹਨਾਂ ਹਾਲਾਤ ਨੂੰ ਅੱਗੇ ਲਿਜਾਣ ਦੀ ਸਖਤ ਲੋੜ ਹੈ।

 # ਸੰਪਰਕ : 94170-00360

ਯੂ ਪੀ ਆਈ ਬਾਰੇ

ਪਿਰਥੀਪਾਲ ਸਿੰਘ ਮਾੜੀਮੇਘਾ

ਨਵੇਂ ਢੰਗ ਨਾਲ ਆਪਣੇ ਮੋਬਾਇਲ ਰਾਹੀ ਕਿਸੇ ਵੀ ਸਮੇਂ ਸਿੱਧੇ ਇੱਕ ਬੈਂਕ ਖਾਤੇ 'ਚੋਂ ਦੂਜੇ ਵਿਅਕਤੀ ਜਾਂ ਫਰਮ ਦੇ ਬੈਂਕ ਖਾਤੇ ਵਿੱਚ ਪੈਸੇ ਟਰਾਂਸਫਰ ਕੀਤੇ ਜਾ ਸਕਦੇ ਹਨ। ਪੈਸੇ ਟਰਾਂਸਫਰ ਕਰਨ ਦੇ ਇਸ ਆਸਾਨ ਤਰੀਕੇ ਨੂੰ ਪੈਸੇ ਦਾ 'ਡਿਜੀਟਲ ਭੁਗਤਾਨ' ਕਿਹਾ ਜਾਂਦਾ ਹੈ। ਪੈਸੇ ਟਰਾਂਸਫਰ ਕਰਨ ਦਾ ਇਹ ਢੰਗ ਦੁਨੀਆ ਭਰ ਵਿੱਚ ਪ੍ਰਚੱਲਤ ਹੈ।

ਯੂ ਪੀ ਆਈ ਨੂੰ ਅੰਗਰੇਜ਼ੀ ਵਿੱਚ 'ਯੂਨਾਈਟਿਡ ਪੇਮੈਂਟਸ ਇੰਟਰਫੇਸ' ਅਤੇ ਪੰਜਾਬੀ ਵਿੱਚ 'ਏਕੀਕ੍ਰਿਤ ਭੁਗਤਾਨ ਪ੍ਰਣਾਲੀ' ਕਿਹਾ ਜਾਂਦਾ ਹੈ। ਹਿੰਦੁਸਤਾਨ ਵਿੱਚ ਇਸ ਪ੍ਰਣਾਲੀ ਨੂੰ 'ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ ਇੰਡੀਆ' (ਭਾਰਤੀ ਰਾਸ਼ਟਰੀ ਭੁਗਤਾਨ ਨਿਗਮ) ਦੁਆਰਾ ਵਿਕਸਤ ਕੀਤਾ ਗਿਆ ਹੈ। ਹਿੰਦੁਸਤਾਨ ਵਿੱਚ ਯੂ ਪੀ ਆਈ ਰਾਹੀਂ ਇਸ ਵੇਲੇ ਹਰ ਮਹੀਨੇ 2400 ਕਰੋੜ ਰੁਪਏ ਤੋਂ ਵਧੇਰੇ ਦਾ ਲੈਣ-ਦੇਣ ਹੋ ਰਿਹਾ ਹੈ। ਇਹ ਇਸ ਕਰਕੇ ਹੈ ਕਿ ਯੂ ਪੀ ਆਈ ਰਾਹੀਂ ਪੈਸੇ ਦੇ ਭੁਗਤਾਨ 'ਤੇ ਲਾਗਤ ਖਰਚਾ ਕੋਈ ਨਹੀਂ ਹੈ। ਹਕੀਕਤ ਵਿੱਚ ਡਿਜੀਟਲ ਭੁਗਤਾਨ 'ਤੇ ਲਾਗਤ ਖਰਚਾ ਸਿਫਰ ਹੋਣ ਕਰਕੇ ਹਿੰਦੁਸਤਾਨ ਵਿੱਚ ਵਰਤਮਾਨ ਅਰਥਚਾਰੇ ਦਾ ਘੇਰਾ ਵਧਿਆ ਹੈ।

ਗੂਗਲ ਇੱਕ ਅਮਰੀਕਾ ਦੀ ਬਹੁਰਾਸ਼ਟਰੀ ਤਕਨਾਲੋਜੀ ਕੰਪਨੀ ਹੈ। ਇਸ ਕੰਪਨੀ ਨੇ ਇੰਟਰਨੈੱਟ ਖੋਜ, ਆਕਾਸ਼ੀ ਭੰਡਾਰਨ ਇਸ ਤਕਨੀਕ ਵਿੱਚ ਤੁਹਾਡੀਆਂ ਫੋਟੋਆਂ, ਵੀਡੀਓਜ਼, ਦਸਤਾਵੇਜ਼ ਅਤੇ ਹੋਰ ਫਾਈਲਾਂ ਤੁਹਾਡੇ ਫੋਨ ਜਾਂ ਕੰਪਿਊਟਰ ਦੀ ਮੈਮੋਰੀ ਵਿੱਚ ਸੇਵ ਹੋਣ ਦੀ ਬਿਜਾਏ ਇੰਟਰਨੈੱਟ ਉੱਤੇ ਮੌਜੂਦ ਵੱਡੇ ਵੱਡੇ ਸਰਵਰਾਂ (ਸੁਰੱਖਿਅਤ ਕੰਪਿਊਟਰਾਂ) ਵਿੱਚ ਸੇਵ ਹੁੰਦੀਆਂ ਹਨ। ਗੂਗਲ ਕੰਪਨੀ ਸਟੈਨਫੋਰਡ ਯੂਨੀਵਰਸਿਟੀ ਦੇ ਦੋ ਪੀ ਐੱਚ ਡੀ ਸਿੱਖਿਅਕ 'ਲੈਰੀ ਪੇਜ' ਅਤੇ 'ਸਰਗੇ ਬ੍ਰਿਨ' ਦੁਆਰਾ 4 ਸਤੰਬਰ 1998 ਨੂੰ ਕੈਲੇਫੋਰਨੀਆ ਵਿੱਚ ਸਥਾਪਤ ਕੀਤੀ ਗਈ ਸੀ। ਇਸ ਕੰਪਨੀ ਦੇ ਪ੍ਰਧਾਨ ਸਰਗੇ ਬ੍ਰਿਨ ਅਤੇ ਮੁੱਖ ਕਾਰਜਕਾਰੀ ਅਧਿਕਾਰੀ ਲੈਰੀ ਪੇਜ ਤੇ ਸੁੰਦਰ ਪਿਚਾਈ ਹਨ। ਸ਼ੁਰੂ-ਸ਼ੁਰੂ ਵਿੱਚ ਇਸ ਕੰਪਨੀ ਨੂੰ 'ਗੂਗਲ ਗਾਏਸ' ਨਾਂਅ ਦੁਆਰਾ ਸੰਬੋਧਿਤ ਕੀਤਾ ਜਾਂਦਾ ਸੀ, ਜਿਸ ਕਰਕੇ ਇਹ ਕੰਪਨੀ ਦੁਨੀਆਂ ਭਰ ਵਿੱਚ ਗੂਗਲ ਦੇ ਨਾਮ ਨਾਲ ਪ੍ਰਸਿੱਧ ਹੋਈ ਹੈ। ਗੂਗਲ ਦੇ ਮੁਕਾਬਲੇ ਚੀਨ ਵਿੱਚ ਬਾਇਡੂ ਤੇ ਸੋਸਾ ਡਾਟ ਕਾਮ, ਰੂਸ ਵਿੱਚ ਯਾਂਡਕੇਸ, ਚੈਕ ਗਣਰਾਜ ਵਿੱਚ ਸੇਜ਼ਮਯੋਮ, ਅਮਰੀਕਾ ਦੀ ਇੱਕ ਹੋਰ ਕੰਪਨੀ ਐਮਾਜ਼ੋਨ ਅਤੇ ਕਈ ਹੋਰ ਦੇਸ਼ਾਂ ਵਿੱਚ ਡਿਜੀਟਲ ਭੁਗਤਾਨ ਕਰਨ ਵਾਲੀਆਂ ਕੰਪਨੀਆਂ ਹਨ।

ਅਮਰੀਕਾ ਦੀ ਗੂਗਲ ਅਤੇ ਐਮਾਜ਼ੋਨ ਵਰਗੀਆਂ ਵੱਡੀਆਂ ਕੰਪਨੀਆਂ ਦੇ ਮਾਲਕ ਕਾਫੀ ਸਮੇਂ ਤੋਂ ਡਿਜੀਟਲ ਪੇਮੈਂਟ ਰਾਹੀਂ ਪੈਸੇ ਲੈਣ-ਦੇਣ ਤੇ ਚਾਰਜ ਲਗਾਉਣ ਦੀ ਮੰਗ ਕਰ ਰਹੇ ਸਨ। ਇਸ ਦੇ ਮੱਦੇਨਜ਼ਰ ਹਿੰਦੁਸਤਾਨ ਦੀ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੇ ਯੂ ਪੀ ਆਈ ਰਾਹੀਂ 2000/ ਰੁਪਏ ਤੋਂ ਉੱਪਰ ਭੁਗਤਾਨ ਕਰਨ 'ਤੇ 0.4 ਫ਼ੀਸਦੀ ਮਰਚੈਂਟ ਡਿਸਕਾਊਂਟ ਰੇਟ (ਵਪਾਰੀ ਛੋਟ ਦਰ) ਲਗਾਉਣ ਦਾ ਪ੍ਰਸਤਾਵ ਰੱਖਿਆ, ਜੋ ਚਿੰਤਾਜਨਕ ਮਾਮਲਾ ਹੈ। ਇਹ ਚਾਰਜ 5000/ ਰੁਪਏ ਦਾ ਭੁਗਤਾਨ ਕਰਨ ਵਾਲੇ ਨੂੰ 20 ਰੁਪਏ, 50000/ ਰੁਪਏ ਭੁਗਤਾਨ ਕਰਨ ਵਾਲੇ ਨੂੰ 200 ਰੁਪਏ ਅਤੇ 75000/ ਰੁਪਏ ਭੁਗਤਾਨ ਕਰਨ ਵਾਲੇ ਨੂੰ 300 ਰੁਪਏ ਦੇਣਾ ਪਵੇਗਾ। ਪਹਿਲਾਂ ਕੇਂਦਰ ਸਰਕਾਰ ਦਾ ਫੈਸਲਾ ਇਹ ਸੀ ਕਿ ਯੂ ਪੀ ਆਈ ਭੁਗਤਾਨ 'ਤੇ ਚਾਰਜ 15 ਅਕਤੂਬਰ ਤੋਂ ਲਾਇਆ ਜਾਵੇਗਾ, ਪਰ ਹਾਲ ਦੀ ਘੜੀ ਸਰਕਾਰ ਨੇ ਚਾਰਜ ਲਗਾਉਣ ਦੇ ਫੈਸਲੇ ਨੂੰ ਦੀਵਾਲੀ ਤੱਕ ਟਾਲ ਦਿੱਤਾ ਹੈ। ਟਾਲਣ ਦਾ ਮਤਲਬ ਇਹ ਨਹੀਂ ਕਿ ਕੇਂਦਰ ਸਰਕਾਰ ਨੇ ਚਾਰਜ ਲਾਉਣ ਵਾਲੀ ਨੀਤੀ ਤਿਆਗ ਦਿੱਤੀ ਹੈ।

ਕੇਂਦਰ ਸਰਕਾਰ ਕਹਿ ਇਹ ਰਹੀ ਹੈ ਕਿ ਇਹ ਚਾਰਜ ਸਿਰਫ ਯੂ ਪੀ ਆਈ ਰਾਹੀਂ ਭੁਗਤਾਨ ਕਰਨ ਵਾਲੇ ਵਪਾਰੀਆਂ ਤੋਂ ਲਿਆ ਜਾਵੇਗਾ, ਖਪਤਕਾਰ ਤੋਂ ਨਹੀਂ। ਹਕੀਕਤ ਇਹ ਹੈ ਕਿ ਵਪਾਰੀ ਆਮ ਤੌਰ 'ਤੇ ਘਾਟੇ ਵਾਲਾ ਧੰਦਾ ਨਹੀਂ ਕਰਦੇ। ਵਪਾਰ ਹੁੰਦਾ ਹੀ ਮੁਨਾਫੇ ਵਾਸਤੇ ਹੈ। ਦਰਅਸਲ ਵਪਾਰੀ ਜਮਾਤ ਲੱਗੇ ਹੋਏ ਚਾਰਜ ਦਾ ਭਾਰ ਲਾਜ਼ਮੀ ਤੌਰ ਤੇ ਗਾਹਕ 'ਤੇ ਪਾਵੇਗੀ। ਜੇ ਇਹ ਚਾਰਜ ਲੱਗ ਗਿਆ ਤੇ ਇਸ ਦੀ ਲਪੇਟ ਵਿੱਚ 66 ਫੀਸਦੀ ਦੇ ਕਰੀਬ ਵਪਾਰੀ ਆਉਣਗੇ ਅਤੇ ਇਸ ਚਾਰਜ ਨਾਲ ਛੋਟੇ ਵਿਉਪਾਰੀ ਤੇ ਦੁਕਾਨਦਾਰ ਜ਼ਿਆਦਾ ਪ੍ਰਭਾਵਤ ਹੋਣਗੇ, ਕਿਉਂਕਿ ਮੁਹੱਲਿਆਂ, ਕਸਬਿਆਂ ਤੇ ਸ਼ਹਿਰਾਂ ਵਿੱਚ ਵੱਡੇ ਪੱਧਰ 'ਤੇ ਛੋਟਾ ਕਾਰੋਬਾਰੀ, ਛੋਟੇ ਵਿਉਪਾਰੀ ਜਾਂ ਦੁਕਾਨਦਾਰ ਹੀ ਰੋਜ਼ਾਨਾ ਹਜ਼ਾਰਾਂ ਰੁਪਇਆਂ ਦਾ ਯੂ ਪੀ ਆਈ ਰਾਹੀਂ ਲੈਣ-ਦੇਣ ਕਰਦੇ ਹਨ।

ਇਸ ਵੇਲੇ ਹਾਲਾਤ ਇਹ ਹਨ ਕਿ ਡਿਜੀਟਲ ਭੁਗਤਾਨ ਰਾਹੀਂ ਹਿੰਦੁਸਤਾਨ ਦੀਆਂ ਬੈਂਕਾਂ ਨੂੰ ਵੱਡੇ ਮੁਨਾਫੇ ਹੋਏ ਹਨ। ਰਿਜ਼ਰਵ ਬੈਂਕ ਆਫ ਇੰਡੀਆ ਨੇ ਆਪਣੇ ਮੁਨਾਫਿਆਂ ਵਿੱਚੋਂ 2.87 ਲੱਖ ਕਰੋੜ ਰੁਪਏ ਕੇਂਦਰ ਸਰਕਾਰ ਨੂੰ ਦਿੱਤੇ ਹਨ। ਇਸ ਤੋਂ ਇਲਾਵਾ ਨੈਸ਼ਨਲ ਪੇਮੈਂਟਸ ਕਾਰਪੋਰੇਸ਼ਨ ਆਫ ਇੰਡੀਆ ਕੋਲ ਡਿਜੀਟਲ ਕਾਰੋਬਾਰ ਦਾ ਲਾਭ 19 ਹਜ਼ਾਰ ਕਰੋੜ ਰੁਪਏ ਜਮ੍ਹਾਂ ਹੈ। ਵੱਖਰੇ ਤੌਰ 'ਤੇ 7 ਹਜ਼ਾਰ ਕਰੋੜ ਰੁਪਏ ਹੋਰ ਵੀ ਰਿਜ਼ਰਵ ਪਏ ਹਨ। ਦਰਅਸਲ ਡਿਜੀਟਲ ਪੇਮੈਂਟ ਰਾਹੀਂ ਹਿੰਦੁਸਤਾਨ ਨੂੰ ਵਸਤੂਆਂ ਅਤੇ ਸੇਵਾਵਾਂ ਦੇ ਉਤਪਾਦਨ, ਵੰਡ ਤੇ ਖਪਤ ਵਿੱਚ ਬਹੁਤ ਵੱਡਾ ਲਾਭ ਹੋਇਆ ਹੈ।

ਜਦੋਂ ਮੋਦੀ ਸਰਕਾਰ ਨੇ ਨੋਟਬੰਦੀ ਐਲਾਨ ਕੇ ਲੋਕਾਂ ਨੂੰ ਘੋਰ ਸੰਕਟ ਵਿੱਚ ਫਸਾਇਆ ਸੀ, ਉਸ ਵਕਤ ਡਿਜੀਟਲ ਭੁਗਤਾਨ ਨੇ ਹੀ ਲੋਕਾਂ ਨੂੰ ਆ ਰਹੀਆਂ ਸਮੱਸਿਆਵਾਂ ਤੋਂ ਬਚਾਇਆ ਸੀ। ਸਵਾਲ ਇਹ ਹੈ ਕਿ ਹੁਣ ਅਮਰੀਕਾ ਦੀ ਗੂਗਲ ਤੇ ਐਮਾਜ਼ੋਨ ਕੰਪਨੀ ਨੂੰ ਪੈਸੇ ਲੈਣ-ਦੇਣ 'ਤੇ ਚਾਰਜ ਲਾਉਣ ਦੀ ਕੀ ਲੋੜ ਪੈ ਗਈ। ਲਗਦਾ ਇੰਜ ਹੈ ਕਿ ਅਮਰੀਕਾ ਤੇ ਹਿੰਦੁਸਤਾਨ ਸਰਕਾਰ ਦੀ ਇਹ ਮਿਲੀ ਭੁਗਤ ਹੈ ਕਿ ਡਿਜੀਟਲ ਪੇਮੈਂਟ ਨਾਲ ਜੁੜੀਆਂ ਅਮਰੀਕਾ ਦੀਆਂ ਕੰਪਨੀਆਂ ਨੂੰ ਵੱਧ ਤੋਂ ਵੱਧ ਮੁਨਾਫਾ ਦਵਾਇਆ ਜਾਵੇ। ਜਿਸ ਤਰ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸਰਕਾਰ ਲਗਾਤਾਰ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਕਹਿਣਾ ਮੰਨਦੀ ਆ ਰਹੀ ਹੈ, ਇਸੇ ਤਰ੍ਹਾਂ ਹੁਣ ਵੀ ਡਿਜੀਟਲ ਪੇਮੈਂਟ 'ਤੇ ਚਾਰਜ ਲਾ ਕੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਅਤੇ ਅਮਰੀਕੀ ਕੰਪਨੀਆਂ ਨੂੰ ਖ਼ੁਸ਼ ਕਰੇਗੀ।

 # ਸੰਪਰਕ : 98760-78731

ਖਬਰਦਾਰ ! ਸ਼ਿਕਾਰੀ ਚੋਗਾ ਪਾਉਣ ਫਿਰ ਆ ਰਹੇ

ਨਰਭਿੰਦਰ

ਇਹ ਪਹਿਲੀ ਵਾਰ ਹੈ ਕਿ ਪੰਜਾਬ ਦੀਆਂ ਵਿਧਾਨ ਸਭਾਈ ਚੋਣਾਂ ਲਈ ਕੁਝ ਮਹੀਨੇ ਹੀ ਰਹਿੰਦੇ ਹਨ, ਪਰ ਲੋਕ ਕਿਸੇ ਵੀ ਪਾਰਟੀ ਨੂੰ ਹੁੰਗਾਰਾ ਨਹੀਂ ਦੇ ਰਹੇ। ਚੋਣ ਕਮਿਸ਼ਨ ਸ਼ਾਇਦ 15 ਦਸੰਬਰ ਤੱਕ 2027 ਦੀਆਂ ਵਿਧਾਨ ਸਭਾਈ ਚੋਣਾਂ ਦਾ ਐਲਾਨ ਕਰ ਦੇਵੇ। ਇਧਰ ਪੰਜਾਬ ਦੀਆਂ ਰਾਜਸੀ ਪਾਰਟੀਆਂ ਦੀਆਂ ਸਰਗਰਮੀਆਂ ਬੇਸ਼ੱਕ ਜ਼ੋਰ ਫੜ ਰਹੀਆਂ ਹਨ, ਪਰ ਉਹ ਇਹ ਵੀ ਜਾਣਦੇ ਹਨ ਕਿ ਇਸ ਵਾਰ ਇਕੱਲਿਆਂ ਚੋਣ ਲੜਨੀ ਖਾਲਾ ਜੀ ਦਾ ਵਾੜਾ ਨਹੀਂ। ਕੇਂਦਰੀ ਸੱਤਾ 'ਚ ਬੈਠੀ ਭਾਜਪਾ ਪਿਛਲੇ ਤਿੰਨ-ਚਾਰ ਸਾਲ ਤੋਂ ਪੱਬਾਂ ਭਾਰ ਹੋਈ ਬੈਠੀ ਸੀ ਕਿ ਉਹ ਪੰਜਾਬ ਵਿੱਚ ਇਕੱਲਿਆਂ ਚੋਣ ਲੜ ਕੇ ਸਰਕਾਰ ਬਣਾਵੇਗੀ। ਇਹ ਦਾਅਵਾ ਕਰ ਤਾਂ ਉਹ ਹੁਣ ਵੀ ਰਹੀ ਹੈ ਅਤੇ ਇਸ ਮੰਤਵ ਲਈ ਉਸ ਨੇ ਆਪਣੇ ਹੀ ਸਹਿਯੋਗੀ ਰਹੇ ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਕਮਜ਼ੋਰ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ। ਇਹ ਚਰਚਾ ਤਾਂ ਰਹੀ ਹੀ ਹੈ, ਜਿਹਨੂੰ ਹੁਣ ਪੰਜਾਬ ਦੇ ਲੋਕ ਜਾਣ ਵੀ ਚੁੱਕੇ ਹਨ ਕਿ ਅਕਾਲੀ ਦਲ ਬਾਦਲ 'ਚੋਂ ਅਲੱਗ ਬਣੇ ਧੜੇ ਨੂੰ ਭਾਜਪਾ ਦੀ ਸ਼ਹਿ ਹੀ ਹੈ। ਗਿਆਨੀ ਹਰਪ੍ਰੀਤ ਦੇ ਧੜੇ ਵਾਲੇ ਪੁਨਰ ਸੁਰਜੀਤ ਅਕਾਲੀ ਦਲ ਦੀ ਜਿਵੇਂ ਢੋਲ-ਢਮੱਕੇ ਨਾਲ ਆਮਦ ਹੋਈ ਸੀ, ਪਿਛਲੇਰੇ ਡੇਢ ਦੋ ਸਾਲਾਂ ਵਿੱਚ ਆਪਣੀ ਕੋਈ ਬੱਝਵੀਂ ਦਿੱਖ ਨਹੀਂ ਬਣਾ ਸਕਿਆ। ਗਿਆਨੀ ਹਰਪ੍ਰੀਤ ਸਿੰਘ ਸਮੇਤ ਕਿਸੇ ਕੋਲ ਵੀ ਰਾਜਨੀਤੀ 'ਚ ਦੇਣ ਲਈ ਕੁਝ ਵੀ ਨਵਾਂ ਨਹੀਂ ਸੀ ਤੇ ਨਾ ਹੀ ਉਹ ਸਮਰੱਥ ਸਨ। ਇੱਥੋਂ ਤੱਕ ਕਿ ਸਿੱਖ ਬੁੱਧੀਜੀਵੀਆਂ ਦੇ ਹਲਕਿਆਂ ਨੇ ਵੀ ਉਨ੍ਹਾ ਨੂੰ ਐਨਾ ਭਰਵਾਂ ਹੁੰਗਾਰਾ ਨਹੀਂ ਦਿੱਤਾ, ਜਿੰਨਾ ਮਿਲਣਾ ਚਾਹੀਦਾ ਸੀ। ਮਨਪ੍ਰੀਤ ਸਿੰਘ ਇਆਲੀ ਤਾਂ ਛਾਲ ਮਾਰ ਕੇ 'ਵਾਰਿਸ ਪੰਜਾਬ' ਵਾਲੇ ਗੱਡੇ 'ਤੇ ਜਾ ਬੈਠਾ।

ਪੰਜਾਬ ਦੀ ਰਾਜਨੀਤੀ ਵਿੱਚ ਪ੍ਰਮੁੱਖ ਭੂਮਿਕਾ ਨਿਭਾਉਂਦੇ ਆ ਰਹੇ 'ਅਕਾਲੀ ਦਲ' ਦਾ ਇਹ ਹਾਲ ਹੈ ਕਿ ਇਹ ਚਾਰ ਥਾਵਾਂ 'ਤੇ ਵੰਡਿਆ ਹੋਇਆ ਹੈ ਅਤੇ ਚਾਰੇ ਹੀ ਪੰਥਕ ਹੋਣ ਦਾ ਦਾਅਵਾ ਕਰਦੇ ਹਨ। ਸਿਤਮ ਦੀ ਗੱਲ ਇਹ ਹੈ ਕਿ ਲੋਕ ਹੁਣ ਪੰਥਕ ਨਹੀਂ ਰਹੇ, ਜਦੋਂ ਕਿ ਪੰਥ ਨੂੰ ਖਤਰੇ ਦੀ ਬੂਦਹਾਈ ਪਾਉਣ ਵਾਲਿਆਂ ਦੇ ਪੰਥ ਸੱਚੀਉਂ ਹੀ ਖ਼ਤਰੇ ਕੰਢੇ ਹਨ। ਸੱਤਾ ਤੋਂ ਪਿਛਲੇ ਦਸ ਸਾਲ ਦੂਰ ਰਹਿਣ ਵਾਲਿਆਂ ਲਈ ਇਸ ਵਾਰ ਵੀ ਸੱਤਾ ਦੀ ਕੁਰਸੀ ਟੀਸੀ ਦੇ ਬੇਰ ਵਾਂਗ ਲੱਗਦੀ ਹੈ। ਅਕਾਲੀ ਦਲਾਂ ਜਾਂ ਕਹੋ ਕਿ ਸਮੁੱਚੀ ਪੰਥਕ ਵੋਟ ਜੋ 2022 ਨੂੰ ਪੋਲ ਹੋਈ ਸੀ। ਬਾਦਲ ਦਲ ਦੀ 18.38 ਫੀਸਦੀ ਤੇ ਮਾਨ ਦਲ ਦੀ 2.48 ਫੀਸਦੀ ਸੀ। ਭਾਵ ਕੁੱਲ 21 ਕੁ ਫੀਸਦੀ ਵੋਟ ਹਾਸਲ ਹੋਈ। ਹੁਣ ਇਸ ਵਿੱਚ ਚਾਰ ਦਾਅਵੇਦਾਰ ਹਨ। ਅਕਾਲੀ ਦਲ ਬਾਦਲ, ਪੁਨਰ ਸੁਰਜੀਤ ਅਕਾਲੀ ਦਲ, ਵਾਰਿਸ ਪੰਜਾਬ ਦੇ ਅਤੇ ਅਕਾਲੀ ਦਲ (ਸਿਮਰਨਜੀਤ ਮਾਨ)। ਮਜੀਠੀਆ ਤੇ ਸੁਖਬੀਰ ਦਾਅਵਾ ਕਰ ਰਹੇ ਹਨ ਅਤੇ ਉਮੀਦਵਾਰਾਂ ਦਾ ਐਲਾਨ ਵੀ ਕਰੀ ਜਾ ਰਹੇ ਹਨ, ਪਰ ਅੰਦਰਲੀ ਹਕੀਕਤ ਜਾਣਦੇ ਹਨ ਕਿ ਇਕੱਲਿਆਂ ਹੱਥ-ਪੱਲੇ ਕੁਝ ਨਹੀਂ ਪੈਣਾ। ਪੁਨਰ ਸੁਰਜੀਤ ਅਕਾਲੀ ਦਲ ਦੀ ਝੋਲੀ ਵਿੱਚ ਵੀ ਬਾਸੇ ਹੋਏ ਦਾਣੇ ਹਨ। ਹਾਂ ਅਕਾਲੀ ਦਲ ਵਾਰਿਸ ਪੰਜਾਬ ਦੇ ਜਿਹੜੇ 2024 'ਚ ਲੋਕ ਸਭਾ ਚੋਣਾਂ ਦੌਰਾਨ 5.21 ਫ਼ੀਸਦੀ ਵੋਟ ਲੈ ਗਏ ਸਨ। ਇਸ ਵਾਰ ਸਾਰੀਆਂ ਵਿਧਾਨ ਸਭਾ ਸੀਟਾਂ 'ਤੇ ਲੜਨਾ ਲੋਚਦੇ ਹਨ, ਜਿਨ੍ਹਾਂ ਦਾ ਲੜ ਇਆਲੀ ਨੇ ਫੜਿਆ ਹੈ ਤੇ ਕੁਝ ਹਲਕਿਆਂ ਵਿੱਚ ਇਹ ਸਰਗਰਮ ਵੀ ਹਨ, ਪਰ ਇਸ ਦੇ ਆਲੇ-ਦੁਆਲੇ ਵੀ ਜਜ਼ਬਾਤੀ ਨੌਜਵਾਨ ਹੀ ਜ਼ਿਆਦਾ ਹਨ। ਉਂਝ ਇਨ੍ਹਾਂ ਸਾਰਿਆਂ ਨੂੰ ਸੰਘ ਹੀ ਨਚਾ ਰਿਹਾ ਹੈ।

ਭਾਜਪਾ ਖੁਦ ਜਾਣ ਚੁੱਕੀ ਹੈ ਕਿ ਉਹਨੂੰ ਅਜੋਕੀ ਹਾਲਤ ਵਿੱਚ ਸਰਕਾਰ ਬਣਾਉਣ ਲਈ ਓਨੀਆਂ ਸੀਟਾਂ ਨਹੀਂ ਮਿਲਣੀਆਂ, ਜਿਸ ਦੀ ਆਸ ਉਹ ਲਾਈ ਬੈਠੀ ਸੀ ਤੇ ਜਿਸ ਲਈ ਉਹਨੇ ਕਈ ਖੇਡਾਂ ਖੇਡੀਆਂ ਤੇ ਪਾਪੜ ਵੇਲੇ। ਇਹੋ ਕਾਰਨ ਕਿ ਅੰਦਰਖਾਤੇ ਭਾਜਪਾ ਦੀ ਬਾਦਲ ਦਲ ਤੇ ਪੁਨਰ ਸੁਰਜੀਤੀ ਦਲ ਨਾਲ ਸੀਟਾਂ ਦੀ ਵੰਡ ਸੰਬੰਧੀ ਗੱਲਬਾਤ ਚੱਲ ਰਹੀ ਹੈ।

ਇਸੇ ਦੌਰਾਨ ਹੀ ਬਹਿਰੀਨ ਵਾਲੀ ਬੀਬੀ ਨੇ ਫਾਨਾ ਠੋਕ ਦਿੱਤਾ ਤੇ ਅਮਰਜੀਤ ਸਿੰਘ ਚਾਵਲਾ, ਬਹਿਰੀਨ ਵਾਲੀ ਬੀਬੀ ਤੇ ਵਲਟੋਹੇ ਦੀ ਕੁੱਕੜ ਖੇਹ ਨੇ ਦੋਹਾਂ ਅਕਾਲੀ ਦਲਾਂ ਦਰਮਿਆਨ ਇਕ ਵਾਰ ਫਿਰ ਮਹੌਲ ਅਸ਼ਾਂਤ ਕਰ ਦਿੱਤਾ। ਬੀਬੀ ਦਾ ਦਾਅਵਾ ਕਿ ਉਹਨੂੰ ਗਿਆਨੀ ਹਰਪ੍ਰੀਤ ਸਿੰਘ ਦੇ ਅਕਸ ਖਰਾਬ ਕਰਨ ਲਈ ਬੁਲਾਇਆ ਗਿਆ ਸੀ ਤੇ ਟਿਕਟਾਂ ਵਲਟੋਹੇ ਨੇ ਭੇਜੀਆਂ ਸਨ। ਵਿਰਸਾ ਸਿੰਘ ਵਲਟੋਹਾ। ਖੈਰ ਇਸ ਨਿਰਵਸਤਰ ਨਾਚ ਵਿੱਚ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਤੇ ਉਹਦੇ ਪ੍ਰਧਾਨ ਵੀ ਸ਼ਾਮਲ ਹੋ ਗਏ। ਜੋ ਕੁਝ ਆਨੰਦਪੁਰ ਸਾਹਿਬ 'ਚ ਵਾਪਰਿਆ ਤੇ ਜਿਵੇਂ ਬਹਿਰੀਨ ਵਾਲੀ ਬੀਬੀ ਦੀ ਖਾਤਰਦਾਰੀ ਲਈ ਗੁਰੂ ਦੀ ਗੋਲਕ ਦੇ ਮੂੰਹ ਖੁੱਲ੍ਹੇ, ਸਿੱਖ ਕੀ, ਨਾਸਤਿਕ ਲੋਕਾਂ ਨੂੰ ਇਹ ਸਾਂਝਾ ਕਰਦਿਆਂ ਸ਼ਰਮ ਆਉਂਦੀ ਹੈ। ਕਾਰਪੋਰੇਟੀ ਕੁਰੱਪਟ ਪੂੰਜੀ ਦੇ ਦੌਰ 'ਚ ਧਰਮ ਤੇ ਧਾਰਮਿਕ ਸੰਸਥਾਵਾਂ ਦਾ ਇਹੀ ਹਸ਼ਰ ਹੋਣਾ ਸੀ। ਜਦੋਂ ਸੱਤਾ ਤੇ ਧਰਮ ਦੀ ਸੱਤਾ ਆਯਾਸ਼ ਲੋਕਾਂ ਦੇ ਹੱਥ ਆ ਜਾਵੇ।

ਭਾਜਪਾ ਲਈ ਪੰਜਾਬ ਦੀ ਸੱਤਾ ਲਈ ਇਹ ਜ਼ਰੂਰੀ ਹੈ, ਕਿਉਂਕਿ ਭਾਜਪਾ ਜਾਣਦੀ ਹੈ ਕਿ ਜਿਹੋ ਜਿਹੀ ਆਰਥਿਕਤਾ ਦੀ ਤਬਾਹੀ ਦਾ ਦੌਰ ਉਸ ਨੇ ਸਿਰਜਿਆ ਹੈ ਅਤੇ ਜਿਸ ਵਿਰੁੱਧ ਲੋਕਾਂ ਦਾ ਗੁੱਸਾ ਵੀ ਵੱਖ-ਵੱਖ ਸ਼ਕਲਾਂ ਵਿੱਚ ਫੁੱਟ ਰਿਹਾ ਹੈ, ਉਹਦੇ ਲਈ ਇਕੱਲਿਆਂ ਇਹ ਸੰਭਵ ਨਹੀਂ ਤੇ ਦੂਸਰਾ ਭਾਰਤ ਨੂੰ ਕਾਂਗਰਸ ਮੁਕਤ ਕਰਨ ਦਾ ਟੀਚਾ ਪੂਰਾ ਕਰਨ ਲਈ ਵੀ ਪੰਜਾਬ 'ਚੋਂ ਕਾਂਗਰਸ ਦਾ ਸਫਾਇਆ ਜ਼ਰੂਰੀ ਹੈ। ਭਾਜਪਾ ਨੇ ਅਖੀਰਲੇ ਦਿਨਾਂ 'ਚ ਇਕ ਹੋਰ ਹਥਿਆਰ ਵਰਤਿਆ ਹੈ, 'ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਨਾਹਰਾ ਦੇ ਕੇ।' ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟੇ ਦਾ ਕਤਲ ਉਹਦੇ ਲਈ ਵਰਦਾਨ ਬਣ ਕੇ ਬਹੁੜਿਆ ਹੈ ਅਤੇ ਬੀਤੇ ਦਿਨੀਂ ਗ੍ਰਹਿ ਮੰਤਰੀ ਅਮਿਤ ਸ਼ਾਹ ਜਿਹਦੇ ਹੱਥ ਸਿੱਧੇ ਤੌਰ 'ਤੇ ਪੰਜਾਬ ਦੀਆਂ ਚੋਣਾਂ ਦੀ ਕਮਾਂਡ ਹੈ, ਨੇ ਨਸ਼ਿਆਂ ਨਾਲ ਸੰਬੰਧਤ ਤਿੰਨ ਘਟਨਾਵਾਂ ਸੰਗਰੂਰ ਵਿੱਚ ਤੂਰ ਬਨਜਾਰਾ, ਗੁਰਦਾਸਪੁਰ ਵਿੱਚ ਗੁਲਜ਼ਾਰ ਸਿੰਘ ਦਾ ਕੇਸ ਤੇ ਮਾਨਸਾ 'ਚ ਪਰਵਿੰਦਰ ਸਿੰਘ ਝੋਟੇ ਦੇ ਪਰਵਾਰ ਨਾਲ ਮਿਲਣ ਦਾ ਨਾਟਕ ਕਰਦਿਆਂ 31 ਦਸੰਬਰ 2029 ਤੱਕ ਨਸ਼ਾ ਮੁਕਤ ਪੰਜਾਬ ਸਿਰਜਣ ਦਾ ਦਾਅਵਾ ਕਰ ਮਾਰਿਆ ਹੈ। ਹਾਲਾਂਕਿ ਭਾਜਪਾ ਨੂੰ 2022 ਦੀਆਂ ਚੋਣਾਂ ਵਿੱਚ 7.73 ਫ਼ੀਸਦੀ ਵੋਟ ਹੀ ਮਿਲੇ ਸਨ ਤੇ 2024 ਦੀਆਂ ਚੋਣਾਂ ਵਿੱਚ 18.56 ਫੀਸਦੀ ਵੋਟ ਹਾਸਲ ਕਰ ਗਈ ਸੀ। ਇਸ ਵਾਰ ਹਰ ਪਾਰਟੀ 'ਚ ਭੰਨ-ਤੋੜ ਕਰਵਾ ਕੇ ਵੀ ਜਿਹੜਾ ਭਾਨੂਮਤੀ ਦਾ ਕੁਨਬਾ ਬਣਾਇਆ ਹੈ, ਇਥੋਂ ਤੱਕ ਪਹੁੰਚਣ ਦੇ ਸਮਰਥ ਨਹੀਂ ਲੱਗਦਾ। ਇਸੇ ਕਾਰਨ ਉਹ ਇਨ੍ਹਾਂ ਅਕਾਲੀ ਦਲਾਂ ਨਾਲ ਕਿਸੇ ਤਰ੍ਹਾਂ ਵੀ ਪੈਠ ਜਮਾਉਣ ਲਈ ਰਾਹ ਲੱਭ ਰਹੀ ਹੈ। ਮਾਨਸਾ ਵਾਲਾ ਪਰਵਿੰਦਰ ਸਿੰਘ ਝੋਟੇ ਦੇ ਕਤਲ ਦਾ ਕੇਸ ਵੀ ਉਹਦੇ ਲਈ ਵਰਦਾਨ ਸਾਬਤ ਹੋਣ ਵਾਲਾ ਨਹੀਂ। ਸੋ ਕਾਂਗਰਸ ਮੁਕਤ ਭਾਰਤ ਲਈ ਉਹ ਹਰ ਚਾਲ ਚੱਲ ਸਕਦੀ ਹੈ।

ਭਾਜਪਾ ਨੇ ਈ ਡੀ ਤੇ ਸੀ ਬੀ ਆਈ ਨਾਲ ਪੰਜਾਬ ਵਿੱਚ ਪ੍ਰਵੇਸ਼ ਕਰਦਿਆਂ ਆਪ ਨੂੰ ਰੱਸਾ ਪਾਉਣ ਦੀ ਜੋ ਇਹ ਖੇਡ ਖੇਡੀ ਹੈ, ਵੀ ਉਹਦੇ ਵੋਟ ਫ਼ੀਸਦੀ 'ਚ ਤਾਂ ਵਾਧਾ ਨਹੀਂ ਕਰੇਗੀ, ਹਾਂ ਕੁਝ ਡਰਾ ਧਮਕਾ ਕੇ ਆਪ ਦੇ ਹਿੱਸਿਆਂ ਨੂੰ ਆਪਣੇ ਹਿੱਤ ਲਈ ਖ਼ਰੀਦ ਜ਼ਰੂਰ ਲਵੇਗੀ।

ਜਿੱਥੋਂ ਤੱਕ ਸੀ ਪੀ ਆਈ, ਸੀ ਪੀ ਐੱਮ, ਸੀ ਪੀ ਆਈ ਐੱਮ ਐੱਲ ਤੇ ਹੋਰ ਖੱਬੇ ਪੱਖੀਆਂ ਦਾ ਸੁਆਲ ਹੈ, ਉਨ੍ਹਾਂ ਵੱਲੋਂ ਕਿਸਾਨਾਂ ਤੇ ਹੋਰ ਵਰਗਾਂ ਜਾਂ ਜਮਹੂਰੀ ਮਾਮਲਿਆਂ ਉਤੇ ਲੜੇ ਸ਼ਾਨਦਾਰ ਘੋਲਾਂ ਦੇ ਬਾਵਜੂਦ ਸਾਰਿਆਂ ਦੀ ਕੁੱਲ ਮਿਲਾ ਕੇ ਇੱਕ ਫ਼ੀਸਦੀ ਵੋਟ ਬੈਂਕ ਵੀ ਨਹੀਂ ਬਣਦਾ। ਸੋ ਉਨ੍ਹਾਂ ਦਾ ਇਧਰ ਜਾਂ ਉੱਧਰ ਭੁਗਤਨਾ ਲਾਜ਼ਮੀ ਹੈ।

ਜਿਥੋਂ ਤੱਕ ਪੰਜਾਬ ਦੀ ਮੁੱਖ ਪਾਰਟੀ ਕਾਂਗਰਸ ਦਾ ਸੁਆਲ ਹੈ। ਪਿਛਲੇ ਲੰਬੇ ਸਮੇਂ ਤੋਂ ਇਨ੍ਹਾਂ ਦੇ ਅੰਦਰਲਾ ਕਾਟੋਕਲੇਸ਼ ਕਦੇ ਮੁੱਕਿਆ ਨਹੀਂ ਤੇ ਨਾ ਹੀ ਮੁੱਕਣ ਵਾਲਾ ਹੈ। ਕਿਸੇ ਸਮੇਂ ਦੇਸ਼ ਭਗਤੀ ਦੀ ਦਿੱਖ ਬਣਾ ਕੇ ਵੋਟ ਹਾਸਲ ਕਰਨ ਵਾਲੀ ਇਹ ਪਾਰਟੀ ਹੋਰ ਤਾਂ ਹੋਰ ਧਰਮ ਨਿਰਪੱਖ ਵਿਚਾਰਧਾਰਾ ਤੋਂ ਵੀ ਕਾਫ਼ੀ ਦੂਰ ਹੋ ਚੁੱਕੀ ਹੈ। ਆਪਣੀ ਹੀ ਵਿਚਾਰਧਾਰਾ ਦਾ ਲੜ ਛੱਡਣ ਪਿੱਛੋਂ ਇਹ ਕਾਰਪੋਰੇਟ ਪੂੰਜੀ ਦੇ ਕਲਚਰ ਵਿੱਚ ਗ੍ਰਸੀ ਗਈ ਤੇ ਇਸੇ ਦੇ ਰਾਜ ਦੌਰਾਨ ਸੱਤਾ ਦੀ ਕੁਰਸੀ ਨਾਲ ਪੂੰਜੀ ਇਕੱਠੀ ਕਰਨ ਦਾ ਜੋ ਸ਼ੁੱਭ ਆਰੰਭ ਹੋਇਆ, ਉਸ ਨੇ ਰਾਜਨੀਤੀ ਦਾ ਕਲਚਰ ਹੀ ਬਣਾ ਦਿੱਤਾ। 70ਵਿਆਂ ਤੋਂ ਪਿੱਛੋਂ ਇਸ ਕੋਲ ਕੋਈ ਵੀ ਕੱਦਵਾਰ ਤੇ ਸੁਲਝਿਆ ਆਗੂ ਨਹੀਂ ਸੀ। ਅਮਰਿੰਦਰ ਸਿੰਘ ਰਾਜਾ ਸੀ ਤੇ ਇਹੋ ਉਹਦੀ ਖਾਸੀਅਤ ਸੀ। ਉਹ ਰਾਜਿਆਂ ਵਾਂਗੂੰ ਹੀ ਪਾਰਟੀ ਚਲਾਉਂਦਾ ਰਿਹਾ। ਜਿੰਨੀ ਦੇਰ ਕੇਂਦਰ 'ਚ ਕਾਂਗਰਸ ਦੀ ਸੱਤਾ ਰਹੀ, ਉਹਦੇ ਨਾਲ ਸੀ, ਸੱਤਾ 'ਚ ਭਾਜਪਾ ਆਈ ਤਾਂ ਉਹਨੇ ਵੀ ਖਾਕੀ ਨਿੱਕਰ ਪਾ ਲਈ। ਪਹਿਲਾਂ ਲੁਕਵੇਂ ਰੂਪ ਵਿੱਚ, ਫੇਰ ਪ੍ਰਤੱਖ ਤੌਰ 'ਤੇ ਸ਼ਾਮਲ ਹੋ ਗਿਆ। ਬਾਕੀ ਸਾਰੀ ਟੀਮ ਜਿਸ 'ਚ ਸੁਖਜਿੰਦਰ 'ਚ ਰੰਧਾਵਾ, ਪ੍ਰਤਾਪ ਸਿੰਘ ਬਾਜਵਾ ਤੇ ਅਜਿਹੇ ਹੋਰ ਜਗੀਰੂ ਮਾਨਸਿਕਤਾ ਵਾਲੇ ਸਰਮਾਏਦਾਰ ਟਰਾਂਸਪੋਰਟਰ ਹਨ। ਪੁਰਾਣੇ ਕਾਂਗਰਸੀਆਂ ਦਾ ਵੱਡਾ ਹਿੱਸਾ ਛਾਲਾਂ ਮਾਰ ਕੇ ਭਾਜਪਾ ਦੀ ਬੇੜੀ 'ਚ ਸੁਆਰ ਹੋ ਗਿਆ ਤਾਂ ਚਰਨਜੀਤ ਚੰਨੀ ਦਾ ਚਿਹਰਾ ਲੈ ਕੇ ਆਏ, ਪਰ ਬੱਕਰੀਆਂ ਚੋਣ ਦਾ ਖੇਖਣ ਕਰਨ ਪਿੱਛੋਂ ਵੀ ਉਹ ਪੰਜਾਬ ਕਾਂਗਰਸ ਨੂੰ ਇਕਜੁੱਟ ਕਰਨ 'ਚ ਅਸਫ਼ਲ ਰਿਹਾ। ਕਾਟੋ-ਕਲੇਸ਼ ਦੂਰ ਕਰਨ ਲਈ ਰਾਜਾ ਵੜਿੰਗ ਅੱਗੇ ਕੀਤਾ ਤਾਂ ਉਹ ਵੀ ਪੂਰੀ ਪਾਰਟੀ 'ਤੇ ਪਕੜ ਨਾ ਬਣਾ ਸਕਿਆ। ਲੀਡਰਸ਼ਿਪ ਵਿਹੂਣੀ ਪਾਰਟੀ 2022 ਵਿੱਚ ਵੀ ਲੱਗਭੱਗ 23 ਫੀਸਦੀ ਵੋਟ ਲੈ ਗਈ ਸੀ ਅਤੇ ਲੋਕ ਸਭਾ 2024 ਦੀਆਂ ਚੋਣਾਂ ਵਿੱਚ 26.30 ਫ਼ੀਸਦੀ, ਜਦੋਂ ਕਿ ਸੱਤਾਧਾਰੀ ਆਪ ਨੂੰ ਸਿਰਫ਼ 26.02 ਫ਼ੀਸਦੀ ਵੋਟਾਂ ਹੀ ਮਿਲੀਆਂ ਸਨ। ਕਾਂਗਰਸ ਦੀ ਕੇਂਦਰੀ ਲੀਡਰਸ਼ਿਪ ਨੂੰ ਆਸ ਹੈ ਕਿ ਉਹ ਦੇਸ਼ ਦੇ ਹੋਰਨਾਂ ਹਿੱਸਿਆਂ 'ਚ ਜਿੱਥੇ ਆਪਣੀ ਹੋਂਦ ਗੁਆ ਚੁੱਕੀ ਹੈ, ਪੰਜਾਬ 'ਚ ਸ਼ਾਇਦ ਇੱਜ਼ਤ ਬਚੀ ਰਹੇ, ਪਰ ਪੰਜਾਬ ਦੀ ਲੀਡਰਸ਼ਿਪ ਤਾਂ ਇਸ ਦੇ ਯੋਗ ਹੀ ਨਹੀਂ। ਪਿਛਲੇ ਮਹੀਨਿਆਂ ਦੇ ਚੱਲ ਰਹੇ ਆਪਸੀ ਕਾਟੋ-ਕਲੇਸ਼ ਵਿੱਚ ਇਕ ਵਾਰ ਫੇਰ ਕੇਂਦਰੀ ਲੀਡਰਸ਼ਿਪ ਨੇ ਲੀਡਰਸ਼ਿਪ ਤਬਦੀਲ ਕੀਤੀ ਹੈ। ਇਸ ਵਾਰ ਕਮਾਨ ਸੰਭਾਲੀ ਹੈ। ਹਾਕੀ ਖਿਡਾਰੀ ਪਰਗਟ ਸਿੰਘ ਨੂੰ। ਬੇਸ਼ੱਕ ਉਹ ਜਲੰਧਰ ਤੋਂ ਲਗਾਤਾਰ ਤਿੰਨ ਵਾਰੀ ਜਿੱਤਿਆ ਹੈ, ਪਰ ਉਸ ਦਾ ਪਾਰਟੀ ਅੰਦਰ ਆਪਣਾ ਕੋਈ ਧੜਾ ਨਹੀਂ ਤੇ ਕਾਂਗਰਸ ਅੰਦਰ ਧੜਿਆਂ ਦੀ ਪੁੱਗਤ ਹੈ।

ਨਵੇਂ ਬਣੇ ਕਾਂਗਰਸ ਪ੍ਰਧਾਨ ਪ੍ਰਗਟ ਸਿੰਘ ਨੇ ਇਹ ਕਹਿਣਾ ਤਾਂ ਸ਼ੁਰੂ ਕਰ ਦਿੱਤਾ ਹੈ ਕਿ ਉਹ ਮੁੱਖ ਮੰਤਰੀ ਦੀ ਕੁਰਸੀ ਦਾ ਦਾਅਵੇਦਾਰ ਨਹੀਂ ਤੇ ਨਾਲ ਹੀ ਸਾਰੇ ਧੜਿਆਂ ਨੂੰ ਨਾਲ ਲੈ ਕੇ ਚੱਲਣ ਦੀ ਰਣਨੀਤੀ ਘੜੀ ਹੈ। ਇਹ ਕਿੰਨਾ ਕੁ ਕਾਮਯਾਬ ਹੁੰਦੀ ਹੈ, ਸਮਾਂ ਹੀ ਦੱਸੇਗਾ। ਉਹਨੇ ਤਾਂ ਪੰਜਾਬ ਦੇ ਪ੍ਰੋਫ਼ੈਸਰਾਂ, ਬੁੱਧੀਜੀਵੀਆਂ ਨੂੰ ਵੀ ਜੋੜਨ ਦੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ। 2022 ਵਿੱਚ ਕਾਂਗਰਸ ਦੀ ਹਾਰ ਦਾ ਕਾਰਨ ਆਪਸੀ ਕਾਟੋ-ਕਲੇਸ਼ ਵੀ ਦੱਸਿਆ ਜਾਂਦਾ ਸੀ। ਹਾਲਾਂਕਿ ਹਕੀਕਤ ਇਹ ਕਿ ਉਸ ਸਮੇਂ ਕਿਸਾਨ ਸੰਘਰਸ਼ ਤੋਂ ਪਿੱਛੋਂ ਮਹੌਲ ਹੀ ਹੋਰ ਸੀ। ਬੇਸ਼ੱਕ ਇਸ ਸਮੇਂ ਸਾਂਝੇ ਸਮਾਜ ਮੋਰਚੇ ਨੇ ਰਾਜੇਵਾਲ ਦੀ ਅਗਵਾਈ 'ਚ 117 ਸੀਟਾਂ 'ਤੇ ਚੋਣ ਲੜੀ ਸੀ, ਪਰ ਨੇਤਾ ਸਮੇਤ ਸਾਰੇ ਹੀ ਹਾਰ ਗਏ ਸਨ ਤੇ ਵੋਟ ਬੈਂਕ ਵੀ ਕੋਈ ਜ਼ਿਆਦਾ ਨਹੀਂ ਸੀ। ਕਾਂਗਰਸ ਦਾ ਸੁਖਪਾਲ ਸਿੰਘ ਖਹਿਰਾ ਇਕੱਲਿਆਂ ਹੀ ਵਿਅਕਤੀਗਤ ਤੌਰ 'ਤੇ ਮੁੱਦੇ ਚੁੱਕਦਾ ਤੇ ਆਵਾਜ਼ ਉਠਾਉਂਦਾ ਰਹਿੰਦਾ ਹੈ, ਪਰ ਪੰਜਾਬ ਦੇ ਲੋਕ ਉਹਨੂੰ ਗੰਭੀਰਤਾ ਨਾਲ ਲੈਂਦੇ ਹੀ ਨਹੀਂ।

ਵੱਡੀ ਗੱਲ ਇਹ ਕਿ ਇਨ੍ਹਾਂ ਸਾਰੀਆਂ ਪਾਰਟੀਆਂ ਵੱਲੋਂ 2027 ਦੀਆਂ ਚੋਣਾਂ ਲਈ ਕਮਰਕੱਸੇ ਕੀਤੇ ਜਾ ਰਹੇ ਹਨ, ਪਰ ਅੱਜ ਤੱਕ ਪੰਜਾਬ ਦੇ ਬੁਨਿਆਦੀ ਮੁੱਦਿਆਂ 'ਤੇ ਕਿਸੇ ਵੀ ਪਾਰਟੀ ਨੇ ਕੋਈ ਵੀ ਪ੍ਰੋਗਰਾਮ ਨਹੀਂ ਦਿੱਤਾ। ਕਿਸਾਨੀ ਕਾਰਪੋਰੇਟ ਪੂੰਜੀ ਦੇ ਜਬਾੜ੍ਹੇ ਵਿੱਚ ਹੈ ਤੇ ਤਬਾਹੀ ਦੀ ਕਗਾਰ 'ਤੇ ਹੈ, ਖ਼ੁਦ ਖੇਤੀ ਖੇਤਰ ਪਾਣੀ, ਖਾਦਾਂ ਤੇ ਖੁੱਲ੍ਹੀ ਮੰਡੀ ਦੀ ਗ੍ਰਿਫ਼ਤ ਦੇ ਸੰਕਟ ਵਿੱਚ ਛਟਪਟਾ ਰਿਹਾ ਹੈ। ਪੇਂਡੂ ਤੇ ਸ਼ਹਿਰੀ ਖੇਤਰ ਵਿੱਚ ਰੋਜ਼ਗਾਰ ਦੀ ਭਿਆਨਕ ਪੱਧਰ ਦੀ ਘਾਟ ਤੇ ਬੇਰੁਜ਼ਗਾਰੀ ਹੈ। ਸਰਕਾਰੀ ਸਕੂਲਾਂ ਦੀ ਵਿੱਦਿਆ ਵੀ ਆਮ ਗਰੀਬ ਲੋਕਾਂ ਤੋਂ ਖੋਹੀ ਜਾ ਰਹੀ ਹੈ। ਸਕੂਲ ਦੀਆਂ ਬਿਲਡਿੰਗਾਂ ਤਾਂ ਲਿਸ਼ਕਾ ਦਿੱਤੀਆਂ ਹਨ, ਪਰ ਅਧਿਆਪਕ ਹੈ ਹੀ ਨਹੀਂ। ਇਹੋ ਹਾਲ ਸਿਹਤ ਖੇਤਰ ਦਾ ਹੈ। ਰਾਜਾਂ ਦੇ ਸਵੈ ਅਧਿਕਾਰਾਂ ਦੀ ਲੜਾਈ ਜਿਸ ਦਾ ਕਦੀ ਪੰਜਾਬ ਝੰਡਾ-ਬਰਦਾਰ ਹੁੰਦਾ ਸੀ, ਅੱਜ ਖੁਦ ਕੇਂਦਰੀਕਰਨ ਦੀ ਗ੍ਰਿਫ਼ਤ ਵਿੱਚ ਫਸ ਚੁੱਕਾ ਹੈ। ਇਸ 'ਚੋਂ ਨਿਕਲਣ ਦਾ ਕਿਸੇ ਪਾਰਟੀ ਕੋਲ ਕੋਈ ਨਾ ਪ੍ਰੋਗਰਾਮ ਹੈ, ਨਾ ਬਦਲ। ਨਾ ਹੀ ਕੋਈ ਪਾਰਟੀ ਇਨ੍ਹਾਂ ਮੁੱਦਿਆਂ ਨੂੰ ਉਛਾਲ ਰਹੀ ਹੈ। ਸਭ ਦੀ ਇਕ ਹੀ ਰੱਟ ਹੈ 'ਨਸ਼ਾ ਮੁਕਤ ਪੰਜਾਬ', ਪਰ ਕੌਣ ਕਰੇਗਾ ਨਸ਼ਾ ਮੁਕਤ ਕੀ ਅਕਾਲੀ ਜਾਂ ਭਾਜਪਾ, ਜਿਨ੍ਹਾਂ ਦੀ ਸਾਂਝੀ ਸਰਕਾਰ ਵੇਲੇ ਨਸ਼ੇ ਦੇ ਕਾਰੋਬਾਰ ਸ਼ੁਰੂ ਹੋਏ ? ਕੀ ਕਾਂਗਰਸ ਜਿਹਦਾ ਸਾਬਕਾ ਮੁੱਖ ਮੰਤਰੀ ਗੁਟਕਾ ਸਾਹਿਬ ਦੀ ਸਹੁੰ ਖਾ ਕੇ ਲੰਬੀ ਨੀਂਦ ਸੌਂ ਗਿਆ, ਕੀ ਆਪ ਵਾਲੇ ਜਿਨ੍ਹਾਂ ਦੇ ਰਾਜ 'ਚ ਇਹ ਪੂਰਾ ਰਾਜਸੀ ਢਾਂਚਾ ਪੁਲਸ ਮਾਫ਼ੀਆ ਵਿੱਚ ਬਦਲ ਗਿਆ। ਕਹਿਣ ਨੂੰ ਤਾਂ ਵਾਰਿਸ ਪੰਜਾਬ ਵਾਲੇ ਵੀ ਇਹੋ ਦਾਅਵਾ ਕਰਦੇ ਹਨ, ਪਰ ਉਨ੍ਹਾਂ ਕੋਲ ਵੀ ਜੋਸ਼ ਹੀ ਜੋਸ਼ ਹੈ, ਹੋਸ਼ ਨਹੀਂ।

ਅਜਿਹੀ ਹਾਲਤ ਵਿੱਚ ਪੰਜਾਬ ਦੇ ਲੋਕਾਂ ਕੋਲ ਇੱਕ ਹੀ ਰਾਹ ਬਚਦਾ ਹੈ। ਆਪਣੀ ਤਾਕਤ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਨੂੰ ਇਸ ਤ੍ਰਾਸਦਿਕ ਹਾਲਤ ਵਿੱਚੋਂ ਬਚਾਉਣ ਲਈ ਆਪਣੇ ਜਮਾਤੀ ਤਬਾਕਾਤੀ ਸੰਘਰਸ਼ਾਂ ਨੂੰ ਤੇਜ਼ ਕਰਨ, ਆਪਣੀ ਜਥੇਬੰਦਕ ਤਾਕਤ ਹੋਰ ਵਿਸ਼ਾਲ ਕਰਨ, ਲੋਕਾਂ ਦੇ ਏਕੇ ਤੇ ਸੰਘਰਸ਼ ਦੀ ਤਾਕਤ ਹੀ ਉਨ੍ਹਾਂ ਨੂੰ ਇਸ ਗੁਰਬਤ ਵਾਲੀ ਜ਼ਿੰਦਗੀ ਤੋਂ ਛੁਟਕਾਰਾ ਦੁਆ ਸਕਦੀ ਹੈ। ਸੱਤਾ 'ਤੇ ਬੈਠਣ ਵਾਲੇ ਕਿਸੇ ਵੀ ਰੰਗ ਦੇ ਹੋਣ, ਕੋਈ ਵੀ ਮਖੌਟੇ ਪਾ ਲੈਣ, ਉਨ੍ਹਾ ਸੇਵਾ ਕਾਰਪੋਰੇਟਾਂ ਦੀ ਕਰਨੀ ਹੈ। ਲੋਕਾਂ ਲਈ ਤਾਂ ਰਾਜ ਨੂੰ ਹੋਰ ਜਾਬਰ ਬਣਾਉਣ ਦਾ ਧੰਦਾ ਹੀ ਇਹ ਕਰਨਗੇ।

 # ਸੰਪਰਕ : 93544-30211

ਆਈ ਟੀ ਆਈ ਚੌਂਕ ਦਾ ਨਾਂਅ 'ਭਗਵਾਨ ਵਿਸ਼ਕਰਮਾ ਚੌਂਕ' ਰੱਖਿਆ

- ਇੱਕ ਹਫ਼ਤੇ ਅੰਦਰ ਲੋਕਾਂ ਨੂੰ ਕੀਤਾ ਜਾਵੇਗਾ ਸਮਰਪਤ : ਅਮਨ ਅਰੋੜਾ
- ਵਿਸ਼ਕਰਮਾ ਦਿਵਸ ਮੌਕੇ ਪਿਛਲੇ ਸਾਲ ਇਲਾਕਾ ਵਾਸੀਆਂ ਨਾਲ ਕੀਤਾ ਵਾਅਦਾ ਨਿਭਾਇਆ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵਿਸ਼ਕਰਮਾ ਦਿਵਸ ਮੌਕੇ ਐਲਾਨ ਕੀਤਾ ਕਿ ਸੁਨਾਮ ਦੇ



ਆਈ.ਟੀ.ਆਈ. ਚੌਂਕ ਦਾ ਨਾਂ ਭਗਵਾਨ ਵਿਸ਼ਕਰਮਾ ਜੀ ਦੇ ਨਾਂ 'ਤੇ 'ਭਗਵਾਨ ਵਿਸ਼ਕਰਮਾ ਚੌਂਕ' ਰੱਖਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਚੌਂਕ ਦੀ ਮੁੜ ਉਸਾਰੀ ਤੇ ਸੁੰਦਰੀਕਰਨ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ।ਇਹ ਕੰਮ ਇੱਕ ਹਫ਼ਤੇ ਅੰਦਰ ਮੁਕੰਮਲ ਕਰ ਕੇ ਚੌਂਕ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।ਭਗਵਾਨ ਵਿਸ਼ਕਰਮਾ ਜੀ ਨੂੰ ਸ਼ਰਧਾ ਪੁਸ਼ਪ ਭੇਟ ਕਰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਭਗਵਾਨ ਵਿਸ਼ਕਰਮਾ ਜੀ ਨੂੰ ਸਿਰਜਣਾ, ਕਾਰੀਗਰੀ ਤੇ ਨਿਰਮਾਣ ਕਲਾ ਦੇ ਪ੍ਰੇਰਨਾ ਸਰੋਤ ਵਜੋਂ ਸਤਿਕਾਰਿਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਪਿਛਲੇ ਸਾਲ ਵਿਸ਼ਕਰਮਾ ਦਿਵਸ ਮੌਕੇ ਉਨ੍ਹਾਂ ਨੇ ਇਲਾਕਾ ਵਾਸੀਆਂ ਨਾਲ ਆਈ.ਟੀ.ਆਈ. ਚੌਂਕ ਨੂੰ ਭਗਵਾਨ ਵਿਸ਼ਕਰਮਾ ਜੀ ਦੇ ਨਾਂ 'ਤੇ ਵਿਕਸਿਤ ਕਰਨ ਦਾ ਵਾਅਦਾ ਕੀਤਾ ਸੀ।ਉਨ੍ਹਾਂ ਕਿਹਾ ਕਿ ਸੁੰਦਰੀਕਰਨ ਤੋਂ ਬਾਅਦ ਇਹ ਚੌਂਕ ਸੁਨਾਮ ਦੇ ਪ੍ਰਵੇਸ਼ ਦੁਆਰ ਦੀ ਦਿੱਖ ਨਿਖਾਰੇਗਾ ਤੇ ਇਸ ਦੀ ਕਾਰੀਗਰੀ ਦੂਰੋਂ ਆਉਣ ਵਾਲੇ ਲੋਕਾਂ ਲਈ ਵੀ ਖਿੱਚ ਦਾ ਕੇਂਦਰ ਬਣੇਗੀ।ਆਵਾਜਾਈ ਪ੍ਰਬੰਧਾਂ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੀ ਅਰੋੜਾ ਨੇ ਕਿਹਾ ਕਿ ਇਹ ਚੌਂਕ ਪਟਿਆਲਾ, ਬਰਨਾਲਾ-ਬਠਿੰਡਾ ਤੇ ਲਹਿਰਾਗਾਗਾ ਵੱਲ ਜਾਣ ਵਾਲੀਆਂ ਮੁੱਖ ਸੜਕਾਂ ਨੂੰ ਜੋੜਦਾ ਹੈ। ਸਾਹਮਣੇ ਆਈ.ਟੀ.ਆਈ. ਹੋਣ ਕਾਰਨ ਵੀ ਇੱਥੇ ਆਵਾਜਾਈ ਦਾ ਦਬਾਅ ਰਹਿੰਦਾ ਹੈ।ਉਨ੍ਹਾਂ ਦੱਸਿਆ ਕਿ ਚੌਂਕ ਦਾ ਡਿਜ਼ਾਈਨ ਤੈਅ ਕਰਨ ਤੋਂ ਪਹਿਲਾਂ ਉਨ੍ਹਾਂ ਨੇ ਅਧਿਕਾਰੀਆਂ ਤੇ ਮਾਹਰਾਂ ਨਾਲ ਕਈ ਮੀਟਿੰਗਾਂ ਕਰ ਕੇ ਵੱਖ-ਵੱਖ ਦਿਸ਼ਾਵਾਂ ਤੋਂ ਆਉਣ ਵਾਲੇ ਵਾਹਨਾਂ ਦੀ ਆਵਾਜਾਈ ਪ੍ਰਬੰਧਨ ਦਾ ਜਾਇਜ਼ਾ ਲਿਆ ਗਿਆ।ਕੈਬਨਿਟ ਮੰਤਰੀ ਨੇ ਦੱਸਿਆ ਕਿ ਨਵੇਂ ਡਿਜ਼ਾਈਨ ਅਨੁਸਾਰ ਚੌਂਕ ਵਿੱਚ ਆਵਾਜਾਈ ਸੁਚਾਰੂ ਢੰਗ ਨਾਲ ਚੱਲੇਗੀ।ਉਨ੍ਹਾਂ ਕਿਹਾ ਕਿ ਚੌਂਕ 'ਤੇ ਸੀਮਤ ਥਾਂ ਨੂੰ ਧਿਆਨ ਵਿੱਚ ਰੱਖਦਿਆਂ ਅਜਿਹਾ ਡਿਜ਼ਾਈਨ ਤਿਆਰ ਕੀਤਾ ਗਿਆ ਹੈ, ਜਿਸ ਨਾਲ ਆਸ-ਪਾਸ ਦੇ ਦੁਕਾਨਦਾਰਾਂ ਤੇ ਵਸਨੀਕਾਂ ਦੀਆਂ ਇਮਾਰਤਾਂ ਨੂੰ ਬੇਲੋੜੀ ਤੋੜ-ਭੰਨ ਤੋਂ ਬਚਾਉਂਦਿਆਂ ਆਵਾਜਾਈ ਸੁਚਾਰੂ ਬਣਾਈ ਜਾ ਸਕੇ।ਸ਼੍ਰੀ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਧਾਰਮਿਕ ਤੇ ਸੱਭਿਆਚਾਰਕ ਵਿਰਾਸਤ ਦੀ ਸੰਭਾਲ ਦੇ ਨਾਲ-ਨਾਲ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਚੌਂਕ ਦੀ ਮੁੜ ਉਸਾਰੀ ਤੇ ਨਵੇਂ ਆਵਾਜਾਈ ਪ੍ਰਬੰਧਾਂ ਨਾਲ ਇਸ ਥਾਂ 'ਤੇ ਲੰਮੇ ਸਮੇਂ ਤੋਂ ਪੇਸ਼ ਆ ਰਹੀ ਜਾਮ ਦੀ ਸਮੱਸਿਆ ਤੋਂ ਰਾਹਤ ਮਿਲੇਗੀ।ਇਸ ਮੌਕੇ ਵੱਖ ਵੱਖ ਅਹੁਦੇਦਾਰ, ਪਤਵੰਤੇ ਤੇ ਵੱਡੀ ਗਿਣਤੀ ਸ਼ਹਿਰ ਵਾਸੀ ਹਾਜ਼ਰ ਸਨ।

ਮਜ਼ਦੂਰ ਜਥੇਬੰਦੀਆਂ ਨੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਵਿਸ਼ਕਰਮਾ ਪੁਰਬ

ਮੋਗਾ (ਇਕਬਾਲ ਸਿੰਘ ਖਹਿਰਾ)-ਮਾਲਵੇ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਾਲੀਆਂ ਮਜ਼ਦੂਰ ਜਥੇਬੰਦੀਆਂ ਨੇ ਇੱਥੇ ਜੀ ਟੀ ਰੋਡ ਤੇ ਸਥਿਤ ਸ਼ਹੀਦ ਭਗਤ ਸਿੰਘ ਮਾਰਕੀਟ ਨੇੜੇ ਸਥਿਤ ਈ ਰਿਕਸ਼ਾ ਸਟੈਂਡ ਤੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਤੇ ਜਨਰਲ ਸਕੱਤਰ ਪ੍ਰਵੀਨ ਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਕਿਰਤੀਆਂ ਦੇ ਰਹਿਬਰ ਬਾਬਾ ਵਿਸ਼ਵਕਰਮਾ ਜੀ ਦਾ ਪ੍ਰਗਟ ਦਿਵਸ ਬੜੀ ਧੂਮ ਧਾਮ ਅਤੇ ਜੋਸ਼ੋ ਖਰੋਸ਼ ਨਾਲ ਮਨਾਇਆ।ਇਸ ਪ੍ਰੋਗਰਾਮ ਵਿੱਚ ਸ਼੍ਰੋਮਣੀ ਅਕਾਲੀ ਬਾਦਲ ਦੇ ਵਿਧਾਨ ਸਭਾ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਇਸ ਮੌਕੇ ਔਜ਼ਾਰਾਂ ਦੀ ਪੂਜਾ ਵੀ ਕੀਤੀ ਗਈ।ਬਾਬਾ ਵਿਸ਼ਵਕਰਮਾ ਜੀ ਦੇ ਸਰੂਪ ਮੂਹਰੇ ਵੱਖ ਵੱਖ ਮਜ਼ਦੂਰ ਯੂਨੀਅਨਾਂ ਦੇ ਆਗੂ ਤੇ ਵਰਕਰ ਨਤਮਸਤਕ ਹੋਏ ਅਤੇ ਬਾਬਾ ਵਿਸ਼ਵਕਰਮਾ ਜੀ ਦਾ ਚੜ੍ਹਦੀ ਕਲਾ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਸਾਬਕਾ ਮੈਂਬਰ ਪਾਰਲੀਮੈਂਟ ਕੇਵਲ ਸਿੰਘ, ਰਾਮ ਬਚਨ ਰਾਓ, ਸ਼ੰਕਰ, ਜਸਵਿੰਦਰ ਸਿੰਘ ਡੱਡ, ਮੇਜਰ ਸਿੰਘ ਲੰਡੇ ਕੇ ਮਦਨ ਲਾਲ ਬੋਹਤ, ਕਰਮ ਚੰਦ ਚੰਡਾਲੀਆ, ਸੰਜੀਵ ਲੱਡੂ ਆਰੇ ਵਾਲਾ, ਸੱਤ ਪਾਲ ਭਾਗੀ ਕੇ, ਅਸ਼ੋਕ ਕਾਲੀਆ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਮਜ਼ਦੂਰਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਕਿਰਤੀਆਂ ਦੇ ਰਹਿਬਰ ਬਾਬਾ ਵਿਸ਼ਵਕਰਮਾ ਜੈਅੰਤੀ ਦੀਆਂ



ਉਨ੍ਹਾਂ ਦੇ ਪੈਰੋਕਾਰ ਮਜ਼ਦੂਰਾਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਸਾਡੇ ਦੇਸ਼ ਵਿੱਚ 50 ਕਰੋੜ ਦੇ ਲਗਭਗ ਗੈਰ-ਸੰਗਠਿਤ ਮਜ਼ਦੂਰ ਹੀ ਹਨ।ਧੀਰ ਨੇ ਕਿਹਾ ਕਿ ਦੇਸ਼ ਦੇ ਇਹ ਮਜ਼ਦੂਰ ਵਿਕਾਸ ਦਾ ਧੁਰਾ ਹੈ, ਪ੍ਰੰਤੂ ਖੁਦ ਗਰੀਬੀ ਦੇ ਆਲਮ ਵਿੱਚ ਜਿਉਂ ਰਿਹਾ ਹੈ ਤੇ ਦੇਸ਼ ਦੇ ਵਿਕਾਸ ਦਾ ਧੁਰਾ ਇਹ ਵਰਗ ਦਾ ਨਾਮ ਲੈਣ ਤੋਂ ਸਰਕਾਰਾਂ ਗੁਰੇਜ਼ ਕਰਦੀਆਂ ਹਨ।ਇਸ ਮੌਕੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ ਨੇ ਕਿਹਾ ਕਿ ਜੇਕਰ ਸਾਡੇ ਦੇਸ਼ ਦੇ ਬੇਰੋਜ਼ਗਾਰ ਨੌਜਵਾਨ ਬਾਬਾ ਵਿਸ਼ਵਕਰਮਾ ਜੀ ਵੱਲੋਂ ਦਿੱਤੀ ਗਈ ਦਸਤਕਾਰੀ ਯਾਨੀ ਹੱਥੀਂ ਕੰਮ ਕਰਨ ਦੀ ਕਲਾ ਅਪਣਾਉਣ ਤਾਂ ਬੇਰੋਜ਼ਗਾਰੀ ਦੀ ਸਮੱਸਿਆ ਕਾਫੀ ਹੱਦ ਤੱਕ ਘੱਟ ਕੀਤੀ ਜਾ ਸਕਦੀ ਹੈ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਮਜ਼ਦੂਰ ਵਰਗ ਜਿਹੜਾ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਬਾਦਲ ਨਾਲ ਸੰਬੰਧਤ ਹੈ, ਉਹ ਸ਼੍ਰੋਮਣੀ ਅਕਾਲੀ ਬਾਦਲ ਪਾਰਟੀ ਦੀ ਰੀੜ੍ਹ ਦੀ ਹੱਡੀ ਹੈ।ਸੰਜੀਤ ਸਿੰਘ ਸੰਨੀ ਗਿੱਲ ਨੇ ਇਸ ਮੌਕੇ ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਨੂੰ ਭਰੋਸਾ ਦਿੱਤਾ ਕਿ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦੇ ਉਮੀਦਵਾਰਾਂ ਨੂੰ ਜਿਤਾਉਣ ਲਈ ਦਿਨ ਰਾਤ ਇੱਕ ਕਰ ਦੇਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਕਾਸ ਕਪੂਰ, ਈ ਰਿਕਸ਼ਾ ਮਜ਼ਦੂਰ ਸੰਘ ਤੋਂ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਮੇ ਵਾਲਾ, ਜਸਵਿੰਦਰ ਸਿੰਘ ਡੱਡ, ਜਨਰਲ ਸਕੱਤਰ ਮੇਜਰ ਸਿੰਘ ਲੰਡੇ ਕੇ, ਰਜਿੰਦਰ ਕਾਲਾ, ਗੁਰਚਰਨ ਸਿੰਘ, ਸੁਖਦੇਵ ਸਿੰਘ, ਜਸਵੰਤ ਸਿੰਘ ਜੱਸਾ, ਰਿੰਪੀ, ਮਦਨ ਲਾਲ, ਰਕੇਸ਼ ਕੁਮਾਰ, ਕਮਲਜੀਤ ਸਿੰਘ ਰੌਲੀ, ਗੁਰਚਰਨ ਸਿੰਘ ਬਹੋਨਾ, ਕਰਨ, ਸੰਨੀ, ਖੇਮ ਚੰਦ, ਨਾਨਕ, ਕੁਲਜੀਤ ਸਿੰਘ ਜੋੜਾਂ, ਅਰਸ਼ਪ੍ਰੀਤ ਸਿੰਘ, ਸੁਭਾਸ਼ ਚੰਦਰ ਫੋਕਲ ਪੁਆਇੰਟ, ਮੰਜੂ ਰਾਣੀ, ਦੀਪੂ, ਸਮਿਤੀ, ਕਾਜਲ, ਮੰਗਲ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸਰਕਾਰੀ ਹਾਈ ਸਕੂਲ ਦੌਲਾ 'ਚ ਰੰਗੋਲੀ ਬਣਾ ਕੇ ਮਨਾਇਆ ਦੀਵਾਲੀ ਦਾ ਤਿਉਹਾਰ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਸਰਕਾਰੀ ਹਾਈ ਸਕੂਲ ਪਿੰਡ ਦੌਲਾ ਵਿਖੇ ਮੁੱਖ ਅਧਿਆਪਕਾ ਗਗਨਦੀਪ ਕੌਰ ਦੀ ਰਹਿਨੁਮਾਈ ਹੇਠ ਦੀਵਾਲੀ ਦਾ ਤਿਉਹਾਰ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਕਲਾਸ ਰੂਮਾਂ ਦੇ ਬੋਰਡਾਂ, ਕਲਾਸ ਰੂਮਾਂ ਅਤੇ ਸਕੂਲ ਦੇ ਮੁੱਖ ਦਰਵਾਜ਼ੇ 'ਤੇ ਸ਼ਾਨਦਾਰ ਰੰਗੋਲੀ ਬਣਾਈ ਗਈ।ਇਸ ਮੌਕੇ ਵਿਦਿਆਰਥੀਆਂ ਨੇ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਸੰਦੇਸ਼ ਦਿੰਦਿਆਂ ਵਾਤਾਵਰਣ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਸਕੂਲ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਸਕੂਲ ਅਧਿਆਪਕ ਕੁਲਵੀਰ ਸਿੰਘ, ਲੋਰਨਾ ਕੁਮਾਰੀ, ਅੰਜੂ ਬਾਲਾ, ਸੁਮਨ ਬਾਲਾ, ਸੁਖਪ੍ਰੀਤ ਕੌਰ, ਸਤਵੀਰ ਕੌਰ, ਸਰਬਜੀਤ ਕੌਰ, ਉਮੇਸ਼ ਕੁਮਾਰ, ਜਸਵਿੰਦਰ ਸਿੰਘ ਧਾਲੀਵਾਲ ਪੀ.ਟੀ.ਆਈ., ਸਤਿੰਦਰ ਕੌਰ, ਅਜੇ ਗੋਇਲ, ਨਰਿੰਦਰ ਕੌਰ, ਅਸ਼ੋਕ ਕੁਮਾਰ ਅਤੇ ਕਲਰਕ ਸਰਬਜੀਤ ਕੌਰ ਮੌਜੂਦ ਸਨ।

ਡੀ ਏ ਵੀ ਸਕੂਲ 'ਚ ਦੀਵਾਲੀ ਦਾ ਤਿਉਹਾਰ ਖੁਸ਼ੀ ਤੇ ਉਤਸ਼ਾਹ ਨਾਲ ਮਨਾਇਆ



ਰਾਜਪੁਰਾ (ਰਮੇਸ਼ ਕਟਾਰੀਆ)-ਡੀ ਏ ਵੀ ਸਕੂਲ ਰਾਜਪੁਰਾ ਵਿਖੇ ਦੀਵਾਲੀ ਦੇ ਤਿਉਹਾਰ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਭਜਨਾਂ, ਕਵਿਤਾਵਾਂ ਅਤੇ ਭਾਸ਼ਣਾਂ ਰਾਹੀਂ ਤਿਉਹਾਰ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਬੱਚਿਆਂ ਨੇ ਮਨਮੋਹਕ ਨਾਚ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ। ਸਕੂਲ ਦੇ ਹਾਊਸ ਬੋਰਡਾਂ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ ਅਤੇ ਕ੍ਰਾਫਟ ਕਾਰਨਰ ਬਣਾਏ ਗਏ।ਨੰਨ੍ਹੇ ਵਿਦਿਆਰਥੀਆਂ ਨੇ ਕਾਗਜ਼ ਨਾਲ ਸੁੰਦਰ ਸਜਾਵਟੀ ਵਸਤਾਂ ਤਿਆਰ ਕੀਤੀਆਂ ਅਤੇ ਫੁੱਲਾਂ ਨਾਲ ਮਨਮੋਹਕ ਰੰਗੋਲੀਆਂ ਬਣਾਈਆਂ।ਸ਼ਾਨਦਾਰ ਕ੍ਰਾਫਟ ਤਿਆਰ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਅਲਪਨਾ ਪਾਠਕ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਪਿਆਰ, ਸਦਭਾਵਨਾ, ਸਫ਼ਾਈ ਤੇ ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਦਿੱਤਾ।

ਕਾਤਰਾਂ

ਚੋਰੀ ਦੇ ਮੋਟਰਸਾਈਕਲ ਸਣੇ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਬਸੀ ਪਠਾਣਾਂ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਕਾਬੂ ਕੀਤੇ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਬਸੀ ਪਠਾਣਾਂ ਪੁਲਸ ਨੂੰ ਮੁਖਬਰੀ ਮਿਲੀ ਸੀ ਕਿ ਹਰਜੋਤ ਸਿੰਘ ਵਾਸੀ ਪਿੰਡ ਕੋਟਲਾ ਚੋਰੀ ਕੀਤਾ ਬਿਨਾਂ ਨੰਬਰੀ ਸਪਲੈਂਡਰ ਮੋਟਰਸਾਈਕਲ ਲੈ ਕੇ ਸ਼ਹੀਦਗੜ੍ਹ ਸਾਈਡ ਤੋਂ ਬਸੀ ਪਠਾਣਾਂ ਵੱਲ ਨੂੰ ਆ ਰਿਹਾ ਹੈ, ਜਿਸ 'ਤੇ ਸਹਾਇਕ ਥਾਣੇਦਾਰ ਭਰਵਿੰਦਰ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਨਾਕਾਬੰਦੀ ਦੌਰਾਨ ਹਰਜੋਤ ਸਿੰਘ ਨੂੰ ਚੋਰੀਸ਼ੁਦਾ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ ਗਿਆ।ਇਸ ਸਬੰਧੀ ਥਾਣਾ ਬਸੀ ਪਠਾਣਾਂ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਹਰਜੋਤ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਬਸੀ ਪਠਾਣਾਂ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਜਾਰੀ ਹੈ।

ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਨੇ ਕਿਰਤੀਆਂ ਨਾਲ ਮਨਾਈ ਦੀਵਾਲੀ

ਕੋਟਕਪੂਰਾ (ਰਛਪਾਲ ਭੁੱਲਰ)-ਦਿਵਾਲੀ ਦੇ ਸ਼ੁੱਭ ਅਵਸਰ ਮੌਕੇ ਲਾਇਨਜ਼ ਕਲੱਬ ਕੋਟਕਪੂਰਾ ਵਿਸ਼ਵਾਸ ਨੇ ਵਿਲੱਖਣ ਪਿਰਤ ਪਾਉਂਦੇ ਹੋਏ ਲੱਗਭਗ ਸੌ ਕਿਰਤੀ ਤੇ ਲੋੜਵੰਦ ਪਰਵਾਰਾਂ ਨਾਲ ਬੰਦੀ ਛੋੜ ਦਿਵਸ ਅਤੇ ਦਿਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਸ਼ਹਿਰ ਦੇ ਬਾਜ਼ਾਰਾਂ ਤੇ ਗਲੀਆਂ ਵਿੱਚ ਇਹ ਸੇਵਾ ਕਰਦੇ ਹੋਇਆਂ ਨੂੰ ਜਦੋਂ ਕੋਟਕਪੂਰਾ ਸ਼ਹਿਰ ਦੇ ਕਾਂਗਰਸੀ ਆਗੂ ਅਜੇਪਾਲ ਸਿੰਘ ਸੰਧੂ ਮਿਲੇ ਤਾਂ ਬਹੁਤ ਹੀ ਪ੍ਰਭਾਵਿਤ ਹੋਏ ਤੇ ਬਹੁਤ ਹੀ ਪ੍ਰਸ਼ੰਸਾ ਕੀਤੀ। ਇਸ ਸੇਵਾ ਦੌਰਾਨ ਜ਼ਿਲ੍ਹਾ ਹਿਊਮਨ ਰਾਈਟਸ ਕਮਿਸ਼ਨ ਦੇ ਪ੍ਰਧਾਨ ਸਤਪਾਲ ਸਾਈਂ ਤੇ ਹੀਰੇ ਵੈੱਲਫੇਅਰ ਕਲੱਬ ਦੇ ਚੇਅਰਮੈਨ ਸ੍ਰ. ਦਲਜਿੰਦਰ ਸਿੰਘ ਸੰਧੂ ਦਾ ਭਰਪੂਰ ਸਹਿਯੋਗ ਰਿਹਾ। ਇਸ ਦੌਰਾਨ ਸੰਦੀਪ ਕੌੜਾ, ਮੀਕੀ ਬਰਗਾੜੀ, ਲਾਈਨਜ਼ ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸਰਾਂ, ਰਜਿੰਦਰ ਸਿੰਘ ਸਰਾਂ, ਕੈਬਨਿਟ ਮੈਂਬਰ ਐੱਮ ਜੇ ਐੱਫ ਲਇਨ ਗੁਰਦੀਪ ਸਿੰਘ, ਕੈਪਟਨ ਜਰਨੈਲ ਸਿੰਘ ਮਾਨ ਆਦਿ ਹਾਜ਼ਰ ਸਨ।

ਅੱਖਾਂ ਦਾ ਮੁਫ਼ਤ ਜਾਂਚ ਤੇ ਅਪ੍ਰੇਸ਼ਨ ਕੈਂਪ 28 ਨੂੰ

ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਨੇਤਰ ਬੈਂਕ ਸੰਮਤੀ ਤੇ ਨਿਸ਼ਕਾਮ ਸੇਵਾ ਸੰਮਤੀ ਧੂਰੀ ਵੱਲੋਂ 28 ਨਵੰਬਰ ਨੂੰ ਮੰਗਲਾ ਆਸ਼ਰਮ (ਗਊਸ਼ਾਲਾ) ਧੂਰੀ ਵਿਖੇ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ ਜਾਵੇਗਾ।ਕੈਂਪ ਦੇ ਪ੍ਰਬੰਧਾਂ ਸਬੰਧੀ ਸਥਾਨਕ ਸ਼ਰਮਾ ਹਸਪਤਾਲ ਵਿਖੇ ਸੰਮਤੀ ਦੇ ਪ੍ਰਧਾਨ ਡਾ. ਰਮੇਸ਼ ਸ਼ਰਮਾ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ, ਜਿਸ ਦੌਰਾਨ ਕੈਂਪ ਦੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਉਪਰੰਤ ਡਾ. ਰਮੇਸ਼ ਸ਼ਰਮਾ ਨੇ ਦੱਸਿਆ ਕਿ ਕੈਂਪ ਦੌਰਾਨ ਅੱਖਾਂ ਦੇ ਮਾਹਰ ਡਾਕਟਰ ਡਾ. ਮਨਪ੍ਰੀਤ ਸਿੰਘ (ਦਿੱਲੀ), ਡਾ. ਰਾਹੁਲ ਸ਼ਰਮਾ, ਡਾ. ਸਾਈਦੀਪ ਢੰਡ ਤੇ ਡਾ. ਕਮਲਦੀਪ ਸਿੰਘ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਨਗੇ।ਇਹ ਕੈਂਪ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਲਗਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਅੱਖਾਂ ਦੇ ਅਪ੍ਰੇਸ਼ਨ ਦੀ ਲੋੜ ਵਾਲੇ ਮਰੀਜ਼ਾਂ ਦੇ ਫੇਕੋ ਵਿਧੀ ਰਾਹੀਂ ਅਪ੍ਰੇਸ਼ਨ ਕਰਕੇ ਮੁਫ਼ਤ ਲੈਂਜ਼ ਪਾਏ ਜਾਣਗੇ।

ਪਟਾਕੇ ਦੀ ਲਪੇਟ 'ਚ ਆ ਕੇ 14 ਸਾਲਾ ਬੱਚੇ ਦੀ ਮੌਤ

ਰਾਏਕੋਟ (ਸੰਤੋਖ ਗਿੱਲ)-ਗੁਰੂਸਰ ਸੁਧਾਰ ਦੇ ਲੁਧਿਆਣਾ-ਬਠਿੰਡਾ ਰਾਜ ਮਾਰਗ ਉੱਪਰ ਸਥਿਤ ਨਵੀਂ



ਆਬਾਦੀ ਅਕਾਲਗੜ੍ਹ ਵਿੱਚ ਦਿਵਾਲੀ ਮੌਕੇ ਇਕ ਵੱਡੇ ਪਟਾਕੇ ਦੀ ਲਪੇਟ ਵਿੱਚ ਆ ਕੇ 14 ਸਾਲਾ ਸਾਕਿਤ ਮਿੱਤਲ (ਗਗਨ) ਦੀ ਮੌਤ ਹੋ ਗਈ।ਮ੍ਰਿਤਕ ਸਥਾਨਕ ਕਾਰੋਬਾਰੀ ਸੁਰੇਸ਼ ਕੁਮਾਰ ਮਿੱਤਲ ਦੇ ਪੋਤਰੇ ਸਨ।ਇਸ ਭਿਆਨਕ ਹਾਦਸੇ ਕਾਰਨ ਪਰਵਾਰ ਸਮੇਤ ਇਲਾਕੇ ਵਿੱਚ ਸੋਗ ਛਾ ਗਿਆ।ਜਾਣਕਾਰੀ ਮੁਤਾਬਕ, ਸੁਰੇਸ਼ ਕੁਮਾਰ ਮਿੱਤਲ ਦਾ ਪਰਵਾਰ ਦਿਵਾਲੀ ਦੀ ਪੂਜਾ ਲਈ ਉਨ੍ਹਾਂ ਦੇ ਵੱਡੇ ਭਰਾ ਰਾਜ ਕੁਮਾਰ ਮਿੱਤਲ ਦੇ ਨਵੇਂ ਘਰ ਗਿਆ ਹੋਇਆ ਸੀ।ਜਸ਼ਨ ਦੌਰਾਨ ਸਾਕਿਤ ਨੇ ਇੱਕ ਵੱਡਾ ਪਟਾਕਾ ਚਲਾਉਣ ਦੀ ਕੋਸ਼ਿਸ਼ ਕੀਤੀ, ਪਰ ਉਹ ਨਹੀਂ ਚੱਲਿਆ।ਕੁਝ ਸਮੇਂ ਬਾਅਦ ਜਦੋਂ ਉਹ ਦੂਜਾ ਪਟਾਕਾ ਚਲਾਉਣ ਲੱਗਾ ਤਾਂ ਪਹਿਲਾਂ ਵਾਲਾ ਪਟਾਕਾ ਅਚਾਨਕ ਧਮਾਕੇ ਨਾਲ ਫੱਟ ਗਿਆ।ਸਾਕਿਤ ਉਸ ਸਮੇਂ ਪਟਾਕੇ ਨੇੜੇ ਝੁਕਿਆ ਹੋਇਆ ਸੀ, ਜਿਸ ਕਾਰਨ ਉਸ ਦੀ ਗਰਦਨ 'ਤੇ ਗੰਭੀਰ ਸੱਟ ਲੱਗ ਗਈ।

ਪਰਿਵਾਰਕ ਮੈਂਬਰ ਇੱਥੋਂ ਦੇ ਇੱਕ ਨਿੱਜੀ ਹਸਪਤਾਲ ਲੈ ਕੇ ਗਏ, ਜਿੱਥੇ ਡਾ. ਸਰਬਜੀਤ ਸਿੰਘ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ।14 ਸਾਲਾ ਸਾਕਿਤ ਪ੍ਰਦੀਪ ਮਿੱਤਲ ਦਾ ਇਕਲੌਤਾ ਪੁੱਤਰ ਸੀ। ਰਿਸ਼ਤੇਦਾਰਾਂ, ਵਪਾਰੀਆਂ ਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।ਇਸ ਦਰਦਨਾਕ ਹਾਦਸੇ ਨੇ ਦੋ ਪਰਵਾਰਾਂ ਦੀਆਂ ਖੁਸ਼ੀਆਂ ਨੂੰ ਗ਼ਮ ਵਿੱਚ ਤਬਦੀਲ ਕਰ ਦਿੱਤਾ ਹੈ।

ਪੋਤੀ ਦੇ ਜਨਮ ਤੋਂ 24 ਘੰਟੇ ਬਾਅਦ ਨਿਕਲਿਆ ਡੇਢ ਕਰੋੜ ਦਾ ਲਾਟਰੀ ਇਨਾਮ



ਬਰੇਟਾ (ਰੀਤਵਾਲ)-ਸਿਆਣੇ ਸੱਚ ਹੀ ਕਹਿੰਦੇ ਹਨ ਕਿ ਅਮੀਰੀ ਤੇ ਗਰੀਬੀ ਧੁੱਪ-ਛਾਂ ਵਰਗੀ ਹੁੰਦੀ ਹੈ, ਸਮਾਂ ਬਦਲਦਿਆਂ ਦੇਰ ਨਹੀਂ ਲੱਗਦੀ।ਇਸ ਦੀ ਜਿਉਂਦੀ-ਜਾਗਦੀ ਮਿਸਾਲ ਬਰੇਟਾ ਮੰਡੀ ਤੋਂ ਦੇਖਣ ਨੂੰ ਮਿਲੀ ਹੈ, ਜਿੱਥੇ ਇੱਕ ਗਰੀਬ ਪਰਿਵਾਰ ਦੀ ਕਿਸਮਤ ਰਾਤੋ-ਰਾਤ ਬਦਲ ਗਈ। ?ਬਰੇਟਾ ਮੰਡੀ ਦੇ ਰਹਿਣ ਵਾਲੇ ਬਲਵਿੰਦਰ ਸਿੰਘ ਦੇ ਪੁੱਤਰ ਯੁੱਧਵੀਰ ਸਿੰਘ ਦੀ ਪਤਨੀ ਦੀ ਡਿਲੀਵਰੀ ਦਾ ਸਮਾਂ ਕਰੀਬ ਸੀ।ਇਸੇ ਸਿਲਸਿਲੇ ਵਿੱਚ ਉਹ ਬੁਢਲਾਡਾ ਵਿਖੇ ਅਲਟਰਾਸਾਊਂਡ ਕਰਵਾਉਣ ਗਏ ਸਨ।ਉੱਥੇ ਰਸਤੇ ਵਿੱਚ ਲੱਗੀ ਲਾਟਰੀ ਦੀ ਸਟਾਲ ਤੋਂ ਯੁੱਧਵੀਰ ਸਿੰਘ ਦਾ ਮਨ ਲਾਟਰੀ ਟਿਕਟ ਖ਼ਰੀਦਣ ਦਾ ਕੀਤਾ ਤੇ ਉਸ ਨੇ 200 ਰੁਪਏ ਦੀ ਪੰਜਾਬ ਸਟੇਟ ਲਾਟਰੀ ਦੀ ਟਿਕਟ ਖਰੀਦ ਲਈ, ਜਿਸ ਦਾ ਨਤੀਜਾ 7 ਨਵੰਬਰ 2026 ਨੂੰ ਆਉਣਾ ਸੀ, ਇਸ ਦੌਰਾਨ 6 ਨਵੰਬਰ ਨੂੰ ਬਲਵਿੰਦਰ ਸਿੰਘ ਦੇ ਘਰ ਪੋਤੀ (ਲੜਕੀ) ਨੇ ਜਨਮ ਲਿਆ।ਸਮਾਜ ਵਿੱਚ ਅੱਜ ਵੀ ਕੁੱਝ ਲੋਕ ਧੀਆਂ ਨੂੰ ਬੋਝ ਸਮਝਦੇ ਹਨ, ਪਰ ਇਸ ਘਟਨਾ ਨੇ ਸਾਬਿਤ ਕਰ ਦਿੱਤਾ ਕਿ ਧੀਆਂ ਰੱਬ ਦੀ ਰਹਿਮਤ ਹੁੰਦੀਆਂ ਹਨ ਤੇ ਹਰ ਬੱਚਾ ਆਪਣੇ ਭਾਗ ਨਾਲ ਲੈ ਕੇ ਪੈਦਾ ਹੁੰਦਾ ਹੈ, ਜਿਸ ਦਿਨ ਬਲਵਿੰਦਰ ਸਿੰਘ ਦੇ ਘਰ ਧੀ ਨੇ ਜਨਮ ਲਿਆ, ਉਸ ਤੋਂ ਠੀਕ 24 ਘੰਟੇ ਬਾਅਦ ਉਨ੍ਹਾਂ ਦੀ ਖ਼ੁਸ਼ੀ ਉਸ ਸਮੇਂ ਦੁੱਗਣੀ ਹੋ ਗਈ, ਜਦੋਂ ਖਰੀਦੀ ਗਈ ਲਾਟਰੀ ਦਾ ਨਤੀਜਾ ਆਇਆ। ਇਸ ਲਾਟਰੀ ਵਿੱਚ ਉਨ੍ਹਾਂ ਦਾ ਡੇਢ ਕਰੋੜ ਰੁਪਏ ਦਾ ਪਹਿਲਾ ਇਨਾਮ ਨਿਕਲ ਆਇਆ।ਇਸ ਵੱਡੀ ਖ਼ੁਸ਼ੀ ਤੋਂ ਬਾਅਦ ਪਰਿਵਾਰ ਵਿੱਚ ਜਸ਼ਨ ਦਾ ਮਾਹੌਲ ਹੈ ਅਤੇ ਆਂਢ-ਗੁਆਂਢ ਤੇ ਮੁਹੱਲੇ ਦੇ ਲੋਕਾਂ ਨੇ ਵੀ ਉਨ੍ਹਾਂ ਨੂੰ ਭਰਵਾਂ ਵਧਾਈਆਂ ਦਿੱਤੀਆਂ ਹਨ। ?ਪ੍ਰੈੱਸ ਨਾਲ ਗੱਲਬਾਤ ਕਰਦਿਆਂ ਬਲਵਿੰਦਰ ਸਿੰਘ ਨੇ ਭਾਵੁਕ ਹੁੰਦਿਆਂ ਕਿਹਾ, 'ਲੋਕ ਭਾਵੇਂ ਧੀਆਂ ਨੂੰ ਬੋਝ ਸਮਝਣ, ਪਰ ਸਾਡੇ ਘਰ ਆਉਣ ਵਾਲੀ ਇਹ ਧੀ ਆਪਣੇ ਨਾਲ ਐਸਾ ਭਾਗ ਲੈ ਕੇ ਆਈ ਹੈ ਕਿ ਇਸ ਨੇ ਸਾਡੇ ਪਰਿਵਾਰ ਦੀ ਸਾਰੀ ਗਰੀਬੀ ਦੂਰ ਕਰ ਦਿੱਤੀ ਹੈ।' ਇਹ ਘਟਨਾ ਉਨ੍ਹਾਂ ਸਾਰੇ ਲੋਕਾਂ ਲਈ ਇੱਕ ਕਰਾਰਾ ਸੁਨੇਹਾ ਹੈ, ਜੋ ਧੀਆਂ ਨੂੰ ਧਰਤੀ 'ਤੇ ਭਾਰ ਸਮਝਦੇ ਹਨ।ਕੁਦਰਤ ਕਦੋਂ ਕਿਸ ਦੀ ਕਿਸਮਤ ਬਦਲ ਦੇਵੇ, ਕੁੱਝ ਨਹੀਂ ਕਿਹਾ ਜਾ ਸਕਦਾ।

'ਆਪ' ਆਗੂ ਇੰਦਰਜੀਤ ਸੰਧੂ ਵਿਸ਼ਵਕਰਮਾ ਮੰਦਰ ਵਿਖੇ ਹੋਏ ਨਤਮਸਤਕ



ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)-ਅੱਡਾ ਦੇਵੀਗੜ੍ਹ ਸਥਿਤ ਭਗਵਾਨ ਵਿਸ਼ਵਕਰਮਾ ਮੰਦਿਰ ਵਿਖੇ ਪਵਿੱਤਰ ਦਿਹਾੜੇ ਮੌਕੇ ਵੱਡੀ ਗਿਣਤੀ 'ਚ ਸੰਗਤਾਂ ਨੇ ਨਤਮਸਤਕ ਹੋ ਕੇ ਭਗਵਾਨ ਵਿਸ਼ਵਕਰਮਾ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਇੰਦਰਜੀਤ ਸਿੰਘ ਸੰਧੂ, ਹਲਕਾ ਸਨੌਰ, ਵਾਈਸ ਚੇਅਰਮੈਨ ਪੰਜਾਬ ਸਟੇਟ ਕਨਵੇਅਰ ਨੇ ਵੀ ਮੰਦਿਰ ਵਿਖੇ ਮੱਥਾ ਟੇਕਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਦੇ ਚਰਨਾਂ ਵਿੱਚ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ।

ਉਨ੍ਹਾਂ ਵਿਸ਼ਵਕਰਮਾ ਮੰਦਿਰ ਪ੍ਰਬੰਧਕ ਕਮੇਟੀ ਵੱਲੋਂ ਦਿੱਤੇ ਗਏ ਮਾਣ-ਸਨਮਾਨ ਲਈ ਧੰਨਵਾਦ ਕੀਤਾ ਤੇ ਕਾਮਨਾ ਕੀਤੀ ਕਿ ਭਗਵਾਨ ਵਿਸ਼ਵਕਰਮਾ ਜੀ ਦੇਵੀਗੜ੍ਹ ਵਾਸੀਆਂ ਸਮੇਤ ਸਮੂਹ ਸੰਗਤਾਂ 'ਤੇ ਆਪਣੀ ਮਿਹਰ ਬਣਾਈ ਰੱਖਣ।ਉਨ੍ਹਾਂ ਸਮੂਹ ਲੋਕਾਂ ਨੂੰ ਪਵਿੱਤਰ ਦਿਹਾੜੇ ਦੀ ਵਧਾਈ ਵੀ ਦਿੱਤੀ।ਇਸ ਮੌਕੇ ਵਿਸ਼ਵਕਰਮਾ ਮੰਦਿਰ ਪ੍ਰਬੰਧਕ ਕਮੇਟੀ ਦੇਵੀਗੜ੍ਹ ਵੱਲੋਂ ਸੋਨੂੰ ਧੀਮਾਨ, ਸੰਤੋਖ ਸਿੰਘ ਦੋਰਾਹਾ ਵਾਲੇ, ਰੋਹਿਤ ਗਰਗ, ਸੁਭਾਸ਼ ਸ਼ਰਮਾ, ਰਾਮ ਸਰਨ ਸੰਗਮ, ਰੁਪਿੰਦਰ ਸਿੰਘ ਬਹਿਰੂ, ਅਮਰ ਅਲੀ, ਮਨਪ੍ਰੀਤ ਸਿੰਘ ਤੋਂ ਹਜ਼ਾਰਾਂ ਸੰਗਤਾਂ ਨੇ ਭਗਵਾਨ ਦਾ ਆਸ਼ੀਰਵਾਦ ਲਿਆ।

ਦੀਵਾਲੀ ਦਾ ਤਿਉਹਾਰ ਅਮਨ-ਸ਼ਾਂਤੀ ਨਾਲ ਮਨਾਇਆ



ਨਾਭਾ (ਅਮਨ ਗਰਗ)-ਨਾਭਾ ਸ਼ਹਿਰ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਰੋਸ਼ਨੀਆਂ ਦਾ ਪਵਿੱਤਰ ਤਿਉਹਾਰ ਦੀਵਾਲੀ ਬੜੀ ਧੂਮਧਾਮ, ਸ਼ਰਧਾ ਅਤੇ ਅਮਨ-ਸ਼ਾਂਤੀ ਨਾਲ ਮਨਾਇਆ ਗਿਆ।ਸ਼ਹਿਰ ਵਾਸੀਆਂ ਨੇ ਬਿਨਾਂ ਕਿਸੇ ਡਰ-ਭੈਅ ਅਤੇ ਪੂਰੇ ਉਤਸ਼ਾਹ ਨਾਲ ਇਸ ਤਿਉਹਾਰ ਦਾ ਆਨੰਦ ਮਾਣਿਆ।ਇਸ ਵਾਰ ਤਿਉਹਾਰ ਦੌਰਾਨ ਕਾਨੂੰਨ ਵਿਵਸਥਾ ਅਤੇ ਸੁਰੱਖਿਆ ਦੇ ਬੇਹੱਦ ਸ਼ਾਨਦਾਰ ਪ੍ਰਬੰਧ ਦੇਖਣ ਨੂੰ ਮਿਲੇ। ਇਸ ਸੰਬੰਧੀ ਡੀ.ਐਸ.ਪੀ. ਨਾਭਾ ਗੁਰਿੰਦਰ ਬੱਲ ਅਤੇ ਥਾਣਾ ਕੋਤਵਾਲੀ ਇੰਸਪੈਕਟਰ ਗੁਰਪਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਉੱਚ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਦੀਵਾਲੀ ਦੇ ਮੱਦੇਨਜ਼ਰ ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਸਨ।ਕਿਸੇ ਵੀ ਅਣਸੁਖਾਵੀਂ ਘਟਨਾ, ਜਿਵੇਂ ਅੱਗ ਲੱਗਣ ਆਦਿ ਦੇ ਹਾਦਸਿਆਂ ਨਾਲ ਨਜਿੱਠਣ ਲਈ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਵਿਸ਼ੇਸ਼ ਤੌਰ 'ਤੇ ਤਾਇਨਾਤ ਕੀਤੀਆਂ ਗਈਆਂ ਸਨ ਅਤੇ ਹਸਪਤਾਲਾਂ ਨੂੰ ਵੀ ਅਲਰਟ 'ਤੇ ਰੱਖਿਆ ਗਿਆ ਸੀ। ਇਸ ਤੋਂ ਇਲਾਵਾ ਸ਼ਹਿਰ ਦੇ ਵੱਖ-ਵੱਖ ਮੁੱਖ ਚੌਂਕਾਂ ਅਤੇ ਸੰਵੇਦਨਸ਼ੀਲ ਹਿੱਸਿਆਂ ਵਿੱਚ ਪੁਲਸ ਵੱਲੋਂ ਵਿਸ਼ੇਸ਼ ਨਾਕੇਬੰਦੀ ਕੀਤੀ ਗਈ ਸੀ।ਡੀ.ਐਸ.ਪੀ. ਗੁਰਿੰਦਰ ਬਲ ਅਤੇ ਐਸ.ਐਚ.ਓ. ਇੰਸਪੈਕਟਰ ਗੁਰਪਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਤਿਉਹਾਰ ਵਾਲੀ ਰਾਤ ਪੁਲਸ ਟੀਮਾਂ ਵੱਲੋਂ ਪੂਰੀ ਮੁਸਤੈਦੀ ਨਾਲ ਲਗਾਤਾਰ ਪੈਟਰੋਲਿੰਗ ਕੀਤੀ ਗਈ ਤਾਂ ਜੋ ਕੋਈ ਵੀ ਸ਼ਰਾਰਤੀ ਅਨਸਰ ਹੁੱਲੜਬਾਜ਼ੀ ਨਾ ਕਰ ਸਕੇ ਅਤੇ ਅਮਨ-ਕਾਨੂੰਨ ਦੀ ਸਥਿਤੀ ਬਣੀ ਰਹੇ। ਉਧਰ ਸ਼ਹਿਰ ਦੇ ਪਤਵੰਤੇ ਸੱਜਣਾਂ, ਵਪਾਰ ਮੰਡਲ ਦੇ ਆਗੂਆਂ ਅਤੇ ਆਮ ਲੋਕਾਂ ਨੇ ਪੁਲਸ ਪ੍ਰਸ਼ਾਸਨ ਦੇ ਉਕਤ ਪ੍ਰਬੰਧਾਂ 'ਤੇ ਪੂਰੀ ਤਸੱਲੀ ਪ੍ਰਗਟਾਈ। ਲੋਕਾਂ ਨੇ ਡੀ.ਐਸ.ਪੀ. ਗੁਰਿੰਦਰ ਬਲ, ਐਸ.ਐਚ.ਓ. ਇੰਸਪੈਕਟਰ ਗੁਰਪਿੰਦਰ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਪੁਲਸ ਟੀਮ ਦਾ ਧੰਨਵਾਦ ਕਰਦਿਆਂ ਕੀਤਾ।

ਪ੍ਰਸੰਸਕਾਂ ਨੇ ਕੁਲਦੀਪ ਮਾਣਕ ਨੂੰ ਕੀਤਾ ਯਾਦ



ਹਠੂਰ (ਲਵਲੀ ਕੁਮਾਰ)-ਕਲੀਆ ਦੇ ਬਾਦਸ਼ਾਹ ਕੁਲਦੀਪ ਮਾਣਕ ਦੇ ਫਾਰਮ ਹਾਊਸ ਪਿੰਡ ਜਲਾਲਦੀਵਾਲ 'ਟਿੱਲਾ ਮਾਣਕ ਦਾ' ਵਿਖੇ ਬਣੀ ਉਨ੍ਹਾ ਦੀ ਯਾਦਗਰ 'ਤੇ ਮਾਣਕ ਦੇ ਪਰਿਵਾਰ, ਗੀਤਕਾਰ ਤੇ ਉਨ੍ਹਾ ਦੇ ਪ੍ਰਸੰਸਕਾਂ ਵੱਲੋਂ ਉਨ੍ਹਾ ਦੀ ਯਾਦ ਵਿੱਚ ਦੀਵਾਲੀ ਦੇ ਤਿਉਹਾਰ ਨੂੰ ਮੱਖ ਰੱਖਦਿਆਂ ਦੀਵੇ ਜਗਾਏ ਗਏ ਤੇ ਮਠਿਆਈਆਂ ਵੰਡੀਆਂ ਗਈਆਂ।ਐਤਵਾਰ ਨੂੰ ਦੀਵਾਲੀ ਵਾਲੇ ਦਿਨ ਕੁਲਦੀਪ ਮਾਣਕ ਦੀ ਯਾਦਗਰ 'ਤੇ 1994 ਵਿੱਚ ਉਨ੍ਹਾਂ ਵੱਲੋਂ ਗਾਇਆ ਤੇ ਪ੍ਰਸਿੱਧ ਗੀਤਕਾਰ ਦੇਵ ਥਰੀਕੀਆਂ ਵਾਲੇ ਦਾ ਲਿਖਿਆ ਗੀਤ 'ਜਦੋਂ ਮੈਂ ਇਸ ਦੁਨੀਆ ਤੋਂ ਅੱਖਾਂ ਮੀਚ ਜਾਵਾਂਗਾ, ਉਦੋਂ ਇਸ ਦੁਨੀਆ ਨੂੰ ਡਾਢਾ ਯਾਦ ਆਵਾਂਗਾ' ਇਹ ਗੀਤ ਵਾਰ-ਵਾਰ ਚੱਲ ਰਿਹਾ ਸੀ।ਇਸ ਮੌਕੇ ਕੁਲਦੀਪ ਮਾਣਕ ਦੀ ਧਰਮ ਪਤਨੀ ਬੀਬੀ ਸਰਬਜੀਤ ਮਾਣਕ ਤੇ ਲੋਕ ਗਾਇਕ ਯੁਧਵੀਰ ਮਾਣਕ ਨੇ ਦੱਸਿਆ ਕਿ ਕਲੀਆਂ ਦੇ ਬਾਦਸ਼ਾਹ ਕੁਲਦੀਪ ਮਾਣਕ ਦਾ ਜਨਮ ਪਿੰਡ ਜਲਾਲ (ਬਠਿੰਡਾ) ਵਿਖੇ 15 ਨਵੰਬਰ 1951 ਨੂੰ ਹੋਇਆ ਸੀ ਤੇ 30 ਨਵੰਬਰ 2011 ਨੂੰ ਮਾਣਕ ਸਾਹਿਬ ਸਦਾ ਲਈ ਆਪਣੇ ਲੱਖਾਂ ਸਰੋਤਿਆਂ ਨੂੰ ਛੱਡ ਗਏ ਸਨ।ਉਨ੍ਹਾਂ ਦੱਸਿਆ ਕਿ ਪਿੰਡ ਜਲਾਲਦੀਵਾਲ ਵਿਖੇ ਕੁਲਦੀਪ ਮਾਣਕ ਦੀ ਆਪਣੀ ਜ਼ਮੀਨ ਵਿੱਚ ਬਣਿਆ 'ਟਿੱਲਾ ਮਾਣਕ ਦਾ' ਨੂੰ ਦੇਖਣ ਲਈ ਉਨ੍ਹਾ ਦੇ ਪ੍ਰਸੰਸਕ ਆਉਂਦੇ ਰਹਿੰਦੇ ਹਨ ਤੇ ਦੀਵਾਲੀ ਵਾਲੇ ਦਿਨ ਉਨ੍ਹਾਂ ਨੂੰ ਪਿਆਰ ਕਰਨ ਵਾਲਿਆਂ ਵੱਲੋਂ ਦੀਵੇ ਜਗਾ ਕੇ ਉਨ੍ਹਾ ਦੀ ਯਾਦ ਨੂੰ ਤਾਜ਼ਾ ਕੀਤਾ ਜਾਂਦਾ ਹੈ।ਇਸ ਮੌਕੇ ਉਨ੍ਹਾਂ ਨਾਲ ਬੀਬੀ ਸਰਬਜੀਤ ਮਾਣਕ, ਲੋਕ ਗਾਇਕ ਯੁਧਵੀਰ ਮਾਣਕ, ਲੋਕ ਗਾਇਕਾ ਸ਼ਕਤੀ ਮਾਣਕ, ਗੀਤਕਾਰ ਅਮਰੀਕ ਤਲਵੰਡੀ, ਪੱਤਰਕਾਰ ਹਰਦੀਪ ਕੌਸ਼ਲ ਮੱਲ੍ਹਾ, ਗਾਇਕ ਮੋਨੂੰ ਮਾਣਕ, ਗਾਇਕ ਮਾਣਕ ਸੁਰਜੀਤ, ਬਾਬਾ ਜੰਗ ਸਿੰਘ ਦੀਵਾਨਾ, ਸਤਨਾਮ ਸਿੰਘ ਝੋਰੜਾ, ਅਰਸ਼ਦੀਪ ਸਿੰਘ, ਅਕਾਸਦੀਪ ਸਿੰਘ, ਜਰਨੈਲ ਸਿੰਘ ਜਲਾਲਦੀਵਾਲ, ਜੱਗੀ ਜਲਾਲਦੀਵਾਲ ਆਦਿ ਹਾਜ਼ਰ ਸਨ।

ਡੀ ਬੀ ਯੂ 'ਚ ਦੀਵਾਲੀ ਜਸ਼ਨ; ਸੱਭਿਆਚਾਰਕ ਪੇਸ਼ਕਾਰੀਆਂ ਤੇ ਮੁਕਾਬਲਿਆਂ ਨੇ ਖਿੱਚਿਆ ਸਭ ਦਾ ਧਿਆਨ

ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)



ਦੇਸ਼ ਭਗਤ ਯੂਨੀਵਰਸਿਟੀ ਵਿੱਚ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਬੜੇ ਉਤਸ਼ਾਹ, ਚਾਅ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਯੂਨੀਵਰਸਿਟੀ ਦੇ ਕੈਂਪਸ ਵਿੱਚ ਇੱਕ ਸ਼ਾਨਦਾਰ ਦੀਵਾਲੀ ਮੇਲਾ ਲਗਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ, ਅਧਿਆਪਕਾਂ ਤੇ ਵਿਦੇਸ਼ੀ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਹ ਸਮਾਗਮ ਭਾਰਤੀ ਸੱਭਿਆਚਾਰ, ਸਿਰਜਣਾਤਮਕਤਾ ਤੇ ਆਪਸੀ ਸਾਂਝ ਦਾ ਮਨਮੋਹਕ ਪ੍ਰਤੀਕ ਬਣਿਆ। ਦੀਵਾਲੀ ਕਾਰਨਿਵਾਲ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਤੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਦੀ ਦੂਰਅੰਦੇਸ਼ ਅਗਵਾਈ ਹੇਠ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਨੇ ਆਪਣੇ-ਆਪਣੇ ਮੁਖੀਆਂ ਦੀ ਰਹਿਨੁਮਾਈ ਵਿੱਚ ਕਈ ਆਕਰਸ਼ਕ ਸਟਾਲ ਲਗਾਏ। ਇਨ੍ਹਾਂ ਸਟਾਲਾਂ ਉੱਤੇ ਸੁਆਦੀ ਪਕਵਾਨ, ਤਿਉਹਾਰੀ ਮਿਠਾਈਆਂ ਤੇ ਹੋਰ ਕਈ ਤਰ੍ਹਾਂ ਦੀਆਂ ਵਸਤਾਂ ਉਪਲਬਧ ਸਨ। ਇਸ ਮੇਲੇ ਨੇ ਵਿਦਿਆਰਥੀਆਂ ਨੂੰ ਆਪਣੀ ਕਾਰੋਬਾਰੀ ਸੂਝ-ਬੂਝ, ਸਿਰਜਣਾਤਮਕ ਯੋਗਤਾ ਤੇ ਪ੍ਰਬੰਧਕੀ ਹੁਨਰ ਵਿਖਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕੀਤਾ। ਮੇਲੇ ਦਾ ਸਭ ਤੋਂ ਵੱਡਾ ਖਿੱਚ ਦਾ ਕੇਂਦਰ ਵਿਦੇਸ਼ੀ ਵਿਦਿਆਰਥੀਆਂ ਦੀ ਉਤਸ਼ਾਹ ਭਰੀ ਸ਼ਮੂਲੀਅਤ ਰਹੀ। ਖ਼ਾਸ ਤੌਰ 'ਤੇ ਚਿਹਰਿਆਂ ਉੱਤੇ ਰੰਗਾਂ ਨਾਲ ਚਿੱਤਰਕਾਰੀ ਤੇ ਹੋਰ ਮਨੋਰੰਜਕ ਗਤੀਵਿਧੀਆਂ ਵਿੱਚ ਉਨ੍ਹਾਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਉਨ੍ਹਾਂ ਦੀ ਸ਼ਮੂਲੀਅਤ ਨੇ ਸਮਾਗਮ ਨੂੰ ਬਹੁ-ਸੱਭਿਆਚਾਰਕ ਰੰਗਤ ਦਿੱਤੀ ਤੇ ਯੂਨੀਵਰਸਿਟੀ ਦੀ ਵਿਭਿੰਨਤਾ, ਸਭ ਨੂੰ ਨਾਲ ਲੈ ਕੇ ਚੱਲਣ ਤੇ ਵਿਸ਼ਵ ਭਾਈਚਾਰੇ ਦੀ ਸਾਂਝੀਵਾਲਤਾ ਵਾਲੀ ਸੋਚ ਨੂੰ ਦਰਸਾਇਆ। ਵਿਦਿਆਰਥੀਆਂ ਤੇ ਅਧਿਆਪਕਾਂ ਨੇ ਤਿਉਹਾਰ ਦਾ ਭਰਪੂਰ ਆਨੰਦ ਮਾਣਿਆ ਤੇ ਇਸ ਨੂੰ ਯਾਦਗਾਰੀ ਮੌਕਾ ਬਣਾ ਦਿੱਤਾ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਿੰਸੀਪਲ ਡਾ. ਪੂਜਾ ਗੁਲਾਟੀ ਵੱਲੋਂ ਨਿੱਘੇ ਸਵਾਗਤੀ ਭਾਸ਼ਣ ਨਾਲ ਹੋਈ। ਇਸ ਮੌਕੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਤੇ ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਆਪਣੀ ਸ਼ਾਨਦਾਰ ਹਾਜ਼ਰੀ ਨਾਲ ਸਮਾਗਮ ਦੀ ਰੌਣਕ ਵਧਾਈ। ਇਸ ਮੌਕੇ ਰਵਾਇਤੀ ਪਹਿਰਾਵਾ ਮੁਕਾਬਲਾ (ਮਿਸਟਰ ਤੇ ਮਿਸ ਸਪਾਰਕਲ), ਗ੍ਰੀਟਿੰਗ ਕਾਰਡ ਬਣਾਉਣ, ਦੀਵੇ ਬਣਾਉਣ, ਮੋਮਬੱਤੀਆਂ ਬਣਾਉਣ ਤੇ ਫਾਲਤੂ ਵਸਤਾਂ ਤੋਂ ਸ਼ਾਨਦਾਰ ਚੀਜ਼ਾਂ ਬਣਾਉਣ ਵਰਗੇ ਕਈ ਦਿਲਚਸਪ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਖ਼ੂਬਸੂਰਤ ਵਧਾਈ ਕਾਰਡਾਂ, ਸਜਾਏ ਹੋਏ ਦੀਵਿਆਂ, ਮੋਮਬੱਤੀਆਂ ਤੇ ਮੁੜ ਵਰਤੋਂ ਯੋਗ ਸਮੱਗਰੀ ਤੋਂ ਤਿਆਰ ਕੀਤੀਆਂ ਆਕਰਸ਼ਕ ਵਸਤਾਂ ਰਾਹੀਂ ਆਪਣੀ ਕਲਾਤਮਕ ਪ੍ਰਤਿਭਾ ਤੇ ਨਵੇਂ ਵਿਚਾਰਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। 'ਫੈਸਟੀਵ ਗਲੈਮਰ ਵਾਕ' ਸਮਾਗਮ ਦਾ ਖ਼ਾਸ ਆਕਰਸ਼ਣ ਬਣੀ। ਇਸ ਤੋਂ ਇਲਾਵਾ ਜੋਸ਼ ਭਰਪੂਰ ਭੰਗੜੇ ਦੀਆਂ ਪੇਸ਼ਕਾਰੀਆਂ, ਸਮੂਹਕ ਨਾਚ ਤੇ ਇਕੱਲੇ ਨਾਚ ਦੀਆਂ ਪੇਸ਼ਕਾਰੀਆਂ ਨੇ ਜਸ਼ਨਾਂ ਵਿੱਚ ਹੋਰ ਰੰਗ ਭਰ ਦਿੱਤੇ।

ਇਨਾਮ ਵੰਡ ਸਮਾਰੋਹ ਦੌਰਾਨ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ ਗਈ। ਰਵਾਇਤੀ ਪਹਿਰਾਵਾ ਮੁਕਾਬਲੇ ਵਿੱਚ ਬੀ.ਫਾਰਮੇਸੀ ਦੇ ਸੱਤਵੇਂ ਸਮੈਸਟਰ ਦੇ ਗਗਨਦੀਪ ਨੂੰ 'ਮਿਸਟਰ ਸਪਾਰਕਲ' ਤੇ ਬੀ.ਫਾਰਮੇਸੀ ਦੇ ਤੀਜੇ ਸਮੈਸਟਰ ਦੀ ਮਨਜੋਤ ਕੌਰ ਨੂੰ 'ਮਿਸ ਸਪਾਰਕਲ' ਦੇ ਖ਼ਿਤਾਬ ਨਾਲ ਸਨਮਾਨਤ ਕੀਤਾ ਗਿਆ। ਇਸੇ ਮੁਕਾਬਲੇ ਵਿੱਚ ਬੀ.ਫਾਰਮੇਸੀ ਦੇ ਸੱਤਵੇਂ ਸਮੈਸਟਰ ਦੇ ਵਿਸ਼ਾਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਜਸ਼ਨਾਂ ਰਾਹੀਂ ਵਾਤਾਵਰਣ ਦੀ ਸੰਭਾਲ ਦਾ ਅਹਿਮ ਸੁਨੇਹਾ ਵੀ ਦਿੱਤਾ ਗਿਆ।

ਸੰਬੰਧਤ ਵਿਭਾਗ ਕੁੰਭਕਰਨੀ ਨੀਂਦ ਸੁੱਤੇ, ਪਰ...

ਜ਼ੀਰਾ (ਰੂਪ ਸਿੰਘ ਸੰਧੂ)-ਸੁਪਰੀਮ ਕੋਰਟ ਦੀਆਂ ਹਦਾਇਤਾਂ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਅਧਿਆਪਕਾਂ, ਪੰਚਾਇਤ ਸਕੱਤਰਾਂ, ਗ੍ਰਾਮ ਸੇਵਕਾਂ, ਪਟਵਾਰੀਆਂ ਤੋਂ ਇਲਾਵਾ ਹੋਰ ਕਈ ਵਿਭਾਗਾਂ ਦੇ ਕਰਮਚਾਰੀਆਂ ਦੀ ਲੱਗੀ ਹੋਈ ਅੱਗ 'ਤੇ ਨਜ਼ਰ ਰੱਖਣ ਤੇ ਬੁਝਾਉਣ ਲਈ ਡਿਊਟੀ ਲਗਾਈ ਗਈ ਹੈ, ਜਿਸ ਕਾਰਨ ਇਨ੍ਹਾਂ ਵਿਭਾਗਾਂ ਦਾ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ, ਕਿਉਂਕਿ ਇਹ ਵਿਭਾਗ ਸਿੱਧੇ ਤੌਰ 'ਤੇ ਲੋਕਾਂ ਦੇ ਕੰਮਕਾਜ ਨਾਲ ਜੁੜੇ ਹੋਏ ਹਨ, ਖਾਸ ਕਰਕੇ ਅਧਿਆਪਕਾਂ ਦੀ ਲੱਗੀ ਹੋਈ ਅੱਗ 'ਤੇ ਨਜ਼ਰ ਰੱਖਣ ਲਈ ਲੱਗੀ ਡਿਊਟੀ ਕਾਰਨ ਬੱਚਿਆਂ ਦੀ ਪੜ੍ਹਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ, ਕਿਉਂਕਿ ਅਧਿਆਪਕਾਂ ਦੀ ਪੰਜਾਬ ਵਿੱਚ ਵੱਡੇ ਪੱਧਰ 'ਤੇ ਘਾਟ ਪਾਈ ਜਾ ਰਹੀ ਹੈ, ਕਿਸੇ ਵੀ ਤਰ੍ਹਾਂ ਦੀ ਲੱਗੀ ਅੱਗ ਨੂੰ ਵੇਖਣਾ ਤੇ ਬੁਝਾਉਣਾ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਫਾਇਰ ਬ੍ਰਿਗੇਡ) ਨਾਲ ਜੁੜੇ ਕਰਮਚਾਰੀ, ਜਿਨ੍ਹਾਂ ਨੂੰ ਪੂਰੀ ਤਰ੍ਹਾਂ ਅੱਗ ਬੁਝਾਉਣ ਦੀ ਟ੍ਰੇਨਿੰਗ ਦਿੱਤੀ ਜਾਂਦੀ ਹੈ ਤੇ ਲੋੜੀਂਦੇ ਸਾਧਨਾਂ, ਦਸਤਾਨੇ ਵਰਦੀ, ਵਗੈਰਾ ਮੌਜੂਦ ਹੁੰਦੇ ਹਨ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਿਹਾ ਹੈ। ਇਸ ਵਿਭਾਗ ਪਾਸ ਲੋੜੀਂਦੀਆਂ ਗੱਡੀਆਂ ਤੇ ਡਰਾਈਵਰ ਮੌਜੂਦ ਨਹੀਂ ਅਤੇ ਨਾ ਹੀ ਸਮੇਂ ਸਮੇਂ ਦੀਆਂ ਸਰਕਾਰਾਂ ਨੇ ਇਸ ਪਾਸੇ ਧਿਆਨ ਦਿੱਤਾ ਹੈ, ਜਦਕਿ ਦੂਸਰੇ ਵਿਭਾਗਾਂ ਦੇ ਕਰਮਚਾਰੀਆਂ ਵੱਲੋਂ ਖਾਨਾ ਪੂਰਤੀ ਕਰਦਿਆਂ ਕਿਸਾਨਾਂ ਨੂੰ ਕਿਹਾ ਜਾ ਰਿਹਾ ਹੈ ਕਿ ਅੱਗ ਸ਼ਾਮ ਪੰਜ ਵਜੇ ਤੋਂ ਬਾਅਦ ਲਗਾ ਲਈ ਜਾਵੇ, ਕਿਉਂਕਿ ਸ਼ਾਮ ਸਮੇਂ ਲੱਗੀ ਅੱਗ ਦੀਆਂ ਤਸਵੀਰਾਂ ਸੈਟੇਲਾਈਟ ਵਿੱਚ ਨਹੀਂ ਆਉਂਦੀਆਂ। ਮਹਿਕਮਾ ਖੇਤੀਬਾੜੀ ਵਿਭਾਗ ਜਿਸ ਦਾ ਕੰਮ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਸਾੜਨ ਦੇ ਫਾਇਦੇ ਤੇ ਨੁਕਸਾਨ ਬਾਰੇ ਦੱਸਣਾ ਤੇ ਪਰਾਲੀ ਨਾ ਸਾੜਨ ਸਬੰਧੀ ਪ੍ਰੇਰਿਤ ਕਰਨਾ ਹੁੰਦਾ ਹੈ, ਕੁੰਭਕਰਨੀ ਨੀਂਦ ਸੌਣ ਤੋਂ ਇਲਾਵਾ ਮੂਕ ਦਰਸ਼ਕ ਬਣਿਆ ਹੋਇਆ ਸਭ ਕੁਝ ਦੇਖ ਰਿਹਾ ਹੈ। ਬੀਕੇਯੂ ਕਾਦੀਆਂ ਦੇ ਸੀਨੀਅਰ ਆਗੂਆਂ ਦਰਸ਼ਨ ਸਿੰਘ, ਪ੍ਰੀਤਮ ਸਿੰਘ ਮੀਹਾਂ ਸਿੰਘ ਵਾਲਾ ਨੇ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਦੀ ਬਜਾਏ ਕਣਕ ਦੀ ਬਜਾਈ ਸੁਪਰਸੀਡਰ ਨਾਲ ਕੀਤੀ ਜਾਵੇ, ਜਿਸ ਕਰਕੇ ਧਰਤੀ ਦੀ ਉਪਜਾਊ ਸ਼ਕਤੀ ਵਧਣ ਤੋਂ ਇਲਾਵਾ ਫਸਲਾਂ ਲਈ ਧਰਤੀ ਵਿਚਲੇ ਲੋੜੀਂਦੇ ਤੱਤ ਨਸ਼ਟ ਨਹੀਂ ਹੁੰਦੇ, ਬਹੁਤ ਸਾਰੀਆਂ ਜਥੇਬੰਦੀਆਂ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਹੈ ਕਿ ਫਸਲਾਂ ਦੀ ਰਹਿੰਦ-ਖੂੰਹਦ ਤੇ ਹੋਰ ਕਈ ਤਰ੍ਹਾਂ ਨਾਲ ਲੱਗੀ ਜਾਂ ਲਗਾਈ ਅੱਗ ਨੂੰ ਬੁਝਾਉਣ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਤੋਂ ਇਲਾਵਾ ਇਸ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਕੀਤਾ ਜਾਵੇ।

ਸਮਾਜ ਸੇਵੀ ਅਸ਼ੋਕ ਸਿੰਗਲਾ ਨੇ ਵਿਦਿਆਰਥੀਆਂ ਨੂੰ ਔਸ਼ਧੀ ਪੌਦੇ ਵੰਡੇ



ਮਾਲੇਰਕੋਟਲਾ (ਅਸਗਰ ਪਰਿਹਾਰ)-ਧਨਤੇਰਸ ਦੇ ਸ਼ੁਭ ਮੌਕੇ ਸਮਾਜ ਸੇਵੀ, ਜ਼ਿਲ੍ਹਾ ਐਵਾਰਡੀ ਵਾਤਾਵਰਨ ਪ੍ਰੇਮੀ ਤੇ ਵਿਸ਼ਵ ਸ਼ਕਤੀ ਪਾਈਪ ਕੰਪਨੀ ਦੇ ਐੱਮ. ਡੀ. ਅਸ਼ੋਕ ਸਿੰਗਲਾ ਨੇ ਸਰਕਾਰੀ ਸਕੂਲ ਸਦਰਾਬਾਦ ਦੇ ਵਿਦਿਆਰਥੀਆਂ ਨੂੰ 100 ਔਸ਼ਧੀ ਗੁਣਾਂ ਵਾਲੇ ਪੌਦੇ ਵੰਡੇ।ਇਸ ਮੌਕੇ ਵਿਦਿਆਰਥੀਆਂ ਨੂੰ ਅਪਰਾਜਿਤਾ, ਸਹਿਜਣਾ, ਇਨਸੁਲਿਨ ਤੇ ਹਰਸਿੰਗਾਰ ਵਰਗੇ ਔਸ਼ਧੀ ਗੁਣਾਂ ਨਾਲ ਭਰਪੂਰ ਪੌਦੇ ਭੇਟ ਕੀਤੇ ਗਏ।ਅਸ਼ੋਕ ਸਿੰਗਲਾ ਨੇ ਦੱਸਿਆ ਕਿ ਇਹ ਉਪਰਾਲਾ 'ਹਰ ਘਰ ਹਰਿਆਲੀ, ਹਰ ਘਰ ਖੁਸ਼ਹਾਲੀ' ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਦੇ ਉਦੇਸ਼ ਨਾਲ ਕੀਤਾ ਗਿਆ ਹੈ।ਪੌਦੇ ਵੰਡਣ ਦੇ ਨਾਲ-ਨਾਲ ਉਨ੍ਹਾਂ ਨੇ ਬੱਚਿਆਂ ਨੂੰ ਇਨ੍ਹਾਂ ਦੀ ਦੇਖਭਾਲ ਕਰਨ ਤੇ ਸਮੇਂ-ਸਮੇਂ 'ਤੇ ਪਾਣੀ ਦੇਣ ਦੀ ਜ਼ਿੰਮੇਵਾਰੀ ਵੀ ਸੌਂਪੀ, ਤਾਂ ਜੋ ਬੱਚੇ ਬਚਪਨ ਤੋਂ ਹੀ ਕੁਦਰਤ ਤੇ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕ ਹੋ ਸਕਣ।ਵਾਤਾਵਰਣ ਪ੍ਰਤੀ ਅਸ਼ੋਕ ਸਿੰਗਲਾ ਦੇ ਇਸ ਲਗਾਅ ਨੂੰ ਦੇਖ ਕੇ ਸਕੂਲ ਦੇ ਬੱਚੇ, ਅਧਿਆਪਕ ਤੇ ਸਮੂਹ ਸਟਾਫ਼ ਮੈਂਬਰਾਂ ਨੇ ਇਸ ਨੇਕ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਇਸ ਮੌਕੇ ਪ੍ਰੇਰਨਾਦਾਇਕ ਸੰਦੇਸ਼ ਦਿੰਦਿਆਂ ਅਸ਼ੋਕ ਸਿੰਗਲਾ ਨੇ ਕਿਹਾ ਕਿ ਉਨ੍ਹਾ ਦਾ ਇਹ ਉਪਰਾਲਾ ਬੱਚਿਆਂ ਨੂੰ ਪੌਦਿਆਂ ਨਾਲ ਜੋੜਨਾ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਰਿਆਲੀ ਤੇ ਸਾਫ਼ ਵਾਤਾਵਰਣ ਦੇ ਸੰਸਕਾਰ ਦੇਣਾ ਹੈ।

ਕੇਜਰੀਵਾਲ ਨੇ ਦਲਬੀਰ ਯੂ ਕੇ ਨੂੰ ਘਨੌਰ ਲਈ ਦਿੱਤਾ ਥਾਪੜਾ

ਮਾਨ ਸਰਕਾਰ ਦਾ ਪੀ ਸੀ ਐੱਸ ਤੇ ਯੂ ਪੀ ਸੀ ਐੱਸ ਦੀ ਮੁਫ਼ਤ ਕੋਚਿੰਗ ਦੇਣ ਦਾ ਫ਼ੈਸਲਾ ਸ਼ਲਾਘਾ ਯੋਗ : ਦਲਬੀਰ ਯੂਕੇ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਆਮ ਆਦਮੀ ਪਾਰਟੀ ਦੇ ਹਲਕਾ ਘਨੌਰ ਦੇ ਸੰਭਾਵੀ ਉਮੀਦਵਾਰ ਦਲਬੀਰ ਸਿੰਘ ਗਿੱਲ ਯੂਕੇ ਨੂੰ ਹਲਕਾ ਘਨੌਰ 'ਚ ਲੋਕਾਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਆਮ ਆਦਮੀ ਪਾਰਟੀ ਦੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਦਲਬੀਰ ਸਿੰਘ ਗਿੱਲ ਯੂਕੇ ਨੂੰ ਵਿਧਾਨ ਸਭਾ ਹਲਕਾ ਘਨੌਰ ਤੋਂ 2027 ਦੀਆਂ ਵਿਧਾਨ ਸਭਾ ਚੋਣਾਂ ਲੜਨ ਲਈ ਹਰੀ ਝੰਡੀ ਦੇ ਦਿੱਤੀ ਹੈ। ਦਲਬੀਰ ਸਿੰਘ ਯੂਕੇ ਨੇ ਆਪਣੇ ਘਨੌਰ ਹਲਕੇ ਦੇ ਪਿੰਡਾਂ ਦੇ ਦੌਰੇ ਸਮੇਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ ਤੇ ਲੋਕ 2027 ਚੋਣਾਂ 'ਚ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਹਾਸਲ ਕਰਕੇ ਭਗਵੰਤ ਮਾਨ ਨੂੰ ਦੁਬਾਰਾ ਮੁੱਖ ਮੰਤਰੀ ਬਣਾਉਣਗੇ। ਇਸ ਸਮੇਂ ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਵਿਦਿਆਰਥੀਆਂ ਲਈ ਸਿਵਲ ਸੇਵਾਵਾਂ ਦੀ ਤਿਆਰੀ ਨੂੰ ਪਹੁੰਚਯੋਗ ਬਣਾਉਣ ਦੇ ਮੰਤਵ ਨਾਲ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਦੇ 1,000 ਕਾਲਜ ਵਿਦਿਆਰਥੀਆਂ ਨੂੰ ਕੇਂਦਰੀ ਲੋਕ ਸੇਵਾ ਕਮਿਸ਼ਨ (ਯੂ.ਪੀ.ਐੱਸ.ਸੀ.) ਸਿਵਲ ਸੇਵਾਵਾਂ ਪ੍ਰੀਖਿਆ ਤੇ ਪੰਜਾਬ ਸਿਵਲ ਸੇਵਾਵਾਂ (ਪੀ.ਸੀ.ਐੱਸ.) ਪ੍ਰੀਖਿਆਵਾਂ ਲਈ ਪੂਰੀ ਤਰ੍ਹਾਂ ਮੁਫ਼ਤ ਆਨਲਾਈਨ ਕੋਚਿੰਗ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸ਼ੁਰੂ ਕੀਤੇ ਜਾ ਰਹੇ ਇਸ ਪ੍ਰੋਗਰਾਮ ਤਹਿਤ ਸਰਕਾਰੀ ਕਾਲਜਾਂ ਦੇ 750 ਤੇ ਪ੍ਰਾਈਵੇਟ ਕਾਲਜਾਂ ਦੇ 250 ਵਿਦਿਆਰਥੀਆਂ ਨੂੰ ਕਵਰ ਕੀਤਾ ਜਾਵੇਗਾ।ਸ੍ਰ. ਬੈਂਸ ਨੇ ਕਿਹਾ ਕਿ ਸੂਬਾ ਸਰਕਾਰ 'ਰੰਗਲਾ ਪੰਜਾਬ' ਸਿਰਜਣ ਦੀ ਦਿਸ਼ਾ ਵਿੱਚ 'ਪੰਜਾਬ ਸਿੱਖਿਆ ਕ੍ਰਾਂਤੀ' ਦੇ ਵਿਜ਼ਨ ਦਾ ਉਚੇਰੀ ਸਿੱਖਿਆ ਤੇ ਰੁਜ਼ਗਾਰ ਦੇ ਮੌਕਿਆਂ ਤੱਕ ਵਿਸਥਾਰ ਕਰ ਰਹੀ ਹੈ।ਦਲਬੀਰ ਯੂਕੇ ਨੇ ਕਿਹਾ ਕਿ ਪੰਜਾਬ ਦੇ ਹਰ ਨੌਜਵਾਨ ਦੀਆਂ ਅੱਖਾਂ ਵਿੱਚ ਇਕ ਸੁਪਨਾ ਹੈ ਤੇ ਕਿਸੇ ਵੀ ਸੁਪਨੇ ਦੀ ਉਡਾਣ ਸਿਰਫ਼ ਇਸ ਲਈ ਨਹੀਂ ਰੁਕਣੀ ਚਾਹੀਦੀ ਕਿ ਪਰਵਾਰ ਕੋਚਿੰਗ ਦਾ ਖ਼ਰਚਾ ਨਹੀਂ ਚੁੱਕ ਸਕਦਾ ਜਾਂ ਵਿਦਿਆਰਥੀ ਕਿਸੇ ਵੱਡੇ ਕੋਚਿੰਗ ਸੈਂਟਰ ਤੋਂ ਦੂਰ ਰਹਿੰਦਾ ਹੈ।ਅਸੀਂ ਚਾਹੁੰਦੇ ਹਾਂ ਕਿ ਪੰਜਾਬ ਦੇ ਬੱਚੇ ਪੂਰੀ ਆਜ਼ਾਦੀ ਨਾਲ ਵੱਡੇ ਸੁਪਨੇ ਵੇਖਣ ਤੇ ਇਹ ਸਮਝ ਕੇ ਚੱਲਣ ਕਿ ਸਰਕਾਰ ਹਰ ਕਦਮ 'ਤੇ ਉਨ੍ਹਾਂ ਦੇ ਨਾਲ ਖੜ੍ਹੀ ਹੈ।

ਧਰਮਪਾਲ ਬਾਂਸਲ ਨੇ ਬੀ ਐੱਸ ਐੱਫ ਜਵਾਨਾਂ ਨਾਲ ਮਨਾਈ ਦੀਵਾਲੀ

- ਜਵਾਨਾਂ ਦੇ ਤਿਆਗ ਤੇ ਸਮਰਪਣ ਨੂੰ ਕੀਤਾ ਸਲਾਮ, ਸਰਹੱਦੀ ਚੌਂਕੀਆਂ 'ਤੇ ਜਗਾਏ ਦੀਵੇ ਤੇ ਵੰਡੀਆਂ ਮਿਠਾਈਆਂ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਦੀਵਾਲੀ ਰੌਸ਼ਨੀ, ਖੁਸ਼ੀ, ਪਿਆਰ ਤੇ ਆਪਣੇਪਣ ਦਾ ਤਿਉਹਾਰ ਹੈ। ਇਸ ਮੌਕੇ ਹਰ ਕੋਈ ਆਪਣੇ ਪਰਵਾਰ ਨਾਲ ਖੁਸ਼ੀਆਂ ਮਨਾਉਂਦਾ ਹੈ, ਪਰ ਦੇਸ਼ ਦੇ ਬਹਾਦਰ ਸੁਰੱਖਿਆ ਜਵਾਨ ਸਰਹੱਦਾਂ 'ਤੇ ਦਿਨ-ਰਾਤ ਡਿਊਟੀ ਨਿਭਾਉਂਦੇ ਹਨ। ਇਨ੍ਹਾਂ ਜਵਾਨਾਂ ਦੇ ਤਿਆਗ ਤੇ ਸਮਰਪਣ ਨੂੰ ਸਲਾਮ ਕਰਦਿਆਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧਰਮਪਾਲ ਬਾਂਸਲ, ਚੇਅਰਮੈਨ ਐੱਸ.ਬੀ.ਐੱਸ. ਕਾਲਜ ਆਫ ਨਰਸਿੰਗ, ਫਿਰੋਜ਼ਪੁਰ, ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਐਂਡ ਹਸਪਤਾਲ ਤੇ ਭਗਤੀ ਭਜਨ ਗਰੁੱਪ ਵੱਲੋਂ ਸਰਹੱਦ 'ਤੇ ਤਾਇਨਾਤ ਬੀ ਐੱਸ ਐੱਫ ਜਵਾਨਾਂ ਨਾਲ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ। ਇਸ ਵਿਸ਼ੇਸ਼ ਉਪਰਾਲੇ ਦਾ ਮਕਸਦ ਤਿਉਹਾਰਾਂ ਦੌਰਾਨ ਪਰਵਾਰਾਂ ਤੋਂ ਦੂਰ ਰਹਿ ਕੇ ਦੇਸ਼ ਦੀ ਰੱਖਿਆ ਕਰ ਰਹੇ ਜਵਾਨਾਂ ਨੂੰ ਪਿਆਰ, ਸਤਿਕਾਰ ਤੇ ਆਪਣੇਪਣ ਦਾ ਅਹਿਸਾਸ ਕਰਵਾਉਣਾ ਸੀ। ਇਸ ਮੌਕੇ ਸੀਮਾ ਜਾਗਰਣ ਮੰਚ ਦੇ ਸੰਗਠਨ ਮੰਤਰੀ ਮਨੋਜ ਜੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਨੇ ਸਰਹੱਦੀ ਖੇਤਰਾਂ ਵਿੱਚ ਆਉਣ ਵਾਲੀਆਂ ਮੁਸ਼ਕਲਾਂ ਬਾਰੇ ਵਿਚਾਰ ਸਾਂਝੇ ਕੀਤੇ। ਧਰਮਪਾਲ ਬਾਂਸਲ ਤੇ ਸਮੂਹ ਟੀਮ ਵੱਲੋਂ ਹਿੰਦ ਕੇਸਰੀ ਟਾਵਰ ਚੌਂਕੀ, ਬੀ.ਓ.ਪੀ. ਉਲੋਕੇ, ਸਤਪਾਲ ਚੌਂਕੀ ਤੇ ਹੁਸੈਨੀਵਾਲਾ ਵਿਖੇ ਜਵਾਨਾਂ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ




ਦੀਵੇ ਜਗਾਏ ਗਏ, ਮਿਠਾਈਆਂ ਵੰਡੀਆਂ ਗਈਆਂ ਤੇ ਜਵਾਨਾਂ ਨਾਲ ਤਿਉਹਾਰ ਦੀ ਖੁਸ਼ੀ ਸਾਂਝੀ ਕੀਤੀ ਗਈ। ਪ੍ਰੋਗਰਾਮ ਵਿੱਚ ਐੱਸ.ਬੀ.ਐੱਸ. ਕਾਲਜ ਆਫ ਨਰਸਿੰਗ ਦਾ ਸਟਾਫ ਤੇ ਭਗਤੀ ਭਜਨ ਗਰੁੱਪ ਦੇ ਮੈਂਬਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਕੈਲਾਸ਼ ਸ਼ਰਮਾ, ਸੁਖਵਿੰਦਰ ਕੌਰ, ਬਲਵਿੰਦਰ ਕੌਰ, ਪਰਮਪ੍ਰੀਤ ਕੌਰ, ਸਿਮਰਨਪ੍ਰੀਤ ਕੌਰ, ਹਰਦੇਵ ਸਿੰਘ, ਬੂਟਾ ਸਿੰਘ ਤੇ ਪ੍ਰਤਾਪ ਸਿੰਘ ਸਮੇਤ ਹੋਰ ਮੈਂਬਰ ਮੌਜੂਦ ਰਹੇ। ਧਰਮਪਾਲ ਬਾਂਸਲ ਨੇ ਕਿਹਾ ਕਿ ਸਰਹੱਦਾਂ 'ਤੇ ਤਾਇਨਾਤ ਜਵਾਨ ਦੇਸ਼ ਦੀ ਸੁਰੱਖਿਆ ਦੀ ਮਜ਼ਬੂਤ ਢਾਲ ਹਨ। ਉਨ੍ਹਾਂ ਦੇ ਸਾਹਸ ਤੇ ਸਮਰਪਣ ਕਾਰਨ ਹੀ ਦੇਸ਼ਵਾਸੀ ਆਪਣੇ ਘਰਾਂ ਵਿੱਚ ਸੁਰੱਖਿਅਤ ਰਹਿ ਕੇ ਤਿਉਹਾਰ ਮਨਾਉਂਦੇ ਹਨ। ਉਨ੍ਹਾਂ ਕਿਹਾ ਕਿ ਜਦੋਂ ਜਵਾਨ ਸਰਹੱਦ 'ਤੇ ਜਾਗਦੇ ਹਨ ਤਾਂ ਦੇਸ਼ ਦੇ ਲੋਕ ਚੈਨ ਨਾਲ ਸੌਂਦੇ ਹਨ। ਉਨ੍ਹਾਂ ਦਾ ਤਿਆਗ ਹਰ ਭਾਰਤੀ ਲਈ ਮਾਣ ਤੇ ਪ੍ਰੇਰਨਾ ਦਾ ਵਿਸ਼ਾ ਹੈ। ਇਸ ਮੌਕੇ ਬੀ ਐੱਸ ਐੱਫ ਜਵਾਨਾਂ ਨੇ ਟੀਮ ਦਾ ਧੰਨਵਾਦ ਕਰਦਿਆਂ ਖੁਸ਼ੀ ਪ੍ਰਗਟਾਈ।

ਹੀਰੋ ਇੰਡਸਟਰੀ ਵੱਲੋਂ ਦੀਵਾਲੀ ਮੌਕੇ ਕਾਮਿਆਂ ਦਾ ਸਨਮਾਨ



ਬਠਿੰਡਾ (ਰਾਜੀਵ ਗੋਇਲ)-ਜ਼ਿਲ੍ਹੇ ਦੇ ਕਸਬਾ ਭਗਤਾ ਭਾਈਕਾ ਦੀ ਮਸ਼ਹੂਰ ਆਟਾ ਚੱਕੀ ਬਣਾਉਣ ਵਾਲੀ ਹੀਰੋ ਇੰਡਸਟਰੀ ਵੱਲੋਂ ਦਿਵਾਲੀ, ਬੰਦੀ ਛੋੜ ਦਿਵਸ ਤੇ ਬਾਬਾ ਵਿਸ਼ਵਕਰਮਾ ਦਿਵਸ ਨੂੰ ਲੈ ਕੇ ਕਾਮਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਗੱਲਬਾਤ ਕਰਦਿਆਂ ਇੰਡਸਟਰੀ ਦੇ ਮਾਲਕ ਮਿਸਤਰੀ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਪਾਸ ਕਾਫੀ ਗਿਣਤੀ ਵਿੱਚ ਮਜ਼ਦੂਰ ਕੰਮ ਕਰਦੇ ਹਨ ਤੇ ਆਏ ਵਰ੍ਹੇ ਉਹ ਇਨ੍ਹਾਂ ਕਾਮਿਆਂ ਦੀਆਂ ਆਮ ਜ਼ਰੂਰਤਾਂ ਵੱਲ ਤਾਂ ਧਿਆਨ ਦਿੰਦੇ ਹੀ ਹਨ, ਨਾਲ ਹੀ ਤਿਉਹਾਰਾਂ ਮੌਕੇ ਵੀ ਉਹ ਇਨ੍ਹਾਂ ਕਿਰਤੀਆਂ ਨੂੰ ਵਿਸ਼ੇਸ਼ ਪਹਿਲ ਦਿੰਦੇ ਹਨ।

ਅੰਧ-ਵਿਸ਼ਵਾਸਾਂ ਖ਼ਿਲਾਫ਼ ਚੇਤਨਾ ਲਹਿਰ ਤੇਜ਼ ਕਰਨ ਦਾ ਅਹਿਦ



ਲੁਧਿਆਣਾ (ਸਤੀਸ਼ ਸਚਦੇਵਾ)-ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਇਕਾਈ ਕੋਹਾੜਾ ਦੀ ਮੀਟਿੰਗ ਜਥੇਬੰਦਕ ਮੁਖੀ ਰੁਪਿੰਦਰ ਪਾਲ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ।ਮੀਟਿੰਗ ਵਿੱਚ ਲੋਕਾਂ ਦਾ ਸੋਚਣ ਢੰਗ ਵਿਗਿਆਨਕ ਬਣਾਉਣ ਦੇ ਯਤਨ ਤੇਜ਼ ਕਰਨ ਕਰਨ ਦਾ ਫੈਸਲਾ ਕੀਤਾ ਗਿਆ। ਇਹ ਵੀ ਫੈਸਲਾ ਕੀਤਾ ਗਿਆ ਕਿ ਨੌਜਵਾਨਾਂ ਤੇ ਵਿਦਿਆਰਥੀਆਂ ਵਿੱਚ ਤਰਕਸ਼ੀਲ ਵਿਚਾਰਾਂ ਦੀ ਅਹਿਮੀਅਤ ਉਜਾਗਰ ਕਰਨ ਲਈ ਸਕੂਲਾਂ ਤੇ ਕਾਲਜਾਂ ਵਿੱਚ ਵਿਦਿਆਰਥੀਆਂ ਨੂੰ ਤਰਕਸ਼ੀਲ ਚੇਤਨਾ ਪ੍ਰੀਖਿਆ ਵਿੱਚ ਵੱਧ ਤੋਂ ਵੱਧ ਸ਼ਾਮਲ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ।ਇਸ ਤੋਂ ਇਲਾਵਾ ਸ਼ਹੀਦਾਂ ਦੇ ਜਨਮ ਦਿਨ ਤੇ ਸ਼ਰਧਾਂਜਲੀ ਸਮਾਗਮਾਂ ਮੌਕੇ ਸੈਮੀਨਾਰ ਕਰਵਾ ਕੇ ਬਰਾਬਰਤਾ, ਇਨਸਾਫ਼ ਤੇ ਜਮਹੂਰੀ ਕਦਰਾਂ ਕੀਮਤਾਂ ਵਾਲੇ ਸਮਾਜ ਦੀ ਸਿਰਜਣਾ ਲਈ ਲੋਕ ਚੇਤਨਾ ਦਾ ਪਸਾਰਾ ਕਰਨ ਦਾ ਵੀ ਅਹਿਦ ਲਿਆ ਗਿਆ।ਇਸ ਦੌਰਾਨ ਤਰਕਸ਼ੀਲ ਮੈਗਜ਼ੀਨ ਦਾ ਨਵੰਬਰ-ਦਸੰਬਰ 2026 ਅੰਕ ਜਾਰੀ ਕੀਤਾ ਗਿਆ।ਇਸ ਮੌਕੇ ਰਜਿੰਦਰ ਜੰਡਿਆਲੀ, ਜਗਤਾਰ ਦੋਰਾਹਾ, ਮਨਜੀਤ ਘਣਗਸ, ਗੁਰਿੰਦਰ ਸਿੰਘ ਜੰਡਿਆਲੀ ਤੇ ਗਮਦੂਰ ਸਿੰਘ ਹਾਜ਼ਰ ਸਨ।

ਜੇਲ੍ਹ ਭਰੋ ਜਥਿਆਂ ਸਮੇਤ 1 ਤੋਂ 3 ਦਸੰਬਰ ਤੱਕ ਪੁੱਜਾਂਗੇ ਸਿਰਸਾ ਦੇ ਜ਼ਿਲ੍ਹਾ ਹੈੱਡਕੁਆਰਟਰ : ਵਿਰਕ



ਸਿਰਸਾ (ਸੁਰਿੰਦਰ ਪਾਲ ਸਿੰਘ)-ਕਾਮਰੇਡ ਸ਼ਮਸ਼ੇਰ ਸਿੰਘ ਕਾਹਲੋਂ ਦੀ ਪ੍ਰਧਾਨਗੀ ਹੇਠ ਭਾਰਤੀ ਕਮਿਊਨਿਸਟ ਪਾਰਟੀ ਏਰੀਆ ਰਾਣੀਆਂ ਦੀ ਮਾਸਿਕ ਮੀਟਿੰਗ ਵਿੱਚ 1 ਨਵੰਬਰ ਦੀ ਦਿੱਲੀ ਰੈਲੀ ਵਿੱਚ ਹਿੱਸਾ ਲੈਣ ਵਾਲਿਆਂ ਦੀ ਸ਼ਮੂਲੀਅਤ ਦੀ ਰਿਪੋਰਟ ਦਿੱਤੀ। ਇਸ ਮੌਕੇ ਡਾ: ਸੁਖਦੇਵ ਸਿੰਘ ਜੰਮੂ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚਾ ਹਰਿਆਣਾ ਦੀ ਇੱਕ ਮਹਾਂਪੰਚਾਇਤ 26 ਨਵੰਬਰ ਨੂੰ ਬਹਾਦਰਗੜ੍ਹ ਵਿੱਚ ਹੋਵੇਗੀ, ਜਿਸ ਵਿੱਚ ਲੋਕ ਵੱਡੀ ਗਿਣਤੀ ਵਿੱਚ ਹਿੱਸਾ ਲੈਣਗੇ। ਇਸ ਵਿੱਚ ਲਹਿਰ ਦੇ ਸ਼ਹੀਦਾਂ ਦੀ ਯਾਦਗਾਰ ਬਣਾਉਣ ਦੀ ਮੰਗ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆਲ ਇੰਡੀਆ ਕਿਸਾਨ ਸਭਾ ਸਿਰਸਾ ਦੇ ਸਾਥੀ ਵੀ ਬਹਾਦਰਗੜ੍ਹ ਪੰਚਾਇਤ ਵਿੱਚ ਵੱਡੀ ਗਿਣਤੀ ਵਿੱਚ ਹਿੱਸਾ ਲੈਣਗੇ। ਕਾਮਰੇਡ ਸਵਰਨ ਸਿੰਘ ਵਿਰਕ ਨੇ ਦੱਸਿਆ ਕਿ ਸੀ ਪੀ ਆਈ ਨੈਸ਼ਨਲ ਕੌਂਸਲ ਦੇ ਸੱਦੇ 'ਤੇ ਇੱਕ ਜੇਲ੍ਹ ਭਰੋ ਜਥਾ 1 ਤੋਂ 3 ਦਸੰਬਰ ਤੱਕ ਸਿਰਸਾ ਜ਼ਿਲ੍ਹਾ ਹੈੱਡਕੁਆਰਟਰ ਵਿਖੇ ਪਹੁੰਚੇਗਾ ਤਾਂ ਜੋ ਕੇਂਦਰ ਸਰਕਾਰ ਦੀਆਂ ਨੀਤੀਆਂ ਵਿਰੁੱਧ ਜੇਲ੍ਹ ਭਰੋ ਅੰਦੋਲਨ ਦੇ ਹਿੱਸੇ ਵਜੋਂ ਆਪਣੀਆਂ ਗ੍ਰਿਫ਼ਤਾਰੀਆਂ ਦਿੱਤੀਆਂ ਜਾ ਸਕਣ। ਕਾਮਰੇਡ ਵਿਰਕ ਨੇ ਆਗਾਮੀ ਸੋਵੀਅਤ ਯੂਨੀਅਨ ਇਨਕਲਾਬ ਦਿਵਸ 7 ਨਵੰਬਰ ਨੂੰ ਮਨਾਉਣ ਦਾ ਸੱਦਾ ਦਿੱਤਾ। ਇਸ ਮੀਟਿੰਗ ਵਿੱਚ ਕਾ: ਬਲਰਾਜ ਸਿੰਘ ਬਣੀ, ਸਵਰਨ ਸਿੰਘ ਵਿਰਕ, ਪਾਲਾ ਸਿੰਘ ਚੀਮਾ, ਡਾ: ਸੁਖਦੇਵ ਸਿੰਘ ਜੰਮੂ, ਕੁਲਦੀਪ ਸਿੰਘ, ਸ਼ੰਗਾਰਾ ਸਿੰਘ, ਮੋਹਨ ਸਿੰਘ, ਜੋਗਿੰਦਰ ਸਿੰਘ ਦਮਦਮਾ, ਜਗੀਰ ਸਿੰਘ, ਮਹੇਸ਼ ਸਿੰਘ, ਪਵਨ ਕੁਮਾਰ, ਰੇਸ਼ਮ ਸਿੰਘ ਕਰੀਵਾਲਾ, ਕਸ਼ਮੀਰ ਸਿੰਘ ਮੁਕਤਾ ਆਦਿ ਖੱਬੇ ਪੱਖੀ ਕਾਰਕੁਨ ਹਾਜ਼ਰ ਸਨ।

ਸਪਰਿੰਗ ਸਕੂਲ 'ਚ ਦੀਵਾਲੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



ਬਾਘਾ ਪੁਰਾਣਾ (ਮਨੀ ਸਿੰਗਲਾ)-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਦੀਵਾਲੀ ਦਾ ਤਿਉਹਾਰ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਬੜੇ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਆਪਣੇ ਕਲਾਸ ਰੂਮਾਂ ਤੇ ਸਕੂਲ ਦੇ ਵੱਖ-ਵੱਖ ਹਿੱਸਿਆਂ ਨੂੰ ਸੁੰਦਰ ਫੁੱਲਾਂ ਤੇ ਹੋਰ ਸਜਾਵਟੀ ਸਮੱਗਰੀ ਨਾਲ ਸਜਾ ਕੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਇਸ ਦੌਰਾਨ ਮੈਡਮ ਸਿਮਰਨ ਭੱਲਾ ਨੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਬਹੁਤ ਹੀ ਮਨਮੋਹਕ ਰੰਗੋਲੀ ਤਿਆਰ ਕੀਤੀ, ਜੋ ਖਿੱਚ ਦਾ ਕੇਂਦਰ ਰਹੀ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਦੀਵਾਲੀ ਨੂੰ ਸਮਰਪਤ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।ਦਸਵੀਂ ਜਮਾਤ ਦੀਆਂ ਵਿਦਿਆਰਥਣਾਂ ਜੈਸਮੀਨ ਗਿੱਲ ਅਤੇ ਖੁਸ਼ਵੀਰ ਕੌਰ ਨੇ ਮੰਚ ਸੰਚਾਲਨ ਦੀ ਭੂਮਿਕਾ ਬਾਖ਼ੂਬੀ ਨਿਭਾਈ। ਵਿਦਿਆਰਥੀਆਂ ਨੇ ਗਿੱਧਾ, ਭੰਗੜਾ ਤੇ ਗੀਤਾਂ ਦੀਆਂ ਪੇਸ਼ਕਾਰੀਆਂ ਰਾਹੀਂ ਸਮਾਗਮ ਨੂੰ ਹੋਰ ਵੀ ਰੌਣਕਮਈ ਬਣਾ ਦਿੱਤਾ।ਇਸ ਮੌਕੇ ਸਕੂਲ ਦੇ ਚੇਅਰਮੈਨ ਨਰ ਸਿੰਘ ਬਰਾੜ ਨੇ ਵਿਦਿਆਰਥੀਆਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀ ਇਤਿਹਾਸਕ ਮਹੱਤਤਾ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਸਾਨੂੰ ਹਵਾ ਤੇ ਪਾਣੀ ਦੀ ਸ਼ੁੱਧਤਾ ਬਣਾਈ ਰੱਖਣ ਲਈ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ।ਅੰਤ ਵਿੱਚ ਚੇਅਰਮੈਨ ਨਰ ਸਿੰਘ ਬਰਾੜ, ਪ੍ਰਿੰਸੀਪਲ ਬਾਇਜੂ ਵਿਜੇ ਤੇ ਕੋਆਰਡੀਨੇਟਰ ਮੈਡਮ ਅਨੁਪਮ ਸ਼ਰਮਾ ਨੇ ਸਮੂਹ ਅਧਿਆਪਕਾਂ, ਵਿਦਿਆਰਥੀਆਂ ਤੇ ਮਾਪਿਆਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ।

ਚੇਅਰਮੈਨ ਇੰਦਰਜੀਤ ਮਾਨ ਨੂੰ ਸਦਮਾ, ਚਾਚੇ ਦਾ ਦੇਹਾਂਤ

ਬਠਿੰਡਾ (ਰਾਜੀਵ ਗੋਇਲ)
ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ, ਜਦੋਂ ਉਨ੍ਹਾਂ ਦੇ ਚਾਚਾ ਤੇ ਸਵਰਨ ਸਿੰਘ ਦੇ ਪਿਤਾ ਜਰਨੈਲ ਸਿੰਘ ਨੰਬਰਦਾਰ ਸੰਖੇਪ ਬਿਮਾਰੀ ਦੇ ਚਲਦਿਆਂ ਦਿਵਾਲੀ ਵਾਲੇ ਦਿਨ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।

ਭਰੇ ਮਨ ਨਾਲ ਦੁੱਖ ਜ਼ਾਹਰ ਕਰਦਿਆਂ ਆੜ੍ਹਤੀਆ ਯੂਨੀਅਨ ਭਗਤਾ ਦੇ ਪ੍ਰਧਾਨ ਵਿਜੈ ਕੁਮਾਰ ਪੱਪੂ, ਵਪਾਰ ਮੰਡਲ ਦੇ ਪ੍ਰਧਾਨ ਸ਼ੈਂਕੀ ਗੋਇਲ ਤੇ ਨਗਰ ਪੰਚਾਇਤ ਭਗਤਾ ਦੇ ਪ੍ਰਧਾਨ ਜਗਸੀਰ ਸਿੰਘ ਪੰਨੂ ਤੇ ਸੀਨੀਅਰ ਕਾਂਗਰਸੀ ਆਗੂ ਬੂਟਾ ਸਿੰਘ ਸਿੱਧੂ ਵੱਲੋਂ ਕਿਹਾ ਗਿਆ ਕਿ ਜਰਨੈਲ ਸਿੰਘ ਬਹੁਤ ਵਧੀਆ ਇਨਸਾਨ ਸਨ ਤੇ ਹਰ ਇੱਕ ਨਾਲ ਮਿਲਵਰਤਨ ਰੱਖਦੇ ਸਨ। ਉਨ੍ਹਾਂ ਵੱਲੋਂ ਸਮੂਹ ਮਾਨ ਪਰਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਹੈ।

ਸੁਧਾਈ ਤੇ ਅਧੂਰੇ ਫਾਰਮਾਂ ਦੇ ਨਾਂਅ 'ਤੇ ਦੇਰੀ ਫੀਸ ਲਗਾਉਣ ਦੀ ਸਖ਼ਤ ਆਲੋਚਨਾ

ਪੰਜਾਬ ਸਕੂਲ ਸਿੱਖਿਆ ਬੋਰਡ ਗਰੀਬ ਲੋਕਾਂ ਦੀ ਲੁੱਟ ਕਰਨੀ ਬੰਦ ਕਰੇ : ਡੀ ਟੀ ਐੱਫ਼

ਮਾਨਸਾ (ਆਤਮਾ ਸਿੰਘ ਪਮਾਰ)
ਡੈਮੋਕ੍ਰੇਟਿਕ ਟੀਚਰਜ਼ ਫਰੰਟ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਤਾਜ਼ਾ ਪੱਤਰ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ।ਪੱਤਰ ਅਨੁਸਾਰ ਉਨ੍ਹਾਂ ਵਿਦਿਆਰਥੀਆਂ/ਪ੍ਰੀਖਿਆਰਥੀਆਂ 'ਤੇ 1000 ਰੁਪਏ ਦੀ ਲੇਟ ਫੀਸ ਆਇਦ ਕੀਤੀ ਗਈ ਹੈ, ਜਿਨ੍ਹਾਂ ਦੇ ਫਾਰਮ 'ਚ ਕੋਈ ਤਰੁੱਟੀ ਜਿਵੇਂ ਕਿ ਰਜਿਸਟ੍ਰੇਸ਼ਨ ਨੰਬਰ ਗੁੰਮ ਹੋਣਾ ਜਾਂ ਹੋਰ ਸੋਧ ਕਰਨੀ ਰਹਿ ਗਈ ਹੈ। ਫਰੰਟ ਦੇ ਸੂਬਾਈ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐੱਫ਼ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਬੋਰਡ ਦਾ ਇਹ ਫੈਸਲਾ ਸਰਾਸਰ ਗੈਰ-ਵਾਜਬ ਅਤੇ ਵਿਦਿਆਰਥੀ ਤੇ ਅਧਿਆਪਕ ਵਿਰੋਧੀ ਹੈ।ਅਕਸਰ ਤਕਨੀਕੀ ਖਾਮੀਆਂ, ਪੋਰਟਲ ਦੀਆਂ ਸਮੱਸਿਆਵਾਂ ਜਾਂ ਕਲੈਰੀਕਲ ਭੁੱਲਾਂ ਕਾਰਨ ਫਾਰਮਾਂ 'ਚ ਛੋਟੀਆਂ-ਮੋਟੀਆਂ ਰਹਿ ਜਾਂਦੀਆਂ ਹਨ, ਜਿਨ੍ਹਾਂ ਨੂੰ ਠੀਕ ਕਰਨ ਬਦਲੇ 1000 ਰੁਪਏ ਵਰਗੀ ਵੱਡੀ ਰਕਮ ਵਸੂਲਣਾ ਕਿਸੇ ਤਰ੍ਹਾਂ ਵੀ ਜਾਇਜ਼ ਨਹੀਂ ਨਹੀਂ ਕਹੀ ਜਾ ਸਕਦੀ।ਡੀ ਟੀ ਐੱਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬਹਿਣੀਵਾਲ, ਮੀਤ ਪ੍ਰਧਾਨ ਨਵੀਨ ਗੋਇਲ ਬੋਹਾ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਬੋਰਡ ਪ੍ਰਸ਼ਾਸਨ 'ਤੇ ਦੋਸ਼ ਲਾਇਆ ਕਿ ਸਿੱਖਿਆ ਬੋਰਡ ਆਪਣੀਆਂ ਪ੍ਰਸ਼ਾਸਕੀ ਤੇ ਤਕਨੀਕੀ ਨਾਕਾਮੀਆਂ ਦਾ ਹਰਜ਼ਾਨਾ ਵਿਦਿਆਰਥੀਆਂ ਤੇ ਸਕੂਲ ਸਟਾਫ਼ ਤੋਂ ਵਸੂਲਣਾ ਚਾਹੁੰਦਾ ਹੈ।ਆਰਥਿਕ ਤੌਰ 'ਤੇ ਕਮਜ਼ੋਰ ਤੇ ਸਰਕਾਰੀ ਸਕੂਲਾਂ 'ਚ ਪੜ੍ਹਦੇ



ਵਿਦਿਆਰਥੀਆਂ ਲਈ ਇਹ ਫੀਸ ਭਰਨਾ ਬਹੁਤ ਔਖਾ ਹੈ।ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰਪਾਲ ਨੇ ਮੰਗ ਕੀਤੀ ਕਿ ਪ੍ਰੀਖਿਆ ਫਾਰਮਾਂ ਦੀ ਸੁਧਾਈ ਤੇ ਰਜਿਸਟ੍ਰੇਸ਼ਨ ਨੰਬਰ ਨਾਲ ਸੰਬੰਧਤ ਸੁਧਾਰਾਂ ਲਈ ਲਗਾਈ ਗਈ 1000 ਰੁਪਏ ਦੀ ਲੇਟ ਫੀਸ ਤੁਰੰਤ ਵਾਪਸ ਲਈ ਜਾਵੇ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਨੇ ਚਿਤਾਵਨੀ ਦਿੱਤੀ ਕਿ ਜੇਕਰ ਬੋਰਡ ਪ੍ਰਸ਼ਾਸਨ ਨੇ ਇਹ ਨਾਦਰਸ਼ਾਹੀ ਫੈਸਲਾ ਤੁਰੰਤ ਵਾਪਸ ਨਾ ਲਿਆ ਤਾਂ ਜਥੇਬੰਦੀ ਵਿਦਿਆਰਥੀਆਂ ਤੇ ਅਧਿਆਪਕਾਂ ਦੇ ਹਿੱਤਾਂ ਦੀ ਰਾਖੀ ਲਈ ਬੋਰਡ ਦਫ਼ਤਰ ਸਾਹਮਣੇ ਤਿੱਖਾ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗੀ।ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ, ਕੁਲਦੀਪ ਅੱਕਾਂਵਾਲੀ, ਜਰਨੈਲ ਬੋਹਾ, ਸੰਦੀਪ ਚਹਿਲ ਉੱਡਤ, ਗੁਰਮੇਲ ਸਿੰਘ ਬੋਹਾ, ਅਜੈ ਕੁਮਾਰ ਬੋਹਾ, ਪ੍ਰਸ਼ੋਤਮ ਜੰਡੂ, ਕੁਲਜੀਤ ਪਾਠਕ, ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਨਰੰਜਣ ਮਾਨਸਾ, ਬਲਕਾਰ ਸਿੰਘ, ਰਾਜਿੰਦਰ ਸਿੰਘ ਐੱਚ ਟੀ, ਸੁਖਚੈਨ ਸੇਖੋਂ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ, ਜਸਵਿੰਦਰ ਕਾਮਰੇਡ, ਹਰਵਿੰਦਰ ਸਮਾਓ ਆਦਿ ਅਧਿਆਪਕ ਆਗੂ ਹਾਜ਼ਰ ਸਨ।

ਦੀਵਾਲੀ ਦੀ ਰਾਤ ਵਾਪਰੇ ਦੋ ਅੱਗ ਹਾਦਸੇ : ਘਰ 'ਚ ਖੜ੍ਹੇ ਮੋਟਰਸਾਈਕਲ ਤੇ ਕਬਾੜ ਨੂੰ ਲੱਗੀ ਅੱਗ



ਮਲੋਟ (ਰਜਿੰਦਰ ਜੁਨੇਜਾ)-ਮਲੋਟ ਸ਼ਹਿਰ ਅੰਦਰ ਦੀਵਾਲੀ ਦੀ ਰਾਤ ਵੱਖ-ਵੱਖ ਥਾਵਾਂ 'ਤੇ ਅੱਗ ਲੱਗਣ ਦੀਆਂ ਦੋ ਘਟਨਾਵਾਂ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪਹਿਲੀ ਘਟਨਾ ਸ਼ਹਿਰ ਦੀ ਨਾਗਪਾਲ ਨਗਰੀ ਵਿਖੇ ਵਾਪਰੀ, ਜਿੱਥੇ ਇੱਕ ਘਰ ਦੇ ਵਿਹੜੇ ਵਿੱਚ ਖੜ੍ਹੇ ਮੋਟਰਸਾਈਕਲ ਨੂੰ ਅਚਾਨਕ ਭਿਆਨਕ ਅੱਗ ਲੱਗ ਗਈ।ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਦੇਖਦਿਆਂ ਹੀ ਦੇਖਦਿਆਂ ਮੋਟਰਸਾਈਕਲ ਬੁਰੀ ਤਰ੍ਹਾਂ ਸੜ ਕੇ ਸੁਆਹ ਹੋ ਗਿਆ।ਨਾਗਪਾਲ ਨਗਰੀ ਦੇ ਵਸਨੀਕ ਸੁਨੀਲ ਨਾਗਪਾਲ (ਬਿੱਟਾ ਨਾਗਪਾਲ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਤਵਾਰ ਰਾਤ ਜਦੋਂ ਸਮੁੱਚਾ ਪਰਵਾਰ ਸੁੱਤਾ ਹੋਇਆ ਸੀ, ਤਾਂ ਉਨ੍ਹਾਂ ਨੂੰ ਵਿਹੜੇ ਵਿੱਚੋਂ ਧੂੰਆਂ ਉੱਠਦਾ ਮਹਿਸੂਸ ਹੋਇਆ।ਜਦੋਂ ਪਰਿਵਾਰਕ ਮੈਂਬਰਾਂ ਨੇ ਬਾਹਰ ਆ ਕੇ ਦੇਖਿਆ ਤਾਂ ਵਿਹੜੇ ਵਿੱਚ ਖੜ੍ਹੇ ਉਨ੍ਹਾਂ ਦੇ ਸਪਲੈਂਡਰ ਮੋਟਰਸਾਈਕਲ ਨੂੰ ਭਿਆਨਕ ਅੱਗ ਲੱਗੀ ਹੋਈ ਸੀ।ਪਰਿਵਾਰ ਵੱਲੋਂ ਕਾਫ਼ੀ ਜੱਦੋ-ਜਹਿਦ ਤੋਂ ਬਾਅਦ ਅੱਗ 'ਤੇ ਕਾਬੂ ਤਾਂ ਪਾ ਲਿਆ ਗਿਆ, ਪਰ ਉਦੋਂ ਤੱਕ ਮੋਟਰਸਾਈਕਲ ਪੂਰੀ ਤਰ੍ਹਾਂ ਨੁਕਸਾਨਿਆ ਜਾ ਚੁੱਕਾ ਸੀ।ਮੁੱਢਲੇ ਤੌਰ 'ਤੇ ਇਹ ਅੱਗ ਦੀਵਾਲੀ ਮੌਕੇ ਚਲਾਈ ਗਈ ਆਤਿਸ਼ਬਾਜ਼ੀ ਜਾਂ ਪਟਾਕਾ ਡਿੱਗਣ ਕਾਰਨ ਲੱਗੀ ਦੱਸੀ ਜਾ ਰਹੀ ਹੈ।ਦੂਜੇ ਪਾਸੇ ਸ਼ਹਿਰ ਦੀ ਬਿਰਲਾ ਰੋਡ 'ਤੇ ਸਥਿਤ ਬਿਨਾਂ ਛੱਤ ਵਾਲੇ ਇੱਕ ਕਬਾੜ ਦੇ ਸਟੋਰ ਨੂੰ ਵੀ ਭਿਆਨਕ ਅੱਗ ਲੱਗ ਗਈ।ਅੱਗ ਦੀਆਂ ਲਪਟਾਂ ਇੰਨੀਆਂ ਤੇਜ਼ ਸਨ ਕਿ ਆਸ-ਪਾਸ ਦੇ ਰਿਹਾਇਸ਼ੀ ਇਲਾਕਿਆਂ ਵਿੱਚ ਹਫੜਾ-ਦਫੜੀ ਮੱਚ ਗਈ ਤੇ ਲੋਕਾਂ ਨੂੰ ਚੌਕਸ ਕਰਨਾ ਪਿਆ।ਲੋਕਾਂ ਦੀ ਭਾਰੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਜਾ ਸਕਿਆ।ਇਸ ਘਟਨਾ ਵਿੱਚ ਵੀ ਅੱਗ ਲੱਗਣ ਦਾ ਕਾਰਨ ਕਿਸੇ ਪਟਾਕੇ ਜਾਂ ਆਤਿਸ਼ਬਾਜ਼ੀ ਦਾ ਡਿੱਗਣਾ ਹੀ ਸਮਝਿਆ ਜਾ ਰਿਹਾ ਹੈ।

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤੇ ਰਾਣਾ ਹਸਪਤਾਲ ਵੱਲੋਂ ਗੁਦਾ ਦੇ ਕੈਂਸਰ ਬਾਰੇ ਜਾਗਰੂਕਤਾ ਮੁਹਿੰਮ



ਸਰਹਿੰਦ ਮੰਡੀ (ਪ੍ਰਮੋਦ ਭਾਰਦਵਾਜ)-ਲੋਕ ਭਲਾਈ, ਔਰਤਾਂ ਦੀ ਸਿਹਤ ਤੇ ਸਮਾਜਿਕ ਜਾਗਰੂਕਤਾ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਤਹਿਗੜ੍ਹ ਸਾਹਿਬ ਵੱਲੋਂ ਰਾਣਾ ਹਸਪਤਾਲ ਸਰਹਿੰਦ ਦੇ ਸਹਿਯੋਗ ਨਾਲ ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ ਦੇ ਹਫ਼ਤਾ ਭਰ ਚੱਲਣ ਵਾਲੇ ਸਮਾਗਮਾਂ ਤਹਿਤ ਗੁਦਾ ਦੇ ਕੈਂਸਰ ਸਬੰਧੀ ਜਾਗਰੂਕਤਾ ਮੁਹਿੰਮ ਦਾ ਆਯੋਜਨ ਕੀਤਾ ਗਿਆ।ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ ਹਰ ਸਾਲ 9 ਨਵੰਬਰ ਨੂੰ ਮਨਾਇਆ ਜਾਂਦਾ ਹੈ।ਇਸ ਮੁਹਿੰਮ ਦਾ ਮੁੱਖ ਉਦੇਸ਼ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੋਂ ਪਹੁੰਚੀਆਂ ਔਰਤਾਂ ਨੂੰ ਗੁਦੇ ਦੇ ਕੈਂਸਰ ਦੇ ਲੱਛਣਾਂ, ਇਸ ਤੋਂ ਬਚਾਅ, ਸਮੇਂ ਸਿਰ ਜਾਂਚ ਤੇ ਇਲਾਜ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ।ਇਸ ਜਾਗਰੂਕਤਾ ਮੁਹਿੰਮ ਦੀ ਅਗਵਾਈ ਡਾ. ਦੀਪਿਕਾ ਸੂਰੀ, ਕੰਸਲਟੈਂਟ ਪ੍ਰੋਕਟੋਲੋਜਿਸਟ, ਰਾਣਾ ਹਸਪਤਾਲ ਵੱਲੋਂ ਕੀਤੀ ਗਈ।ਉਨ੍ਹਾਂ ਨੇ ਮੌਜੂਦ ਔਰਤਾਂ ਨਾਲ ਗੱਲਬਾਤ ਕਰਦਿਆਂ ਗੁਦਾ ਦੇ ਕੈਂਸਰ ਦੇ ਮੁੱਖ ਲੱਛਣਾਂ ਤੇ ਇਸ ਨਾਲ ਜੁੜੇ ਖ਼ਤਰਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਪਖਾਨੇ ਵਿੱਚ ਖ਼ੂਨ ਆਉਣਾ, ਪਖਾਨੇ ਦੀ ਆਦਤ ਵਿੱਚ ਲਗਾਤਾਰ ਤਬਦੀਲੀ, ਬਿਨਾਂ ਕਿਸੇ ਕਾਰਨ ਭਾਰ ਘਟਣਾ ਤੇ ਲੰਬੇ ਸਮੇਂ ਤੱਕ ਪੇਟ ਜਾਂ ਗੁਦਾ ਵਿੱਚ ਤਕਲੀਫ਼ ਰਹਿਣ ਵਰਗੇ ਲੱਛਣਾਂ ਨੂੰ ਕਦੇ ਵੀ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ।ਉਨ੍ਹਾਂ ਔਰਤਾਂ ਨੂੰ ਬਿਨਾਂ ਕਿਸੇ ਝਿਜਕ ਦੇ ਸਮੇਂ ਸਿਰ ਡਾਕਟਰੀ ਸਲਾਹ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਦੀਪਿਕਾ ਸੂਰੀ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫ਼ਤਹਿਗੜ੍ਹ ਸਾਹਿਬ ਵੱਲੋਂ ਕੀਤੇ ਜਾ ਰਹੇ ਇਨ੍ਹਾਂ ਲੋਕ ਭਲਾਈ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੇ ਪ੍ਰੋਗਰਾਮ ਸਮਾਜ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਤੇ ਔਰਤਾਂ ਦੇ ਸਸ਼ਕਤੀਕਰਨ ਲਈ ਬਹੁਤ ਮਹੱਤਵਪੂਰਨ ਹਨ।

ਐੱਸ ਆਰ ਐੱਸ ਵਿਖੇ ਐਲੂਮਨਾਈ ਮੀਟ ਦਾ ਆਯੋਜਨ, ਓਲਡ ਸੋਸਾਇਟੀ ਦੀ ਸਥਾਪਨਾ

ਸਮਾਣਾ (ਇਕਬਾਲ ਸਿੰਘ ਬੱਲ)
ਐੱਸ.ਆਰ.ਐੱਸ. ਵਿੱਦਿਆਪੀਠ ਵੱਲੋਂ ਵਿਸ਼ੇਸ਼ ਐਲੂਮਨਾਈ ਮੀਟ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਵੱਖ-ਵੱਖ ਬੈਚਾਂ ਦੇ ਸਾਬਕਾ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।ਇਹ ਸਮਾਗਮ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰਨ, ਪੁਰਾਣੇ ਦੋਸਤਾਂ ਨਾਲ ਮੁੜ ਮਿਲਣ ਤੇ ਆਪਣੇ ਸਕੂਲ ਨਾਲ ਸਾਂਝ ਨੂੰ ਹੋਰ ਮਜ਼ਬੂਤ ਬਣਾਉਣ ਦਾ ਯਾਦਗਾਰ ਮੌਕਾ ਬਣਿਆ।ਇਸ ਮੌਕੇ ਸਾਬਕਾ ਵਿਦਿਆਰਥੀਆਂ ਨੂੰ ਆਪਣੇ ਸਕੂਲੀ ਜੀਵਨ ਦੇ ਅਨਮੋਲ ਪਲਾਂ ਨੂੰ ਮੁੜ ਯਾਦ ਕਰਨ ਦਾ ਮੌਕਾ ਮਿਲਿਆ।ਸਮਾਗਮ ਦਾ ਮੁੱਖ ਆਕਰਸ਼ਣ ਸਕੂਲ ਦੀ ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਵੱਲੋਂ ਓਲਡ ਐੱਸ.ਆਰ.ਸੀਅਨਜ਼ ਸੋਸਾਇਟੀ ਦੀ ਰਸਮੀ ਸਥਾਪਨਾ ਸੀ।ਇਹ ਪਹਿਲ ਸਕੂਲ ਅਤੇ ਇਸ ਦੇ ਸਾਬਕਾ ਵਿਦਿਆਰਥੀਆਂ ਵਿਚਕਾਰ ਜੀਵਨ ਭਰ ਦੇ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।ਇਸ ਸੋਸਾਇਟੀ ਰਾਹੀਂ ਸਾਬਕਾ ਵਿਦਿਆਰਥੀਆਂ ਨੂੰ ਆਪਸੀ ਸਹਿਯੋਗ, ਮਾਰਗਦਰਸ਼ਨ, ਵਿਚਾਰਾਂ ਦੇ ਆਦਾਨ-ਪ੍ਰਦਾਨ ਤੇ ਸੰਸਥਾ ਦੀ ਤਰੱਕੀ ਵਿੱਚ ਸਾਰਥਕ ਯੋਗਦਾਨ ਪਾਉਣ ਲਈ ਇੱਕ ਸਾਂਝਾ ਮੰਚ ਮਿਲੇਗਾ।ਸਮਾਗਮ ਵਿੱਚ ਵੱਖ-ਵੱਖ ਸਾਲਾਂ ਦੌਰਾਨ ਸਕੂਲ ਤੋਂ ਸਿੱਖਿਆ ਪ੍ਰਾਪਤ ਕਰ ਚੁੱਕੇ ਸਾਬਕਾ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਆਪਣੇ ਪੁਰਾਣੇ ਸਕੂਲ ਵਿੱਚ ਵਾਪਸੀ ਕਰਕੇ ਉਨ੍ਹਾਂ ਨੇ ਵਿਦਿਆਰਥੀ ਜੀਵਨ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਪੁਰਾਣੇ ਦੋਸਤਾਂ ਨਾਲ ਸਮਾਂ ਬਿਤਾਇਆ।ਇਸ ਮੌਕੇ ਸਕੂਲ ਦੀ ਯਾਤਰਾ ਨੂੰ ਸਮਰਪਤ ਕੇਕ ਕੱਟਣ ਦੀ ਰਸਮ, ਆਪਸੀ ਮਿਲਣ-ਜੁਲਣ, ਪੁਰਾਣੀਆਂ ਯਾਦਾਂ ਸਾਂਝੀਆਂ ਕਰਨ ਤੇ ਜਲਪਾਨ ਦਾ ਪ੍ਰਬੰਧ ਕੀਤਾ ਗਿਆ।ਪੁਰਾਣੇ ਸਾਥੀਆਂ ਦੇ ਮੁੜ ਮਿਲਣ ਨਾਲ ਸਮੁੱਚਾ ਮਾਹੌਲ ਪਿਆਰ,




ਉਤਸ਼ਾਹ ਤੇ ਆਪਣੇਪਣ ਦੀ ਭਾਵਨਾ ਨਾਲ ਭਰਪੂਰ ਰਿਹਾ।ਇਹ ਸਮਾਗਮ ਐੱਸ.ਆਰ.ਐੱਸ. ਵਿੱਦਿਆਪੀਠ ਦੀ ਦਸ ਸਾਲਾਂ ਦੀ ਯਾਤਰਾ ਦੇ ਜਸ਼ਨਾਂ ਦਾ ਵੀ ਹਿੱਸਾ ਸੀ। ਸਕੂਲ 20 ਨਵੰਬਰ 2016 ਨੂੰ ਰੱਖੀ ਗਈ ਆਪਣੀ ਨੀਂਹ ਦੇ ਦਸ ਸਾਲ ਪੂਰੇ ਕਰਨ ਜਾ ਰਿਹਾ ਹੈ। ਪਿਛਲੇ ਇੱਕ ਦਹਾਕੇ ਦੌਰਾਨ ਸੰਸਥਾ ਨੇ ਅਕਾਦਮਿਕ ਉੱਤਮਤਾ, ਨਵੀਨਤਾ, ਸਰਵਪੱਖੀ ਵਿਕਾਸ ਤੇ ਮਿਆਰੀ ਸਿੱਖਿਆ ਪ੍ਰਤੀ ਆਪਣੀ ਵਚਨਬੱਧਤਾ ਨੂੰ ਲਗਾਤਾਰ ਮਜ਼ਬੂਤ ਕੀਤਾ ਹੈ।ਸਕੂਲ ਦੇ ਚੇਅਰਮੈਨ ਸੀ.ਏ. ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀ.ਏ. ਲਲਿਤ ਸਿੰਗਲਾ ਤੇ ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਦੀ ਅਗਵਾਈ ਹੇਠ ਪ੍ਰਿੰਸੀਪਲ ਡਾ. ਚੰਦਨਦੀਪ ਦੇ ਸਹਿਯੋਗ ਨਾਲ, ਸੰਸਥਾ ਆਤਮਵਿਸ਼ਵਾਸੀ, ਸਮਰੱਥ ਤੇ ਜ਼ਿੰਮੇਵਾਰ ਸ਼ਖ਼ਸੀਅਤਾਂ ਤਿਆਰ ਕਰਨ ਦੇ ਆਪਣੇ ਉਦੇਸ਼ ਵੱਲ ਲਗਾਤਾਰ ਅੱਗੇ ਵਧ ਰਹੀ ਹੈ। ਓਲਡ ਐੱਸ ਆਰਸੀਅਨਜ਼ ਸੋਸਾਇਟੀ ਰਾਹੀਂ ਸਕੂਲ ਆਪਣੇ ਸਾਬਕਾ ਵਿਦਿਆਰਥੀਆਂ ਨਾਲ ਸਥਾਈ ਸਾਂਝ ਬਣਾਉਣ ਤੇ ਉਨ੍ਹਾਂ ਦੀ ਨਿਰੰਤਰ ਭਾਗੀਦਾਰੀ ਨੂੰ ਉਤਸ਼ਾਹਤ ਕਰੇਗਾ।

ਅਕਾਲ ਅਕੈਡਮੀ ਢੀਂਡਸਾ ਵਿਖੇ ਦੋ ਰੋਜ਼ਾ ਵਰਕਸ਼ਾਪ ਲਗਾਈ



ਸਮਰਾਲਾ (ਸੁਰਜੀਤ ਸਿੰਘ)-ਅਕਾਲ ਅਕੈਡਮੀ ਢੀਂਡਸਾ ਵਿਖੇ ਕਿੰਡਰ ਗਾਰਟਨ ਅਧਿਆਪਕਾਂ ਲਈ 'ਸ਼ੁਰੂਆਤੀ ਸਾਲਾਂ ਦੀ ਸਿੱਖਿਆ ਵਿੱਚ ਸਿੱਖਿਆ ਸੰਬੰਧੀ ਬਾਰੀਕੀਆਂ' ਵਿਸ਼ੇ 'ਤੇ ਦੋ ਰੋਜ਼ਾ ਸੀਬੀਐੱਸਈ ਇਨ-ਹਾਊਸ ਵਰਕਸ਼ਾਪ ਲਗਾਈ ਗਈ।ਇਸ ਦਾ ਆਯੋਜਨ ਅਕਾਲ ਕਾਲਜ ਆਫ਼ ਐਜੂਕੇਸ਼ਨ ਈਟਰਨਲ ਯੂਨੀਵਰਸਿਟੀ ਬੜੂ ਸਾਹਿਬ ਵੱਲੋਂ ਕੀਤਾ ਗਿਆ, ਜਿਸ ਦੀ ਅਗਵਾਈ ਪ੍ਰੋ. ਹਰਗੁਣ ਸਚਦੇਵਾ ਨੇ ਕੀਤੀ।ਵਰਕਸ਼ਾਪ ਦੌਰਾਨ ਨਵੀਂ ਸਿੱਖਿਆ ਨੀਤੀ ਤੇ ਉਸ ਦੇ ਸਿਲੇਬਸ ਅਨੁਸਾਰ ਬਾਲ-ਕੇਂਦ੍ਰਿਤ, ਗਤੀਵਿਧੀ-ਅਧਾਰਤ ਅਤੇ ਅਨੰਦਮਈ ਸਿੱਖਿਆ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਅਧਿਆਪਕਾਂ ਨੂੰ ਬੱਚਿਆਂ ਪ੍ਰਤੀ ਪਿਆਰ, ਸਬਰ, ਸਤਿਕਾਰ ਤੇ ਸੰਵੇਦਨਸ਼ੀਲਤਾ ਅਪਣਾਉਣ ਦੇ ਨਾਲ-ਨਾਲ ਸੁਰੱਖਿਅਤ ਤੇ ਸਹਿਯੋਗੀ ਕਲਾਸਰੂਮ ਵਾਤਾਵਰਨ ਸਿਰਜਣ ਲਈ ਪ੍ਰੇਰਿਤ ਕੀਤਾ ਗਿਆ।ਇਸ ਤੋਂ ਇਲਾਵਾ ਇਮਾਨਦਾਰੀ, ਦਿਆਲਤਾ, ਹਮਦਰਦੀ, ਅਨੁਸ਼ਾਸਨ, ਸ਼ੁਕਰਗੁਜ਼ਾਰੀ ਤੇ ਸਾਂਝ ਵਰਗੇ ਨੈਤਿਕ ਮੁੱਲਾਂ ਦੇ ਵਿਕਾਸ 'ਤੇ ਵੀ ਜ਼ੋਰ ਦਿੱਤਾ ਗਿਆ।ਵਰਕਸ਼ਾਪ ਦੇ ਸਮਾਪਤੀ ਸਮਾਰੋਹ ਦੌਰਾਨ ਸਕੂਲ ਦੇ ਪ੍ਰਿੰਸੀਪਲ ਅਰਵਿੰਦਰ ਪਾਲ ਕੌਰ ਓਬਰਾਏ ਨੇ ਬੁਲਾਰੇ ਪ੍ਰੋ. ਹਰਗੁਣ ਸਚਦੇਵਾ ਤੇ ਸਮੂਹ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ।

ਕੇਂਦਰੀ ਵਿਦਿਆਲਿਆ ਵਿਖੇ ਸਾਲਾਨਾ ਖੇਡ ਦਿਵਸ ਮਨਾਇਆ



ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਪ੍ਰਧਾਨ ਮੰਤਰੀ ਸ੍ਰੀ ਕੇਂਦਰੀ ਵਿਦਿਆਲਿਆ, ਫਰੀਦਕੋਟ ਛਾਉਣੀ ਵਿਖੇ ਸਾਲਾਨਾ ਖੇਡ ਦਿਵਸ ਬੜੇ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਸ਼ਾਨਦਾਰ ਸਮਾਗਮ ਵਿੱਚ ਸਾਰੇ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਪ੍ਰੋਗਰਾਮ ਦਾ ਉਦਘਾਟਨ ਸਕੂਲ ਦੇ ਪ੍ਰਿੰਸੀਪਲ ਡਾ. ਸੁਨੀਲ ਕੁਮਾਰ ਨੇ ਹਰੀ ਝੰਡੀ ਲਹਿਰਾ ਕੇ ਕੀਤਾ।ਇਸ ਤੋਂ ਬਾਅਦ, ਵਿਦਿਆਰਥੀਆਂ ਨੇ ਸ਼ਾਨਦਾਰ ਮਾਰਚ-ਪਾਸਟ ਕੀਤਾ ਅਤੇ ਪ੍ਰਿੰਸੀਪਲ ਤੇ ਵਾਈਸ-ਪ੍ਰਿੰਸੀਪਲ ਨੂੰ ਸਲਾਮੀ ਦਿੱਤੀ।ਖੇਡ ਉਤਸਵ ਦੀ ਅਧਿਕਾਰਤ ਸ਼ੁਰੂਆਤ ਰੰਗੀਨ ਸੱਭਿਆਚਾਰਕ ਪ੍ਰਦਰਸ਼ਨਾਂ ਨਾਲ ਹੋਈ।ਸਕੂਲ ਦੇ ਵਾਈਸ-ਪ੍ਰਿੰਸੀਪਲ ਸ਼੍ਰੀ ਸੁਰਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਖੇਡਾਂ ਸਰੀਰਕ ਤੇ ਮਾਨਸਿਕ ਵਿਕਾਸ ਨੂੰ ਉਤਸ਼ਾਹਤ ਕਰਦੀਆਂ ਹਨ, ਨਾਲ ਹੀ ਅਨੁਸ਼ਾਸਨ, ਆਪਸੀ ਸਹਿਯੋਗ ਤੇ ਲੀਡਰਸ਼ਿਪ ਨੂੰ ਮਜ਼ਬੂਤ ਕਰਦੀਆਂ ਹਨ।ਉਨ੍ਹਾਂ ਸਾਰਿਆਂ ਨੂੰ ਸਿਹਤਮੰਦ ਤੇ ਸੰਤੁਲਿਤ ਜੀਵਨ ਸ਼ੈਲੀ ਅਪਣਾਉਣ ਲਈ ਉਤਸ਼ਾਹਤ ਕੀਤਾ।ਇਸ ਪ੍ਰੋਗਰਾਮ ਦੀ ਮੇਜ਼ਬਾਨੀ ਸ਼੍ਰੀ ਅਗਰ ਚੰਦ ਦੁਆਰਾ ਕੀਤੀ ਗਈ ਸੀ।ਪੂਰੇ ਪ੍ਰੋਗਰਾਮ ਦੌਰਾਨ, ਪੂਰਾ ਕੈਂਪਸ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਊਰਜਾ, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਰਿਆ ਹੋਇਆ ਸੀ।ਅੰਤ ਵਿੱਚ, ਇਹ ਸਾਲਾਨਾ ਖੇਡ ਦਿਵਸ ਇੱਕ ਬਹੁਤ ਹੀ ਉਤਸ਼ਾਹੀ ਮਾਹੌਲ ਵਿੱਚ ਸਫਲਤਾਪੂਰਵਕ ਸਮਾਪਤ ਹੋਇਆ, ਜਿਸ ਨੇ ਵਿਦਿਆਰਥੀਆਂ ਨੂੰ ਸਿਹਤਮੰਦ ਮੁਕਾਬਲੇ, ਟੀਮ ਭਾਵਨਾ ਤੇ ਅਨੁਸ਼ਾਸਨ ਦਾ ਇੱਕ ਵਿਲੱਖਣ ਸੰਦੇਸ਼ ਦਿੱਤਾ।

ਗੁਰਦੁਆਰਾ ਭਾਈ ਲਾਲੋ ਜੀ ਵਿਖੇ ਸੰਗਤਾਂ ਹੋਈਆਂ ਨਤਮਸਤਕ



ਕੋਟ ਇਸੇ ਖਾਂ (ਅਰੋੜਾ)-ਬੰਦੀ ਛੋੜ ਦਿਵਸ, ਵਿਸ਼ਵਕਰਮਾ ਦਿਵਸ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਤ ਵਿਸ਼ੇਸ਼ ਧਾਰਮਿਕ ਸਮਾਗਮ ਗੁਰਦੁਆਰਾ ਭਾਈ ਲਾਲੋ ਜੀ ਵਿਖੇ ਸਮੂਹ ਪ੍ਰਬੰਧਕ ਕਮੇਟੀ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਸਮਾਗਮ ਦੀ ਸ਼ੁਰੂਆਤ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਕੀਤੀ ਗਈ।ਇਸ ਮੌਕੇ ਹਜ਼ੂਰੀ ਰਾਗੀ ਜਥਾ ਭਾਈ ਸਰੂਪ ਸਿੰਘ ਜੀ ਸ੍ਰੀ ਦਰਬਾਰ ਸਾਹਿਬ ਵਾਲਿਆਂ ਨੇ ਆਪਣੀ ਮਿੱਠੀ ਤੇ ਰਸਭਿੰਨੀ ਆਵਾਜ਼ ਵਿੱਚ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਸਮੂਹ ਪ੍ਰਬੰਧਕ ਕਮੇਟੀ ਵੱਲੋਂ ਸਮਾਗਮ ਨੂੰ ਸਫਲ ਬਣਾਉਣ ਲਈ ਸਹਿਯੋਗ ਦੇਣ ਵਾਲੇ ਨਗਰ ਨਿਵਾਸੀਆਂ ਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ।ਸਮਾਗਮ ਦੀ ਸਮਾਪਤੀ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਤੇ ਸੰਗਤਾਂ ਨੇ ਪੰਗਤ ਵਿੱਚ ਬੈਠ ਕੇ ਲੰਗਰ ਛਕਿਆ।

ਕਾਂਗਰਸ ਵੱਲੋਂ 50 ਦੀ ਪਹਿਲੀ ਲਿਸਟ ਜਾਰੀ ਕਰਨ ਦੀ ਤਿਆਰੀ

ਜਿੱਤਣ ਵਾਲੇ ਸੰਭਾਵੀ ਉਮੀਦਵਾਰਾਂ ਨੂੰ ਦਿੱਤੀ ਜਾ ਰਹੀ ਝੰਡੀ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਨੇ ਰਾਜਨੀਤਕ ਗਤੀਵਿਧੀਆਂ ਤੇਜ਼ ਕਰ ਦਿੱਤੀਆਂ ਹਨ।ਰਾਹੁਲ ਗਾਂਧੀ ਦੀ ਸੰਗਰੂਰ ਇਨਸਾਫ ਰੈਲੀ ਤੋਂ ਬਾਅਦ, ਹੁਣ ਪ੍ਰਿਯੰਕਾ ਗਾਂਧੀ ਪੰਜਾਬ ਦਾ ਦੌਰੇ 'ਤੇ ਆ ਰਹੀ ਹੈ। ਪ੍ਰਿਯੰਕਾ ਗਾਂਧੀ ਦੋਆਬਾ ਖੇਤਰ ਵਿੱਚ ਇੱਕ ਰੈਲੀ ਕਰੇਗੀ।ਇਸ ਲਈ ਤਰੀਕ ਤੇ ਸਥਾਨ ਨੂੰ ਅੰਤਿਮ ਰੂਪ ਦਿੱਤਾ ਜਾ ਰਿਹਾ ਹੈ।ਪਾਰਟੀ ਸੂਤਰਾਂ ਅਨੁਸਾਰ, ਉਨ੍ਹਾਂ ਦੇ ਪੰਜਾਬ ਦੌਰੇ ਦੀ ਸਮਾਂ-ਸਾਰਣੀ ਨਵੰਬਰ ਦੇ ਤੀਜੇ ਹਫ਼ਤੇ ਤੋਂ ਬਾਅਦ ਜਾਰੀ ਕੀਤੀ ਜਾ ਸਕਦੀ ਹੈ।ਇਸ ਦੇ ਪਿੱਛੇ ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ ਦੀ ਰਣਨੀਤੀ ਮੰਨੀ ਜਾ ਰਹੀ ਹੈ।ਉਹ ਚਾਹੁੰਦੇ ਹਨ ਕਿ ਕੇਂਦਰੀ ਆਗੂਆਂ ਦੇ ਲਗਾਤਾਰ ਦੌਰੇ ਹੁੰਦੇ ਰਹਿਣੇ ਚਾਹੀਦੇ ਹਨ ਤਾਂ ਜੋ ਵਰਕਰਾਂ ਵਿੱਚ ਉਤਸ਼ਾਹ ਬਰਕਰਾਰ ਰਹੇ ਤੇ ਸੀਨੀਅਰ ਆਗੂ ਇੱਕ ਪਲੇਟਫਾਰਮ 'ਤੇ ਦਿਖਾਈ ਦੇਣ।ਪਾਇਲਟ ਨੇ ਪ੍ਰਿਯੰਕਾ ਗਾਂਧੀ ਨੂੰ ਪੰਜਾਬ ਆਉਣ ਦੀ ਬੇਨਤੀ ਕੀਤੀ ਅਤੇ ਉਨ੍ਹਾਂ ਨੇ ਪਾਇਲਟ ਨੂੰ ਪੰਜਾਬ ਦੌਰੇ ਦੀ ਮਨਜ਼ੂਰੀ ਦੇ ਦਿੱਤੀ ਹੈ।ਨਵੰਬਰ ਵਿੱਚ ਉੱਤਰ ਪ੍ਰਦੇਸ਼ ਵਿੱਚ ਉਨ੍ਹਾਂ ਦੇ ਕਈ ਪ੍ਰੋਗਰਾਮ ਵੀ ਹਨ, ਇਸ ਲਈ ਉਹ ਆਪਣੇ ਸ਼ਡਿਊਲ ਵਿੱਚੋਂ ਸਮਾਂ ਕੱਢ ਕੇ ਪੰਜਾਬ ਆਉਣਗੇ।ਕਾਂਗਰਸ ਜਲਦੀ ਹੀ ਉਮੀਦਵਾਰਾਂ ਦਾ ਐਲਾਨ ਕਰੇਗੀ? ਆਮ ਆਦਮੀ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ 40 ਉਮੀਦਵਾਰਾਂ ਦੀ ਪਹਿਲੀ ਲਿਸਟ ਜਾਰੀ ਕਰਨ ਤੋਂ ਬਾਅਦ, ਕਾਂਗਰਸ ਨੇ ਵੀ ਆਪਣੀਆਂ ਚੋਣ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ।ਕਾਂਗਰਸ ਹਾਈ ਕਮਾਨ ਉਮੀਦਵਾਰਾਂ ਦਾ ਐਲਾਨ ਸਮੇਂ ਤੋਂ ਪਹਿਲਾਂ ਕਰਨ ਦੀ ਰਣਨੀਤੀ 'ਤੇ ਕੰਮ ਕਰ ਰਹੀ ਹੈ, ਤਾਂ ਜੋ ਉਮੀਦਵਾਰਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਪ੍ਰਚਾਰ ਤੇ ਜਨਸੰਪਰਕ ਲਈ ਕਾਫ਼ੀ ਸਮਾਂ ਮਿਲ ਸਕੇ।

50 ਸੀਟਾਂ ਲਈ ਉਮੀਦਵਾਰਾਂ ਨੂੰ ਲੈ ਕੇ ਚਰਚਾ ਹੋਈ 1 ਨਵੰਬਰ ਨੂੰ ਦਿੱਲੀ ਵਿੱਚ ਮੱਲਿਕਾਰਜੁਨ ਖੜਗੇ ਤੇ ਰਾਹੁਲ ਗਾਂਧੀ ਦੀ ਮੌਜੂਦਗੀ ਵਿੱਚ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਦੀ ਇੱਕ ਮੀਟਿੰਗ ਹੋਈ।ਲਗਭਗ 50 ਸੀਟਾਂ ਲਈ ਸੰਭਾਵੀ ਉਮੀਦਵਾਰਾਂ 'ਤੇ ਚਰਚਾ ਕੀਤੀ ਗਈ, ਹਾਲਾਂਕਿ ਕੋਈ ਵੀ ਨਾਵਾਂ ਨੂੰ ਅੰਤਿਮ ਰੂਪ ਨਹੀਂ ਦਿੱਤਾ ਗਿਆ।

ਇਸ ਤੋਂ ਇਲਾਵਾ ਕਾਂਗਰਸ ਹਾਈਕਮਾਨ ਨੇ ਉਮੀਦਵਾਰਾਂ ਦੇ ਜਿੱਤਣ ਦੇ ਮੌਕਿਆਂ ਦਾ ਮੁਲਾਂਕਣ ਕਰਨ ਲਈ ਇੱਕ ਨਵਾਂ ਸਰਵੇਖਣ ਵੀ ਸ਼ੁਰੂ ਕੀਤਾ ਹੈ।ਪੰਜਾਬ ਕਾਂਗਰਸ ਪ੍ਰਧਾਨ ਪ੍ਰਗਟ ਸਿੰਘ ਨੇ ਦਾਅਵਾ ਕੀਤਾ ਸੀ ਕਿ ਪਾਰਟੀ ਕੋਲ ਸਾਰੀਆਂ 117 ਵਿਧਾਨ ਸਭਾ ਸੀਟਾਂ ਲਈ ਉਮੀਦਵਾਰ ਤਿਆਰ ਹਨ ਤੇ ਪਾਰਟੀ ਕਿਸੇ ਵੀ ਸਮੇਂ ਨਾਵਾਂ ਦਾ ਐਲਾਨ ਕਰ ਸਕਦੀ ਹੈ।

ਪਟਵਾਰੀ ਨਿਰਮਲਜੀਤ ਸਿੰਘ ਵੱਲੋਂ ਜਨਮ ਦਿਨ ਦੀ ਖੁਸ਼ੀ 'ਚ ਲਾਇਬਰੇਰੀ ਨੂੰ ਪੁਸਤਕਾਂ ਭੇਟ



ਕੋਟਕਪੂਰਾ (ਰਛਪਾਲ ਭੁੱਲਰ)-ਨੇੜਲੇ ਪਿੰਡ ਹਰੀ ਨੌ ਵਿਖੇ ਸਵਰਗੀ ਸੁਪਨਦੀਪ ਸਿੰਘ ਸਿੱਧੂ ਦੀ ਮਿੱਠੀ ਯਾਦ ਵਿੱਚ ਸਥਾਪਤ ਕੀਤੀ ਗਈ ਲਾਇਬਰੇਰੀ ਵਿਖੇ ਇੱਕ ਵਿਸ਼ੇਸ਼ ਤੇ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ।ਇਸ ਸਮਾਗਮ ਦੌਰਾਨ ਪਟਵਾਰੀ ਨਿਰਮਲਜੀਤ ਸਿੰਘ ਨੇ ਆਪਣੇ ਜਨਮ ਦਿਨ ਦੀ ਖੁਸ਼ੀ ਨੂੰ ਪ੍ਰੰਪਰਾਗਤ ਢੰਗ ਨਾਲ ਮਨਾਉਣ ਦੀ ਬਜਾਏ ਨਿਵੇਕਲੇ ਤੇ ਲਾਹੇਵੰਦ ਤਰੀਕੇ ਨਾਲ ਮਨਾਉਂਦਿਆਂ ਲਾਇਬਰੇਰੀ ਨੂੰ ਧਾਰਮਿਕ, ਇਤਿਹਾਸਕ ਤੇ ਗਿਆਨਵਰਧਕ ਕਿਤਾਬਾਂ ਭੇਟ ਕੀਤੀਆਂ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਪਟਵਾਰੀ ਨਿਰਮਲਜੀਤ ਸਿੰਘ ਨੇ ਕਿਹਾ ਕਿ ਅੱਜਕੱਲ੍ਹ ਦੇ ਦੌਰ ਵਿੱਚ ਜਨਮ ਦਿਨ ਵਰਗੇ ਖੁਸ਼ੀ ਦੇ ਮੌਕਿਆਂ 'ਤੇ ਫਜ਼ੂਲ ਖਰਚੀ ਕਰਨ ਦੀ ਬਜਾਏ ਪੁਸਤਕਾਂ ਦਾਨ ਕਰਨਾ ਇੱਕ ਬਹੁਤ ਹੀ ਸਾਰਥਕ ਤੇ ਸ਼ਲਾਘਾਯੋਗ ਕਦਮ ਹੈ।ਉਨ੍ਹਾਂ ਕਿਹਾ ਕਿ ਕਿਤਾਬਾਂ ਮਨੁੱਖ ਦੀਆਂ ਸਭ ਤੋਂ ਚੰਗੀਆਂ ਦੋਸਤ ਹੁੰਦੀਆਂ ਹਨ, ਜੋ ਸਾਡੀ ਆਉਣ ਵਾਲੀ ਨੌਜਵਾਨ ਪੀੜ੍ਹੀ ਨੂੰ ਗਿਆਨ ਦੀ ਰੋਸ਼ਨੀ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਨੂੰ ਚੰਗੇ ਨੈਤਿਕ ਸੰਸਕਾਰ ਵੀ ਪ੍ਰਦਾਨ ਕਰਦੀਆਂ ਹਨ।ਇਸ ਦੌਰਾਨ ਲਾਇਬਰੇਰੀ ਪ੍ਰਬੰਧਕਾਂ ਤੇ ਪਿੰਡ ਵਾਸੀਆਂ ਵੱਲੋਂ ਪਟਵਾਰੀ ਨਿਰਮਲਜੀਤ ਸਿੰਘ ਦੇ ਇਸ ਉੱਦਮ ਦੀ ਭਰਪੂਰ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਸਵਰਗੀ ਸੁਪਨਦੀਪ ਸਿੰਘ ਦੇ ਪਿਤਾ ਗੁਰਮੁੱਖ ਸਿੰਘ ਤੇ ਮਾਤਾ ਤੋਂ ਇਲਾਵਾ ਦਵਿੰਦਰ ਕੌਰ, ਹਮੀਰ ਸਿੰਘ ਚੌਕੀਦਾਰ, ਜੀਵਨ ਸਿੰਘ, ਬਲਦੇਵ ਸਿੰਘ ਸਮੇਤ ਹੋਰ ਵੀ ਕਈ ਮੁਹਤਬਰ ਵਿਅਕਤੀ ਤੇ ਨਗਰ ਨਿਵਾਸੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਡੀ ਏ 'ਚ ਕੀਤਾ 3% ਵਾਧਾ ਪੈਨਸ਼ਨਰਾਂ ਵੱਲੋਂ ਰੱਦ; ਕੋਝਾ ਮਜ਼ਾਕ ਦੱਸਿਆ



ਦੋਰਾਹਾ (ਹਰਮਿੰਦਰ ਸੇਠ)-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੋਰਾਹਾ ਦੀ ਮਹੀਨੇ ਵਾਰ ਮੀਟਿੰਗ ਪਵਨ ਕੁਮਾਰ ਕੌਸ਼ਲ ਦੀ ਪ੍ਰਧਾਨਗੀ ਹੇਠ ਕ੍ਰਿਸ਼ਨ ਕੁਮਾਰ ਕੌਸ਼ਲ ਯਾਦਗਾਰੀ ਭਵਨ ਦੋਰਾਹਾ ਵਿਖੇ ਹੋਈ। ਮੀਟਿੰਗ ਵਿੱਚ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਪ੍ਰਤੀ ਅਪਣਾਏ ਗੈਰ-ਮਨੁੱਖੀ ਵਤੀਰੇ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘਟੀਆ ਮਾਨਸਿਕਤਾ ਦੀ ਮਾਲਿਕ, ਝੂਠੀ, ਫ਼ਰੇਬੀ ਤੇ ਲੋਕਾਂ ਦੀਆਂ ਅੱਖਾਂ ਵਿੱਚ ਘਟਾ ਪਾ ਕੇ ਅਪਣੇ ਆਪ ਨੂੰ ਲੋਕ ਪੱਖੀ ਹੋਣ ਦਾ ਵਿਖਾਵਾ ਕਰਦੀ ਹੈ, ਜਦੋਂ ਕਿ ਮਨੁੱਖੀ ਹੱਕਾਂ ਤੇ ਅਧਿਕਾਰਾਂ ਦੀ ਪ੍ਰਾਪਤੀ ਲਈ ਮਿਹਨਤਕਸ਼ ਵਰਗ ਲਈ ਅੱਜ ਤੱਕ ਦੀ ਸਭ ਤੋਂ ਭੈੜੀ ਸਰਕਾਰ ਸਾਬਿਤ ਹੋਈ ਹੈ। ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਉਨ੍ਹਾਂ ਦੇ ਹੀ ਡੀ ਏ ਦੇ ਬਕਾਏ ਵਿੱਚੋਂ 3% ਦੇ ਕੇ ਪੈਨਸ਼ਨਰਾਂ ਤੇ ਮੁਲਾਜ਼ਮਾਂ ਨਾਲ ਇੱਕ ਕੋਝਾ ਮਜ਼ਾਕ ਤੇ ਧੋਖਾ ਕੀਤਾ ਹੈ, ਜਿਸ ਨੂੰ ਪੈਨਸ਼ਨਰ ਵਰਗ ਮੁੱਢੋਂ ਰੱਦ ਕਰਦਾ ਹੈ। ਪਿਛਲੇ 4.5 ਸਾਲਾਂ ਵਿੱਚ ਇਸ ਸਰਕਾਰ ਨੇ ਸੰਘਰਸ਼ਸ਼ੀਲ ਵਰਗ ਦੀ ਇੱਕ ਵੀ ਮੰਗ ਪੂਰੀ ਨਹੀਂ ਕੀਤੀ। ਸਗੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਵਾਉਣ ਲਈ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਦੇ ਸੰਘਰਸ਼ ਨੂੰ ਦਬਾਉਣ ਲਈ ਡਾਂਗਾ ਤੇ ਗੋਲੀਆਂ ਦੀ ਅਨ੍ਹੀਂ ਵਰਤੋਂ ਕਰ ਰਹੀ ਹੈ। ਉਨ੍ਹਾਂ ਦੀਆਂ ਮੁੱਖ ਮੰਗਾਂ ਵਿੱਚ ਬਕਾਇਆ ਮਹਿੰਗਾਈ ਭੱਤੇ ਕਿਸ਼ਤਾਂ ਜਾਰੀ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, 15 ਜੁਲਾਈ 2015 ਤੇ 17 ਜੁਲਾਈ 2020 ਦੇ ਪੱਤਰਾਂ ਨੂੰ ਵਾਪਸ ਲੈਣਾ ਅਤੇ 2.59 ਗੁਣਾਂਕ ਨਾਲ ਪੈਨਸ਼ਨਰਾਂ ਦੀ ਪੈਨਸ਼ਨ ਦੁਹਰਾਈ ਕਰਨਾ ਆਦਿ ਸ਼ਾਮਲ ਹੈ। ਮੀਟਿੰਗ 'ਚ ਇਹ ਵੀ ਫੈਸਲਾ ਕੀਤਾ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਪੈਨਸ਼ਨਰਜ਼ ਤੇ ਮੁਲਾਜ਼ਮਾਂ ਵੱਲੋਂ ਦਿੱਤੇ ਜਾਣ ਵਾਲੇ ਸੰਘਰਸ਼ ਦੇ ਸੱਦੇ ਵਿੱਚ ਵੱਧ ਚੜ੍ਹ ਕੇ ਭਾਗ ਲਿਆ ਜਾਵੇਗਾ। ਮੀਟਿੰਗ ਨੂੰ ਰਣਜੀਤ ਸਿੰਘ ਟਿਵਾਣਾ, ਸਤਿੰਦਰਪਾਲ ਸਿੰਘ, ਕਮਲਜੀਤ ਸਿੰਘ, ਅਵਤਾਰ ਸਿੰਘ ਸੈਣੀ, ਰੁਪਿੰਦਰ ਸਿੰਘ ਅੜੈਚਾਂ ਨੇ ਸੰਬੋਧਨ ਕਰਦਿਆਂ ਸਰਕਾਰ ਨੂੰ ਅੱਜ ਤੱਕ ਦੀ ਸਭ ਤੋਂ ਭੈੜੀ, ਜਾਲਮ ਤੇ ਭ੍ਰਿਸ਼ਟ ਸਰਕਾਰ ਦੱਸਿਆ।

ਹਰੀਕੇ ਦਰਿਆ ਵਿਖੇ ਸ਼ੁਕਰਾਨਾ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ : ਅਜੇਪਾਲ ਸਿੰਘ



ਜ਼ੀਰਾ (ਨਰਿੰਦਰ ਅਨੇਜਾ)-ਮਿਸਲ ਸਤਲੁਜ ਦੇ ਜ਼ੀਰਾ ਦਫ਼ਤਰ ਵਿਖੇ ਜਥੇਬੰਦੀ ਦੇ ਪ੍ਰਧਾਨ ਸਾਹਿਬ ਦੀ ਅਗਵਾਈ ਹੇਠ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਸਾਲ 2023 ਦੌਰਾਨ ਕੀਤੇ ਗਏ ਕਾਰਜਾਂ ਤੇ ਉਸ ਸਮੇਂ ਵੱਖ-ਵੱਖ ਰੂਪਾਂ ਵਿੱਚ ਸੇਵਾ ਨਿਭਾਉਣ ਵਾਲੀਆਂ ਸੰਗਤਾਂ, ਸੇਵਾਦਾਰਾਂ ਤੇ ਸਹਿਯੋਗੀਆਂ ਦਾ ਧੰਨਵਾਦ ਕਰਨ ਲਈ ਹਰੀਕੇ ਦਰਿਆ ਵਿਖੇ ਕਰਵਾਏ ਜਾ ਰਹੇ ਸ਼ੁਕਰਾਨਾ ਸਮਾਗਮ ਦੀਆਂ ਤਿਆਰੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਪ੍ਰਧਾਨ ਨੇ ਸਮਾਗਮ ਦੇ ਪ੍ਰਬੰਧਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਤੇ ਪ੍ਰਬੰਧਕਾਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ।ਉਨ੍ਹਾਂ ਕਿਹਾ ਕਿ ਇਹ ਸਮਾਗਮ ਸਿਰਫ਼ ਇੱਕ ਰਸਮੀ ਇਕੱਠ ਨਹੀਂ, ਸਗੋਂ ਉਨ੍ਹਾਂ ਸਾਰੇ ਸੇਵਾਦਾਰਾਂ ਤੇ ਸਹਿਯੋਗੀਆਂ ਪ੍ਰਤੀ ਧੰਨਵਾਦ ਪ੍ਰਗਟ ਕਰਨ ਦਾ ਮੌਕਾ ਹੈ, ਜਿਨ੍ਹਾਂ ਨੇ ਔਖੇ ਸਮੇਂ ਵਿੱਚ ਆਪਣਾ ਕੀਮਤੀ ਸਮਾਂ, ਮਿਹਨਤ ਤੇ ਸੇਵਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਕਿਸੇ ਵੀ ਵੱਡੇ ਕਾਰਜ ਦੀ ਸਫ਼ਲਤਾ ਪਿੱਛੇ ਸੰਗਤਾਂ ਦਾ ਸਹਿਯੋਗ, ਸੇਵਾਦਾਰਾਂ ਦੀ ਮਿਹਨਤ ਤੇ ਲੋਕਾਂ ਦਾ ਵਿਸ਼ਵਾਸ ਹੁੰਦਾ ਹੈ।ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਹਰ ਉਸ ਵਿਅਕਤੀ ਦੀ ਸੇਵਾ ਨੂੰ ਯਾਦ ਕਰੀਏ ਤੇ ਉਸ ਦਾ ਦਿਲੋਂ ਧੰਨਵਾਦ ਕਰੀਏ, ਜਿਸ ਨੇ ਉਸ ਸਮੇਂ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਇਆ।ਉਨ੍ਹਾਂ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਕਿ ਸਮਾਗਮ ਦੇ ਪ੍ਰਬੰਧ ਸੁਚੱਜੇ, ਪਾਰਦਰਸ਼ੀ ਤੇ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖ ਕੇ ਕੀਤੇ ਜਾਣ।ਇਸ ਦੇ ਨਾਲ ਹੀ ਸਫ਼ਾਈ, ਪੀਣ ਵਾਲੇ ਪਾਣੀ, ਆਵਾਜਾਈ ਤੇ ਹੋਰ ਜ਼ਰੂਰੀ ਸਹੂਲਤਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ।ਅੰਤ ਵਿੱਚ ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਹਰ ਉਸ ਸਾਥੀ ਦੀ ਮਿਹਨਤ ਤੇ ਸੇਵਾ ਦੀ ਕਦਰ ਕਰਦੀ ਹੈ, ਜਿਸ ਨੇ ਇਸ ਸਫ਼ਰ ਵਿੱਚ ਆਪਣਾ ਯੋਗਦਾਨ ਪਾਇਆ ਹੈ।ਇਹ ਸ਼ੁਕਰਾਨਾ ਸਮਾਗਮ ਆਪਸੀ ਪਿਆਰ, ਸਾਂਝ, ਸਤਿਕਾਰ ਤੇ ਸੇਵਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦਾ ਸੁਨੇਹਾ ਦੇਵੇਗਾ।

ਤਿਉਹਾਰਾਂ ਦੇ ਮੱਦੇਨਜ਼ਰ ਟ੍ਰੈਫਿਕ ਵਿਵਸਥਾ ਸੁਧਾਰਨ ਦੇ ਦਾਅਵੇ ਖੋਖਲੇ ਸਾਬਿਤ, ਬਾਜ਼ਾਰਾਂ 'ਚ ਟ੍ਰੈਫਿਕ ਦੀਆਂ ਉੱਡ ਰਹੀਆਂ ਧੱਜੀਆਂ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਤਿਉਹਾਰਾਂ ਦੇ ਮੱਦੇਨਜ਼ਰ ਪ੍ਰਸ਼ਾਸਨ ਵੱਲੋਂ ਸ਼ਹਿਰ ਵਿੱਚ ਟ੍ਰੈਫਿਕ ਵਿਵਸਥਾ ਸੁਚਾਰੂ ਬਣਾਉਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਦੂਜੇ ਪਾਸੇ ਨਿਹਾਲ ਸਿੰਘ ਵਾਲਾ ਦੇ ਬਾਜ਼ਾਰਾਂ ਵਿੱਚ ਟ੍ਰੈਫਿਕ ਵਿਵਸਥਾ ਦੀਆਂ ਧੱਜੀਆਂ ਉੱਡਦੀਆਂ ਸਾਫ਼ ਦਿਖਾਈ ਦੇ ਰਹੀਆਂ ਹਨ।ਤਿਉਹਾਰਾਂ ਦੇ ਦਿਨਾਂ ਵਿੱਚ ਹਰ ਸਾਲ ਸ਼ਹਿਰ ਦੇ ਬਾਜ਼ਾਰਾਂ ਵਿੱਚ ਇਹੋ ਜਿਹੀ ਸਥਿਤੀ ਬਣ ਜਾਂਦੀ ਹੈ, ਜਿਸ ਕਾਰਨ ਆਮ ਲੋਕਾਂ ਤੇ ਰਾਹਗੀਰਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ।ਸ਼ਹਿਰ ਦੇ ਕਈ ਦੁਕਾਨਦਾਰਾਂ ਵੱਲੋਂ ਦੁਕਾਨਾਂ ਅੱਗੇ ਨਿਰਧਾਰਤ ਲਾਈਨ ਤੋਂ ਬਾਹਰ ਤੱਕ ਆਪਣਾ ਸਾਮਾਨ ਰੱਖਿਆ ਜਾ ਰਿਹਾ ਹੈ, ਜਿਸ ਕਾਰਨ ਸੜਕਾਂ ਦੀ ਚੌੜਾਈ ਘਟ ਜਾਂਦੀ ਹੈ ਤੇ ਵਾਹਨਾਂ ਦੀ ਆਵਾਜਾਈ ਪ੍ਰਭਾਵਿਤ ਹੁੰਦੀ ਹੈ।ਹੈਰਾਨੀ ਦੀ ਗੱਲ ਇਹ ਹੈ ਕਿ ਇਹ ਸਭ ਕੁਝ ਪ੍ਰਸ਼ਾਸਨ ਦੇ ਧਿਆਨ ਵਿੱਚ ਹੋਣ ਦੇ ਬਾਵਜੂਦ ਸਮੱਸਿਆ ਦਾ ਕੋਈ ਠੋਸ ਹੱਲ ਹੁੰਦਾ ਦਿਖਾਈ ਨਹੀਂ ਦੇ ਰਿਹਾ।ਜਦੋਂ ਇਸ ਸਬੰਧੀ ਈ. ਓ. ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਦੁਕਾਨਾਂ ਅੱਗੇ ਪਿਆ ਸਾਮਾਨ ਜਲਦੀ ਹੀ ਪਿੱਛੇ ਕਰਵਾਇਆ ਜਾਵੇਗਾ।ਹੁਣ ਦੇਖਣਾ ਇਹ ਹੋਵੇਗਾ ਕਿ ਪ੍ਰਸ਼ਾਸਨ ਆਪਣੇ ਇਸ ਭਰੋਸੇ ਨੂੰ ਅਮਲੀ ਰੂਪ ਕਦੋਂ ਦਿੰਦਾ ਹੈ ਜਾਂ ਫਿਰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਲੋਕਾਂ ਨੂੰ ਟ੍ਰੈਫਿਕ ਦੀ ਸਮੱਸਿਆ ਨਾਲ ਜੂਝਣਾ ਪਵੇਗਾ।

ਰੋਟਰੀ ਕਲੱਬ ਨੇ ਦੀਵਾਲੀ ਮੌਕੇ ਲੋੜਵੰਦਾਂ ਨੂੰ ਮਠਿਆਈਆਂ ਤੇ ਗਿਫ਼ਟ ਦਿੱਤੇ



ਨਾਭਾ (ਅਮਨ ਗਰਗ)-ਰੋਟਰੀ ਕਲੱਬ ਨਾਭਾ ਵੱਲੋਂ ਮਾਨਵਤਾ ਦੀ ਸੇਵਾ ਹਿੱਤ ਚਲਾਈ ਜਾ ਰਹੀ ਮੁਹਿੰਮ ਤਹਿਤ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਿਵਾਲੀ ਦੇ ਪਵਿੱਤਰ ਤਿਉਹਾਰ ਦੇ ਸਬੰਧ ਵਿੱਚ ਇੱਕ ਵਿਸ਼ੇਸ਼ ਨੇਕ ਉਪਰਾਲਾ ਕੀਤਾ ਗਿਆ।ਰੋਟਰੀ ਕਲੱਬ ਨਾਭਾ ਦੇ ਪ੍ਰਧਾਨ ਜੀਵਨ ਪ੍ਰਕਾਸ਼ ਬਾਂਸਲ ਤੇ ਉਨ੍ਹਾਂ ਦੀ ਟੀਮ ਵੱਲੋਂ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕਰਦਿਆਂ ਇਲਾਕੇ ਦੇ ਕਈ ਪਿੰਡਾਂ ਵਿੱਚ ਜਾ ਕੇ ਲੋੜਵੰਦ ਪਰਵਾਰਾਂ ਨੂੰ ਮਠਿਆਈਆਂ, ਨਮਕੀਨ ਤੇ ਬੱਚਿਆਂ ਨੂੰ ਦਿਵਾਲੀ ਦੇ ਤੋਹਫ਼ੇ (ਗਿਫ਼ਟ) ਵੰਡੇ ਗਏ।ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਜੀਵਨ ਪ੍ਰਕਾਸ਼ ਬਾਂਸਲ ਤੇ ਚੇਅਰਮੈਨ ਰਵਨੀਸ਼ ਕੁਮਾਰ ਨੇ ਦੱਸਿਆ ਕਿ ਦਿਵਾਲੀ ਰੌਸ਼ਨੀਆਂ ਤੇ ਖ਼ੁਸ਼ੀਆਂ ਦਾ ਤਿਉਹਾਰ ਹੈ ਅਤੇ ਕਲੱਬ ਦਾ ਮੁੱਖ ਮਕਸਦ ਸਮਾਜ ਦੇ ਲੋੜਵੰਦ ਵਰਗ ਦੇ ਘਰਾਂ ਵਿੱਚ ਵੀ ਦਿਵਾਲੀ ਦੀ ਰੌਸ਼ਨੀ ਤੇ ਚਿਹਰਿਆਂ 'ਤੇ ਖ਼ੁਸ਼ੀ ਲਿਆਉਣਾ ਹੈ।ਉਨ੍ਹਾਂ ਕਿਹਾ ਕਿ ਤਿਉਹਾਰਾਂ ਦਾ ਸੱਚਾ ਅਨੰਦ ਆਪਸੀ ਸਾਂਝ ਤੇ ਸੇਵਾ ਭਾਵਨਾ ਨਾਲ ਹੀ ਮਿਲਦਾ ਹੈ।ਪਿੰਡਾਂ ਦੇ ਪਰਵਾਰਾਂ ਤੇ ਬੱਚਿਆਂ ਨੇ ਰੋਟਰੀ ਕਲੱਬ ਵੱਲੋਂ ਮਿਲੇ ਇਸ ਤੋਹਫ਼ੇ ਦੀ ਸ਼ਲਾਘਾ ਕਰਦਿਆਂ ਪੂਰੀ ਟੀਮ ਨੂੰ ਦੀਵਾਲੀ ਦੀਆਂ ਮੁਬਾਰਕਬਾਦ ਦਿੱਤੀਆਂ।ਇਸ ਨੇਕ ਕਾਰਜ ਦੌਰਾਨ ਪ੍ਰਧਾਨ ਜੀਵਨ ਪ੍ਰਕਾਸ਼ ਬਾਂਸਲ, ਚੇਅਰਮੈਨ ਰਵਨੀਸ਼ ਕੁਮਾਰ, ਨਿਤਿਨ, ਭਾਰਤ ਭੂਸ਼ਣ ਜੈਨ, ਮਨਦੀਪ ਭਾਟੀਆ, ਡਾਕਟਰ ਆਈ.ਡੀ. ਗੋਇਲ, ਡਾਕਟਰ ਰਜਿੰਦਰ ਗੇਰਾ, ਰੋਹਿਤ ਜਿੰਦਲ, ਡਾਕਟਰ ਸੱਤਿਆਵੀਰ ਜਿੰਦਲ ਤੇ ਰਜਿਤ ਜਤਵਾਨੀ ਸਮੇਤ ਕਲੱਬ ਦੇ ਹੋਰ ਅਹੁਦੇਦਾਰ ਤੇ ਪਤਵੰਤੇ ਸੱਜਣ ਹਾਜ਼ਰ ਰਹੇ।

ਕੁਲਦੀਪ ਭੁੱਲਰ ਨੇ ਪਿੰਗਲਵਾੜਾ ਦੇ ਗੂੰਗੇ-ਬੋਲੇ ਤੇ ਮੰਦਬੁੱਧੀ ਬੱਚਿਆਂ ਨਾਲ ਮਨਾਈ ਦੀਵਾਲੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਦੀਵਾਲੀ ਤੇ ਬੰਦੀ ਛੋੜ ਦੇ ਪਵਿੱਤਰ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਲਈ ਫਿਰੋਜ਼ਪੁਰ ਤੋਂ ਕੁਲਦੀਪ ਸਿੰਘ ਭੁੱਲਰ ਆਪਣੇ ਪਰਿਵਾਰ ਸਮੇਤ ਪਿੰਗਲਵਾੜਾ ਅੰਮ੍ਰਿਤਸਰ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਪਿੰਗਲਵਾੜਾ ਦੇ ਗੂੰਗੇ-ਬੋਲੇ ਤੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨਾਲ ਦਿਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਤੇ ਬੱਚਿਆਂ ਨਾਲ ਸਮਾਂ ਬਿਤਾ ਕੇ ਉਨ੍ਹਾਂ ਦਾ ਹੌਸਲਾ ਵਧਾਇਆ। ਇਸ ਮੌਕੇ ਬੱਚਿਆਂ ਵੱਲੋਂ ਤਿਆਰ ਕੀਤੀਆਂ ਗਈਆਂ ਕਲਾ-ਕਿਰਤਾਂ ਤੇ ਹੱਥੀਂ ਬਣਾਈਆਂ ਵਸਤਾਂ ਦੀ ਪ੍ਰਦਰਸ਼ਨੀ ਵੀ ਦੇਖੀ ਗਈ। ਕੁਲਦੀਪ ਸਿੰਘ ਭੁੱਲਰ ਨੇ ਬੱਚਿਆਂ ਦੀ ਮਿਹਨਤ ਤੇ ਕਲਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਵੱਲੋਂ ਤਿਆਰ ਕੀਤੀਆਂ ਵਸਤਾਂ ਖਰੀਦੀਆਂ ਤੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਪਿੰਗਲਵਾੜਾ ਦੇ ਬੱਚਿਆਂ ਵੱਲੋਂ ਬਣਾਈਆਂ ਚੀਜ਼ਾਂ ਖਰੀਦ ਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕਰਨ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੀਆਂ ਅਸਲ ਖੁਸ਼ੀਆਂ ਦੂਜਿਆਂ ਦੇ ਚਿਹਰਿਆਂ 'ਤੇ ਮੁਸਕਾਨ ਲਿਆਉਣ ਵਿੱਚ ਹਨ। ਇਸ ਮੌਕੇ ਉਨ੍ਹਾਂ ਪਿੰਗਲਵਾੜਾ ਦੇ ਸੰਚਾਲਕ ਡਾਕਟਰ ਇੰਦਰਜੀਤ ਕੌਰ ਹੁਰਾਂ ਨਾਲ ਵੀ ਇੱਕ ਭੇਟ ਕੀਤੀ ਅਤੇ ਉਨ੍ਹਾਂ ਤੋਂ ਸਮਾਜ ਸੇਵਾ ਵਿੱਚ ਨਿਰੰਤਰ ਲੱਗੇ ਰਹਿਣ ਦਾ ਅਸ਼ੀਰਵਾਦ ਹਾਸਲ ਕੀਤਾ। ਇਸ ਮੌਕੇ ਕੁਲਦੀਪ ਸਿੰਘ ਭੁੱਲਰ ਤੇ ਰਣਜੀਤ ਕੌਰ ਭੁੱਲਰ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਤੇ ਲੋੜਵੰਦਾਂ ਨਾਲ ਖੁਸ਼ੀਆਂ ਸਾਂਝੀਆਂ ਕਰਨਾ ਹੀ ਤਿਉਹਾਰਾਂ ਦਾ ਅਸਲ ਸੰਦੇਸ਼ ਹੈ। ਇਸ ਮੌਕੇ ਉਨ੍ਹਾਂ ਨਾਲ ਬੇਟਾ ਦਿਲਦੀਪ ਸਿੰਘ ਭੁੱਲਰ ਵੀ ਹਾਜ਼ਰ ਸੀ।



ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ ਦੇ ਸਰੋਵਰ 'ਚ 111 ਗੁਰਧਾਮਾਂ ਦੇ ਸਰੋਵਰਾਂ ਦਾ ਜਲ ਪਾਇਆ

ਸੰਗਰੂਰ/ਮਸਤੂਆਣਾ ਸਾਹਿਬ (ਪ੍ਰਵੀਨ ਸਿੰਘ)-ਮਹਾਨ ਤਪੱਸਵੀ, ਵਿੱਦਿਆ ਦੇ ਦਾਨੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੀ 100 ਸਾਲਾ ਬਰਸੀ ਸ਼ਤਾਬਦੀ ਨੂੰ ਸਮਰਪਤ ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ ਵਿਖੇ ਪਵਿੱਤਰ ਸਰੋਵਰ ਦੀ ਕਾਰ ਸੇਵਾ ਤੋਂ ਉਪਰੰਤ ਅੰਮ੍ਰਿਤ ਵੇਲੇ ਇੱਕ ਅਲੌਕਿਕ ਧਾਰਮਿਕ ਸਮਾਗਮ ਕੀਤਾ ਗਿਆ।ਇਸ ਸ਼ੁਭ ਅਵਸਰ 'ਤੇ 111 ਪ੍ਰਮੁੱਖ ਗੁਰਧਾਮਾਂ ਦੇ ਪਵਿੱਤਰ ਸਰੋਵਰਾਂ ਤੋਂ ਲਿਆਂਦਾ ਗਿਆ ਜਲ ਪੂਰਨ ਸ਼ਰਧਾ ਤੇ ਅਰਦਾਸ ਉਪਰੰਤ ਮਸਤੂਆਣਾ ਸਾਹਿਬ ਦੇ ਪਵਿੱਤਰ ਸਰੋਵਰ ਵਿੱਚ ਅਰਪਿਤ ਕੀਤਾ ਗਿਆ।ਇਸ ਮੌਕੇ ਅਕਾਲ ਕਾਲਜ ਕੌਂਸਲ ਦੇ ਸਕੱਤਰ ਸ੍ਰ. ਜਸਵੰਤ ਸਿੰਘ ਖਹਿਰਾ ਨੇ ਦੱਸਿਆ ਕਿ ਸੰਤ ਜੀ ਦੀਆਂ ਸਿੱਖਿਆਵਾਂ ਤੇ ਉਨ੍ਹਾਂ ਦੁਆਰਾ ਦਿੱਤੇ ਨਾਮ-ਬਾਣੀ ਤੇ ਵਿੱਦਿਆ ਦੇ ਸੁਨੇਹੇ ਨੂੰ ਘਰ-ਘਰ ਪਹੁੰਚਾਉਣ ਲਈ ਇਹ ਬਰਸੀ ਸ਼ਤਾਬਦੀ ਸਮਾਰੋਹ ਵੱਡੇ ਪੱਧਰ 'ਤੇ ਮਨਾਏ ਜਾ ਰਹੇ ਹਨ।ਇਸ ਸ਼ੁਭ ਕਾਰਜ ਸਮੇਂ ਬਾਬਾ ਪ੍ਰਿਤਪਾਲ ਸਿੰਘ ਝੀਲ ਚੰਡੀਗੜ੍ਹ, ਬਾਬਾ ਹਰਬੇਅੰਤ ਸਿੰਘ (ਮੁੱਖ ਸੇਵਾਦਾਰ ਮਾਤਾ ਭੋਲੀ ਕੌਰ), ਬਾਬਾ ਜਗਰੂਪ ਸਿੰਘ ਕੱਟੂ, ਬਾਬਾ ਸੁਖਦੇਵ ਸਿੰਘ ਹੈੱਡ ਗ੍ਰੰਥੀ, ਭਾਈ ਸਤਪਾਲ ਸਿੰਘ ਭੂਰੇ, ਸ੍ਰ. ਜਸਵੰਤ ਸਿੰਘ ਸਕੱਤਰ ਅਕਾਲ ਕਾਲਜ ਕੌਂਸਲ ਤੇ ਸੀਨੀਅਰ ਮੈਂਬਰ ਸ੍ਰ. ਗੁਰਜੰਟ ਸਿੰਘ ਦੁੱਗਾਂ, ਸ੍ਰ. ਹਾਕਮ ਸਿੰਘ ਬਹਾਦਰਪੁਰ, ਸ੍ਰ. ਗਮਦੂਰ ਸਿੰਘ ਬਹਾਦਰਪੁਰ, ਸ੍ਰ. ਹਰਜੀਤ ਸਿੰਘ ਬਡਰੁੱਖਾ ਉਚੇਚੇ ਤੌਰ 'ਤੇ ਹਾਜ਼ਰ ਸਨ।



ਰੋਲਰ ਸਕੇਟਿੰਗ 'ਚ ਅਭੀਰੀਤ ਭੱਟੀ ਨੇ ਪੰਜ ਤਮਗੇ ਜਿੱਤੇ



ਕੋਟ ਈਸੇ ਖਾਂ (ਅਰੋੜਾ)-ਮੋਗਾ ਦੀ ਨਾਮਵਰ ਵਿੱਦਿਅਕ ਸੰਸਥਾ ਸੈਕਰਡ ਹਾਰਟ ਸਕੂਲ ਦੀ ਸੱਤਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਅਭੀਰੀਤ ਸਿੰਘ ਭੱਟੀ ਨੇ ਰੋਲਰ ਸਕੇਟਿੰਗ ਦੇ ਸੂਬਾ ਪੱਧਰੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੇ ਸਕੂਲ, ਮਾਪਿਆਂ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਅਭੀਰੀਤ ਨੇ ਸੂਬਾ ਪੱਧਰੀ ਰੋਲਰ ਸਕੇਟਿੰਗ ਇਨਲਾਈਨ ਅੰਡਰ-14 ਮੁਕਾਬਲਿਆਂ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਲਈ ਕੁਆਲੀਫਾਈ ਕੀਤਾ।ਇਸ ਦੇ ਨਾਲ ਹੀ ਰੋਲਰ ਸਕੇਟਿੰਗ ਫੈਡਰੇਸ਼ਨ ਆਫ ਇੰਡੀਆ ਵੱਲੋਂ ਕਰਵਾਏ ਗਏ ਅੰਡਰ-15 ਮੁਕਾਬਲਿਆਂ ਵਿੱਚ ਵੀ ਸੂਬਾ ਪੱਧਰ 'ਤੇ ਜਿੱਤ ਹਾਸਲ ਕਰਕੇ ਨੈਸ਼ਨਲ ਮੁਕਾਬਲਿਆਂ ਵਿੱਚ ਆਪਣੀ ਜਗ੍ਹਾ ਬਣਾਈ।ਇਨ੍ਹਾਂ ਮੁਕਾਬਲਿਆਂ ਦੌਰਾਨ ਅਭੀਰੀਤ ਨੇ ਕੁੱਲ ਪੰਜ ਤਮਗੇ ਆਪਣੇ ਨਾਮ ਕੀਤੇ, ਜਿਨ੍ਹਾਂ ਵਿੱਚ ਇੱਕ ਸੋਨ, ਤਿੰਨ ਚਾਂਦੀ ਤੇ ਇੱਕ ਕਾਂਸੀ ਦਾ ਤਗਮਾ ਸ਼ਾਮਲ ਹੈ।ਉਸ ਦੀ ਇਸ ਸ਼ਾਨਦਾਰ ਪ੍ਰਾਪਤੀ ਨੇ ਸਾਬਿਤ ਕਰ ਦਿੱਤਾ ਹੈ ਕਿ ਛੋਟੀ ਉਮਰ ਵਿੱਚ ਵੀ ਸਖ਼ਤ ਮਿਹਨਤ ਤੇ ਲਗਾਤਾਰ ਅਭਿਆਸ ਨਾਲ ਵੱਡੀਆਂ ਮੰਜ਼ਿਲਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ।ਵਿਦਿਆਰਥੀ ਦੀ ਇਸ ਕਾਮਯਾਬੀ 'ਤੇ ਸੈਕਰਡ ਹਾਰਟ ਸਕੂਲ ਦੇ ਪ੍ਰਿੰਸੀਪਲ ਤੇ ਸਮੁੱਚੀ ਮੈਨੇਜਮੈਂਟ ਵੱਲੋਂ ਅਭੀਰੀਤ ਸਿੰਘ ਭੱਟੀ ਤੇ ਉਸ ਦੇ ਮਾਪਿਆਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਮਿਹਨਤੀ ਤੇ ਲਗਨਸ਼ੀਲ ਵਿਦਿਆਰਥੀ ਆਪਣੀ ਪ੍ਰਤਿਭਾ ਦੇ ਦਮ 'ਤੇ ਨਵੀਆਂ ਉਚਾਈਆਂ ਨੂੰ ਛੂਹ ਸਕਦੇ ਹਨ।ਉਨ੍ਹਾਂ ਆਸ ਪ੍ਰਗਟਾਈ ਕਿ ਅਭੀਰੀਤ ਆਉਣ ਵਾਲੇ ਸਮੇਂ ਵਿੱਚ ਵੀ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੇ ਮਾਪਿਆਂ, ਸਕੂਲ ਤੇ ਪੰਜਾਬ ਦਾ ਨਾਮ ਹੋਰ ਉੱਚਾ ਕਰੇਗਾ।

ਵਰਲਡ ਯੂਨੀਵਰਸਿਟੀ ਵਿਖੇ ਅੰਤਰ-ਵਿਭਾਗੀ ਕ੍ਰਿਕਟ ਟੂਰਨਾਮੈਂਟ ਸੰਪੰਨ



ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਦੇ ਬਾਬਾ ਫ਼ਤਿਹ ਸਿੰਘ ਖੇਡ ਸਟੇਡੀਅਮ ਵਿਖੇ ਸਰੀਰਕ ਸਿੱਖਿਆ ਤੇ ਖੇਡ ਤਕਨਾਲੋਜੀ ਵਿਭਾਗ ਵੱਲੋਂ ਕਰਵਾਇਆ ਗਿਆ ਦੋ ਰੋਜ਼ਾ ਅੰਤਰ-ਵਿਭਾਗੀ ਕ੍ਰਿਕਟ ਟੂਰਨਾਮੈਂਟ ਸੰਪੰਨ ਹੋ ਗਿਆ।ਇਸ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੀਆਂ 16 ਟੀਮਾਂ ਨੇ ਭਾਗ ਲਿਆ।ਉਦਘਾਟਨੀ ਸਮਾਰੋਹ ਵਿੱਚ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਖੇਡਾਂ ਨੂੰ ਸਰੀਰਕ ਤੰਦਰੁਸਤੀ, ਮਾਨਸਿਕ ਮਜ਼ਬੂਤੀ, ਅਨੁਸ਼ਾਸਨ ਤੇ ਟੀਮ ਭਾਵਨਾ ਦੇ ਵਿਕਾਸ ਲਈ ਮਹੱਤਵਪੂਰਨ ਦੱਸਿਆ।ਇਸ ਮੌਕੇ ਅਮਲਾ ਸ਼ਾਖਾ ਦੀ ਡਿਪਟੀ ਰਜਿਸਟਰਾਰ ਸ੍ਰੀਮਤੀ ਬਲਜਿੰਦਰ ਕੌਰ ਤੇ ਡੀਨ ਰਿਸਰਚ ਡਾ. ਨਵਦੀਪ ਕੌਰ ਨੇ ਵੀ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਮੁਕਾਬਲਿਆਂ ਵਿੱਚ ਯੂਨੀਵਰਸਿਟੀ ਸਟਾਫ, ਕਾਮਰਸ, ਸਰੀਰਕ ਸਿੱਖਿਆ ਤੇ ਬਾਇਓਟੈਕਨਾਲੋਜੀ ਵਿਭਾਗ ਦੀਆਂ ਟੀਮਾਂ ਸੈਮੀਫਾਈਨਲ ਵਿੱਚ ਪਹੁੰਚੀਆਂ।ਫਾਈਨਲ ਵਿੱਚ ਸਰੀਰਕ ਸਿੱਖਿਆ ਵਿਭਾਗ ਨੇ ਕਾਮਰਸ ਵਿਭਾਗ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਯੂਨੀਵਰਸਿਟੀ ਸਟਾਫ ਨੇ ਬਾਇਓਟੈਕਨਾਲੋਜੀ ਵਿਭਾਗ ਨੂੰ ਹਰਾ ਕੇ ਤੀਜਾ ਸਥਾਨ ਪ੍ਰਾਪਤ ਕੀਤਾ।ਸਮਾਪਤੀ ਸਮਾਰੋਹ ਵਿੱਚ ਰਜਿਸਟਰਾਰ ਡਾ. ਤੇਜਵੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਜੇਤੂ ਟੀਮਾਂ ਤੇ ਖਿਡਾਰੀਆਂ ਨੂੰ ਇਨਾਮ ਵੰਡੇ ਤੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ।ਵਿਭਾਗ ਦੇ ਮੁਖੀ ਡਾ. ਵਰਿੰਦਰ ਸਿੰਘ ਭੁੱਲਰ ਨੇ ਟੂਰਨਾਮੈਂਟ ਦੀ ਸਫਲਤਾ ਲਈ ਵਾਈਸ ਚਾਂਸਲਰ ਤੇ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ।

ਸਰਕਾਰੀ ਸਕੀਮਾਂ ਨੂੰ ਘਰ-ਘਰ ਪਹੁੰਚਾਉਣ 'ਚ ਆਂਗਣਵਾੜੀ ਵਰਕਰਾਂ ਦੀ ਭੂਮਿਕਾ ਸ਼ਲਾਘਾਯੋਗ : ਰਣਜੋਧ ਹਡਾਣਾ

ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ 'ਮਾਵਾਂ ਧੀਆਂ ਸਤਿਕਾਰ ਯੋਜਨਾ' ਨੂੰ ਲੈ ਕੇ ਦੇਵੀਗੜ੍ਹ ਵਿਖੇ ਹਲਕਾ ਇੰਚਾਰਜ ਸ. ਰਣਜੋਧ ਸਿੰਘ ਹਡਾਣਾ ਵੱਲੋਂ ਹਲਕੇ ਦੀਆਂ ਸਾਰੀਆਂ ਆਂਗਣਵਾੜੀ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿੱਥੇ ਵੱਡੀ ਗਿਣਤੀ 'ਚ ਪੁੱਜੀਆਂ ਵਰਕਰਾਂ ਨੇ ਦੀਵਾਲੀ ਤੋਂ ਪਹਿਲਾਂ ਮਾਣ-ਭੱਤਾ ਜਾਰੀ ਕਰਨ 'ਤੇ ਮੁੱਖ ਮੰਤਰੀ ਤੇ ਹਡਾਣਾ ਦਾ ਉਚੇਚਾ ਧੰਨਵਾਦ ਕੀਤਾ।ਇਸ ਮੌਕੇ ਪ੍ਰਿੰਸੀਪਲ ਕਰਮ ਸਿੰਘ, ਚੇਅਰਮੈਨ ਬਲਦੇਵ ਸਿੰਘ ਦੇਵੀਗੜ੍ਹ, ਚੇਅਰਮੈਨ ਚਰਨਜੀਤ ਸਿੰਘ ਨੈਣਾ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਪ੍ਰਧਾਨ ਸ਼ਵਿੰਦਰ ਕੌਰ ਧੰਜੂ, ਬਲਾਕ ਪ੍ਰਧਾਨ ਮਨਦੀਪ ਬੱਤੀ, ਡਾ. ਰਣਜੀਤ ਸਿੰਘ ਸੰਧੂ, ਸੀ.ਡੀ.ਪੀ.ਓ. ਸੁਰਪ੍ਰੀਤ ਬਾਜਵਾ, ਸੀ.ਡੀ.ਪੀ.ਓ. ਅਕਾਂਕਸ਼ਾ ਸੋਨੀ, ਸੀ.ਡੀ.ਪੀ.ਓ. ਹਰਪਵਿੰਦਰ ਕੌਰ, ਸਰਪੰਚ ਕਰਮਜੀਤ ਰਣਵਾ, ਸਰਪੰਚ ਬਲਕਾਰ ਸਿੰਘ ਦੁਧਨਸਾਧਾਂ, ਸਰਪੰਚ ਬਲਵਿੰਦਰ ਕੌਰ ਤੇ ਹੋਰ ਕਈ ਆਪ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਸਮਾਗਮ ਨੂੰ ਸੰਬੋਧਨ ਕਰਦਿਆਂ ਹਡਾਣਾ ਨੇ ਆਂਗਣਵਾੜੀ ਵਰਕਰਾਂ ਦੀ ਮਿਹਨਤ ਤੇ ਸਮਰਪਣ ਭਾਵਨਾ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰ ਸਮਾਜ ਦੀ ਰੀੜ੍ਹ ਦੀ ਹੱਡੀ ਹਨ, ਜੋ ਪਿੰਡਾਂ ਤੇ ਸ਼ਹਿਰਾਂ ਵਿੱਚ ਘਰ-ਘਰ ਜਾ ਕੇ ਸਰਕਾਰੀ ਲੋਕ-ਭਲਾਈ ਸਕੀਮਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾ ਰਹੀਆਂ ਹਨ।ਹਡਾਣਾ ਨੇ ਖ਼ਾਸ ਤੌਰ 'ਤੇ 'ਮਾਵਾਂ ਧੀਆਂ ਸਤਿਕਾਰ ਯੋਜਨਾ' ਨੂੰ ਸਫ਼ਲਤਾਪੂਰਵਕ ਲਾਗੂ ਕਰਨ ਵਿੱਚ ਵਰਕਰਾਂ ਵੱਲੋਂ ਨਿਭਾਈ ਜਾ ਰਹੀ ਅਹਿਮ ਭੂਮਿਕਾ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।



ਪੰਜਾਬ ਯੂਥ ਕਾਂਗਰਸ ਪ੍ਰਧਾਨ ਨੇ ਰਾਹੁਲ ਤੇ ਪ੍ਰਿਅੰਕਾ ਨਾਲ ਕੀਤੀ ਮੁਲਾਕਾਤ

ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ)- ਨਵੀਂ ਦਿੱਲੀ ਵਿਖੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਤੇ ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਦੇ ਨਿਵਾਸ ਸਥਾਨ 'ਤੇ ਦੀਵਾਲੀ ਮੌਕੇ ਇੱਕ ਸਮਾਗਮ ਦੌਰਾਨ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਭਮ ਸ਼ਰਮਾ ਨੇ ਸ਼ਿਰਕਤ ਕਰਦਿਆਂ ਗਾਂਧੀ ਪਰਵਾਰ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ।ਇਸ ਮੌਕੇ ਉਨ੍ਹਾਂ ਰਾਹੁਲ ਗਾਂਧੀ ਤੇ ਸ੍ਰੀਮਤੀ ਪ੍ਰਿਅੰਕਾ ਗਾਂਧੀ ਅਤੇ ਕਾਂਗਰਸ ਦੀ ਹੋਰ ਲੀਡਰਸ਼ਿਪ ਨਾਲ ਮੁਲਾਕਾਤ ਵੀ ਕੀਤੀ।ਉਨ੍ਹਾਂ ਕਿਹਾ ਕਿ ਦੀਵਾਲੀ ਸਿਰਫ਼ ਰੌਸ਼ਨੀਆਂ ਦਾ ਤਿਉਹਾਰ ਹੀ ਨਹੀਂ, ਸਗੋਂ ਇਹ ਹਨੇਰੇ ਉੱਤੇ ਰੌਸ਼ਨੀ, ਨਫ਼ਰਤ ਉੱਤੇ ਪਿਆਰ ਤੇ ਵੰਡੀਆਂ ਉੱਤੇ ਏਕਤਾ ਦੀ ਜਿੱਤ ਦਾ ਪ੍ਰਤੀਕ ਹੈ।ਉਨ੍ਹਾ ਕਿਹਾ ਕਿ ਅਜਿਹੇ ਸਮਾਗਮ ਨਾ ਸਿਰਫ਼ ਤਿਉਹਾਰਾਂ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਦਾ ਮੌਕਾ ਪ੍ਰਦਾਨ ਕਰਦੇ ਹਨ, ਬਲਕਿ ਆਪਸੀ ਰਿਸ਼ਤਿਆਂ ਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਨੂੰ ਵੀ ਨਵੀਂ ਮਜ਼ਬੂਤੀ ਦਿੰਦੇ ਹਨ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਿਲਜੁਲ ਕੇ ਪਿਆਰ, ਸਦਭਾਵਨਾ ਤੇ ਭਾਈਚਾਰੇ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ, ਤਾਂ ਜੋ ਦੇਸ਼ ਵਿੱਚ ਏਕਤਾ ਤੇ ਆਪਸੀ ਸਤਿਕਾਰ ਦੀ ਭਾਵਨਾ ਹੋਰ ਪ੍ਰਫੁੱਲਤ ਹੋ ਸਕੇ।



ਮਹਿੰਦਰਾ ਕਾਲਜ ਪਟਿਆਲਾ ਵਿਖੇ ਕਵਿਤਾ ਪਾਠ ਪ੍ਰੋਗਰਾਮ

ਸਮਰਾਲਾ, (ਸੁਰਜੀਤ ਸਿੰਘ)-ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ ਵਿਖੇ ਪੰਜਾਬੀ ਵਿਭਾਗ ਦੀ ਸਾਹਿਤ ਸਭਾ ਵੱਲੋਂ ਪੰਜਾਬੀ ਮਾਹ ਨੂੰ ਸਮਰਪਤ 'ਕਵਿਤਾ ਪਾਠ ਅਤੇ ਪੁਸਤਕ ਸਮੀਖਿਆ' ਪ੍ਰੋਗਰਾਮ ਕੀਤਾ ਗਿਆ। ਪੰਜਾਬੀ ਸਾਹਿਤ ਸਭਾ ਦੇ ਕਨਵੀਨਰ ਪ੍ਰੋ. ਗਗਨਦੀਪ ਸਿੰਘ ਨੇ ਪ੍ਰੋਗਰਾਮ ਦੇ ਵਿਸ਼ੇ ਨਾਲ ਜਾਣ ਪਛਾਣ ਕਰਵਾਉਂਦਿਆਂ ਪ੍ਰੋਗਰਾਮ ਦਾ ਆਗਾਜ਼ ਕੀਤਾ। ਉਪਰੰਤ ਕਾਲਜ ਪ੍ਰਿੰਸੀਪਲ ਪ੍ਰੋ. ਨਿਸ਼ਠਾ ਤ੍ਰਿਪਾਠੀ ਨੇ ਸਾਹਿਤ ਅਤੇ ਇਤਿਹਾਸ ਦੇ ਸੰਬੰਧਾਂ, ਵਿਦਿਆਰਥੀ ਜੀਵਨ 'ਚ ਸਾਹਿਤ ਦੀ ਮਹੱਤਤਾ 'ਤੇ ਚਰਚਾ ਕਰਦਿਆਂ ਪੰਜਾਬੀ ਵਿਭਾਗ ਦੇ ਅਧਿਆਪਕਾਂ ਨੂੰ ਅਜਿਹੇ ਸਾਰਥਕ ਉੱਦਮ ਕਰਨ ਲਈ ਮੁਬਾਰਕਬਾਦ ਦਿੱਤੀ। ਇਸ ਪ੍ਰੋਗਰਾਮ ਦੀ ਵਿਸ਼ੇਸ਼ਤਾ ਇਹ ਰਹੀ ਕਿ ਇਸ ਪ੍ਰੋਗਰਾਮ ਨੂੰ ਉਲੀਕਣ ਤੋਂ ਲੈ ਕੇ ਮੰਚ ਸੰਚਾਲਨ ਕਰਨ ਤੱਕ ਸਾਰੀਆਂ ਜ਼ਿੰਮੇਵਾਰੀਆਂ ਵਿਦਿਆਰਥੀਆਂ ਨੇ ਹੀ ਨਿਭਾਈਆਂ। ਪ੍ਰੋਗਰਾਮ ਵਿੱਚ ਮੰਚ ਸੰਚਾਲਨ ਬੀ. ਏ. ਭਾਗ ਦੂਜਾ ਦੇ ਵਿਦਿਆਰਥੀ ਬਲਵੰਤ ਸਿੰਘ ਨੇ ਬਾਖੂਬੀ ਕੀਤਾ। ਇਸ ਵਿੱਚ ਬੀ. ਏ. ਤੇ ਐਮ. ਏ. ਦੇ ਵਿਦਿਆਰਥੀਆਂ ਨੇ ਆਪਣੀਆਂ ਮੌਲਿਕ ਕਵਿਤਾਵਾਂ ਪੇਸ਼ ਕੀਤੀਆਂ। ਇਸ ਤੋਂ ਬਿਨਾਂ ਵਿਦਿਆਰਥੀਆਂ ਨੇ ਸੁੰਦਰੀ, ਅਨੰਦ ਮੱਠ ਅਤੇ ਪਿੰਜਰ ਵਰਗੇ ਨਾਵਲਾਂ ਦੀ ਸਮੀਖਿਆ ਕਰਦਿਆਂ ਇਹਨਾਂ ਉੱਤੇ ਆਲੋਚਨਾਤਮਕ ਲੇਖ ਪੇਸ਼ ਕੀਤੇ। ਇਸ ਦੌਰਾਨ ਜੇਤੂ ਰਹੇ ਲੋਕ ਕਲਾਵਾਂ ਦੇ ਵਿਦਿਆਰਥੀਆਂ ਨੂੰ ਕਾਲਜ ਪ੍ਰਿੰਸੀਪਲ ਵੱਲੋਂ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਸਾਹਿਤ ਸਭਾ ਤਹਿਤ ਆਪਣੀਆਂ ਰਚਨਾਵਾਂ ਅਤੇ ਪਰਚੇ ਪੇਸ਼ ਕਰਨ ਵਾਲੇ ਵਿਦਿਆਰਥੀਆਂ ਨੂੰ ਕਾਲਜ ਪ੍ਰਿੰਸੀਪਲ, ਸਾਹਿਤ ਸਭਾ ਦੇ ਕਨਵੀਨਰ ਪ੍ਰੋ. ਗਗਨਦੀਪ ਸਿੰਘ, ਕੋ. ਕਨਵੀਨਰ ਪ੍ਰੋ. ਜਸਪਾਲ ਸਿੰਘ ਅਤੇ ਪੰਜਾਬੀ ਵਿਭਾਗ ਦੇ ਅਧਿਆਪਕਾਂ ਵੱਲੋਂ ਪ੍ਰਸੰਸਾ ਪੱਤਰ ਅਤੇ ਪੁਸਤਕਾਂ ਭੇਟ ਕੀਤੀਆਂ। ਪ੍ਰੋਗਰਾਮ ਦੇ ਅੰਤ ਵਿਚ ਪੰਜਾਬੀ ਵਿਭਾਗ ਦੇ ਮੁਖੀ ਡਾ. ਗਗਨਦੀਪ ਕੌਰ ਨੇ ਸਭ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਸਾਹਿਤ ਨਾਲ ਜੁੜੇ ਰਹਿਣ ਲਈ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਪ੍ਰੋਗਰਾਮ ਵਿੱਚ ਕਾਲਜ ਪ੍ਰਿੰਸੀਪਲ ਪ੍ਰੋ. ਨਿਸ਼ਠਾ ਤ੍ਰਿਪਾਠੀ, ਬਰਸਰ ਪ੍ਰੋ. ਅੰਮ੍ਰਿਤ ਸਮਰਾ, ਪੰਜਾਬੀ ਵਿਭਾਗ ਦੇ ਸਮੂਹ ਅਧਿਆਪਕਾਂ ਤੋਂ ਇਲਾਵਾ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਪ੍ਰੋਫ਼ੈਸਰ ਹਾਜ਼ਰ ਰਹੇ।



ਬੇਨੜਾ ਤੇ ਧੂਰਾ ਵਿਖੇ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ



ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ)-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਧੂਰੀ ਹਲਕੇ ਦੇ ਪਿੰਡ ਬੇਨੜਾ ਤੇ ਧੂਰਾ ਵਿਖੇ ਸਕੂਲਾਂ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕੀਤਾ।ਇਸ ਮੌਕੇ ਪਿੰਡ ਧੂਰਾ ਦੇ ਸਰਕਾਰੀ ਸਕੂਲ ਵਿੱਚ ਨਵੀਂ ਬਣਾਈ ਗਈ ਲਾਇਬ੍ਰੇਰੀ ਤੇ ਆਰਟ ਐਂਡ ਕਰਾਫਟ ਸਹੂਲਤ ਦਾ ਉਦਘਾਟਨ ਕੀਤਾ ਗਿਆ, ਜਦਕਿ ਪਿੰਡ ਬੇਨੜਾ ਦੇ ਸਰਕਾਰੀ ਸਕੂਲ ਵਿੱਚ ਆਧੁਨਿਕ ਕਲਾਸ ਰੂਮ ਕਮ ਵਰਕਸ਼ਾਪ ਦੇ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਖੇਤਰ ਵਿੱਚ ਇਤਿਹਾਸਕ ਤਬਦੀਲੀਆਂ ਲਿਆਉਣ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਬੁਨਿਆਦੀ ਢਾਂਚਾ, ਲਾਇਬ੍ਰੇਰੀਆਂ, ਸਮਾਰਟ ਕਲਾਸ ਰੂਮ ਤੇ ਹੋਰ ਸਹੂਲਤਾਂ ਮੁਹੱਈਆ ਕਰਵਾਉਣ ਨਾਲ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਾਪਤ ਕਰਨ ਦੇ ਬਿਹਤਰ ਮੌਕੇ ਮਿਲ ਰਹੇ ਹਨ।

ਐਜੂਬੀਕਨਜ ਗਲੋਬਲ ਡਿਸਕਵਰੀ ਸਕੂਲ 'ਚ ਦੀਵਾਲੀ ਤੇ ਬੰਦੀ ਛੋੜ ਦਿਵਸ 'ਤੇ 'ਗ੍ਰੀਨ ਦੀਵਾਲੀ - ਸੁਰੱਖਿਅਤ ਦੀਵਾਲੀ' ਦਾ ਸੰਦੇਸ਼

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸੀ ਬੀ ਐਸ ਈ ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਬੀਕਨਜ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿਖੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੇ ਪਵਿੱਤਰ ਅਵਸਰ 'ਤੇ 'ਗ੍ਰੀਨ ਦੀਵਾਲੀ - ਸੁਰੱਖਿਅਤ ਦੀਵਾਲੀ' ਦੇ ਸੰਦੇਸ਼ ਨਾਲ ਇੱਕ ਸ਼ਾਨਦਾਰ ਅਤੇ ਪ੍ਰਭਾਵਸ਼ਾਲੀ ਵਿਸ਼ੇਸ਼ ਸਭਾ ਦਾ ਅਯੋਜਨ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪੂਰੀ ਸ਼ਰਧਾ ਅਤੇ ਭਗਤੀ ਭਾਵਨਾ ਨਾਲ ਮਾਤਾ ਲਕਸ਼ਮੀ ਦੀ ਪੂਜਾ ਕਰਕੇ ਕੀਤੀ ਗਈ। ਬੱਚਿਆਂ ਨੂੰ ਜਾਣਕਾਰੀ ਦਿੱਤੀ ਗਈ ਕਿ ਦੀਵਾਲੀ ਭਗਵਾਨ ਸ੍ਰੀ ਰਾਮ ਦੇ ਚੌਦਾਂ ਸਾਲਾਂ ਦਾ ਬਨਵਾਸ ਪੂਰਾ ਕਰਕੇ ਅਯੁੱਧਿਆ ਵਾਪਸ ਪਰਤਣ ਦੀ ਖੁਸ਼ੀ 'ਚ ਜਦਕਿ ਸਿੱਖਾਂ ਦੇ ਛੇਵੇਂ ਗੁਰੂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿੱਚ ਕੈਦ 52 ਹਿੰਦੂ ਰਾਜਿਆਂ ਸਮੇਤ ਉੱਥੋਂ ਰਿਹਾਅ ਹੋਏ ਸਨ, ਦੀ ਖੁਸ਼ੀ 'ਚ ਬੰਦੀ ਛੋੜ ਦਿਵਸ ਦੇ ਤੌਰ 'ਤੇ ਮਨਾਈ ਜਾਂਦੀ ਹੈ । ਇਸ ਮੌਕੇ ਵਿਦਿਆਰਥੀ ਵੱਖ-ਵੱਖ ਰਵਾਇਤੀ ਅਤੇ ਰੰਗ-ਬਿਰੰਗੇ ਪਹਿਰਾਵਿਆਂ ਵਿੱਚ ਸਜ-ਧਜ ਕੇ ਸਕੂਲ ਪਹੁੰਚੇ । ਸੱਭਿਆਚਾਰਕ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਮਨਮੋਹਕ ਨਾਚ ਪੇਸ਼ਕਾਰੀਆਂ ਅਤੇ ਸਿੱਖਿਆਦਾਇਕ ਰੋਲ ਪਲੇਅ ਰਾਹੀਂ ਦੀਵਾਲੀ ਦੀ ਮਹੱਤਤਾ, ਖੁਸ਼ੀਆਂ ਵੰਡਣ ਅਤੇ ਵਾਤਾਵਰਣ ਦੀ ਸੰਭਾਲ ਦਾ ਸੁੰਦਰ ਸੰਦੇਸ਼ ਦਿੱਤਾ।ਇਸ ਸ਼ੁੱਭ ਮੌਕੇ ਸਕੂਲ ਦੇ ਚੇਅਰਮੈਨ ਇੰਜੀਨੀਅਰ ਕਮਲੇਸ਼ ਸਰਾਫ਼ ਨੇ ਸਭ ਨੂੰ ਦੀਵਾਲੀ ਦੀਆਂ ਵਧਾਈਆਂ ਦਿੰਦਿਆਂ ਵਿਦਿਆਰਥੀਆਂ ਨੂੰ ਗਿਆਨ, ਸੰਸਕਾਰ ਅਤੇ ਸਕਾਰਾਤਮਕ ਸੋਚ ਦਾ ਚਾਨਣ ਫੈਲਾਉਣ ਅਤੇ ਲੋੜਵੰਦਾਂ ਨਾਲ ਖੁਸ਼ੀਆਂ ਸਾਂਝੀਆਂ ਕਰਨ ਲਈ ਪ੍ਰੇਰਿਤ ਕੀਤਾ। ਇਸੇ ਮੌਕੇ 'ਇੰਟਰਪ੍ਰਿਨਿਓਰਸ਼ਿਪ ਐਕਸੀਲੈਂਸ ਓਲੰਪੀਅਡ 2026-27' ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦੇ ਨਾਲ ਹੀ ਅੰਤਰ-ਹਾਊਸ ਰੰਗੋਲੀ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣੀ ਸਿਰਜਣਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜੇਤੂ ਹਾਊਸ 'ਫੀਨਿਕਸ' ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦੀ ਪ੍ਰਿੰਸੀਪਲ ਕਾਵਿਆ ਅਸੀਜਾ ਨੇ ਵੀ ਸਭ ਨੂੰ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਨਾਲ ਹੀ ਵਾਤਾਵਰਣ ਦੀ ਰੱਖਿਆ ਕਰਦਿਆਂ ਸੁਰੱਖਿਅਤ ਅਤੇ ਪ੍ਰਦੂਸ਼ਣ-ਮੁਕਤ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ।ਸਕੂਲ ਮੈਨੇਜਮੈਂਟ ਵੱਲੋਂ ਸਮੂਹ ਸਕੂਲ ਸਟਾਫ਼ ਨੂੰ ਮਿਠਾਈਆਂ ਭੇਟ ਕਰਕੇ ਦੀਵਾਲੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ। ਅੰਤ ਵਿੱਚ ਰਾਸ਼ਟਰੀ ਗਾਨ ਨਾਲ ਸਮਾਗਮ ਦੀ ਸਮਾਪਤੀ ਹੋਈ।



ਡਾ. ਬਲਜੀਤ ਕੌਰ ਨੇ ਸਲੱਮ ਏਰੀਆ ਦੇ ਬੱਚਿਆਂ ਨਾਲ ਮਨਾਈ ਦੀਵਾਲੀ



ਮਲੋਟ (ਰਜਿੰਦਰ ਜੁਨੇਜਾ, ਜਸਵੰਤ ਗਿੱਲ)-ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਡਾ. ਬਲਜੀਤ ਕੌਰ ਨੇ ਮਲੋਟ ਦੇ ਸਲੱਮ ਏਰੀਆ ਵਾਰਡ ਨੰਬਰ 26 ਵਿੱਚ ਰਹਿਣ ਵਾਲੇ ਲੋੜਵੰਦ ਬੱਚਿਆਂ ਨਾਲ ਦੀਵਾਲੀ ਮਨਾਈ ਅਤੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਕੈਬਨਿਟ ਮੰਤਰੀ ਨੇ ਬੱਚਿਆਂ ਨੂੰ ਮਿਠਾਈਆਂ ਦੇ ਡੱਬੇ ਅਤੇ ਪਹਿਨਣ ਲਈ ਬੂਟਾਂ ਦੇ ਜੋੜੇ ਵੰਡ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ।ਇਸ ਮੌਕੇ ਸੀ.ਡੀ.ਪੀ.ਓ. ਪੰਕਜ ਕੁਮਾਰ, ਨਿੱਜੀ ਸਹਾਇਕ ਅਰਸ਼ਦੀਪ ਸਿੰਘ ਸਿੱਧੂ ਤੇ ਛਿੰਦਰਪਾਲ ਸਿੰਘ ਆਦਿ ਹਾਜ਼ਰ ਸਨ।

ਭਾਜਪਾ 'ਚ ਸ਼ਾਮਲ ਹੋਣ ਮਗਰੋਂ ਪਠਾਣਮਾਜਰਾ ਦੀ ਹਲਕੇ 'ਚ ਐਂਟਰੀ



ਸਨੌਰ (ਰਜਿੰਦਰ ਸਿੰਘ ਥਿੰਦ)-ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਸਾਬਕਾ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਆਪਣੇ ਸਮਰਥਕਾਂ ਨਾਲ ਹਲਕਾ ਸਨੌਰ ਦੇ ਵੱਖ-ਵੱਖ ਧਾਰਮਿਕ ਅਸਥਾਨਾਂ 'ਤੇ ਨਤਮਸਤਕ ਹੋ ਕੇ ਆਪਣੀ ਨਵੀਂ ਸਿਆਸੀ ਪਾਰੀ ਦੀ ਸ਼ੁਰੂਆਤ ਧਾਰਮਿਕ ਸ਼ਰਧਾ ਨਾਲ ਕੀਤੀ।ਇਸ ਦੌਰਾਨ ਉਨ੍ਹਾਂ ਦੇ ਸਮਰਥਕਾਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਭੁੰਨਰਹੇੜੀ ਪਹੁੰਚਣ ਮੌਕੇ ਭਾਰਤੀ ਜਨਤਾ ਪਾਰਟੀ ਤੇ ਹਰਮੀਤ ਸਿੰਘ ਪਠਾਣਮਾਜਰਾ ਦੇ ਹੱਕ ਵਿੱਚ ਨਾਅਰੇਬਾਜ਼ੀ ਕਰਦਿਆਂ ਸਮਰਥਕਾਂ ਨੇ ਆਪਣੀ ਹਮਾਇਤ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਹਰਮੀਤ ਸਿੰਘ ਪਠਾਣਮਾਜਰਾ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਦਸਵੀਂ ਮਿਲਾਪਸਰ ਘੜਾਮ, ਭੀਖਨ ਸਾਹ ਦਰਗਾਹ ਘੜਾਮ, ਬਾਬਾ ਸ਼ੰਕਰ ਗਿਰੀ ਮੰਦਰ ਘੜਾਮ ਤੇ ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾਂ 'ਤੇ ਨਤਮਸਤਕ ਹੋਏ।ਉਨ੍ਹਾਂ ਸਰਬੱਤ ਦੇ ਭਲੇ ਤੇ ਹਲਕੇ ਦੀ ਖੁਸ਼ਹਾਲੀ ਲਈ ਅਰਦਾਸ ਕੀਤੀ।

ਇਸ ਮੌਕੇ ਪਠਾਣਮਾਜਰਾ ਨੇ ਆਪਣੇ ਸਿਆਸੀ ਫ਼ੈਸਲੇ ਬਾਰੇ ਸੰਕੇਤਕ ਟਿੱਪਣੀ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਆਕਸੀਜਨ ਦੀ ਲੋੜ ਮਹਿਸੂਸ ਹੋ ਰਹੀ ਸੀ, ਜੋ ਹੁਣ ਮਿਲ ਚੁੱਕੀ ਹੈ, ਜਦਕਿ ਅੱਗੇ ਦੀ ਕਿਰਪਾ ਪ੍ਰਮਾਤਮਾ ਨੇ ਕਰਨੀ ਹੈ।ਪਠਾਣਮਾਜਰਾ ਦੇ ਭਾਜਪਾ ਵਿੱਚ ਸ਼ਾਮਲ ਹੋਣ ਨਾਲ ਹਲਕਾ ਸਨੌਰ ਦੀ ਸਿਆਸਤ ਵਿੱਚ ਨਵੀਂ ਚਰਚਾ ਛਿੜ ਗਈ ਹੈ।ਉਨ੍ਹਾਂ ਦੇ ਇਸ ਫ਼ੈਸਲੇ ਨਾਲ ਹਲਕੇ ਅੰਦਰ ਨਵੇਂ ਸਿਆਸੀ ਸਮੀਕਰਨ ਬਣਨ ਦੀ ਸੰਭਾਵਨਾ ਹੈ।

ਭਾਰਤੀ ਕਿਸਾਨ ਯੂਨੀਅਨ (ਏਕਤਾ) ਉਗਰਾਹਾਂ ਬਲਾਕ ਜਲਾਲਾਬਾਦ ਦੀ ਚੋਣ



ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)-ਭਾਰਤੀ ਕਿਸਾਨ ਯੂਨੀਅਨ (ਏਕਤਾ) ਉਗਰਾਹਾਂ ਵੱਲੋਂ ਬਲਾਕ ਜਲਾਲਾਬਾਦ ਦੀ ਚੋਣ ਸਰਵ ਸੰਮਤੀ ਨਾਲ ਕੀਤੀ ਗਈ।ਇਸ ਸਬੰਧੀ ਬੀਤੇ ਦਿਨ ਮਾਰਕਿਟ ਕਮੇਟੀ ਦਫਤਰ ਜਲਾਲਾਬਾਦ ਵਿਖੇ ਮੀਟਿੰਗ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਭੇਜ ਸਿੰਘ ਰੋਹੀਵਾਲਾ ਸਮੇਤ ਵੱਡੀ ਗਿਣਤੀ ਵਿੱਚ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਵਿੱਚ ਬਲਾਕ ਜਲਾਲਾਬਾਦ ਤੋਂ ਅੰਗਰੇਜ਼ ਸਿੰਘ ਤੰਬੂ ਵਾਲਾ ਬਲਾਕ ਪ੍ਰਧਾਨ, ਹਰਜੀਤ ਸਿੰਘ ਘਾਗਾ ਖੁਰਦ ਜਨਰਲ ਸਕੱਤਰ, ਪ੍ਰਗਟ ਸਿੰਘ ਚੱਕ ਸੈਦੋਕੇ ਸੀਨੀਅਰ ਮੀਤ ਪ੍ਰਧਾਨ, ਜਗਤਾਰ ਸਿੰਘ ਘਾਗਾ ਕਲਾਂ ਮੀਤ ਪ੍ਰਧਾਨ, ਜਸਕੌਰ ਸਿੰਘ ਜੰਡਵਾਲਾ ਸੰਗਠਨ ਸਕੱਤਰ, ਲਖਵਿੰਦਰ ਸਿੰਘ ਜੋਰਾ ਜੰਡਵਾਲਾ ਖਜ਼ਾਨਚੀ, ਦਰਸ਼ਨ ਸਿੰਘ ਰੱਤਾ ਥੇੜ੍ਹ ਪ੍ਰਚਾਰ ਸਕੱਤਰ, ਨਾਹਰ ਸਿੰਘ ਚੱਕ ਸੈਦੋਕੇ ਪ੍ਰੈੱਸ ਸਕੱਤਰ, ਪਿੱਪਲ ਸਿੰਘ ਬਾਹਮਣੀ ਵਾਲਾ ਸਲਾਹਕਾਰ, ਗੁਰਮੀਤ ਸਿੰਘ ਤੰਬੂ ਵਾਲਾ ਸਲਾਹਕਾਰ, ਰੁਗਬੀਰ ਸਿੰਘ ਚੱਕ ਜਾਨੀਸਰ ਸਲਾਹਕਾਰ, ਜੁਗਿੰਦਰ ਸਿੰਘ ਰੱਤਾ ਥੇੜ੍ਹ ਸਲਾਹਕਾਰ ਚੁਣੇ ਗਏ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਭੇਜ ਸਿੰਘ ਰੋਹੀਵਾਲਾ ਨੇ ਨਵੀਂ ਚੁਣੀ ਗਈ ਸਮੁੱਚੀ ਬਲਾਕ ਟੀਮ ਨੂੰ ਜਥੇਬੰਦੀ ਵੱਲੋਂ ਮੁਬਾਰਕਬਾਦ ਦਿੱਤੀ। ਉਨ੍ਹਾਂ ਆਗੂਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਤਨਦੇਹੀ, ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ।

ਕੰਪਿਊਟਰ ਅਧਿਆਪਕਾਂ 'ਤੇ ਤਸ਼ੱਦਦ ਦੀ ਵੱਖ-ਵੱਖ ਜਥੇਬੰਦੀਆਂ ਵੱਲੋਂ ਸਖ਼ਤ ਨਿੰਦਾ

ਕੋਟਕਪੂਰਾ (ਰਛਪਾਲ ਭੁੱਲਰ)- ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪਿਛਲੇ ਲਗਭਗ 15-20 ਸਾਲਾਂ ਤੋਂ ਪਿਕਟਸ ਸੋਸਾਇਟੀ ਅਧੀਨ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਪੰਜਾਬ ਵਿੱਚ ਮਰਜ ਕਰਨ, ਪੰਜਾਬ ਦਾ ਛੇਵਾਂ ਤਨਖਾਹ ਕਮਿਸ਼ਨ ਲਾਗੂ ਕਰਨ, ਮਹਿੰਗਾਈ ਭੱਤੇ ਵਿੱਚ ਵਾਧਾ ਕਰਨ ਦੀਆਂ ਮੰਗਾਂ ਨੂੰ ਪੂਰੀਆਂ ਕਰਵਾਉਣ ਲਈ ਤੇ ਪੰਜਾਬ ਵਿਧਾਨ ਸਭਾ ਚੋਣਾਂ 2022 ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਕੀਤਾ ਗਿਆ ਚੋਣ ਵਾਅਦਾ ਪੂਰਾ ਕਰਵਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸ਼ਹਿਰ ਸੰਗਰੂਰ ਵਿਖੇ ਬੀਤੇ ਦਿਨੀਂ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਰੋਸ ਪ੍ਰਦਰਸ਼ਨ ਦੌਰਾਨ ਕੰਪਿਊਟਰ ਅਧਿਆਪਕਾਂ ਤੇ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਗੰਦੇ ਪਾਣੀ ਦੀਆਂ ਬੁਛਾੜਾਂ ਸੁੱਟ ਕੇ ਤੇ ਅੰਨ੍ਹੇਵਾਹ ਪੁਲਸ ਲਾਠੀਚਾਰਜ ਕਰਕੇ ਦੀਵਾਲੀ ਤੋਂ ਤਿੰਨ ਦਿਨ ਪਹਿਲਾਂ ਦੀਵਾਲੀ ਦਾ ਤੋਹਫ਼ਾ ਦਿੱਤਾ ਗਿਆ ਹੈ।ਪੰਜਾਬ ਪੁਲਸ ਵੱਲੋਂ ਕੀਤੇ ਗਏ। ਅੰਨ੍ਹੇਵਾਹ ਪੁਲਸ ਤਸ਼ੱਦਦ ਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680, ਸੈਕਟਰ 22 ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਵਿੱਤ ਸਕੱਤਰ ਮਨਜੀਤ ਸਿੰਘ ਗਿੱਲ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਤੇ ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਜਨਰਲ ਸਕੱਤਰ ਜਿੰਦਰ ਪਾਇਲਟ ਤੇ ਵਿੱਤ ਸਕੱਤਰ ਨਵੀਨ ਸਚਦੇਵਾ।ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਤੁਰੰਤ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਪੰਜਾਬ ਵਿੱਚ ਮਰਜ ਕਰਕੇ ਪੂਰੀਆਂ ਤਨਖਾਹਾਂ ਅਤੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ। ਇਨ੍ਹਾਂ ਅਧਿਆਪਕਾਂ 'ਤੇ ਪੰਜਾਬ ਦਾ ਛੇਵਾਂ ਤਨਖਾਹ ਕਮਿਸ਼ਨ ਲਾਗੂ ਕੀਤਾ ਜਾਵੇ ਅਤੇ ਹੋਰਨਾਂ ਸਰਕਾਰੀ ਮੁਲਾਜ਼ਮਾਂ ਵਾਂਗ ਮਹਿੰਗਾਈ ਭੱਤੇ ਵਿੱਚ ਬਣਦਾ ਵਾਧਾ ਕੀਤਾ ਜਾਵੇ।

ਚੇਅਰਮੈਨ ਮਾਨ ਦੀ ਕੇਜਰੀਵਾਲ ਤੇ ਸਿਸੋਦੀਆ ਨਾਲ ਮੁਲਾਕਾਤ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਦਿੱਲੀ ਵਿਖੇ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਨਾਲ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਦੀ ਵਿਸ਼ੇਸ਼ ਮੁਲਾਕਾਤ ਹੋਈ। ਇਸ ਮੌਕੇ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ, ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਅਤੇ ਪਾਰਟੀ ਦੀਆਂ ਭਵਿੱਖੀ ਰਣਨੀਤੀਆਂ ਸਮੇਤ ਕਈ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਮੁਲਾਕਾਤ ਦੌਰਾਨ ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਵਿੱਚ ਆਮ ਆਦਮੀ ਪਾਰਟੀ ਦੀਆਂ ਸਰਗਰਮੀਆਂ, ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ, ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਵਧੇਰੇ ਸੰਪਰਕ ਬਣਾਉਣ ਅਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਸਬੰਧੀ ਵਿਸ਼ੇਸ਼ ਤੌਰ 'ਤੇ ਚਰਚਾ ਹੋਈ।ਇਸ ਦੌਰਾਨ ਇੰਦਰਜੀਤ ਸਿੰਘ ਮਾਨ ਨੇ ਹਲਕਾ ਰਾਮਪੁਰਾ ਫੂਲ ਵਿੱਚ ਪਾਰਟੀ ਦੀਆਂ ਚੱਲ ਰਹੀਆਂ ਸਰਗਰਮੀਆਂ ਅਤੇ ਵਰਕਰਾਂ ਦੀ ਮਿਹਨਤ ਸੰਬੰਧੀ ਵੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਹਲਕੇ ਅੰਦਰ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਇਸ ਮੌਕੇ ਚੇਅਰਮੈਨ ਵੱਲੋਂ ਅਰਵਿੰਦ ਕੇਜਰੀਵਾਲ ਤੇ ਮਨੀਸ਼ ਸਿਸੋਦੀਆ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਵੀ ਦਿੱਤੀਆਂ ਗਈਆਂ ।

ਰਹਿਬਰ ਚੈਰੀਟੇਬਲ ਹਸਪਤਾਲ ਵਿਖੇ ਸਹਿਜ ਪਾਠ ਦੇ ਭੋਗ ਪਾਏ

ਭਵਾਨੀਗੜ੍ਹ, (ਰਾਜ ਖੁਰਮੀ) : ਰਹਿਬਰ ਚੈਰੀਟੇਬਲ ਹਸਪਤਾਲ ਭਵਾਨੀਗੜ੍ਹ ਵਿਖੇ ਸਰਬੱਤ ਦੇ ਭਲੇ ਤੇ ਹਸਪਤਾਲ ਦੀ ਚੜ੍ਹਦੀ ਕਲਾ ਦੀ ਕਾਮਨਾ ਨੂੰ ਲੈ ਕੇ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਸ਼ਰਧਾ ਤੇ ਸਤਿਕਾਰ ਨਾਲ ਪਾਏ ਗਏ।ਇਸ ਮੌਕੇ ਜਿੱਥੇ ਸੰਗਤਾਂ ਨੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ, ਉੱਥੇ ਹੀ ਹਸਪਤਾਲ ਵੱਲੋਂ ਲੋਕ ਸੇਵਾ ਦੇ ਉਦੇਸ਼ ਨਾਲ ਲਗਾਏ ਗਏ ਸੱਤ ਰੋਜ਼ਾ ਮੁਫ਼ਤ ਮੈਡੀਕਲ ਜਾਂਚ ਕੈਂਪ ਦੀ ਵੀ ਰਸਮੀ ਤੌਰ 'ਤੇ ਸਮਾਪਤੀ ਹੋਈ।ਇਸ ਮੌਕੇ ਦੀ ਵਿਸ਼ੇਸ਼ ਗੱਲ ਇਹ ਰਹੀ ਕਿ ਸੱਤ ਦਿਨਾਂ ਤੱਕ ਚੱਲੇ ਇਸ ਸਿਹਤ ਜਾਂਚ ਕੈਂਪ ਦੌਰਾਨ ਕੁੱਲ 751 ਮਰੀਜ਼ਾਂ ਨੇ ਮੁਫ਼ਤ ਸਿਹਤ ਸੇਵਾਵਾਂ ਦਾ ਲਾਭ ਉਠਾਇਆ।ਕੈਂਪ ਨੂੰ ਇਲਾਕਾ ਨਿਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਤੇ ਹਰ ਰੋਜ਼ ਵੱਡੀ ਗਿਣਤੀ ਵਿੱਚ ਮਰੀਜ਼ ਆਪਣੀ ਸਿਹਤ ਦੀ ਜਾਂਚ ਕਰਵਾਉਣ ਲਈ ਹਸਪਤਾਲ ਪਹੁੰਚੇ।ਮਾਹਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਜਾਂਚ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਸਿਹਤ ਸੰਭਾਲ ਸਬੰਧੀ ਲੋੜੀਂਦੀ ਸਲਾਹ ਵੀ ਦਿੱਤੀ ਗਈ।ਹਸਪਤਾਲ ਪ੍ਰਬੰਧਕਾਂ ਨੇ ਕਿਹਾ ਕਿ ਇਸ ਉਪਰਾਲੇ ਦਾ ਮੁੱਖ ਮਕਸਦ ਆਮ ਲੋਕਾਂ ਤੱਕ ਬਿਹਤਰ ਸਿਹਤ ਸਹੂਲਤਾਂ ਮੁਫ਼ਤ ਪਹੁੰਚਾਉਣਾ ਤੇ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਾ ਸੀ।



ਸਮਾਗਮ ਦੌਰਾਨ ਇਲਾਕੇ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਦਿਆਂ ਗੁਰੂ ਚਰਨਾਂ ਵਿੱਚ ਹਾਜ਼ਰੀ ਲਗਵਾਈ।ਇਨ੍ਹਾਂ ਵਿੱਚ ਵਿਸ਼ੇਸ਼ ਤੌਰ 'ਤੇ ਸ੍ਰੀ ਅਰਵਿੰਦ ਖੰਨਾ, ਸਾਬਕਾ ਮੰਤਰੀ ਵਿਜੇ ਇੰਦਰ ਸਿੰਗਲਾ, ਗੁਰਮੇਲ ਸਿੰਘ ਖਰਾਚੋ ਤੇ ਪ੍ਰਕਾਸ਼ ਚੰਦ ਗਰਗ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।ਸਮਾਗਮ ਦੇ ਅੰਤ ਵਿੱਚ ਹਸਪਤਾਲ ਪ੍ਰਬੰਧਕਾਂ ਵੱਲੋਂ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਸਮਾਗਮ ਵਿੱਚ ਸ਼ਾਮਲ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

ਉਤਰ ਰੇਲਵੇ

ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

ਨੀਲਾਮੀ ਸੂਚੀ ਨੰ. : EAFZR-SLR26-55

ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ : 25/11/2026 ਨੂੰ 11:00 Hrs.

ਕੰਮ ਦਾ ਨਾਮ: ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ)12138/R1, 04638/F1 & 12484/F1.

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 3917/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਰਮਨ ਬਹਿਲ ਨੇ ਵਧਾਈਆਂ ਸਿਆਸੀ ਸਰਗਰਮੀਆਂ, ਸੰਸਦ ਮੈਂਬਰ ਕਿਸ਼ੋਰੀ ਲਾਲ ਸ਼ਰਮਾ ਨਾਲ ਕੀਤੀ ਮੁਲਾਕਾਤ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਵਿਧਾਨ ਸਭਾ ਹਲਕਾ ਗੁਰੂ ਹਰਸਹਾਏ ਤੋਂ ਕਾਂਗਰਸ ਦੀ ਟਿਕਟ ਦੇ ਦਾਅਵੇਦਾਰ ਰਮਨ ਬਹਿਲ ਵੱਲੋਂ ਆਪਣੇ ਪੁਰਾਣੇ ਸਨੇਹੀ ਤੇ ਅਮੇਠੀ ਤੋਂ ਲੋਕ ਸਭਾ ਮੈਂਬਰ ਕਿਸ਼ੋਰੀ ਲਾਲ ਸ਼ਰਮਾ ਨਾਲ ਉਨ੍ਹਾਂ ਦੇ ਗ੍ਰਹਿ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੁਲਾਕਾਤ ਦੌਰਾਨ ਹਲਕਾ ਗੁਰੂ ਹਰਸਹਾਏ ਦੇ ਮੌਜੂਦਾ ਹਾਲਾਤ, ਵਿਕਾਸ ਕਾਰਜਾਂ ਅਤੇ ਇਲਾਕੇ ਨਾਲ ਜੁੜੇ ਅਹਿਮ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਹੋਇਆ। ਇਸ ਦੇ ਨਾਲ ਹੀ ਪੰਜਾਬ ਦੀ ਮੌਜੂਦਾ ਰਾਜਨੀਤਿਕ ਸਥਿਤੀ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵੀ ਸਿਆਸੀ ਚਰਚਾ ਹੋਈ। ਜ਼ਿਕਰਯੋਗ ਹੈ ਕਿ ਰਮਨ ਬਹਿਲ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹਲਕਾ ਗੁਰੂ ਹਰਸਹਾਏ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਵਜੋਂ ਦੇਖਿਆ ਜਾ ਰਿਹਾ ਹੈ। ਅਜਿਹੇ ਸਮੇਂ ਵਿੱਚ ਗਾਂਧੀ ਪਰਿਵਾਰ ਦੇ ਕਰੀਬੀ ਮੰਨੇ ਜਾਂਦੇ ਸੰਸਦ ਮੈਂਬਰ ਕਿਸ਼ੋਰੀ ਲਾਲ ਸ਼ਰਮਾ ਨਾਲ ਉਨ੍ਹਾਂ ਦੀ ਇਹ ਮੁਲਾਕਾਤ ਸਿਆਸੀ ਨਜ਼ਰੀਏ ਤੋਂ ਚਰਚਾ ਦਾ ਵਿਸ਼ਾ ਬਣੀ ਹੋਈ ਹੈ।

ਦੀ ਪੱਟੀ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਲਿਮ: ਪੱਟੀ

ਚੋਣ ਨੋਟਿਸ

ਦੀ ਪੱਟੀ ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪੱਟੀ ਦੇ ਬੋਰਡ ਆਫ ਡਾਇਰੈਕਟਰਜ਼ ਦੀ ਚੋਣ ਪ੍ਰਵਾਨਤ ਜ਼ੋਨਾਂ ਅਨੁਸਾਰ ਮਿਤੀ 02.12.2026 ਤੋਂ 08.12.2026 ਨੂੰ ਹੇਠ ਲਿਖੇ ਅਨੁਸਾਰ ਹੋਣੀ ਨਿਸ਼ਚਿਤ ਹੋਈ ਹੈ। ਇਹ ਚੋਣ ਪ੍ਰੋਗਰਾਮ ਪੰਜਾਬ ਕੋਆਪਰੇਟਿਵ ਰੂਲਜ਼ 1963 (ਸਮੇਂ-ਸਮੇਂ ਸਿਰ ਸੋਧੇ ਹੋਏ) ਦੇ ਰੂਲਾਂ 23 ਦੇ ਅਪੈਂਡਿਕਸ ਸੀ ਅਤੇ ਰਜਿਸਟਰਾਰ ਸਹਿਕਾਰੀ ਸਭਾਵਾਂ, ਪੰਜਾਬ ਦੀਆਂ ਹਦਾਇਤਾਂ/ਬੈਂਕ ਬਾਈਲਾਜ਼ ਦੇ ਅਨੁਸਾਰ ਹੋਵੇਗੀ, ਜਿਸ ਵਿੱਚ 9 ਬੋਰਡ ਆਫ ਡਾਇਰੈਕਟਰਜ਼ ਦੀ ਚੋਣ ਕੀਤੀ ਜਾਵੇਗੀ। 2 ਜ਼ੋਨ ਇਸਤਰੀ ਮੈਂਬਰਾਂ ਲਈ ਅਤੇ ਇੱਕ ਜ਼ੋਨ ਅਨੁਸੂਚਿਤ ਜਾਤੀ ਲਈ ਰਾਖਵਾਂ ਹੋਵੇਗਾ।

ਲੜੀ	ਵੇਰਵਾ	ਮਿਤੀ	ਦਿਨ	ਸਮਾਂ	ਸਥਾਨ
1.	ਨਾਮਜ਼ਦਗੀ ਕਾਗਜ਼ ਦਾਖਲ ਕਰਨ ਦੀ ਦੀ ਮਿਤੀ	02.12.26	ਬੁੱਧਵਾਰ	ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ	ਉਹੀ
2.	ਨਾਮਜ਼ਦਗੀ ਕਾਗਜ਼ਾਂ ਸੰਬੰਧੀ ਇਤਰਾਜ਼ ਦੇਣ ਦੀ ਮਿਤੀ ਤੇ ਸਮਾਂ	02.12.26	ਬੁੱਧਵਾਰ	ਦੁਪਹਿਰ 12 ਵਜੇ ਤੋਂ 1.00 ਵਜੇ ਤੱਕ	ਉਹੀ
3.	ਪ੍ਰਾਪਤ ਹੋਏ ਇਤਰਾਜ਼ਾਂ ਦੀ ਸੂਚੀ ਪ੍ਰਕਾਸ਼ਿਤ ਕਰਨ ਦੀ ਮਿਤੀ ਤੇ ਸਮਾਂ	02.12.26	ਬੁੱਧਵਾਰ	ਦੁਪਹਿਰ 1.00 ਵਜੇ ਤੋਂ 1.30 ਵਜੇ ਤੱਕ	ਉਹੀ
4.	ਇਤਰਾਜ਼ਾਂ ਦੀ ਸੁਣਵਾਈ ਕਰਨ ਦੀ ਮਿਤੀ ਤੇ ਸਮਾਂ	02.12.26	ਬੁੱਧਵਾਰ	ਦੁਪਹਿਰ 1.30 ਵਜੇ ਤੋਂ 2.30 ਵਜੇ ਤੱਕ	ਉਹੀ
5.	ਨਾਮਜ਼ਦਗੀ ਪੇਪਰਾਂ ਦੀ ਪੜਤਾਲ ਕਰਨ ਦੀ ਮਿਤੀ ਤੇ ਸਮਾਂ	02.12.26	ਬੁੱਧਵਾਰ	ਦੁਪਹਿਰ 2.30 ਵਜੇ ਤੋਂ 3.30 ਵਜੇ ਤੱਕ	ਉਹੀ
6.	ਪੜਤਾਲ ਉਪਰੰਤ ਸਹੀ ਪਾਏ ਗਏ ਉਮੀਦਵਾਰਾਂ ਦੀ ਸੂਚੀ ਜਾਰੀ ਕਰਨ ਦੀ ਮਿਤੀ ਤੇ ਸਮਾਂ	02.12.26	ਬੁੱਧਵਾਰ	ਸ਼ਾਮ 3.30 ਵਜੇ ਤੋਂ 4.00 ਵਜੇ ਤੱਕ	ਉਹੀ
7.	ਨਾਮਜ਼ਦਗੀ ਕਾਗਜ਼ ਵਾਪਸ ਲੈਣ ਦੀ ਮਿਤੀ ਤੇ ਸਮਾਂ	02.12.26	ਬੁੱਧਵਾਰ	ਸ਼ਾਮ 4.00 ਵਜੇ ਤੋਂ 4.30 ਵਜੇ ਤੱਕ	ਉਹੀ
8.	ਬਿਨਾਂ ਮੁਕਾਬਲਾ ਚੁਣੇ ਗਏ ਉਮੀਦਵਾਰਾਂ ਦੀ ਸੂਚੀ ਜਾਰੀ ਕਰਨ ਦੀ ਮਿਤੀ ਤੇ ਸਮਾਂ	02.12.26	ਬੁੱਧਵਾਰ	ਸ਼ਾਮ 4.30 ਵਜੇ ਤੋਂ 5.00 ਵਜੇ ਤੱਕ	ਉਹੀ
9.	ਚੋਣ ਨਿਸ਼ਾਨ ਅਲਾਟ ਕਰਨ ਦੀ ਮਿਤੀ ਤੇ ਸਮਾਂ	02.12.26	ਬੁੱਧਵਾਰ	ਸ਼ਾਮ 5.00 ਵਜੇ ਤੋਂ 5.30 ਵਜੇ ਤੱਕ	ਉਹੀ
10.	ਵੋਟਾਂ ਪਾਉਣ ਦੀ ਮਿਤੀ ਤੇ ਸਮਾਂ	08.12.26	ਮੰਗਲਵਾਰ	ਸਵੇਰੇ 9.00 ਵਜੇ ਤੋਂ 4.00 ਵਜੇ ਤੱਕ	ਜ਼ੋਨਵਾਰ ਦੇ ਅੱਗੇ ਲਿਖੇ ਅਨੁਸਾਰ
11.	ਵੋਟਾਂ ਦੀ ਗਿਣਤੀ ਅਤੇ ਨਤੀਜੇ ਦੀ ਮਿਤੀ ਤੇ ਸਮਾਂ	08.12.26	ਮੰਗਲਵਾਰ	ਸ਼ਾਮ 4.00 ਵਜੇ ਤੋਂ ਬਾਅਦ	ਵੋਟਾਂ ਪਾਉਣ ਉਪਰੰਤ ਗਿਣਤੀ ਕੀਤੀ ਜਾਵੇਗੀ ਅਤੇ ਰਿਟਰਨਿੰਗ ਅਫਸਰ ਵੱਲੋਂ ਨਤੀਜੇ ਦਾ ਐਲਾਨ ਮੌਕੇ 'ਤੇ ਕੀਤਾ ਜਾਵੇਗਾ

ਵੋਟਾਂ ਜ਼ੋਨ ਵਾਰ ਹੇਠ ਲਿਖੇ ਅਨੁਸਾਰ ਪੈਣਗੀਆਂ

ਲੜੀ	ਜ਼ੋਨ ਦਾ ਨਾਮ	ਵੋਟਾਂ ਪੈਣ ਦੀ ਮਿਤੀ	ਵੋਟਾਂ ਪੈਣ ਦਾ ਸਮਾਂ	ਵੋਟਾਂ ਪਾਉਣ ਦਾ ਸਥਾਨ
1.	ਕੈਰੋਂ (ਜਨਰਲ)	08.12.2026	9.00 ਵਜੇ ਤੋਂ 4.00 ਵਜੇ ਤੱਕ	ਦੀ ਕੈਰੋਂ ਸਹਿਕਾਰੀ ਬਹੁ ਮੰਤਵੀ ਖੇਤੀਬਾੜੀ ਸਭਾ, ਕੈਰੋਂ
2.	ਪੱਟੀ (ਜਨਰਲ)	08.12.2026	9.00 ਵਜੇ ਤੋਂ 4.00 ਵਜੇ ਤੱਕ	ਪੀ. ਏ. ਡੀ. ਬੀ., ਪੱਟੀ
3.	ਸਭਰਾ (ਜਨਰਲ)	08.12.2026	9.00 ਵਜੇ ਤੋਂ 4.00 ਵਜੇ ਤੱਕ	ਦੀ ਸਭਰਾ ਮੈਮੋਰੀਅਲ ਸਹਿਕਾਰੀ ਬਹੁ ਮੰਤਵੀ ਖੇਤੀਬਾੜੀ ਸਭਾ, ਸਭਰਾ
4.	ਦੁੱਬਲੀ (ਜਨਰਲ)	08.12.2026	9.00 ਵਜੇ ਤੋਂ 4.00 ਵਜੇ ਤੱਕ	ਦੀ ਦੁੱਬਲੀ ਦੁੱਧ ਉਤਪਾਦਕ ਸਹਿਕਾਰੀ ਸਭਾ, ਦੁੱਬਲੀ
5.	ਘਰਿਆਲਾ (ਜਨਰਲ)	08.12.2026	9.00 ਵਜੇ ਤੋਂ 4.00 ਵਜੇ ਤੱਕ	ਦੀ ਘਰਿਆਲਾ ਸਹਿਕਾਰੀ ਬਹੁ ਮੰਤਵੀ ਖੇਤੀਬਾੜੀ ਸਭਾ, ਘਰਿਆਲਾ
6.	ਪਨਗੋਟਾ (ਰਾਖਵਾਂ ਔਰਤ)	08.12.2026	9.00 ਵਜੇ ਤੋਂ 4.00 ਵਜੇ ਤੱਕ	ਦੀ ਪਨਗੋਟਾ ਸਹਿਕਾਰੀ ਬਹੁ ਮੰਤਵੀ ਖੇਤੀਬਾੜੀ ਸਭਾ, ਪਨਗੋਟਾ
7.	ਵਰਨਾਲਾ (ਰਾਖਵਾਂ ਔਰਤ)	08.12.2026	9.00 ਵਜੇ ਤੋਂ 4.00 ਵਜੇ ਤੱਕ	ਦੀ ਵਰਨਾਲਾ ਸਹਿਕਾਰੀ ਬਹੁ ਮੰਤਵੀ ਖੇਤੀਬਾੜੀ ਸਭਾ, ਵਰਨਾਲਾ
8.	ਮਹਿਮੂਦਪੁਰਾ (ਜਨਰਲ)	08.12.2026	9.00 ਵਜੇ ਤੋਂ 4.00 ਵਜੇ ਤੱਕ	ਦੀ ਮਹਿਮੂਦਪੁਰਾ ਸਹਿਕਾਰੀ ਬਹੁ ਮੰਤਵੀ ਖੇਤੀਬਾੜੀ ਸਭਾ, ਮਹਿਮੂਦਪੁਰਾ
9.	ਆਸਲ ਉਤਾੜ (ਰਾਖਵਾਂ ਐੱਸ. ਸੀ.)	08.12.2026	9.00 ਵਜੇ ਤੋਂ 4.00 ਵਜੇ ਤੱਕ	ਦੀ ਆਸਲ ਉਤਾੜ ਮੈਮੋਰੀਅਲ ਸਹਿਕਾਰੀ ਬਹੁ ਮੰਤਵੀ ਖੇਤੀਬਾੜੀ ਸਭਾ, ਆਸਲ ਉਤਾੜ

ਸ਼ਰਤਾਂ

1. ਚੋਣ ਗੁਪਤ ਬੈਲਟ ਪੇਪਰਾਂ ਰਾਹੀਂ ਹੋਵੇਗੀ
2. ਹਰ ਇੱਕ ਮੈਂਬਰ ਦੀ ਇੱਕ ਹੀ ਵੋਟ ਹੋਵੇਗੀ
3. ਜ਼ੋਨਾਂ ਦੀਆਂ ਵੋਟਰ ਸੂਚੀਆਂ ਪ੍ਰਤੀ ਜ਼ੋਨ 500/- ਰੁਪੈ ਬੈਂਕ ਵਿੱਚ ਜਮ੍ਹਾਂ ਕਰਵਾ ਕੇ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ।
4. ਬੈਂਕ ਦਾ ਡਿਫਾਲਟਰ ਮੈਂਬਰ ਚੋਣ ਲੜਨ ਅਤੇ ਵੋਟ ਪਾਉਣ ਦਾ ਹੱਕਦਾਰ ਨਹੀਂ ਹੋਵੇਗਾ।
5. ਮਿਤੀ 07.12.2026 ਨੂੰ ਦੁਪਹਿਰ 2.00 ਵਜੇ ਤੱਕ ਡਿਫਾਲਟਰ ਰਕਮ ਬੈਂਕ ਵਿੱਚ ਜਮ੍ਹਾਂ ਕਰਵਾ ਕੇ ਵੋਟ ਪਾਈ ਜਾ ਸਕਦੀ ਹੈ।
6. ਜ਼ੋਨ ਪ੍ਰਵਾਨ ਹੋ ਚੁੱਕੇ ਹਨ, ਸੋ ਜ਼ੋਨ ਦੀ ਸੂਚੀ ਵਿੱਚ ਦਰਜ ਮੈਂਬਰ ਹੀ ਵੋਟ ਪਾ ਸਕਦੇ ਹਨ।
7. ਜੇਕਰ ਕਿਸੇ ਮੈਂਬਰ ਦਾ ਨਾਮ ਗਲਤ ਹੈ ਤਾਂ ਕਿਸੇ ਕੰਮ ਵਾਲੇ ਦਿਨ ਮੈਨੇਜਰ ਬੈਂਕ ਪਾਸੋਂ ਇਸ ਦੀ ਦਰੁਸਤੀ ਕਰਵਾ ਸਕਦਾ ਹੈ।
8. ਚੋਣ ਲੜਨ ਵਾਲਾ ਉਮੀਦਵਾਰ ਅਤੇ ਉਸ ਨੂੰ ਤਜਵੀਜ਼ ਤੇ ਤਾਈਦ ਕਰਨ ਵਾਲਾ ਵਿਅਕਤੀ ਉਸੇ ਜ਼ੋਨ ਦਾ ਹੋਣਾ ਜ਼ਰੂਰੀ ਹੈ।
9. ਕੇਵਲ ਉਹ ਐਕਟਿਵ ਮੈਂਬਰ, ਜਿਨ੍ਹਾਂ ਨੇ ਸਾਲ ਦੌਰਾਨ ਬੈਂਕ ਨਾਲ ਲੈਣ-ਦੇਣ ਕੀਤਾ ਹੋਵੇ, ਵੋਟ ਪਾਉਣ ਅਤੇ ਚੋਣ ਲੜਨ ਦਾ ਹੱਕਦਾਰ ਹੋਵੇਗਾ।
10. ਵੋਟ ਪਾਉਣ ਅਤੇ ਚੋਣ ਲੜਨ ਦਾ ਅਧਿਕਾਰ ਪੰਜਾਬ ਕੋਆਪਰੇਟਿਵ ਸੁਸਾਇਟੀਜ਼ ਐਕਟ 1961, ਰੂਲਜ਼ 1963 ਤੇ ਬੈਂਕ ਦੇ ਬਾਈਲਾਜ਼ ਅਤੇ ਰਜਿਸਟਰਾਰ, ਸਹਿਕਾਰੀ ਸਭਾਵਾਂ, ਪੰਜਾਬ ਦੁਆਰਾ ਸਮੇਂ-ਸਮੇ ਜਾਰੀ ਹਦਾਇਤਾਂ ਅਨੁਸਾਰ ਹੋਵੇਗਾ।

ਸਹੀ/- ਮੈਨੇਜਰ, ਪੀ.ਏ.ਡੀ.ਬੀ., ਪੱਟੀ

COURT NOTICE

(U/o 5 Rule 20 CPC)
In the Court of
Ms. Khyati Goyal
Civil Judge (Junior Division), Rupnagar
CNR No. PBRO02-001081-2023
Next Date :- 11-12-2026
Harkiat Singh
Vs. Lachhman Singh
Publication Issued to :
Lachhman Singh
Father : Narata Singh
Shop No.26 (8), Near Bus Stand, Tehsil Sri Chamkaur Sahib, Distt. Rupnagar.

In above titled case the defendant(s)/ respondent(s) could not be served. It is ordered that defendant(s)/ respondent(s) should appear in person or through counsel on 11.12.2026 at 10:00 a.m.

For details logon to https://highcourtchd.gov.in/?mod=district_notice&district=Rupnagar

Civil Judge (Junior Division), Rupnagar
Dated this day of 04-11-2026

ਬੈਂਕ ਆੱਫ਼ ਬੜੌਦਾ Bank of Baroda

Branch: Dugri Road, Ludhiana, Opposite Marry Land Palace, Ludhiana 141001. Gmail:DUGLUD@bankofbaroda.com

ਰੂਲ-8 (1) ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)

ਜਦੋਂ ਕਿ, ਨਿਮਨਹਸਤਾਖਰੀ ਨੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (2002 ਦਾ 54) ਅਧੀਨ ਬੈਂਕ ਆਫ ਬੜੌਦਾ, ਦੁੱਗਰੀ ਰੋਡ, ਲੁਧਿਆਣਾ ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ/ਗਰੰਟਰਾਂ ਨੂੰ ਹੇਠਾਂ ਦਰਸਾਈਆਂ ਮਿਤੀਆਂ 'ਤੇ ਨੋਟਿਸਾਂ 'ਚ ਹੇਠਾਂ ਦਰਸਾਈਆਂ ਰਕਮਾਂ, ਨੋਟਿਸਾਂ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦੇ ਦਿੰਦੇ ਡਿਮਾਂਡ ਨੋਟਿਸ ਜਾਰੀ ਕੀਤੇ ਸਨ।

ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਹੇਠਾਂ ਦਰਸਾਏ ਖਾਤੇ ਵਿਰੁੱਧ ਦਰਜ ਤਰੀਕਾਂ 'ਤੇ ਕਬਜ਼ਾ ਹਾਸਲ ਕਰ ਲਿਆ ਹੈ।

ਸੰਬੰਧਤ ਪਾਰਟੀਆਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਇਸ ਜਾਇਦਾਦ ਸੰਬੰਧੀ ਸੌਦੇਬਾਜ਼ੀ ਤੋਂ ਖ਼ਬਰਦਾਰ ਕੀਤਾ ਜਾਂਦਾ ਹੈ ਅਤੇ ਕੋਈ ਵੀ ਸੌਦੇਬਾਜ਼ੀ ਬੈਂਕ ਆਫ ਬੜੌਦਾ ਦੁੱਗਰੀ ਰੋਡ, ਲੁਧਿਆਣਾ ਵੱਲੋਂ ਹੇਠਾਂ ਦਰਸਾਈ ਕੁਲ ਰਕਮ, ਉਸ ਉਪਰ ਭਵਿੱਖੀ ਵਿਆਜ ਅਤੇ ਲਾਗਤਾਂ ਆਦਿ ਸਮੇਤ ਵਸੂਲੀ ਜਾਵੇਗੀ।

ਉਪਲਬਧ ਸਮੇਂ 'ਚ ਸਕਿਓਰਡ ਐਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰ/ਗਰੰਟਰ ਅਤੇ ਜਾਇਦਾਦ ਦੇ ਮਾਲਕ ਦਾ ਨਾਂਅ	ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ	ਡਿਮਾਂਡ ਨੋਟਿਸ ਦੀ ਮਿਤੀ	ਕਬਜ਼ੇ ਦੀ ਮਿਤੀ	ਕਬਜ਼ੇ ਦੀ ਕਿਸਮ / ਬਕਾਇਆ ਖੜੀ ਰਕਮ
(ਕਰਜ਼ਦਾਰ) : ਸ੍ਰੀਮਤੀ ਅਮਨਦੀਪ ਕੌਰ ਪਤਨੀ ਸ੍ਰੀ ਬਲਵਿੰਦਰ ਸਿੰਘ (ਦਰਖਾਸਤ ਕਰਤਾ) ਤੇ ਸ੍ਰੀ ਬਲਜਿੰਦਰ ਸਿੰਘ ਪੁੱਤਰ ਸ੍ਰੀ ਦੇਵ ਸਿੰਘ (ਸਹਿ-ਦਰਖਾਸਤ ਕਰਤਾ) ਦੋਵੇਂ ਵਾਸੀ ਵਿਕਰਮ ਅਦਿੱਤਿਆ ਕਲੋਨੀ, ਫੁੱਲਾਂਵਾਲ, ਲੁਧਿਆਣਾ-141013	ਸਭ ਕੁਝ ਰਿਹਾਇਸ਼ੀ ਮਕਾਨ ਦਾ ਅਟੁੱਟ ਹਿੱਸਾ, ਰਕਬਾ 65.33 ਵਰਗ ਗਜ਼, ਖਸਰਾ ਨੰ: 41//1/2-10-11-40//16-41//19/2-40//15-41//20, ਖੇਵਟ ਨੰ: 584-585-586-587-588-589, ਖਤੌਨੀ ਨੰ: 595-596-597-598-599-600 ਜਮ੍ਹਾਂਬੰਦੀ ਸਾਲ 2012-13 ਅਨੁਸਾਰ ਵਾਕਿਆਂ ਫੁੱਲਾਂਵਾਲ, ਹੱਦਬਸਤ ਨੰ: 278, ਤਹਿ. ਤੇ ਜ਼ਿਲ੍ਹਾ ਲੁਧਿਆਣਾ, ਸ੍ਰੀਮਤੀ ਅਮਨਦੀਪ ਕੌਰ ਦੇ ਨਾਂਅ, ਹੱਦਬੰਦੀ : ਪੂਰਬ: ਗੁਆਂਢੀ 42'-0'', ਪੱਛਮ: ਗੁਆਂਢੀ 42'-10'', ਉੱਤਰ: 14'-0', ਦੱਖਣ: ਗੁਆਂਢੀ: 14'-00'	02.06.2026	02.11.2026	ਸੰਕੇਤਕ ਕਬਜ਼ਾ / ਰੁਪਏ 6,46,508.96 (ਰੁਪਏ ਛੇ ਲੱਖ ਛਿਆਲੀ ਹਜ਼ਾਰ, ਪੰਜ ਸੌ ਅੱਠ ਤੇ ਛਿਆਨਵੇਂ ਪੈਸੇ ਕੇਵਲ) ਤੇ ਵਿਆਜ ਜੋ ਵੀ ਹੋਵੇ।

ਮਿਤੀ : 06.11.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

ਕਲਾਸੀਫਾਈਡ ਇਸ਼ਤਿਹਾਰ

Change of Name

I Karanbir Singh S/O Gyan Singh R/O Vill.Chuslewarh Tehsil Patti Distt. Tarn Taran hereby declare that Singh is my Surname and Karanbir is my given name.Concerned please note.

I, Anita Handa W/o Krishan Kumar R/o 20 New Garden Colony, Majitha Road, Amritsar Have Changed My Name to Anita.

I, Krishan Kumar Handa S/o Diwan Chand R/o 20 New Garden Colony, Majitha Road, Amritsar Have Changed My Name to Krishan Kumar.

I, Archna Devi W/o Ajay Kumar R/o House No. 21, Tungpai Abadi New Jawahar Nagar, Vijay Nagar, Batala Road, Amritsar-143001, (Pb.) India Archna Devi and Archana is one and the same person.

I, Parmjit Kaur W/o Kulwinder Singh R/o VPO Rani Pind, Tehsil Dasuya, Distt. Hoshiarpur, Punjab-144203 have changed my name and Shall hereafter be known as Kaur Parmjit. Please note.

I, Harkirat Singh s/o Gurbachan Singh r/o VPO. Kurala Kalan, Distt. Hoshiarpur-144204, Punjab have changed my name to Singh Harkirat. All Please Note.

I, Sukhwinder Singh s/o Nasib Singh r/o Vill. Ralhan, Po. Khudda, Tehsil Dasuya, Distt.Hoshiarpur-144305, Punjab have changed my name to Singh Sukhwinder. All Please Note.

ਨਾਂਅ ਦੀ ਬਦਲੀ

ਮੈਂ ਸਮ੍ਰਿਤੀ ਗਰਗ ਪਤਨੀ ਭਾਵੇਸ਼ ਗਰਗ ਵਾਸੀ ਮਕਾਨ ਨੰਬਰ 22426, ਗਲੀ ਨੰਬਰ 7, ਸ਼ਤ ਨਗਰ, ਬਠਿੰਡਾ ਸੂਚਿਤ ਕਰਦੀ ਹਾਂ ਕਿ ਮੈਂ ਵਿਆਹ ਤੋਂ ਬਾਅਦ ਆਪਣਾ ਨਾਮ ਸਮ੍ਰਿਤੀ ਗੋਇਲ ਤੋਂ ਬਦਲ ਕੇ ਸਮ੍ਰਿਤੀ ਗਰਗ ਰੱਖ ਲਿਆ ਹੈ। ਸੰਬੰਧਤ ਨੋਟ ਕਰਨ ।

ਮੈਂ, ਅਰੁਣ ਕੁਮਾਰ ਦੁੱਗਲ ਪੁੱਤਰ ਦਰਸ਼ਨ ਦੁੱਗਲ, ਨਿਵਾਸੀ ਦੁੱਗਲ ਵਿਲਾ, ਪੱਖੋਵਾਲ ਰੋਡ, ਮਹਾਰਾਜਾ ਰਣਜੀਤ ਸਿੰਘ ਨਗਰ, ਦਾਦ, ਡਾਕਖਾਨਾ ਲਲਤੋਂ ਕਲਾਂ, ਜ਼ਿਲ੍ਹਾ। ਲੁਧਿਆਣਾ, ਪੰਜਾਬ-142022 ਨੇ ਆਪਣਾ ਨਾਂਅ ਅਰੁਣ ਦੁੱਗਲ ਤੋਂ ਬਦਲ ਕੇ ਅਰੁਣ ਕੁਮਾਰ ਦੁੱਗਲ ਰੱਖ ਲਿਆ ਹੈ।ਕਿਰਪਾ ਕਰਕੇ ਸੰਬੰਧਤ ਨੋਟ ਕਰਨ।

ਬੇਦਖਲੀ ਨੋਟਿਸ

ਮੈਂ, ਦੀਪਕ ਕੁਮਾਰ ਪੁੱਤਰ ਸ੍ਰੀ ਹੰਸ ਰਾਜ ਵਾਸੀ ਗਾਂਧੀ ਨਗਰ ਕੈਂਪ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੋਗਿੰਦਰ ਪਾਲ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

SBI STATE BANK OF INDIA

RETAIL ASSETS CENTRAL PROCESSING CENTRE (05296), 1ST FLOOR, CIVIL LINES, FOUNTAIN CHOWK, LUDHIANA

ਵਾਹਨਾਂ ਦੀ 11.12.2026 ਨੂੰ 11.00 ਵਜੇ ਸਵੇਰ ਤੋਂ ਸ਼ਾਮ 5.00 ਵਜੇ ਤੱਕ ਈ-ਨਿਲਾਮੀ ਰਾਹੀਂ ਵਿਕਰੀ ਲਈ ਜਨਤਕ ਨੋਟਿਸ
ਈ ਐਮ ਡੀ ਤੇ ਦਸਤਾਵੇਜ਼ ਜਮ੍ਹਾਂ ਕਰਵਾਉਣ ਦੀ ਆਖਰੀ ਤਰੀਕ ਤੇ ਸਮਾਂ 10.12.2026 ਨੂੰ 5.00 ਵਜੇ ਸ਼ਾਮ ਤੱਕ ਜਾਂ ਪਹਿਲਾਂ

ਹੇਠਾਂ ਦਿੱਤੇ ਗਾਹਕਾਂ ਤੋਂ ਬੈਂਕ ਦਾ ਕਰਜ਼ਾ, ਲਾਗਤ ਤੇ ਹੋਰ ਖਰਚੇ ਵਸੂਲਣ ਲਈ ਕੇ ਵਾਈ ਸੀ ਦਸਤਾਵੇਜ਼ ਜਿਵੇਂ ਕਿ ਉੱਪਰ ਵੇਰਵਾ ਦਿੱਤਾ ਹੈ, ਸਮੇਤ ਹੇਠਾਂ ਦਿੱਤੇ ਵਾਹਨਾਂ ਦੀ "ਜਿਵੇਂ ਹੈ ਜਿੱਥੇ ਹੈ" ਅਤੇ "ਜੋ ਵੀ ਹੈ" ਦੇ ਆਧਾਰ 'ਤੇ ਬੋਲੀ ਰਾਹੀਂ ਵਿਕਰੀ ਲਈ ਪੇਸ਼ਕਸ਼ਾਂ ਦੀ ਮੰਗ ਕੀਤੀ ਜਾਂਦੀ ਹੈ

ਵਾਹਨਾਂ ਦਾ ਵੇਰਵਾ

ਲੜੀ ਨੰ.	ਕਰਜ਼ਦਾਰ ਦਾ ਨਾਂਅ	ਬਕਾਇਆ ਰਕਮ / ਕਬਜ਼ਾ ਮਿਤੀ	ਵਾਹਨਾਂ ਦਾ ਵੇਰਵਾ	ਰਾਖਵੀਂ ਕੀਮਤ / ਈ ਐਮ ਡੀ / ਬੋਲੀ ਵਾਧਾ ਰਕਮ	ਵਾਹਨ ਦੇ ਨਿਰੀਖਣ ਦੀ ਮਿਤੀ ਅਤੇ ਸਮਾਂ	ਈ-ਨਿਲਾਮੀ ਦੀ ਮਿਤੀ ਅਤੇ ਸਮਾਂ
1.	ਸ੍ਰੀ ਤ੍ਰਿਸ਼ਵ ਗੁਪਤਾ ਪੁੱਤਰ ਸ੍ਰੀ ਮੁਕੇਸ਼ ਕੁਮਾਰ, 52 , ਫਿਰੋਜ਼ਪੁਰ ਰੋਡ, ਸਾਹਮਣੇ ਐਮ ਬੀ ਡੀ ਮਾਲ, ਮਹਾਂਵੀਰ ਨਗਰ, ਲੁਧਿਆਣਾ, ਪੰਜਾਬ-141012	9,52,0426/- 18.09.2026 / 23.09.2025	ਕਾਰ ਟਾਟਾ ਟਿਆਗੋ ਈ ਵੀ ਐਕਸ ਟੀ, ਰਜਿਸਟਰੇਸ਼ਨ ਨੰ. ਪੀ ਬੀ 10 ਜੇ ਜੀ 7299 ਮਿਤੀ 10/12/2023, ਸ੍ਰੀ ਤ੍ਰਿਸ਼ਵ ਗੁਪਤਾ ਪੁੱਤਰ ਸ੍ਰੀ ਮੁਕੇਸ਼ ਕੁਮਾਰ ਦੇ ਨਾਂਅ	5,10,000/- / 51,000/- / 5,000	09.12.2026 10 AM To 4:00 PM	11.12.2026 11 AM To 5:00 PM
2.	ਸ੍ਰੀਮਤੀ ਗੁਰਜਿੰਦਰ ਕੌਰ ਸ਼ਹਿਨਾਜ਼ ਪਤਨੀ ਸ੍ਰੀ ਸੁਧਾਨ ਹੁਸੈਨ # ਮਕਾਨ ਨੰ. 7005/2, ਗਲੀ ਨੰ. 2, ਫੋਕਲ ਪੁਆਇੰਟ , ਜਮਾਲਪੁਰ, ਨਿਊ ਵਿਸ਼ਵਕਰਮਾ ਨਗਰ, ਲੁਧਿਆਣਾ, ਪੰਜਾਬ-141010	5,55,593- 20/03/2026 / 16.01.2026	ਕਾਰ ਟਾਟਾ ਟਿਆਗੋ ਐੱਕਸ ਓ ਟੀ (ਓ) 1.2 ਆਰ ਟੀ ਐੱਨ, ਬੀ ਐੱਸ 6 ਪੀ ਐੱਚ 2 ਰਜਿਸਟਰੇਸ਼ਨ ਨੰ. ਪੀ ਬੀ 10 ਜੇ ਕੇ-8146 ਮਿਤੀ 17/03/2024 ਸ੍ਰੀਮਤੀ ਗੁਰਜਿੰਦਰ ਕੌਰ ਸ਼ਹਿਨਾਜ ਪਤਨੀ ਸ੍ਰੀ ਸੁਧਾਨ ਹੁਸੈਨ ਦੇ ਨਾਂਅ	3,83,000/- / 38,300/- / 4,000/-	09.12.2026 10 AM To 4:00 PM	11.12.2026 11 AM To 5:00 PM

ਇਹ ਇਸ਼ਤਿਹਾਰ ਉਕਤ ਕਰਜ਼ਦਾਰਾਂ ਤੇ ਗਰੰਟਰਾਂ ਲਈ 30 ਦਿਨਾਂ ਦਾ ਨੋਟਿਸ ਵੀ ਹੈ

ਨਿਯਮ ਤੇ ਸ਼ਰਤਾਂ-ਇਹ ਈ ਨਿਲਾਮੀ "ਜਿਵੇਂ ਹੈ ਜਿੱਥੇ ਹੈ ਤੇ ਜੋ ਵੀ ਹੈ ਅਤੇ ਬਿਨਾਂ ਬੈਂਕ ਦੇ ਰੀਕੋਰਸ" ਜੋ ਆਨ ਲਾਈਨ ਆਧਾਰ 'ਤੇ ਕੀਤੀ ਜਾਵੇਗੀ। ਨਿਲਾਮੀ ਬੈਂਕ ਦੇ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸਰਜ਼ ਐੱਸ ਆਈ ਐੱਸ ਐੱਲ ਇਨਫੋਟੈੱਕ ਪ੍ਰਾਈਵੇਟ ਲਿਮਿਟਿਡ, ਉਨ੍ਹਾਂ ਦੀ ਵੈੱਬ ਪੋਰਟਲ https://baanknet.com 'ਤੇ ਕੀਤੀ ਜਾਵੇਗੀ। ਚਾਹਵਾਨ ਬੋਲੀਕਾਰ ਈ ਨਿਲਾਮੀ ਵੈੱਬਸਾਈਟ 'ਤੇ ਆਪਣੇ ਆਪ ਨੂੰ ਰਜਿਸਟਰਡ ਕਰਵਾਉਣਾ ਯਕੀਨੀ ਬਣਾਉਣਗੇ ਅਤੇ ਬਿਆਨਾ ਰਕਮ ਜਮ੍ਹਾਂ ਸਰਵਿਸ ਪ੍ਰੋਵਾਈਡਰ ਦੁਆਰਾ ਬਣਾਏ ਵਰਚੁਅਲ ਵਾਲੈੱਟ 'ਚ https://baanknet.com ਉੱਪਰ ਦਿੱਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਮ੍ਹਾਂ ਕਰਵਾਉਣਗੇ। ਈ-ਨਿਲਾਮੀ ਟੈਂਡਰ ਦਸਤਾਵੇਜ਼ ਜਿਸ 'ਚ ਆਨ ਲਾਈਨ ਈ-ਨਿਲਾਮੀ ਬੋਲੀ ਫਾਰਮ, ਐਲਾਨਨਾਮਾ, ਆਮ ਨਿਯਮ ਤੇ ਸ਼ਰਤਾਂ ਸ਼ਾਮਲ (ਵੈੱਬਸਾਈਟ ਦੇ ਪਤੇ) ਵਿੱਚ ਉਪਲੱਬਧ ਹਨ। ਚਾਹਵਾਨ ਬੋਲੀਕਾਰ ਆਪਣਾ ਈ ਐਮ ਡੀ ਵੈੱਬ ਪੋਰਟਲ ਰਾਹੀਂ ਜਮ੍ਹਾਂ ਕਰਵਾ ਸਕਦੇ ਹਨ (ਯੂਜ਼ਰ ਆਈ ਡੀ ਤੇ ਪਾਸਵਰਡ ਥਰੂ ਲਾਗਇਨ ਆਈ ਡੀ ਅਤੇ ਪਾਸਵਰਡ 'ਤੇ ਦਰਜ ਕਰਵਾ ਕੇ ਬਿਨਾਂ ਲਾਗਤ ਪ੍ਰਾਪਤ ਕਰ ਸਕਦੇ ਹਨ।

ਚਾਹਵਾਨ ਬੋਲੀਕਾਰ ਵਾਹਨਾਂ ਦੀ ਪੜਤਾਲ ਨਿਲਾਮੀ, ਦਾਅਵੇ/ਹੱਕ/ਬਕਾਇਆ ਸੰਬੰਧੀ ਆਪਣੇ ਤੌਰ 'ਤੇ ਬੋਲੀ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕਰ ਸਕਦੇ ਹਨ। ਈ-ਨਿਲਾਮੀ ਇਸ਼ਤਿਹਾਰ ਕਿਸੇ ਵਚਨਬੱਧਤਾ ਜਾਂ ਬੈਂਕ ਦੀ ਪ੍ਰਤੀਨਿਧਤਾ ਨਾਲ ਸੰਬੰਧ ਨਹੀਂ ਰੱਖਦਾ। ਅਧਿਕਾਰਤ ਅਫਸਰ/ਸਕਿਓਰਡ ਕ੍ਰੈਡਿਟਰ ਕਿਸੇ ਤੀਜੀ ਪਾਰਟੀ ਦੇ ਦਾਅਵੇ/ਹੱਕ/ਬਕਾਇਆ ਦੇ ਦਾਅਵੇ ਦਾ ਜ਼ਿੰਮੇਵਾਰ ਨਹੀਂ ਹੋਵੇਗਾ। ਵਿਕਰੀ ਬੈਂਕ ਦੇ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਹੋਵੇਗੀ। ਈ-ਨਿਲਾਮੀ ਦੇ ਹੋਰ ਨਿਯਮ ਅਤੇ ਸ਼ਰਤਾਂ ਵੈਬਸਾਈਟ https://baanknet.com 'ਤੇ ਪ੍ਰਕਾਸ਼ਿਤ ਕੀਤੀਆਂ ਗਈਆਂ ਹਨ।

ਨੋਟ: ਅਧਿਕਾਰਤ ਅਫਸਰ ਕਿਸੇ ਵੀ ਉਚਤਮ ਪੇਸ਼ਕਸ਼ ਨੂੰ ਪ੍ਰਵਾਨ ਕਰਨ ਦਾ ਪਾਬੰਦ ਨਹੀਂ ਹੈ ਅਤੇ ਉਹ ਈ-ਨਿਲਾਮੀ ਨੂੰ ਬਿਨਾਂ ਕਿਸੇ ਕਾਰਨ ਕਿਸੇ ਪੇਸ਼ਕਸ਼/ਪੇਸ਼ਕਾਰਾਂ ਨੂੰ ਮਨਜ਼ੂਰ ਜਾਂ ਨਾ-ਮਨਜ਼ੂਰ ਕਰਨ ਜਾਂ ਈ-ਨਿਲਾਮੀ ਨੂੰ ਅੱਗੇ ਪਾਉਣ/ਮੁਲਤਵੀ ਕਰਨ/ਰੱਦ ਕਰਨ ਦਾ ਪੂਰਾ ਅਧਿਕਾਰ ਰੱਖਦਾ ਹੈ।

ਮਿਤੀ : 09.11.2026 ਸਥਾਨ : ਲੁਧਿਆਣਾ ਅਧਿਕਾਰਤ ਅਫਸਰ

ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਜੀਤ ਸਿੰਘ ਬਜਵਾੜਾ ਵੱਲੋਂ ਅਸਤੀਫ਼ਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਆਮ ਆਦਮੀ ਪਾਰਟੀ ਨੂੰ ਹੁਸ਼ਿਆਰਪੁਰ ਵਿੱਚ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕੁਲਜੀਤ ਸਿੰਘ ਬਜਵਾੜਾ ਨੇ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇ ਦਿੱਤਾ। ਉਨ੍ਹਾਂ ਦੇ ਇਸ ਫੈਸਲੇ ਨਾਲ ਜ਼ਿਲ੍ਹੇ ਦੀ ਸਿਆਸਤ ਵਿੱਚ ਨਵੀਂ ਚਰਚਾ ਛਿੜ ਗਈ ਹੈ। ਖ਼ਾਸ ਗੱਲ ਇਹ ਹੈ ਕਿ ਇਹ ਅਸਤੀਫ਼ਾ ਉਸ ਸਮੇਂ ਸਾਹਮਣੇ ਆਇਆ ਹੈ, ਜਦੋਂ ਪਾਰਟੀ ਹਾਈਕਮਾਂਡ ਵੱਲੋਂ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਤੋਂ ਮੌਜੂਦਾ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੂੰ ਮੁੜ ਉਮੀਦਵਾਰ ਐਲਾਨਿਆ ਗਿਆ ਹੈ। ਕੁਲਜੀਤ ਸਿੰਘ ਬਜਵਾੜਾ ਨੇ ਖੁਦ ਆਪਣੇ ਅਸਤੀਫ਼ੇ ਦੀ ਪੁਸ਼ਟੀ ਕਰਦਿਆਂ ਇਸ ਪਿੱਛੇ ਘਰੇਲੂ ਜ਼ਿੰਮੇਵਾਰੀਆਂ ਨੂੰ ਕਾਰਨ ਦੱਸਿਆ ਹੈ। ਹਾਲਾਂਕਿ, ਉਨ੍ਹਾਂ ਦੇ ਇਸ ਫੈਸਲੇ ਨੂੰ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਟਿਕਟ ਦੀ ਦਾਅਵੇਦਾਰੀ ਨਾਲ ਜੋੜ ਕੇ ਵੀ ਦੇਖਿਆ ਜਾ ਰਿਹਾ ਹੈ। ਸਿਆਸੀ ਹਲਕਿਆਂ ਵਿੱਚ ਕੁਲਜੀਤ ਸਿੰਘ ਬਜਵਾੜਾ ਨੂੰ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਸੰਭਾਵੀ ਉਮੀਦਵਾਰਾਂ ਵਿੱਚੋਂ ਇੱਕ ਮਜ਼ਬੂਤ ਦਾਅਵੇਦਾਰ ਮੰਨਿਆ ਜਾ ਰਿਹਾ ਸੀ। ਉਹ ਲੰਮੇ ਸਮੇਂ ਤੋਂ ਹਲਕੇ ਵਿੱਚ ਆਪਣੀਆਂ ਸਿਆਸੀ ਸਰਗਰਮੀਆਂ ਅਤੇ ਲੋਕਾਂ ਨਾਲ ਸੰਪਰਕ ਰਾਹੀਂ ਆਪਣੀ ਪਕੜ ਮਜ਼ਬੂਤ ਕਰਨ ਵਿੱਚ ਲੱਗੇ ਹੋਏ ਸਨ। ਅਜਿਹੇ ਵਿੱਚ ਪਾਰਟੀ ਵੱਲੋਂ ਬ੍ਰਹਮ ਸ਼ੰਕਰ ਜਿੰਪਾ ਨੂੰ ਮੁੜ ਟਿਕਟ ਦੇਣ ਦੇ ਫੈਸਲੇ ਤੋਂ ਬਾਅਦ ਉਨ੍ਹਾਂ ਵੱਲੋਂ ਪਾਰਟੀ ਛੱਡਣਾ ਕਈ ਤਰ੍ਹਾਂ ਦੇ ਸਿਆਸੀ ਸਵਾਲ ਖੜ੍ਹੇ ਕਰ ਰਿਹਾ ਹੈ। ਇਸ ਘਟਨਾਕ੍ਰਮ ਦੇ ਨਾਲ ਹੀ ਸਿਆਸੀ ਹਲਕਿਆਂ ਵਿੱਚ ਇਹ ਚਰਚਾ ਵੀ ਜ਼ੋਰ ਫੜ ਰਹੀ ਹੈ ਕਿ ਪਾਰਟੀ ਹਾਈਕਮਾਂਡ ਨੂੰ ਹਰ ਵਾਰ ਇੱਕੋ ਉਮੀਦਵਾਰ 'ਤੇ ਭਰੋਸਾ ਜਤਾਉਣ ਦੀ ਬਜਾਏ ਸਮੇਂ-ਸਮੇਂ 'ਤੇ ਨਵੇਂ ਚਿਹਰਿਆਂ ਨੂੰ ਵੀ ਮੌਕਾ ਦੇਣਾ ਚਾਹੀਦਾ ਹੈ। ਸਿਆਸੀ ਚਰਚਾਵਾਂ ਅਨੁਸਾਰ, ਉਮੀਦਵਾਰਾਂ ਦੀ ਤਬਦੀਲੀ ਨਾਲ ਪਾਰਟੀ ਅੰਦਰ ਨਵੇਂ ਆਗੂਆਂ ਨੂੰ ਅੱਗੇ ਆਉਣ ਦਾ ਮੌਕਾ ਮਿਲਦਾ ਹੈ ਅਤੇ ਵਰਕਰਾਂ ਵਿੱਚ ਵੀ ਨਵਾਂ ਉਤਸ਼ਾਹ ਪੈਦਾ ਹੁੰਦਾ ਹੈ। ਇਹ ਵੀ ਮੰਨਿਆ ਜਾ ਰਿਹਾ ਹੈ ਕਿ ਕਿਸੇ ਇੱਕ ਉਮੀਦਵਾਰ ਨੂੰ ਵਾਰ-ਵਾਰ ਮੌਕਾ ਦੇਣ ਦੀ ਨੀਤੀ ਨਾਲ ਹੋਰ ਸੰਭਾਵੀ ਦਾਅਵੇਦਾਰਾਂ ਵਿੱਚ ਨਿਰਾਸ਼ਾ ਪੈਦਾ ਹੋ ਸਕਦੀ ਹੈ। ਪਾਰਟੀ ਵੱਲੋਂ ਉਮੀਦਵਾਰ ਦਾ ਐਲਾਨ ਕੀਤੇ ਜਾਣ ਤੋਂ ਕੁਝ ਹੀ ਦਿਨਾਂ ਬਾਅਦ ਬਜਵਾੜਾ ਦਾ ਅਸਤੀਫ਼ਾ ਦੇਣਾ ਸਿਆਸੀ ਗਲਿਆਰਿਆਂ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਹਾਲਾਂਕਿ, ਕੁਲਜੀਤ ਸਿੰਘ ਬਜਵਾੜਾ ਨੇ ਆਪਣੇ ਬਿਆਨ ਵਿੱਚ ਟਿਕਟ ਨੂੰ ਲੈ ਕੇ ਕਿਸੇ ਕਿਸਮ ਦੀ ਨਾਰਾਜ਼ਗੀ ਜ਼ਾਹਰ ਨਹੀਂ ਕੀਤੀ ਅਤੇ ਘਰੇਲੂ ਜ਼ਿੰਮੇਵਾਰੀਆਂ ਨੂੰ ਹੀ ਅਸਤੀਫ਼ੇ ਦਾ ਕਾਰਨ ਦੱਸਿਆ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਉਨ੍ਹਾਂ ਦਾ ਅਗਲਾ ਸਿਆਸੀ ਕਦਮ ਕੀ ਹੁੰਦਾ ਹੈ ਅਤੇ ਇਸ ਦਾ ਹੁਸ਼ਿਆਰਪੁਰ ਦੀ ਸਿਆਸਤ ਦੇ ਨਾਲ-ਨਾਲ ਆਮ ਆਦਮੀ ਪਾਰਟੀ ਦੀ ਸਥਾਨਕ ਰਣਨੀਤੀ 'ਤੇ ਕੀ ਅਸਰ ਪੈਂਦਾ ਹੈ।

ਦੀਵਾਲੀ ਦਾ ਤਿਓਹਾਰ ਉਤਸ਼ਾਹ ਨਾਲ ਮਨਾਇਆ



ਫਗਵਾੜਾ (ਜਸਵਿੰਦਰ ਢੱਡਾ)- ਧੰਨ ਧੰਨ ਨੂਰ-ਏ-ਖੁਦਾ ਦਰਬਾਰ ਸਾਂਈ ਬਾਬਾ ਮੰਗੂ ਸ਼ਾਹ ਪਿੰਡ ਸਾਹਨੀ ਤਹਿ. ਫਗਵਾੜਾ ਵਿਖੇ ਦੀਵਾਲੀ ਦਾ ਤਿਉਹਾਰ ਦਰਬਾਰ ਦੇ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਦੀ ਅਗਵਾਈ ਹੇਠ ਸਮੂਹ ਗ੍ਰਾਮ ਪੰਚਾਇਤ ਅਤੇ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਦਰਬਾਰ ਨੂੰ ਰੰਗ ਵਿਰੰਗੀਆਂ ਸੁੰਦਰ ਲਾਈਟਾਂ ਨਾਲ ਸਜਾਇਆ ਗਿਆ ਸੀ। ਰਾਤ ਨੂੰ ਦੀਪ ਮਾਲਾ ਵੀ ਕੀਤੀ ਗਈ। ਸਾਂਈ ਕਰਨੈਲ ਸ਼ਾਹ ਨੇ ਸੰਗਤਾਂ ਨੂੰ ਪ੍ਰਵਚਨ ਕਰਦਿਆਂ ਦੀਵਾਲੀ ਦੇ ਮਹੱਤਵ ਬਾਰੇ ਦੱਸਿਆ। ਉਹਨਾਂ ਕਿਹਾ ਕਿ ਦੀਵਾਲੀ ਹਮੇਸ਼ਾ ਮੱਸਿਆ ਦੀ ਰਾਤ ਨੂੰ ਰੌਸ਼ਨੀਆਂ ਕਰਕੇ ਮਨਾਈ ਜਾਂਦੀ ਹੈ। ਜਿਸ ਨਾਲ ਸਾਨੂੰ ਇਹ ਪ੍ਰੇਰਨਾ ਮਿਲਦੀ ਹੈ ਕਿ ਹਨ੍ਹੇਰੇ ਉੱਪਰ ਹਮੇਸ਼ਾ ਚਾਨਣ ਦੀ ਜਿੱਤ ਦੀ ਹੁੰਦੀ ਹੈ ਅਤੇ ਚਾਨਣ ਸਕਾਰਾਤਮਕ ਊਰਜਾ ਦਾ ਪ੍ਰਤੀਕ ਹੈ। ਉਹਨਾਂ ਸੰਗਤਾਂ ਨੂੰ ਆਪਣੇ ਅੰਦਰ ਗਿਆਨ ਦੀ ਜੋਤ ਜਗਾਉਣ ਦਾ ਸੁਨੇਹਾ ਦਿੱਤਾ। ਉਹਨਾਂ ਸੰਗਤਾਂ ਨੂੰ ਵੱਧ ਤੋਂ ਵੱਧ ਬੂਟੇ ਲਗਾ ਕੇ ਉਹਨਾਂ ਦੀ ਪਰਵਰਿਸ਼ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਸਰਪੰਚ ਬੀਬੀ ਬਖਸ਼ਿੰਦਰ ਬਾਂਸਲ ਪਤਨੀ ਸੁਖਦੇਵ ਸਿੰਘ ਬਾਂਸਲ, ਪੰਚਾਇਤ ਮੈਂਬਰ ਅਮਰੀਕ ਸਿੰਘ ਮੀਕਾ, ਮੇਜਰ ਸਿੰਘ, ਸਤਨਾਮ ਸਿੰਘ ਕਾਹਲੋਂ, ਜਸਵਿੰਦਰ ਕੌਰ, ਮੋਨਿਕਾ ਸ਼ਰਮਾ, ਰਾਮ ਸ਼ਰਨ, ਸਤਵਿੰਦਰ ਕੌਰ ਤੋਂ ਇਲਾਵਾ ਧੰਨਾ ਬਾਬਾ ਜੀ, ਜੋਗਿੰਦਰ ਸਿੰਘ ਮਿਸਤਰੀ, ਨਿਰਮਲ ਚੰਦ ਚੱਕ ਹਕੀਮ, ਗੋਪੀ ਸਾਹਨੀ, ਸੇਵਾ ਰਾਮ, ਹੈਪੀ, ਕਮਲਜੀਤ ਕੰਬਾ ਪ੍ਰੇਮਪੁਰ, ਦਵਿੰਦਰ ਪਾਲ ਨੇ ਵੀ ਹਾਜਰੀਨ ਨੂੰ ਦੀਵਾਲੀ, ਬੰਦੀ ਛੋੜ ਦਿਵਸ ਅਤੇ ਭਗਵਾਨ ਸ੍ਰੀ ਵਿਸ਼ਵਕਰਮਾ ਮਹਾਉਤਸਵ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਮੌਕੇ ਇਸ ਮੌਕੇ ਵੱਡੀ ਗਿਣਤੀ 'ਚ ਸੰਗਤਾਂ ਹਾਜਰ ਸਨ।

ਸਿੱਖਿਆ ਵਿਭਾਗ 'ਚ ਜਾਲ੍ਹੀ ਡਿਗਰੀਆਂ ਵਾਲਿਆਂ ਨੂੰ ਨੌਕਰੀਆਂ

ਮੋਹਾਲੀ (ਗੁਰਜੀਤ ਬਿੱਲਾ)- ਉਂਜ ਤਾਂ ਹਰ ਵਿਭਾਗ ਵਿੱਚ ਜਾਅਲੀ ਡਿਗਰੀਆਂ ਵਾਲੇ ਨੌਕਰੀਆਂ ਕਰ ਰਹੇ ਹਨ ਪਰ ਸਿੱਖਿਆ ਵਿਭਾਗ ਜਾਅਲੀ ਡਿਗਰੀਆਂ ਲਈ ਇੱਕ ਅਜਿਹਾ ਸੁਰੱਖਿਅਤ ਖੇਤਰ ਹੈ ਜਿੱਥੇ ਸਿੱਖਿਆ ਕ੍ਰਾਂਤੀ ਵਰਗੇ ਪ੍ਰੋਜੈਕਟ ਦੀ ਅਗਵਾਈ ਵੀ ਜਾਅਲੀ ਡਿਗਰੀਆਂ ਵਾਲੇ ਕਰ ਰਹੇ ਹਨ। ਉਪਰੋਕਤ ਸ਼ਬਦ ਜੀ ਟੀ ਯੂ ਦੇ ਸਾਬਕਾ ਪ੍ਰੈਸ ਸਕੱਤਰ ਹਰਨੇਕ ਮਾਵੀ ਦੇ ਹਨ, ਜੋ ਕਿ ਸਿੱਖਿਆ ਵਿਭਾਗ ਅੰਦਰ ਹਰ ਤਰ੍ਹਾਂ ਦੀਆਂ ਜਾਅਲਸਾਜ਼ੀਆਂ ਵਿਰੁੱਧ ਨਿਧੜਕ ਅਵਾਜ਼ ਉਠਾਉਂਦੇ ਰਹੇ ਹਨ। ਪ੍ਰੈਸ ਦੇ ਨਾਂ ਜਾਰੀ ਬਿਆਨ ਵਿੱਚ ਮਾਵੀ ਨੇ ਸ ਸ ਸ ਸਕੂਲ ਮੋਹਾਲੀ ਦੀ ਪ੍ਰਿੰਸੀਪਲ ਪਰਮਜੀਤ ਕੌਰ ਬਰਾੜ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਇਸ ਪ੍ਰਿੰਸੀਪਲ ਦੀ ਜਾਅਲੀ ਡਿਗਰੀ ਦਾ ਕੇਸ ਮਾਨਯੋਗ ਹਾਈਕੋਰਟ ਵਿੱਚ ਹੈ ਪਰ ਸਿੱਖਿਆ ਕ੍ਰਾਂਤੀ ਦੀ ਅਫ਼ਸਰਸ਼ਾਹੀ ਨੇ ਸਾਲਾਂ ਬੱਧੀ ਕੇਸ ਨੂੰ ਲਟਕਾ ਕੇ ਰੱਖਿਆ ਅਤੇ ਉਪ੍ਰੋਕਤ ਪਰਮਜੀਤ ਕੌਰ ਬਰਾੜ ਸੇਵਾ ਮੁਕਤੀ ਹਾਸਲ ਕਰ ਗਈ। ਸ੍ਰੀ ਮਾਵੀ ਨੇ ਕਿਹਾ ਕਿ ਸਿੱਖਿਆ ਡਾਇਰੈਕਟੋਰੇਟ ਵਿੱਚ ਨਾ ਗਿਣਨਯੋਗ ਜਾਅਲੀ ਤਜਰਬਾ ਵਿਖਾ ਕੇ ਸ੍ਰੀਮਤੀ ਗਿੰਨੀ ਦੁੱਗਲ ਪਹਿਲਾਂ ਪੀ ਈ ਐਸ ਪ੍ਰਮੋਟ ਹੋਈ ਇਸ ਉਪਰੰਤ ਪੰਜਾਬ ਸਰਕਾਰ ਨੇ ਸਿੱਖਿਆ ਕ੍ਰਾਂਤੀ ਨੂੰ ਸ਼ਿੰਗਾਰਨ ਲਈ ਉਸ ਨੂੰ ਅਸਿਸਟੈਂਟ ਡੀ ਪੀ ਆਈ ਲਗਾ ਰੱਖਿਆ ਹੈ। ਸ੍ਰੀ ਮਾਵੀ ਨੇ ਦੱਸਿਆ ਕਿ ਇਸ ਤੋਂ ਵੱਧ ਦੁਰਦਸ਼ਾ ਕੀ ਹੋ ਸਕਦੀ ਹੈ ਕਿ 2014 ਵਿੱਚ ਮੌਕੇ ਦੇ ਮੁੱਖ ਮੰਤਰੀ ਦੇ ਆਦੇਸ਼ਾਂ ਉੱਤੇ ਹੋਈ ਪੜਤਾਲ ਵਿੱਚ ਜਿਹਨਾਂ ਅਧਿਕਾਰੀਆਂ ਦੀ ਨਿਯੁਕਤੀ ਲਈ ਤਜਰਬਾ ਸਰਟੀਫਿਕੇਟ ਗਲਤ ਪਾਏ ਗਏ ਉਹਨਾਂ ਵਿੱਚੋਂ ਹੀ ਅੱਜ ਸ੍ਰੀ ਪ੍ਰੇਮ ਮਿੱਤਲ ਡੀ ਈ ਓ ਸੈਕੰਡਰੀ ਰੂਪਨਗਰ ਅਤੇ ਵਾਧੂ ਚਾਰਜ ਜ਼ਿਲ੍ਹਾ ਮੋਹਾਲੀ, ਅਮਰਜੀਤ ਕੌਰ ਅਤੇ ਕੰਚਨ ਸਹਾਇਕ ਡਾਇਰੈਕਟਰ, ਅਜੈ ਕੁਮਾਰ ਡੀ ਈ ਓ ਸੈਕੰਡਰੀ ਫਾਜ਼ਿਲਕਾ ਅਤੇ ਪੜਤਾਲੀਆ ਲਿਸਟ ਵਿੱਚ ਸ਼ਾਮਿਲਾਂ ਵਿੱਚੋਂ ਬਾਕੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਪ੍ਰਿੰਸੀਪਲ ਬਣਕੇ ਮੌਜੂਦਾ ਸਰਕਾਰ ਦੀ ਸਿੱਖਿਆ ਕ੍ਰਾਂਤੀ ਦੀ ਅਗਵਾਈ ਕਰ ਰਹੇ ਹਨ।ਮਾਵੀ ਨੇ ਜਾਅਲ੍ਹੀ ਡਿਗਰੀਆਂ ਵਾਲਿਆਂ ਦੀ ਪ੍ਰਮੋਸ਼ਨ ਸਬੰਧੀ ਇੱਕ ਪੜਤਾਲੀਆ ਫਾਇਲ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਪਹਿਲਾਂ ਜਾਅਲੀ ਤਜਰਬਾ ਸਰਟੀਫਿਕੇਟਾਂ ਵਾਲਿਆਂ ਨੂੰ ਪੜਤਾਲ ਚੱਲਦਿਆਂ ਮੁੱਖ ਅਧਿਆਪਕ ਭਰਤੀ ਕਰ ਲਿਆ ਜਾਅਲਸਾਜ਼ੀ ਦਾ ਨਿਬੇੜਾ ਨਹੀਂ ਕੀਤਾ ਫਿਰ ਇਹ ਹਾਸੋਹੀਣੀ ਗੱਲ ਲਿਖਕੇ ਕਿ ਪੀ ਈ ਐਸ ਵਿੱਚ ਪ੍ਰਮੋਸ਼ਨ ਦੇ ਦਿੱਤੀ ਕਿ ਬਤੌਰ ਮੁਖੀ ਅੱਠ ਸਾਲ ਦਾ ਤਜਰਬਾ ਹੋ ਗਿਆ ਹੈ, ਇਸ ਲਈ ਇਹਨਾਂ ਕੇਸਾਂ ਨੂੰ ਅਯੋਗ ਨਹੀਂ ਕਿਹਾ ਜਾ ਸਕਦਾ। ਮਾਵੀ ਨੇ ਮੰਗ ਕੀਤੀ ਕਿ ਸ੍ਰੀਮਤੀ ਦੁੱਗਲ ਸਮੇਤ ਸਾਰੇ ਨਾ ਮੰਨਣ ਯੋਗ ਤਜਰਬੇ ਵਾਲੇ ਕੇਸਾਂ ਦਾ ਨਿਪਟਾਰਾ ਸਿੱਖਿਆ ਕ੍ਰਾਂਤੀ ਦਾ ਹਿੱਸਾ ਬਣਨਾ ਚਾਹੀਦਾ ਹੈ।

ਜਰਨੈਲ ਸਿੰਘ ਕੋਟਲਾ ਨੌਧ ਸਿੰਘ ਨਹੀਂ ਰਹੇ

ਹੁਸ਼ਿਆਰਪੁਰ-ਗ਼ਦਰ ਪਾਰਟੀ ਦੇ ਮਹਾਨ ਬੀਬੀ ਗੁਲਾਬ ਕੌਰ ਅਤੇ ਹਰਨਾਮ ਸਿੰਘ ਟੁੰਡੀਲਾਟ ਦੇ ਪਿੰਡ ਉਨ੍ਹਾ ਦੇ ਨਾਲ ਰਹੇ ਕਾਮਰੇਡ ਜਰਨੈਲ ਸਿੰਘ 92 ਸਾਲ ਦੀ ਉਮਰ 'ਚ ਆਪਣੇ ਪਰਵਾਰ ਅਤੇ ਸਾਥੀਆਂ ਨੂੰ ਵਿਛੋੜਾ ਦੇ ਗਏ। ਉਨ੍ਹਾ ਦੇ ਛੋਟੇ ਭਾਈ ਗੁਰਮੇਲ ਸਿੰਘ ਰਿਟਾਇਰਡ ਐੱਸ ਡੀ ਓ ਜਿਹੜੇ ਅੱਜ ਵੀ ਉਸ ਵਿਚਾਰਧਾਰਾ 'ਤੇ ਚਲਦੇ ਹੋਏ ਮਜ਼ਦੂਰਾਂ, ਮੁਲਾਜ਼ਮਾਂ, ਕਿਸਾਨਾਂ ਅਤੇ ਦੱਬੇ-ਕੁਚਲੇ ਲੋਕਾਂ ਲਈ ਲੜ ਰਹੇ ਹਨ। ਇਸ ਮੌਕੇ ਕਾਮਰੇਡ ਜਰਨੈਲ ਸਿੰਘ 'ਤੇ ਸੀ ਪੀ ਆਈ ਵੱਲੋਂ ਲਾਲ ਝੰਡਾ ਪਾ ਕੇ ਸਾਥੀ ਨੂੰ ਲਾਲ ਸਲਾਮ ਅਤੇ ਉਨ੍ਹਾ ਦੇ ਦੱਸੇ ਰਾਹਾਂ 'ਤੇ ਚੱਲਦੇ ਰਹਿਣ ਦਾ ਪ੍ਰਣ ਲਿਆ।

ਇਸ ਮੌਕੇ ਸੀ ਪੀ ਆਈ ਵੱਲੋਂ ਕਾਮਰੇਡ ਉਂਕਾਰ ਸਿੰਘ, ਕ੍ਰਿਸ਼ਨ ਗੋਪਾਲ, ਸੁਖਦੇਵ ਧਾਮੀ, ਸੀ ਪੀ ਐੱਮ ਵੱਲੋਂ ਕਾਮਰੇਡ ਗੁਰਮੇਜ, ਦਵਿੰਦਰ ਕੌਰ ਗਿੱਲ ਅਤੇ ਓਮ ਸਿੰਘ ਸਟਿਆਣਾ ਕਿਸਾਨ ਆਗੂ, ਸ਼ਿੰਗਾਰਾ ਸਿੰਘ, ਕਰਨੈਲ ਸਿੰਘ ਬੁੱਲ੍ਹੋਵਾਲ, ਜਗਦੀਸ਼ ਹਰਿਆਣਾ, ਤਲਵਿੰਦਰ ਸਿੰਘ ਹੀਰ ਮਾਹਿਲਪੁਰ ਆਦਿ ਹਾਜ਼ਰ ਸਨ। ਉਨ੍ਹਾਂ ਦੀ ਚਿਖਾ ਨੂੰ ਅਗਨੀ ਭੇਟ ਉਨ੍ਹਾ ਦੇ ਪੁੱਤਰਾਂ ਨੇ ਕੀਤੀ। ਸਹਿਜ ਪਾਠ ਦਾ ਭੋਗ 14 ਨਵੰਬਰ ਨੂੰ ਪਾਇਆ ਜਾਵੇਗਾ।

ਪਰਗਟ ਸਿੰਘ ਤੇ ਰਾਣਾ ਗੁਰਜੀਤ ਸਿੰਘ ਨੇ ਸੰਦੀਪ ਸ਼ੇਰੋਵਾਲੀਆ ਨਾਲ ਦੁੱਖ ਸਾਂਝਾ ਕੀਤਾ



ਸ਼ਾਹਕੋਟ (ਅਮਨਦੀਪ ਸੈਦਪੁਰੀ)- ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੇ ਚਚੇਰਾ ਭਰਾ ਅਤੇ ਸੰਦੀਪ ਸਿੰਘ ਸ਼ੇਰੋਵਾਲੀਆ (ਖਹਿਰਾ ਫਾਰਮ ਐਂਡ ਰਿਜ਼ੋਰਟਸ) ਦੇ ਪਿਤਾ ਹੀਰਾ ਸਿੰਘ ਸ਼ੇਰੋਵਾਲੀਆ 22 ਅਕਤੂਬਰ ਨੂੰ ਅਮਰੀਕਾ ਵਿਖੇ ਸਦੀਵੀ ਵਿਛੋੜਾ ਦੇ ਗਏ ਸਨ। ਸੋਮਵਾਰ ਨੂੰ ਸੰਦੀਪ ਸਿੰਘ ਖਹਿਰਾ ਦੇ ਗ੍ਰਹਿ ਮਲਸੀਆਂ (ਸਾਹਲਾ ਨਗਰ) ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਪਦਮਸ੍ਰੀ ਪਰਗਟ ਸਿੰਘ ਅਤੇ ਸਾਬਕਾ ਕੈਬਨਿਟ ਮੰਤਰੀ ਤੇ ਵਿਧਾਇਕ ਕਪੂਰਥਲਾ ਰਾਣਾ ਗੁਰਜੀਤ ਸਿੰਘ ਦੁੱਖ ਸਾਂਝਾ ਕਰਨ ਲਈ ਪਹੁੰਚੇ ਸਨ। ਇਸ ਮੌਕੇ ਪਰਗਟ ਸਿੰਘ ਅਤੇ ਰਾਣਾ ਗੁਰਜੀਤ ਸਿੰਘ ਨੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਹਾਲੇ ਤੱਕ ਤਾਂ ਪਿਛਲੇ ਸਾਲ ਸੰਦੀਪ ਸਿੰਘ ਖਹਿਰਾ ਦੀ ਪਤਨੀ ਸਵਰਗਵਾਸੀ ਰਮਨਦੀਪ ਕੌਰ ਦੇ ਵਿਛੋੜੇ ਦਾ ਦੁੱਖ ਘੱਟ ਨਹੀਂ ਹੋਇਆ ਸੀ। ਉਨ੍ਹਾਂ ਸ਼ੇਰੋਵਾਲੀਆ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਅਰਦਾਸ ਕੀਤੀ ਕਿ ਪ੍ਰਮਾਤਮਾ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਸੰਦੀਪ ਸਿੰਘ ਸ਼ੇਰੋਵਾਲੀਆ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਹੀਰਾ ਸਿੰਘ ਸ਼ੇਰੋਵਾਲੀਆ ਨਮਿਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 10 ਨਵੰਬਰ ਦਿਨ ਮੰਗਲਵਾਰ ਨੂੰ ਉਨ੍ਹਾਂ ਦੇ ਗ੍ਰਹਿ ਮਲਸੀਆਂ(ਸਾਹਲਾ ਨਗਰ) ਵਿਖੇ 12 ਤੋਂ 1 ਵਜੇ ਤੱਕ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਡਾ. ਨਵਜੋਤ ਸਿੰਘ ਦਾਹੀਆ ਹਲਕਾ ਇੰਚਾਰਜ ਨਕੋਦਰ, ਅੰਮ੍ਰਿਤਪਾਲ ਸਿੰਘ ਜ਼ਿਲ੍ਹਾ ਅਟਾਰਨੀ ਅੰਮ੍ਰਿਤਸਰ, ਸਰਬਜੀਤ ਸਿੰਘ ਗਿੱਲ, ਅਜਮੇਰ ਸਿੰਘ ਖਾਲਸਾ, ਅਸ਼ਵਿੰਦਰ ਪਾਲ ਸਿੰਘ ਖਹਿਰਾ, ਬਲਰਾਜ ਸਿੰਘ ਖੈਹਿਰਾ, ਧਰਮਵੀਰ ਸਿੰਘ ਖਹਿਰਾ, ਚੈਂਚਲ ਸਿੰਘ ਮਾਲੂਪੁਰ, ਸੋਨੂੰ ਕੰਗ ਪੀ.ਏ ਆਦਿ ਮੌਜੂਦ ਸਨ।

ਗਰੀਨ ਦਿਵਾਲੀ ਮਨਾਈ

ਕਪੂਰਥਲਾ (ਮਨਜੀਤ ਮਾਨ)- ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਤੇ ਕਾਲਜੀਏਟ ਸਕੂਲ ਵਿਖੇ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ ਤੇ ਪ੍ਰਿੰਸੀਪਲ ਰਜਿੰਦਰ ਕੌਰ ਦੀ ਅਗਵਾਈ ਹੇਠ ਕੰਪਿਊਟਰ ਵਿਭਾਗ, ਐਨ ਐਸ ਐਸ ਵਿਭਾਗ,ਇਕੋ ਕਲੱਬ ਤੇ ਰੈਡ ਰਿਵਨ ਵਿਭਾਗ ਵੱਲੋਂ ਸਾਂਝੇ ਤੌਰ ਤੇ ਗ੍ਰੀਨ ਦਿਵਾਲੀ ਮਨਾਈ ਗਈ।ਜਿਸ ਵਿੱਚ ਵਿਦਿਆਰਥੀਆਂ ਦੁਆਰਾ ਕਾਲਜ ਤੇ ਸਕੂਲ ਦੇ ਕਮਰਿਆਂ ਦੀ ਸਫਾਈ ਕਰਕੇ ਸਜਾਵਟ ਕੀਤੀ ਗਈ ।ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਵੱਖ-ਵੱਖ ਕੰਪੀਟੀਸ਼ਨ ਕਾਰਡ ਮੇਕਿੰਗ, ਦੀਵਾ ਮੇਕਿੰਗ, ਮੋਮਬੱਤੀ ਮੇਕਿੰਗ ਅਤੇ ਰੰਗੋਲੀ ਆਦਿ ਕਰਵਾਏ ਗਏ ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਤੇ ਜੋਸ਼ ਨਾਲ ਭਾਗ ਲਿਆ।ਇਹਨਾਂ ਮੁਕਾਬਲਿਆਂ ਵਿੱਚੋਂ ਜੇਤੂ ਰਹੀਆਂ ਵਿਦਿਆਰਥਣਾਂ ਹਨ: ਰੰਗੋਲੀ ਵਿੱਚੋ ਕਾਮਨੀ ਤੇ ਲਵਲੀਨ (ਏ+ਆਰਟਸ) ਨੇ ਪਹਿਲਾ ਸਥਾਨ, ਤੇ ਸੰਦੀਪ ਤੇ ਕੋਮਲ (ਏ+ਆਰਟਸ) ਨੇ ਦੂਜਾ ਸਥਾਨ, ਕਾਰਡ ਮੇਕਿੰਗ ਮੁਕਾਬਲਾ ਕੀਰਤ (ਏ+ਆਰਟਸ)ਨੇ ਪਹਿਲਾ ਸਥਾਨ, ਦੀਵਾ ਮੇਕਿੰਗ ਵਿੱਚੋ ਹਰਲੀਨ ਕੌਰ (ਬੀ.ਸੀ.ਏ ਤੀਜਾ ਸਮੈਸਟਰ) ਨੇ ਪਹਿਲਾ ਸਥਾਨ, ਡੋਲੀ ਨੇ (ਬੀ.ਏ ਪੰਜਵੇਂ ਸਮੈਸਟਰ) ਦੂਜਾ ਸਥਾਨ,ਬੈਸਟ ਆਊਟ ਆਫ ਵੇਸਟ ਵਿੱਚੋਂ ਲਵਲੀ (ਬੀ.ਏ ਪੰਜਵੇ ਸਮੈਸਟਰ) ਪਹਿਲਾ ਸਥਾਨ ਤੇ ਜੋਤੀ (ਏ+ਆਰਟਸ)ਨੇ ਦੂਜਾ ਸਥਾਨ ਹਾਸਿਲ ਕੀਤਾ।



ਇਸ ਮੌਕੇ ਤੇ ਪ੍ਰਿੰਸੀਪਲ ਬਲਜਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਦਿਵਾਲੀ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਤਿਉਹਾਰ ਆਪਸੀ ਸਾਂਝ ਮਿਲਵਰਤਨ ਦਾ ਪ੍ਰਤੀਕ ਹੈ। ਉਨਾਂ ਨੇ ਵਿਦਿਆਰਥੀਆਂ ਨੂੰ ਪ੍ਰਦੂਸ਼ਿਣ ਰਹਿਤ ਤੇ ਬਣਾਉਣ ਲਈ ਤੇ ਬਿਨਾਂ ਪਟਾਕਿਆਂ ਤੋਂ ਗਰੀਨ ਦਿਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਤੇ ਵੱਖ-ਵੱਖ ਕੰਪਟੀਸ਼ਨਾਂ ਵਿੱਚ ਜੇਤੂ ਰਹੀਆਂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਤਸ਼ਾਹਿਤ ਕੀਤਾ। ਇਸ ਮੌਕੇ ਤੇ ਕਾਲਜ ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ , ਕਾਲਜੀਏਟ ਪ੍ਰਿੰਸੀਪਲ ਰਜਿੰਦਰ ਕੌਰ, ਕੰਪਿਊਟਰ ਵਿਭਾਗ ਦੇ ਇੰਚਾਰਜ ਮੈਡਮ ਸਿੰਮੀ ਬੱਗਾ, ਮੈਡਮ ਰਜਨੀ ਬਾਲਾ, ਮੈਡਮ ਪ੍ਰੀਆ, ਐਨ ਐਸ ਐਸ, ਰੈਡ ਰਿਬਨ ਤੇ ਇਕੋ ਕਲੱਬ ਦੇ ਇੰਚਾਰਜ ਮੈਡਮ ਡਾ. ਕੁਲਵਿੰਦਰ ਕੌਰ, ਮੈਡਮ ਸੁਜਨ ਸਮੂਹ ਸਟਾਫ ਮੈਂਬਰਜ਼ ਅਤੇ ਵਿਦਿਆਰਥੀ ਹਾਜ਼ਰ ਸਨ।

ਦੀਵਾਲੀ 'ਤੇ ਫੂਕੇ ਲੱਖਾਂ ਦੇ ਪਟਾਕੇ, ਵਾਤਾਵਰਨ ਹੋਇਆ ਦੂਸ਼ਤ

ਅਲਾਵਲਪੁਰ (ਮਦਨ ਬੰਗੜ)- ਕਸਬਾ ਅਲਾਵਲਪੁਰ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਲੋਕਾਂ ਵੱਲੋਂ ਵੱਡੀ ਮਾਤਰਾ ਵਿੱਚ ਪਟਾਕੇ ਚਲਾਏ ਗਏ। ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਇਲਾਕੇ ਵਿੱਚ ਲੱਖਾਂ ਰੁਪਏ ਦੇ ਪਟਾਖਿਆਂ ਨੂੰ ਅੱਗ ਲਗਾਈ ਅਤੇ ਵਾਤਾਵਰਨ ਪ੍ਰਦੂਸ਼ਿਤ ਕੀਤਾ। ਹਦਾਇਤਾਂ ਦੇ ਬਾਵਜੂਦ ਰਾਤ 2 ਵਜੇ ਤੱਕ ਵੀ ਪਟਾਕਿਆਂ ਦੀਆਂ ਆਵਾਜ਼ਾਂ ਦੂਰ ਤੱਕ ਸੁਣਾਈ ਦੇ ਰਹੀਆਂ ਸਨ। ਪਰ ਰਾਤ ਸਮੇਂ ਲਗਾਤਾਰ ਚੱਲਦੀ ਆਤਿਸ਼ਬਾਜ਼ੀ ਅਤੇ ਪਟਾਕਿਆਂ ਦੇ ਧੂੰਏਂ ਨੇ ਵਾਤਾਵਰਨ ਦੀ ਸ਼ੁੱਧਤਾ ਉੱਪਰ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪਟਾਕਿਆਂ ਦੀ ਆਵਾਜ਼ ਅਤੇ ਧੂੰਏਂ ਨਾਲ ਜਿੱਥੇ ਆਮ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ, ਉੱਥੇ ਹੀ ਹਵਾ ਵਿੱਚ ਘੁਲਣ ਵਾਲੇ ਬਰੀਕ ਪ੍ਰਦੂਸ਼ਣਕਾਰੀ ਕਣ ਮਨੁੱਖੀ ਸਿਹਤ ਲਈ ਵੀ ਖ਼ਤਰਾ ਬਣਦੇ ਹਨ। ਖ਼ਾਸ ਕਰਕੇ ਬੱਚਿਆਂ, ਬਜ਼ੁਰਗਾਂ ਅਤੇ ਸਾਹ ਤੇ ਦਿਲ ਦੀਆਂ ਬਿਮਾਰੀਆਂ ਤੋਂ ਪੀੜਤ ਲੋਕਾਂ ਲਈ ਅਜਿਹੀ ਹਵਾ ਵਧੇਰੇ ਨੁਕਸਾਨਦਾਇਕ ਹੋ ਸਕਦੀ ਹੈ।ਪਟਾਕਿਆਂ ਦੇ ਧੂੰਏਂ ਤੋਂ ਇਲਾਵਾ ਪਰਾਲੀ ਸਾੜਨ, ਵਾਹਨਾਂ ਦੇ ਧੂੰਏਂ, ਉਦਯੋਗਾਂ ਅਤੇ ਉਸਾਰੀ ਕਾਰਜਾਂ ਤੋਂ ਪੈਦਾ ਹੋਣ ਵਾਲੀ ਧੂੜ ਵੀ ਹਵਾ ਪ੍ਰਦੂਸ਼ਣ ਦੇ ਮੁੱਖ ਕਾਰਨਾਂ ਵਿੱਚ ਸ਼ਾਮਲ ਹੈ। ਇਸ ਲਈ ਪ੍ਰਦੂਸ਼ਣ ਨੂੰ ਕਿਸੇ ਇੱਕ ਕਾਰਨ ਨਾਲ ਜੋੜਨ ਦੀ ਬਜਾਏ ਸਾਰੇ ਸਰੋਤਾਂ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਹੈ।

ਲੋੜਵੰਦਾਂ ਨੂੰ ਕੰਬਲ ਵੰਡੇ



ਨਕੋਦਰ (ਮਨਜੀਤ ਮਾਨ)- ਪਿੰਡ ਅਵਾਣ ਚਹਾਰਮੀ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਵਿਚ ਸਰਪੰਚ ਬੀਬੀ ਹਰਪ੍ਰੀਤ ਕੌਰ ਤੇ ਸੀ ਐੱਚ ਟੀ ਸਰਦਾਰ ਰਾਵਿੰਦਰ ਸਿੰਘ ਕੰਗ ਦੇ ਕਰ ਕਮਲਾਂ ਨਾਲ ਸਰਦੀ ਤੋਂ ਬਚਣ ਲਈ ਅਧਿਆਪਕ ਯਾਦਵਿੰਦਰ ਕੌਲ ਦੇ ਉਪਰਾਲੇ ਸਦਕਾ ਸਕੂਲ ਪੜ੍ਹਦੇ ਲੋੜਵੰਦ ਬੱਚਿਆਂ ਦੇ ਮਾਪਿਆਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਤੇ ਕੰਬਲ ਵੰਡੇ ਗਏ। ਇਸ ਮੌਕੇ ਸਰਪੰਚ ਸਾਹਿਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਸ ਨੇਕ ਉਪਰਾਲੇ ਦੀ ਤਰ੍ਹਾਂ ਲੋੜਵੰਦਾ ਦੀ ਮਦਦ ਕਰਕੇ ਹੀ ਦੀਵਾਲੀ ਮਨਾਉਣੀ ਚਾਹੀਦੀ ਹੈ ਅਤੇ ਅਧਿਆਪਕਾਂ ਦਾ ਧੰਨਵਾਦ ਵੀ ਕੀਤਾ। ਰਵਿੰਦਰ ਸਿੰਘ ਕੰਗ ਸਟੇਟ ਅਵਾਰਡੀ ਨੇ ਕਿਹਾ ਕਿ ਸਾਨੂੰ ਪਟਾਕੇ ਚਲਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਪ੍ਰਦੂਸ਼ਣ ਰਹਿਤ ਦਿਵਾਲੀ ਮਨਾਉਣੀ ਚਾਹੀਦੀ ਹੈ। ਉਨ੍ਹਾਂ ਇਸ ਮੌਕੇ ਤੇ ਯਾਦਵਿੰਦਰ ਕੌਲ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ।

ਚੌਧਰੀ ਸ਼ਿਆਮ ਲਾਲ ਮਾਜਰੀਆਂ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ

ਚੰਡੀਗੜ੍ਹ (ਸੁਰਜੀਤ ਸੁਮਨ)- ਬੀਤੇ ਦਿਨੀਂ ਹਲਕਾ ਖਰੜ ਨਿਊ ਚੰਡੀਗੜ੍ਹ ਦੇ ਚਰਚਿਤ ਦਲਿਤ ਆਗੂ ਚੌਧਰੀ ਸ਼ਿਆਮ ਲਾਲ ਮਾਜਰੀਆਂ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ। ਉਨ੍ਹਾਂ ਦੇ ਭਾਜਪਾ ਵਿੱਚ ਚਲੇ ਜਾਣ ਨਾਲ ਇਸ ਹਲਕੇ ਦੇ ਜ਼ਮੀਨੀ ਸਮੀਕਰਨਾਂ ਵਿੱਚ ਟੁੱਟ-ਭੱਜ ਹੋਣੀ ਤੈਅ ਮੰਨੀ ਜਾ ਰਹੀ ਹੈ। ਉਹ ਭਾਈਚਾਰਕ ਸਾਂਝ ਉੱਤੇ ਪਕੜ ਮਜ਼ਬੂਤ ਕਰਨ ਲਈ ਦਿਨ ਰਾਤ ਲੋਕਾਂ ਨੂੰ ਮਿਲ ਰਹੇ ਹਨ। ਦੀਵਾਲੀ ਮੌਕੇ ਉਨ੍ਹਾਂ ਨਿਊ ਚੰਡੀਗੜ੍ਹ ਨੇੜਲੇ ਪਿੰਡ ਛੋਟੀ ਬੜੀ ਨੰਗਲ ਦਾ ਦੌਰਾ ਕਰਕੇ ਸੈਂਕੜੇ ਪਿੰਡ ਵਾਸੀਆਂ ਨੂੰ ਭਾਜਪਾ ਵਿੱਚ ਸ਼ਾਮਲ ਕਰਵਾਇਆ। ਉਨ੍ਹਾਂ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਉਨ੍ਹਾਂ ਦੇ ਦੁੱਖ-ਸੁੱਖ ਵਿੱਚ ਨਾਲ ਖੜ੍ਹਨ। ਉਨ੍ਹਾਂ ਕਿਹਾ ਕਿ ਅੱਜ ਤੱਕ ਘਾੜ ਦੇ ਇਸ ਇਲਾਕੇ ਨੂੰ ਹਰ ਸਿਆਸੀ ਪਾਰਟੀ ਨੇ ਅੱਖੋਂ-ਪਰੋਖੇ ਕੀਤੇ ਹੈ। ਇਸ ਮੌਕੇ ਮੁਹਤਬਰ ਸੱਜਣ, ਸਾਬਕਾ ਤੇ ਮੌਜੂਦਾ ਪੰਚ, ਸਰਪੰਚ ਤੇ ਹੋਰ ਪਤਵੰਤੇ ਹਾਜ਼ਰ ਸਨ। ਇਸ ਤੋਂ ਪਹਿਲਾਂ ਉਹ ਕਸੌਲੀ ਪਿੰਡ ਵਾਸੀਆਂ ਤੇ ਹੋਰ ਪਿੰਡਾਂ ਦੇ ਲੋਕਾਂ ਨੂੰ ਵੀ ਭਾਜਪਾ ਵਿੱਚ ਸ਼ਾਮਲ ਕਰਵਾ ਚੁੱਕੇ ਹਨ। ਉਨ੍ਹਾਂ ਸਾਰਿਆਂ ਦਾ ਸਵਾਗਤ ਕਰਦਿਆਂ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇਸ ਮੌਕੇ ਉਨ੍ਹਾਂ ਦੇ ਨਾਲ ਸੀਨੀਅਰ ਭਾਜਪਾ ਆਗੂ ਖੁਸ਼ਵੰਤ ਰਾਏ ਗੀਗਾ ਹਾਜ਼ਰ ਸਨ।





ਖ਼ੈਰ ਦੀ ਨਾਜਾਇਜ਼ ਲੱਕੜ ਨਾਲ ਭਰੀ ਪਿਕਅੱਪ ਜ਼ਬਤ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਵਣ ਵਿਭਾਗ ਦੀ ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ ਨਾਜਾਇਜ਼ ਲੱਕੜ ਦੀ ਤਸਕਰੀ ਦੀ ਵੱਡੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ 9 ਨਵੰਬਰ ਨੂੰ ਤੜਕੇ ਲਗਭਗ 2:25 ਵਜੇ ਡੇਰਾਬੱਸੀ ਬੀਟ ਇੰਚਾਰਜ ਰਘਬੀਰ ਸਿੰਘ ਬਾਂਗੜ ਨੂੰ ਸੂਚਨਾ ਮਿਲੀ ਸੀ ਕਿ ਬੀੜ ਖੇੜੀ ਖੇਤਰ ਵਿੱਚ ਕੁੱਝ ਅਣਪਛਾਤੇ ਵਿਅਕਤੀ ਸ਼ੱਕੀ ਹਾਲਤ ਵਿੱਚ ਘੁੰਮ ਰਹੇ ਹਨ। ਸੂਚਨਾ ਮਿਲਦਿਆਂ ਹੀ ਡੇਰਾਬੱਸੀ ਬੀਟ ਇੰਚਾਰਜ, ਬਲਾਕ ਅਫ਼ਸਰ ਸੁਰਿੰਦਰ ਕੁਮਾਰ, ਬਲਾਕ ਅਫ਼ਸਰ ਅਮਰ ਸਿੰਘ ਅਤੇ ਦਿਹਾੜੀਦਾਰ ਸਟਾਫ਼ ਦੀ ਟੀਮ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਬੀੜ ਖੇੜੀ ਵਿਖੇ ਛਾਪੇਮਾਰੀ ਕੀਤੀ। ਛਾਪੇਮਾਰੀ ਦੌਰਾਨ ਕੁੱਝ ਅਣਪਛਾਤੇ ਵਿਅਕਤੀ ਗੈਰ-ਕਾਨੂੰਨੀ ਢੰਗ ਨਾਲ ਕੱਟੀ ਗਈ ਖ਼ੈਰ ਦੇ ਰੁੱਖਾਂ ਦੀ ਲੱਕੜ ਇੱਕ ਪਿਕਅੱਪ ਗੱਡੀ ਵਿੱਚ ਲੱਦ ਰਹੇ ਸਨ। ਹਾਲਾਂਕਿ, ਅੰਧੇਰੇ ਦਾ ਫ਼ਾਇਦਾ ਚੁੱਕਦੇ ਹੋਏ ਮੁਲਜ਼ਮ ਲੱਕੜ ਨਾਲ ਭਰੀ ਗੱਡੀ ਮੌਕੇ 'ਤੇ ਹੀ ਛੱਡ ਕੇ ਫ਼ਰਾਰ ਹੋਣ ਵਿੱਚ ਕਾਮਯਾਬ ਹੋ ਗਏ। ?ਵਣ ਵਿਭਾਗ ਦੀ ਟੀਮ ਨੇ ਕਾਰਵਾਈ ਕਰਦਿਆਂ ਪਿਕਅੱਪ ਗੱਡੀ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਅਤੇ ਰੇਂਜ ਦਫ਼ਤਰ ਲਿਆ ਕੇ ਵਿਭਾਗ ਦੀ ਕਸਟਡੀ ਵਿੱਚ ਪਾਰਕ ਕਰ ਦਿੱਤਾ ਹੈ। ਵਿਭਾਗ ਵੱਲੋਂ ਨਿਯਮਾਂ ਅਨੁਸਾਰ ਜ਼ਬਤੀ ਰਿਪੋਰਟ ਤਿਆਰ ਕਰਕੇ ਅਗਲੇਰੀ ਬਣਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਵਣ ਵਿਭਾਗ ਦੀ ਟੀਮ ਦੀ ਇਸ ਤੁਰੰਤ ਅਤੇ ਮੁਸਤੈਦ ਕਾਰਵਾਈ ਦੀ ਸ਼ਲਾਘਾ ਕੀਤੀ ਜਾ ਰਹੀ ਹੈ।



ਸੁੱਚਾ ਸਿੰਘ ਦਾ ਅੰਤਮ ਸਸਕਾਰ ਅੱਜ



ਸ਼ਾਹਕੋਟ (ਅਮਨਦੀਪ ਸੈਦਪੁਰੀ)- ਸੁੱਚਾ ਸਿੰਘ ਪੁੱਤਰ ਮੱਖਣ ਸਿੰਘ ਹਾਜੀਪੁਰ (ਸ਼ਾਹਕੋਟ) ਦਾ ਅੰਤਿਮ ਸਸਕਾਰ 10 ਨਵੰਬਰ ਦਿਨ ਮੰਗਲਵਾਰ ਨੂੰ ਸਵੇਰੇ 11 ਵਜੇ ਸ਼ਮਸ਼ਾਨਘਾਟ ਸੈਦਪੁਰ ਝਿੜੀ ਵਿਖੇ ਹੋਵੇਗਾ। ਉਹ 4 ਨਵੰਬਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਪਰਵਾਰਕ ਸੂਤਰਾਂ ਅਨੁਸਾਰ ਸੁੱਚਾ ਸਿੰਘ ਨਮਿਤ ਅੰਤਿਮ ਅਰਦਾਸ ਅਤੇ ਕੀਰਤਨ 14 ਨਵੰਬਰ ਦਿਨ ਸ਼ਨੀਵਾਰ ਗੁਰਦੁਆਰਾ ਸਿੰਘ ਸਭਾ ਸ਼ਾਹਕੋਟ ਵਿਖੇ 12 ਵਜੇ ਹੋਵੇਗਾ।

ਵਿਸ਼ਵਕਰਮਾ ਦਿਵਸ ਮਨਾਇਆ

ਫਿਲੌਰ, (ਨਿਰਮਲ)- ਪੰਜਾਬ ਅਤੇ ਉੱਤਰੀ ਭਾਰਤ ਵਿੱਚ ਵਿਸ਼ਵਕਰਮਾ ਦਿਵਸ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਰਾਮਗੜ੍ਹੀਆ ਧੀਮਾਨ ਸਭਾ ਮੰਦਰ (ਰਜਿ.), ਫਿਲੌਰ ਦੀ ਪ੍ਰਬੰਧਕ ਕਮੇਟੀ ਵੱਲੋਂ ਭਗਵਾਨ ਵਿਸ਼ਵਕਰਮਾ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਸਭ ਤੋਂ ਪਹਿਲਾਂ ਹਵਨ-ਪੂਜਾ ਅਤੇ ਝੰਡੇ ਦੀ ਰਸਮ ਅਦਾ ਕੀਤੀ ਗਈ। ਉਪਰੰਤ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਸਤਨਾਮ ਸਿੰਘ ਰੁੜਕਾ ਵਾਲਿਆਂ ਅਤੇ ਹੋਰ ਕਲਾਕਾਰਾਂ ਵੱਲੋਂ ਭਗਵਾਨ ਵਿਸ਼ਵਕਰਮਾ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ।



ਇਸ ਮੌਕੇ ਦਰਸ਼ਨ ਸਿੰਘ ਸੈਂਹਬੀ ਪ੍ਰਧਾਨ, ਅਮਰੀਕ ਸਿੰਘ ਵਿਰਦੀ ਵਾਈਸ ਪ੍ਰਧਾਨ, ਹਰਜੋਤ ਕੌਰ ਲੋਹਟੀਆ ਹਲਕਾ ਇੰਚਾਰਜ ਫਿਲੌਰ ਅਤੇ ਜਨਰਲ ਸਕੱਤਰ ਸਿਮਰਜੀਤ ਸਿੰਘ ਸੋਨੂੰ ਨੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਵਿਸ਼ਵਕਰਮਾ ਦਿਵਸ ਦੀਆਂ ਵਧਾਈਆਂ ਦਿੱਤੀਆਂ। ਇਸ ਦੌਰਾਨ ਪਹੁੰਚੀਆਂ ਵਿਸ਼ੇਸ਼ ਸ਼ਖ਼ਸੀਅਤਾਂ ਅਤੇ ਦਾਨੀ ਸੱਜਣਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।ਮੰਦਰ ਵਿੱਚ ਤੜਕਸਾਰ ਤੋਂ ਲੈ ਕੇ ਦੁਪਹਿਰ ਤੱਕ ਸੰਗਤਾਂ ਦੀ ਭਾਰੀ ਭੀੜ ਦੇਖਣ ਨੂੰ ਮਿਲੀ। ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੇ ਭਗਵਾਨ ਵਿਸ਼ਵਕਰਮਾ ਦੇ ਦਰਬਾਰ ਵਿੱਚ ਮੱਥਾ ਟੇਕ ਕੇ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਕੁਲਵਿੰਦਰ ਸਿੰਘ ਸੈਂਹਬੀ, ਵਿਨੋਦ ਧੀਰ, ਨੀਰਜ ਧੀਮਾਨ, ਭੁਪਿੰਦਰ ਸਿੰਘ ਬਾਵਾ ਵਿਰਦੀ, ਦਵਿੰਦਰ ਸਿੰਘ ਰਾਜਾ, ਮਨਦੀਪ ਸਿੰਘ ਸੱਗੂ, ਨਰਾਇਣ ਸਿੰਘ, ਦਿਲਜੀਤ ਸਿੰਘ ਜੀਤੂ, ਅਵਤਾਰ ਸਿੰਘ ਵਿਰਦੀ, ਗੁਰਚਰਨ ਸਿੰਘ ਧੀਮਾਨ, ਨਰਿੰਦਰ ਸਿੰਘ ਧੀਮਾਨ, ਸੰਦੇਸ਼ ਕੁਮਾਰ ਧੀਮਾਨ, ਸਮੀਰ ਧੀਮਾਨ, ਮਨਮੀਤ ਸਿੰਘ ਫਲੌਰਾ, ਪਰਮਜੀਤ ਭਾਰਤੀ ਕੌਂਸਲਰ, ਅਮਰਜੀਤ ਸਿੰਘ ਲੋਟਾ, ਮੁਕੇਸ਼ ਗਾਬਾ, ਪੰਕਜ ਲੋਹਟੀਆ, ਵਰਿੰਦਰ ਸੈਣੀ ਸੰਗਠਨ ਇੰਚਾਰਜ ਹਲਕਾ ਫਿਲੌਰ, ਸੁਰਿੰਦਰ ਡਾਬਰ ਕੌਂਸਲਰ, ਅਮਨਦੀਪ ਚੱਢਾ, ਸੋਢੀ ਗੜ੍ਹੀ, ਮਹਾਂ ਸਿੰਘ ਸਮੇਤ ਵੱਖ-ਵੱਖ ਰਾਜਨੀਤਕ ਅਤੇ ਧਾਰਮਿਕ ਆਗੂਆਂ ਤੇ ਸੰਗਤਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਸਮਾਗਮ ਦੌਰਾਨ ਸੰਗਤਾਂ ਲਈ ਚਾਹ-ਪਕੌੜਿਆਂ ਅਤੇ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।

ਲਵੀਸ਼ ਕੁਮਾਰ ਦੀ ਜ਼ਿੰਦਗੀ ਬਚਾਉਣ ਲਈ ਪਰਵਾਰ ਨੇ ਸਮਾਜ ਸੇਵੀ ਸੰਸਥਾਵਾਂ ਅੱਗੇ ਮਦਦ ਦੀ ਲਾਈ ਗੁਹਾਰ

ਫਿਲੌਰ (ਨਿਰਮਲ)- ਮਨੁੱਖਤਾ ਦੀ ਸੇਵਾ ਕਰਨਾ ਅਤੇ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਸਭ ਤੋਂ ਵੱਡਾ ਪੁੰਨ ਦਾ ਕੰਮ ਹੈ। ਅਜਿਹੀ ਹੀ ਮਦਦ ਦੀ ਗੁਹਾਰ ਪਿੰਡ ਬ੍ਰਹਮਪੁਰੀ ਦੇ ਰਹਿਣ ਵਾਲੇ ਮਾਸੂਮ ਬੱਚੇ ਲਵੀਸ਼ ਕੁਮਾਰ ਦੇ ਪਰਿਵਾਰ ਵੱਲੋਂ ਸਮਾਜ ਸੇਵੀ ਸੰਸਥਾਵਾਂ ਅਤੇ ਦਾਨੀ ਸੱਜਣਾਂ ਅੱਗੇ ਲਗਾਈ ਜਾ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮਾਸੂਮ ਲਵੀਸ਼ ਕੁਮਾਰ ਪਿਛਲੇ ਕਰੀਬ 25 ਦਿਨਾਂ ਤੋਂ ਜਲੰਧਰ ਦੇ ਅਰਮਾਨ ਹਸਪਤਾਲ ਵਿਖੇ ਜ਼ੇਰੇ ਇਲਾਜ ਹੈ। ਬੱਚੇ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਲੰਬੇ ਸਮੇਂ ਤੋਂ ਚੱਲ ਰਹੇ ਇਲਾਜ ਕਾਰਨ ਪਰਵਾਰ ਦੀ ਆਰਥਿਕ ਹਾਲਤ ਬੇਹੱਦ ਖ਼ਰਾਬ ਹੋ ਚੁੱਕੀ ਹੈ ਅਤੇ ਪਰਵਾਰ ਲਈ ਇਲਾਜ ਦਾ ਖਰਚਾ ਚੁੱਕਣਾ ਮੁਸ਼ਕਲ ਹੋ ਗਿਆ ਹੈ।ਪਰਵਾਰ ਵੱਲੋਂ ਸਮੂਹ ਸਮਾਜ ਸੇਵੀ ਸੰਸਥਾਵਾਂ, ਐਨ.ਆਰ.ਆਈ. ਵੀਰਾਂ, ਦਾਨੀ ਸੱਜਣਾਂ ਅਤੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਮਾਸੂਮ ਬੱਚੇ ਦੀ ਜ਼ਿੰਦਗੀ ਬਚਾਉਣ ਲਈ ਆਪਣੀ ਸਮਰੱਥਾ ਅਨੁਸਾਰ ਵੱਧ ਤੋਂ ਵੱਧ ਆਰਥਿਕ ਸਹਾਇਤਾ ਕੀਤੀ ਜਾਵੇ। ਪਰਵਾਰ ਦਾ ਕਹਿਣਾ ਹੈ ਕਿ ਕਿਸੇ ਵੀ ਵਿਅਕਤੀ ਵੱਲੋਂ ਕੀਤੀ ਗਈ ਛੋਟੀ ਜਿਹੀ ਮਦਦ ਵੀ ਬੱਚੇ ਦੇ ਇਲਾਜ ਲਈ ਵੱਡਾ ਸਹਾਰਾ ਬਣ ਸਕਦੀ ਹੈ।ਇਸ ਮੌਕੇ ਇੱਕ ਹੋਰ ਦੁਖਦਾਈ ਅਤੇ ਸ਼ਰਮਨਾਕ ਘਟਨਾ ਵੀ ਸਾਹਮਣੇ ਆਈ ਹੈ। ਪਰਿਵਾਰ ਵੱਲੋਂ ਬੱਚੇ ਦੇ ਇਲਾਜ ਲਈ ਇਕੱਠੀ ਕੀਤੀ ਜਾ ਰਹੀ ਰਕਮ ਨੂੰ ਕੁਝ ਲੁਟੇਰੇ ਪੈਸੇ ਜਮ੍ਹਾਂ ਕਰਵਾਉਣ ਦਾ ਬਹਾਨਾ ਬਣਾ ਕੇ ਖੋਹ ਕੇ ਫ਼ਰਾਰ ਹੋ ਗਏ। ਅਜਿਹੀ ਘਟਨਾ ਨੇ ਮਨੁੱਖਤਾ ਨੂੰ ਸ਼ਰਮਸਾਰ ਕਰ ਦਿੱਤਾ ਹੈ। ਇੱਕ ਪਾਸੇ ਪਰਿਵਾਰ ਆਪਣੇ ਮਾਸੂਮ ਬੱਚੇ ਦੀ ਜ਼ਿੰਦਗੀ ਬਚਾਉਣ ਲਈ ਸੰਘਰਸ਼ ਕਰ ਰਿਹਾ ਹੈ, ਉੱਥੇ ਹੀ ਦੂਜੇ ਪਾਸੇ ਅਜਿਹੇ ਲੋਕਾਂ ਵੱਲੋਂ ਪਰਵਾਰ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਗਈਆਂ ਹਨ।




ਬਜ਼ੁਰਗਾਂ ਦੇ 'ਆਪਣਾ ਘਰ' 'ਚ ਮਨਾਈ ਦੀਵਾਲੀ

ਰੂਪਨਗਰ (ਰਜਿੰਦਰ ਸੈਣੀ)- ਖੁਸ਼ੀਆ ਤੇ ਰੋਸ਼ਨੀਆ ਦਾ ਤਿਉਹਾਰ ਬਜ਼ੁਰਗਾ ਦੇ 'ਆਪਣਾ ਘਰ' ਹਵੇਲੀ ਕਲਾਂ ਵਿਖੇ ਵੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ 'ਆਪਣਾ ਘਰ' ਨੂੰ ਰੋਸ਼ਨੀ ਨਾਲ ਸਜਾਇਆ ਗਿਆ ਅਤੇ ਇਸ ਘਰ ਦੀ ਕੇਅਰ ਟੇਕਰ ਜੋੜੀ ਕਿਰਨ ਤੇ ਕੁਸ਼ਲ ਕੁਮਾਰ ਨੇ ਆਪਣਾ ਘਰ ਦੇ ਆਂਗਨ ਵਿੱਚ ਬਹੁਤ ਹੀ ਸੁੰਦਰ ਰੰਗੋਲੀ ਸਜਾਈ ਜਿਸ ਨੂੰ ਰੋਸ਼ਨਾਉਣ ਲਈ ਪਹਿਲੀ ਮੋਮਬਤੀ ਨਿਸ਼ਾ ਚੱਢਾ ਧਰਮਪਤਨੀ ਵਿਧਾਇਕ ਦਿਨੇਸ਼ ਚੱਢਾ ਨੇ ਜਗਾਈ ਤੇ ਸਭ ਨੂੰ ਦੀਵਾਲੀ ਦੀ ਵਧਾਈ ਦਿੱਤੀ। ਉਨ੍ਹਾਂ ਖਾਸ ਕਰਕੇ ਸਮਾਜ ਦੇ ਬਜ਼ੁਰਗਾ ਦੇ ਖੁਸ਼ਹਾਲ ਜੀਵਨ ਦੀ ਕਾਮਨਾ ਕੀਤੀ। ਇਸ ਮੌਕੇ ਉਨ੍ਹਾਂ ਇਸ ਘਰ ਦੇ ਬਜ਼ੁਰਗਾ ਨੂੰ ਦੀਵਾਲੀ ਦੇ ਤੋਹਫੇ ਭੇਟ ਕੀਤੇ ਅਤੇ ਆਪਣਾ ਘਰ ਦੇ ਪ੍ਰਬੰਧ ਨੂੰ ਹੋਰ ਵਧੇਰੇ ਸੁਚਾਰੂ ਬਣਾਉਣ ਲਈ ਮਾਲੀ ਮਦਦ ਵੀ ਭੇਟ ਕੀਤੀ। ਇਸ ਮੌਕੇ 'ਆਪਣਾ ਘਰ' ਦੇ ਮੁੱਖ ਸੇਵਾਦਾਰ ਰਾਜਿੰਦਰ ਸੈਣੀ ਤੇ ਟਰੱਸਟੀ ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ ਵਲੋਂ ਸ੍ਰੀਮਤੀ ਨਿਸ਼ਾ ਦਾ ਬਜ਼ੁਰਗਾ ਦੇ ਘਰ 'ਚ ਦੀਵਾਲੀ ਮਨਾਉਣ ਤੇ ਆਉਣ ਦਾ ਸਵਾਗਤ ਤੇ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਨਾਲ ਨਗਰ ਸੁਧਾਰ ਟਰੱਸਟ ਰੂਪਨਗਰ ਦੇ ਚੇਅਰਮੈਨ ਸ਼ਿਵ ਕੁਮਾਰ ਲਾਲਪੁਰਾ, ਸੀਨੀਅਰ ਸਿਟੀਜ਼ਨਜ਼ ਕੌਂਸਲ ਰੂਪਨਗਰ ਦੇ ਪ੍ਰਧਾਨ ਸੁਰਿੰਦਰ ਸਿੰਘ ਤੋਗੜ ਤੇ ਵਰਿੰਦਰ ਵੀ ਸਨ। ਰਾਜਿੰਦਰ ਸੈਣੀ ਨੇ ਸਵਾਗਤ ਕਰਦਿਆ ਕਿਹਾ ਕਿ ਨਿਸ਼ਾ ਦੇ ਪਰਵਾਰ ਵਲੋਂ ਦੀਵਾਲੀ ਦੇ ਪਵਿੱਤਰ ਤਿਉਹਾਰ ਦੇ ਮੌਕੇ ਤੇ ਬਜ਼ੁਰਗਾ ਨੂੰ ਸਤਿਕਾਰ ਦੇਣ ਲਈ ਆਉਣਾ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਸੰਸਥਾ ਦੇ ਮੈਨੇਜਰ ਕੇ. ਐਸ. ਭੋਗਲ, ਕੇਅਰ ਟੇਕਰ ਜੋੜੀ ਕਿਰਨ ਤੇ ਕੁਸ਼ਲ ਕੁਮਾਰ ਤੇ ਭੁਪਿੰਦਰ ਸਿੰਘ, ਜਸਵੰਤ ਸਿੰਘ ਵੀ ਹਾਜ਼ਰ ਸਨ।



ਭਾਜਪਾ ਦੀ ਸਰਕਾਰ ਬਣਨ 'ਤੇ ਨਸ਼ੇ ਤੇ ਗੈਂਗਸਟਰਵਾਦ ਦਾ ਖ਼ਾਤਮਾ ਕਰਾਂਗੇ : ਡਾ. ਧਰਮਪਾਲ

ਬੰਗਾ (ਅਵਤਾਰ ਕਲੇਰ)- ਪੰਜਾਬ ਦੇ ਲੋਕ ਮੌਜੂਦਾ ਆਮ ਆਦਮੀ ਪਾਰਟੀ ਅਤੇ ਪਹਿਲਾਂ ਰਹੀ ਕਾਂਗਰਸ ਸਰਕਾਰਾਂ ਦੀਆ ਨੀਤੀਆ ਤੋਂ ਤੰਗ ਆ ਚੁੱਕੇ ਹਨ ਅਤੇ ਹੁਣ ਭਾਰਤੀ ਜਨਤਾ ਪਾਰਟੀ ਨੂੰ ਸੱਤਾ ਵਿੱਚ ਲਿਆਉਣ ਦਾ ਮਨ ਬਣਾ ਚੁੱਕੇ ਹਨ। 2027 ਦੀਆ ਪੰਜਾਬ ਵਿਧਾਨ ਸਭਾ ਚੋਣਾ ਤੋਂ ਬਾਅਦ ਭਾਜਪਾ ਦੀ ਸਰਕਾਰ ਬਣਨ 'ਤੇ ਨਸ਼ੇ ਅਤੇ ਗੈਂਗਸਟਰਵਾਦ ਦਾ ਜੜ੍ਹੋਂ ਖ਼ਾਤਮਾ ਕਰਨਾ ਪਹਿਲੀ ਤਰਜੀਹ ਹੋਵੇਗੀ। ਇਸ ਦੇ ਨਾਲ ਹੀ ਵਪਾਰ ਅਤੇ ਉਦਯੋਗ ਨੂੰ ਉਤਸ਼ਾਹਿਤ ਕਰ ਕੇ ਨੌਜਵਾਨਾ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਜਾਣਗੇ ਅਤੇ ਪੰਜਾਬ ਨੂੰ ਮੁੜ ਤਰੱਕੀ ਦੀਆ ਲੀਹਾ 'ਤੇ ਲਿਆਂਦਾ ਜਾਵੇਗਾ। ਇਹ ਪ੍ਰਗਟਾਵਾ ਡਾ ਧਰਮਪਾਲ ਰਿਟਾ ਆਈ ਏ ਐਸ ਉੱਪ ਪ੍ਰਧਾਨ ਐਸ ਸੀ ਮੋਰਚਾ ਪੰਜਾਬ ਪ੍ਰਦੇਸ਼ ਭਾਜਪਾ ਨੇ ਪੱਤਰਕਾਰਾਂ ਨਾਲ ਮਿਲਣੀ ਦੌਰਾਨ ਕਹੇ।



ਉਨ੍ਹਾਂ ਨੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਭੇਂਟ ਕੀਤੀਆਂ। ਇਹ ਪੱਤਰਕਾਰ ਮਿਲਣੀ ਡਾ ਨਰੇਸ਼ ਰਾਵਲ ਭਾਜਪਾ ਮੰਡਲ ਪ੍ਰਧਾਨ ਬੰਗਾ ਦੀ ਯੋਗ ਅਗਵਾਈ ਵਿੱਚ ਆਯੋਜਿਤ ਕੀਤੀ ਗਈ ਸੀ।ਪੱਤਰਕਾਰਾਂ ਨਾਲ ਮੁਲਾਕਾਤ ਕਰਦੇ ਹੋਏ ਵਿਧਾਨ ਸਭਾ ਹਲਕਾ ਬੰਗਾ ਦੇ ਭਾਜਪਾ ਦੇ ਸੰਭਾਵੀ ਉਮੀਦਵਾਰ ਡਾ ਧਰਮਪਾਲ ਬੰਗਾ ਨੇ ਕਿਹਾ ਕਿ ਉਹ ਜਿੱਥੇ ਵੀ ਜਾਂਦੇ ਹਨ, ਲੋਕਾਂ ਵਲੋਂ ਉਨ੍ਹਾਂ ਨੂੰ ਅਤੇ ਭਾਜਪਾ ਪਾਰਟੀ ਨੂੰ ਭਰਵਾ ਪਿਆਰ ਅਤੇ ਸਮਰਥਨ ਮਿਲ ਰਿਹਾ ਹੈ। ਲੋਕ ਮੌਜੂਦਾ ਅਤੇ ਪਹਿਲਾਂ ਰਹੀਆ ਕਾਂਗਰਸ ਸਰਕਾਰਾ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹਨ ਅਤੇ ਪੰਜਾਬ ਵਿੱਚ ਬਿਹਤਰ ਪ੍ਰਸ਼ਾਸਨ ਤੇ ਵਿਕਾਸ ਚਾਹੁੰਦੇ ਹਨ।ਇਸ ਮੌਕੇ ਸੰਜੀਵ ਭਾਰਦਵਾਜ ਸਾਬਕਾ ਜ਼ਿਲ੍ਹਾ ਪ੍ਰਧਾਨ ਭਾਜਪਾ ਨੇ ਵੀ ਆਪ ਦੀ ਮੌਜੂਦਾ ਸਰਕਾਰ ਤੇ ਤਿੱਖੇ ਹਮਲੇ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵਿਕਾਸ ਦੇ ਮੁੱਦਿਆਂ ਤੇ ਫੇਲ ਸਾਬਤ ਹੋਈ ਹੈ। ਸ਼ਹਿਰਾਂ ਅਤੇ ਪਿੰਡਾਂ ਦੀਆਂ ਸੜਕਾਂ, ਸੀਵਰੇਜ ਸਿਸਟਮ ਦਾ ਬੁਰਾ ਹਾਲ ਹੈ। ਸਰਕਾਰ ਨੇ ਇੱਕ ਵੀ ਕੰਮ ਵਿਕਾਸ ਦਾ ਨਹੀਂ ਕੀਤਾ। ਉਨ੍ਹਾਂ ਬੰਗਾ ਸ਼ਹਿਰ ਅਤੇ ਨਾਲ ਲੱਗਦੇ ਪਿੰਡਾਂ ਦੀਆਂ ਸੜਕਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ। ਇਸ ਮੌਕੇ ਇੰਜੀਨੀਅਰ ਕੁਲਦੀਪ ਸਿੰਘ ਜੱਸੋਮਜਾਰਾ ਮੰਡਲ ਪ੍ਰਧਾਨ ਬਹਿਰਾਮ, ਡਾ ਨਰੇਸ਼ ਰਾਵਲ ਮੰਡਲ ਪ੍ਰਧਾਨ ਬੰਗਾ, ਪ੍ਰਿਤਪਾਲ ਬਜਾਜ ਸਾਬਕਾ ਜ਼ਿਲ੍ਹਾ ਜਨਰਲ ਸਕੱਤਰ, ਕੌਂਸਲਰ ਹਿੰਮਤ ਤੇਜਪਾਲ, ਭਾਜਪਾ ਯੂਥ ਆਗੂ ਨਰੇਸ਼ ਸ਼ਰਮਾ, ਪੰਡਿਤ ਰਾਜੀਵ ਸ਼ਰਮਾ, ਸਪਰਸ਼ ਅਤੇ ਪ੍ਰਿੰਸੀਪਲ ਸੁਖਦੇਵ ਸਿੰਘ ਜੱਸੋਮਜਾਰਾ ਆਦਿ ਵੀ ਹਾਜ਼ਰ ਸਨ।

ਜਾਂਗਲੀਆਣਾ ਦੇ ਵਿਕਾਸ ਲਈ 10.71 ਕਰੋੜ ਦੀ ਗ੍ਰਾਂਟ ਜਾਰੀ : ਡਾ. ਇਸ਼ਾਂਕ ਕੁਮਾਰ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਪਿੰਡਾਂ ਨੂੰ ਬਿਹਤਰ ਸੜਕੀ ਸੰਪਰਕ ਅਤੇ ਆਧੁਨਿਕ ਬੁਨਿਆਦੀ ਸਹੂਲਤਾਂ ਨਾਲ ਜੋੜਨਾ ਪੰਜਾਬ ਸਰਕਾਰ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ ਨੇ ਭਾਮ ਤੋਂ ਜਾਂਗਲੀਆਣਾ, ਮੋਤੀਆਂ ਅਤੇ ਮੱਖਣਗੜ੍ਹ ਰਾਹੀਂ ਬਾਹੋਵਾਲ ਤੱਕ 18 ਫੁੱਟ ਚੌੜੀ ਕੰਕਰੀਟ ਨਾਲ ਬਣਾਈ ਜਾ ਰਹੀ ਸੜਕ ਦਾ ਉਦਘਾਟਨ ਪਿੰਡ ਜਾਂਗਲੀਆਣਾ ਵਿਖੇ ਕੀਤਾ। ਕਰੀਬ 10.5 ਕਿਲੋਮੀਟਰ ਲੰਬੀ ਇਸ ਸੜਕ 'ਤੇ ਲਗਭਗ 8 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਇਸ ਸੜਕ ਦੇ ਬਣਨ ਨਾਲ ਇਲਾਕੇ ਦੇ ਕਈ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਆਪਸੀ ਸੰਪਰਕ ਹੋਰ ਮਜ਼ਬੂਤ ਹੋਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪਿੰਡਾਂ ਵਿੱਚ ਸੜਕਾਂ, ਸੀਵਰੇਜ, ਗਲੀਆਂ-ਨਾਲੀਆਂ ਅਤੇ ਹੋਰ ਬੁਨਿਆਦੀ ਸਹੂਲਤਾਂ ਦਾ ਵਿਕਾਸ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸੜਕਾਂ ਸਿਰਫ਼ ਆਵਾਜਾਈ ਦਾ ਸਾਧਨ ਨਹੀਂ ਹੁੰਦੀਆਂ, ਸਗੋਂ ਇਹ ਪਿੰਡਾਂ ਦੀ ਤਰੱਕੀ, ਵਪਾਰ ਅਤੇ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਵੀ ਸੁਖਾਲਾ ਬਣਾਉਂਦੀਆਂ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕੇ ਦੇ ਹਰ ਪਿੰਡ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਉਣ ਦੇ ਯਤਨ ਲਗਾਤਾਰ ਜਾਰੀ ਰਹਿਣਗੇ। ਵਿਧਾਇਕ ਨੇ ਦੱਸਿਆ ਕਿ ਇਸ ਸੜਕ ਦੇ ਇਲਾਵਾ ਵੀ ਜਾਂਗਲੀਆਣਾ ਨੂੰ ਆਸ-ਪਾਸ ਦੇ ਪਿੰਡਾਂ ਨੂੰ ਜੋੜਨ ਵਾਲੀਆਂ ਕਈ ਹੋਰ ਸੜਕਾਂ ਦੇ ਕੰਮ ਵੀ ਕਰਵਾਏ ਗਏ ਹਨ। ਗੋਂਦਪੁਰ ਤੋਂ ਜਾਂਗਲੀਆਣਾ ਤੱਕ 2.38 ਕਿਲੋਮੀਟਰ ਸੜਕ 'ਤੇ 46.27 ਲੱਖ ਰੁਪਏ, ਸਰਹਾਲਾ ਕਲਾਂ ਤੋਂ ਜਾਂਗਲੀਆਣਾ ਤੱਕ 1.50 ਕਿਲੋਮੀਟਰ ਸੜਕ 'ਤੇ 38.60 ਲੱਖ ਰੁਪਏ, ਜਾਂਗਲੀਆਣਾ ਦੀ ਫਿਰਨੀ ਦੇ 1 ਕਿਲੋਮੀਟਰ ਹਿੱਸੇ 'ਤੇ 70.54 ਲੱਖ ਰੁਪਏ ਅਤੇ ਰਸੂਲਪੁਰ ਤੋਂ ਜਾਂਗਲੀਆਣਾ ਤੱਕ 600 ਮੀਟਰ ਸੜਕ 'ਤੇ 12.34 ਲੱਖ ਰੁਪਏ ਖਰਚ ਕਰਕੇ ਕੰਮ ਮੁਕੰਮਲ ਕਰਵਾਏ ਗਏ ਹਨ।



ਜਾਂਗਲੀਆਣਾ ਤੋਂ ਬਲੀਮ ਤੱਕ 1.85 ਕਿਲੋਮੀਟਰ ਸੜਕ ਦਾ ਕੰਮ ਵੀ ਜਾਰੀ ਹੈ, ਜਿਸ 'ਤੇ ਲੁੱਕ ਪੈਣੀ ਬਾਕੀ ਹੈ। ਇਸ ਤੋਂ ਇਲਾਵਾ ਭਾਮ-ਜਾਂਗਲੀਆਣਾ ਸੜਕ ਤੋਂ ਬਾਜ਼ੀਗਰ ਬਸਤੀ ਤੱਕ ਸੜਕ ਦਾ ਕੰਮ ਵੀ ਬਾਕੀ ਹੈ, ਜਿਸ ਲਈ 7.94 ਲੱਖ ਦੀ ਗ੍ਰਾਂਟ ਮੰਜ਼ੂਰ ਹੋ ਚੁੱਕੀ ਹੈ। ਸੜਕਾਂ ਦੇ ਨਾਲ ਨਾਲ ਹੋਰ ਵੀ ਵਿਕਾਸ ਦੇ ਕਈ ਕੰਮਾਂ ਲਈ ਪੰਚਾਇਤ ਨੂੰ ਗ੍ਰਾਂਟ ਦਿੱਤੀ ਗਈ ਹੈ। ਇਨ੍ਹਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ ਦੇ ਕੰਮ 'ਤੇ 7.50 ਲੱਖ ਰੁਪਏ, ਰਵਿਦਾਸ ਧਰਮਸ਼ਾਲਾ ਦੀ ਉਸਾਰੀ 'ਤੇ 5 ਲੱਖ ਰੁਪਏ, ਗਲੀਆਂ ਅਤੇ ਨਾਲੀਆਂ ਦੇ ਨਿਰਮਾਣ ਲਈ 15 ਲੱਖ ਰੁਪਏ ਜਾਰੀ ਕੀਤੇ ਗਏ ਹਨ ਜਿਸ ਦਾ ਅੱਧਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਬਾਕੀ ਨਿਰਮਾਣਧੀਨ ਹੈ । ਪਿੰਡ ਦੇ ਖੇਡ ਮੈਦਾਨ/ਸਟੇਡੀਅਮ ਲਈ 5 ਲੱਖ ਰੁਪਏ ਦੀ ਅਤੇ ਜਿਮ ਲਈ 2 ਲੱਖ ਰੁਪਏ ਦੀ ਗ੍ਰਾਂਟ ਦੀ ਮੰਜ਼ੂਰੀ ਹੋਈ ਹੈ। ਇਸ ਮੌਕੇ ਸਰਪੰਚ ਮਨਜੀਤ ਕੌਰ, ਸਤਨਾਮ ਸਿੰਘ, ਮਹਿੰਦਰ ਸਿੰਘ, ਦਰਸ਼ਨ ਸਿੰਘ, ਬਲਦੇਵ ਸਿੰਘ, ਗੁਰਦੀਪ ਸਿੰਘ, ਲਹਿੰਬਰ ਸਿੰਘ ਪੰਚ, ਕੁਲਜੀਤ ਸਿੰਘ ਪੰਚ, ਓਂਕਾਰ ਸਿੰਘ ਪੰਚ, ਪਿੰਡ ਠੱਕਰਵਾਲ ਦੇ ਸਰਪੰਚ ਜਸਵਿੰਦਰ ਸਿੰਘ, ਰਸੂਲਪੁਰ ਦੇ ਸਰਪੰਚ ਅਮਰਜੀਤ ਸਿੰਘ, ਗੋਪਾਲੀਆਂ ਦੇ ਸਰਪੰਚ ਨਰਿੰਦਰ ਸਿੰਘ, ਮਰੂਲਾ ਦੇ ਸਰਪੰਚ ਬਲਬੀਰ ਸਿੰਘ, ਸੁਭਾਨਪੁਰ ਦੀ ਸਰਪੰਚ ਗੁਰਦਿਆਲ ਕੌਰ, ਮਾਖਨਗੜ੍ਹ ਦੀ ਸਰਪੰਚ ਕਮਲਜੀਤ ਕੌਰ, ਭਾਮ ਦੇ ਸਰਪੰਚ ਪਰਵਿੰਦਰ ਸਿੰਘ, ਰੌਣਕੀ ਰਾਮ, ਰਣਜੀਤ ਕੌਰ ਬਲਾਕ ਸੰਮਤੀ ਚੇਅਰਮੈਨ, ਗੋਪੀ ਭਾਮ, ਗੋਪਾਲੀਆਂ ਸਰਪੰਚ ਸੁਰਿੰਦਰ ਕੌਰ, ਕੁੱਕੜਾਂ ਸਰਪੰਚ ਕੁਲਵਰਨ ਸਿੰਘ, ਰਣਜੀਤ ਅਤੇ ਪਿੰਡ ਵਾਸੀ ਹਾਜ਼ਰ ਸਨ।

ਵਿਸ਼ਵਕਰਮਾ ਦਿਵਸ ਮਨਾਇਆ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸੋਮਵਾਰ ਨੂੰ ਭਗਵਾਨ ਵਿਸ਼ਵਕਰਮਾ ਦਿਵਸ ਦੇ ਪਵਿੱਤਰ ਮੌਕੇ ਸੰਤ ਕਬੀਰ ਕੁਟੀਰ ਵਿਖੇ ਭਗਵਾਨ ਵਿਸ਼ਵਕਰਮਾ ਦੀ ਪੂਜਾ ਕਰ ਕੇ ਉਨ੍ਹਾਂ ਨੂੰ ਨਮਨ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਸੂਬੇ ਅਤੇ ਸੂਬਾ ਵਾਸੀਆਂ ਦੀ ਸੁੱਖ, ਸਮ੍ਰਿੱਧੀ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਨੂੰ ਸ੍ਰਿਸ਼ਟੀ ਦੇ ਪਹਿਲੇ ਸ਼ਿਲਪਕਾਰ ਅਤੇ ਨਿਰਮਾਣ ਤੇ ਸਿਰਜਣਾ ਦੇ ਦੇਵਤਾ ਮੰਨਿਆ ਜਾਂਦਾ ਹੈ। ਉਨ੍ਹਾਂ ਦਾ ਜੀਵਨ ਅਤੇ ਸਿੱਖਿਆਵਾਂ ਸਾਨੂੰ ਕਿਰਤ, ਹੁਨਰ, ਰਚਨਾਤਮਕਤਾ ਅਤੇ ਸਮਰਪਣ ਦਾ ਸੁਨੇਹਾ ਦਿੰਦੀਆਂ ਹਨ। ਭਗਵਾਨ ਵਿਸ਼ਵਕਰਮਾ ਦੀ ਕਿਰਪਾ ਨਾਲ ਸਭ ਦੇ ਜੀਵਨ ਵਿੱਚ ਉੱਨਤੀ ਅਤੇ ਸਮ੍ਰਿੱਧੀ ਆਵੇ ਅਤੇ ਸੂਬਾ ਲਗਾਤਾਰ ਵਿਕਾਸ ਦੇ ਰਾਹ 'ਤੇ ਅੱਗੇ ਵਧੇ। ਮੁੱਖ ਮੰਤਰੀ ਨੇ ਇਸ ਪਵਿੱਤਰ ਮੌਕੇ 'ਤੇ ਸੂਬਾ ਵਾਸੀਆਂ ਨੂੰ ਭਗਵਾਨ ਵਿਸ਼ਵਕਰਮਾ ਪੂਜਾ ਦਿਵਸ ਦੀਆਂ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਜਨਮ ਦਿਨ ਮੁਬਾਰਕ



ਅਲਾਈਸ਼ਾ ਸ਼ਰਮਾ
ਭੀਲੋਵਾਲ



ਗੁਰਨਵਾਬ ਸਿੰਘ
ਪਿੰਡ ਦੋਨੇਵਾਲ

ਪ੍ਰਿੰਸੀਪਲ ਪ੍ਰੇਮ ਕੁਮਾਰ ਨੂੰ ਗਹਿਰਾ ਸਦਮਾ, ਵੱਡੇ ਭਰਾ ਦਾ ਦੇਹਾਂਤ

ਫਿਲੌਰ (ਨਿਰਮਲ)- ਪ੍ਰਿੰਸੀਪਲ ਪ੍ਰੇਮ ਕੁਮਾਰ ਸਾਬਕਾ ਹਲਕਾ ਇੰਚਾਰਜ ਅਤੇ ਸਾਬਕਾ ਸੂਬਾ ਪ੍ਰਧਾਨ ਕਰਮਚਾਰੀ ਵਿੰਗ ਪੰਜਾਬ ਨੂੰ ਉਸ ਸਮੇਂ ਗਹਿਰਾ ਸਦਮਾ ਪਹੁੰਚਿਆ ਜਦੋਂ ਉਨ੍ਹਾਂ ਦੇ ਵੱਡੇ ਭਰਾ ਤਰਸੇਮ ਲਾਲ (ਕਰੀਬ 70 ਸਾਲ) ਦਾ ਦੇਹਾਂਤ ਹੋ ਗਿਆ। ਮਿਲੀ ਜਾਣਕਾਰੀ ਅਨੁਸਾਰ ਤਰਸੇਮ ਲਾਲ ਕੈਨੇਡਾ ਤੋਂ ਵਾਪਸ ਭਾਰਤ ਆ ਰਹੇ ਸਨ। ਇਸ ਦੌਰਾਨ ਦਿੱਲੀ ਏਅਰਪੋਰਟ ਵਿਖੇ ਉਨ੍ਹਾਂ ਨੂੰ ਅਚਾਨਕ ਦਿਲ ਦਾ ਦੌਰਾ ਪੈ ਗਿਆ। ਉਨ੍ਹਾਂ ਨੂੰ ਤੁਰੰਤ ਦਿੱਲੀ ਦੇ ਵੇਦਾਂਤਾ ਹਸਪਤਾਲ ਵਿਖੇ ਲਿਜਾਇਆ ਗਿਆ, ਜਿੱਥੇ ਇਲਾਜ ਦੌਰਾਨ ਉਨ੍ਹਾਂ ਦੀ ਮੌਤ ਹੋ ਗਈ। ਇਸ ਦੁਖਦਾਈ ਖ਼ਬਰ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ। ਇਲਾਕੇ ਦੀਆਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ, ਕੌਂਸਲਰਾਂ, ਸਰਪੰਚਾਂ, ਚੇਅਰਮੈਨਾਂ ਅਤੇ ਸਮੂਹ ਇਲਾਕਾ ਨਿਵਾਸੀਆਂ ਵੱਲੋਂ ਪ੍ਰਿੰਸੀਪਲ ਪ੍ਰੇਮ ਕੁਮਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਪਰਵਾਰ ਨਾਲ ਹਮਦਰਦੀ ਜਤਾਈ ਗਈ।

ਵਰ੍ਹੇਗੰਢ ਮੁਬਾਰਕ



ਸੰਜੀਵ ਕੁਮਾਰ ਅਤੇ ਕਮਲਜੀਤ ਕੌਰ ਵਾਸੀ ਅੱਤੋਵਾਲ ਨੇ ਵਿਆਹ ਦੀ 13ਵੀਂ ਵਰ੍ਹੇਗੰਢ ਮਨਾਈ।

ਫਾਲਕਨ ਇੰਟਰਨੈਸ਼ਨਲ ਸਕੂਲ 'ਚ ਦੀਵਾਲੀ ਦਾ ਤਿਉਹਾਰ ਮਨਾਇਆ

ਸੁਲਤਾਨਪੁਰ ਲੋਧੀ (ਹਨੀ)- ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸਵਾਲ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਵਾਈਸ ਪ੍ਰਿੰਸੀਪਲ ਮੈਡਮ ਰਵਿੰਦਰਜੀਤ ਕੌਰ ਦੀ ਅਗਵਾਈ ਹੇਠ ਮਨਾਇਆ ਗਿਆ। ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਦੀਵਿਆਂ ਵਿੱਚ ਰੰਗ ਭਰ ਕੇ ਆਪਣੀ ਕਲਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ, ਜਦਕਿ ਪਹਿਲੀ ਤੋਂ ਸੱਤਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਦੀਵਾ ਸਜਾਵਟ ਮੁਕਾਬਲੇ ਵਿੱਚ ਵੱਧ-ਚੜ੍ਹ ਕੇ ਭਾਗ ਲਿਆ। ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਪਾਣੀ ਅਤੇ ਊਰਜਾ ਦੀ ਬੱਚਤ, ਨੌਵੀਂ ਜਮਾਤ ਨੇ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਤੋਂ ਬਚਾਅ ਅਤੇ ਦਸਵੀਂ ਜਮਾਤ ਨੇ ਟਿਕਾਊ ਤੇ ਸਿਹਤਮੰਦ ਭੋਜਨ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨ ਸਬੰਧੀ ਸੁੰਦਰ ਤੇ ਪ੍ਰਭਾਵਸ਼ਾਲੀ ਪੋਸਟਰ ਤਿਆਰ ਕੀਤੇ। ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਰੁੱਖ ਲਗਾਉਣ ਦੀ ਮੁਹਿੰਮ ਅਤੇ ਸਫ਼ਾਈ ਗਤੀਵਿਧੀ ਵਿੱਚ ਭਾਗ ਲੈ ਕੇ ਵਾਤਾਵਰਨ ਦੀ ਸੰਭਾਲ ਦਾ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ ਸਕੂਲ ਵਿੱਚ ਇੰਟਰ ਹਾਊਸ ਰੰਗੋਲੀ ਪ੍ਰਤੀਯੋਗਤਾ ਵੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਰੰਗਾਂ ਅਤੇ ਸੁੰਦਰ ਡਿਜ਼ਾਈਨਾਂ ਰਾਹੀਂ ਆਪਣੀ ਕਲਾ ਅਤੇ ਸਿਰਜਣਾਤਮਕ ਸੋਚ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪਹਿਲੀ ਦੀ ਅਨਾਇਆ ਪਹਿਲੇ, ਜਸਲੀਨ ਦੂਜੇ ਅਤੇ ਐਸ਼ਲੀਨ ਕੌਰ ਤੀਜੇ ਸਥਾਨ 'ਤੇ ਰਹੀ। ਜਮਾਤ ਦੂਜੀ ਸੈਕਸ਼ਨ ਏ ਮਨਰਾਜ ਸਿੰਘ ਪਹਿਲੇ, ਸਿਮਰਨਜੀਤ ਕੌਰ ਦੂਜੇ ਅਤੇ ਰਹਿਮਤ ਕੌਰ ਤੀਜੇ ਸਥਾਨ 'ਤੇ ਰਹੀ।



ਜਮਾਤ ਦੂਜੀ ਸੈਕਸ਼ਨ ਬੀ ਸੂਰਿਆਂਸ਼ ਪਹਿਲੇ, ਗੁਰਫਤਿਹ ਸਿੰਘ ਦੂਜੇ ਅਤੇ ਕਾਇਰਾ ਕਾਲਰਾ ਤੀਜੇ ਸਥਾਨ 'ਤੇ ਰਹੀ। ਜਮਾਤ ਤੀਜੀ ਵਿਹਾਨ ਗਾਬਾ ਪਹਿਲੇ, ਮਨਕੀਰਤ ਕੌਰ ਦੂਜੇ ਅਤੇ ਗੁਰਫਤਿਹ ਸਿੰਘ ਤੀਜੇ ਸਥਾਨ 'ਤੇ ਰਿਹਾ। ਜਮਾਤ ਚੌਥੀ ਮਨਕੀਰਤ ਕੌਰ ਪਹਿਲੇ, ਅਨੁਕੀਰਤ ਕੌਰ ਦੂਜੇ ਅਤੇ ਸਿਮਰਜੀਤ ਕੌਰ ਤੀਜੇ ਸਥਾਨ 'ਤੇ ਰਹੀ। ਜਮਾਤ ਪੰਜਵੀਂ ਰੋਜ਼ਪ੍ਰੀਤ ਕੌਰ ਪਹਿਲੇ, ਰਿਤਿਕਾ ਦੂਜੇ ਅਤੇ ਸਹਿਜਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੀ। ਜਮਾਤ ਛੇਵੀਂ ਏਕਮਪ੍ਰੀਤ ਕੌਰ ਪਹਿਲੇ, ਸਮਰਿਧੀ ਦੂਜੇ ਅਤੇ ਹਰਪਲ ਕੌਰ ਤੀਜੇ ਸਥਾਨ, ਜਮਾਤ ਸੱਤਵੀਂ ਅਗਮਪ੍ਰੀਤ ਪਹਿਲੇ, ਅਗਮਜੋਤ ਕੌਰ ਦੂਜੇ ਅਤੇ ਅਰਸ਼ਪ੍ਰੀਤ ਸਿੰਘ ਤੀਜੇ ਸਥਾਨ 'ਤੇ ਰਿਹਾ। ਇੰਟਰ ਹਾਊਸ ਰੰਗੋਲੀ ਪ੍ਰਤੀਯੋਗਤਾ 'ਚ ਚੰਦਰਸ਼ੇਖਰ ਆਜ਼ਾਦ ਹਾਊਸ ਤੇ ਕਰਤਾਰ ਸਿੰਘ ਸਰਾਭਾ ਹਾਊਸ ਪਹਿਲੇ, ਊਧਮ ਸਿੰਘ ਹਾਊਸ ਤੇ ਭਗਤ ਸਿੰਘ ਹਾਊਸ ਦੂਜੇ ਸਥਾਨ 'ਤੇ ਰਿਹਾ। ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਨੇ ਦਿਵਾਲੀ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਕਰਨਲ ਢਿੱਲੋ ਵੱਲੋਂ ਸਮੂਹ ਸਟਾਫ ਨੂੰ ਇਸ ਸ਼ੁਭ ਅਵਸਰ ਤੇ ਉਪਹਾਰ ਦੇ ਕੇ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿਤੀਆਂ।

ਇਸ ਮੌਕੇ ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ, ਤਾਨੀਆ ਧੀਰ, ਆਸ਼ਿਮਾ, ਈਸ਼ਾ, ਸਨਮਦੀਪ ਕੌਰ, ਸਿਮਰਨਜੀਤ ਕੌਰ, ਨੀਤਾ ਰਾਣੀ, ਪ੍ਰੀਆ, ਬਲਜੀਤ ਕੌਰ, ਸਰਬਜੀਤ ਕੌਰ, ਪੂਜਾ, ਕਰਮਦੀਪ ਕੌਰ, ਰਾਜਵਿੰਦਰ ਕੌਰ, ਰਜਨੀ ਧੀਰ, ਹਰਸ਼ਿਤਾ, ਪਰਮਿੰਦਰ ਕੌਰ, ਸੁਨੀਲ ਕੁਮਾਰ, ਅਮਨਦੀਪ ਸਿੰਘ, ਐਨ ਸੀ ਸੀ ਇਨਚਾਰਜ ਗੁਰਬਚਨ ਸਿੰਘ, ਸਪੋਰਟਸ ਇਨਚਾਰਜ ਜਤਿੰਦਰ ਸਿੰਘ ਆਦਿ ਸਟਾਫ ਮੈਂਬਰ ਹਾਜ਼ਰ ਸਨ।

ਜ਼ੋਨਲ ਯੁਵਕ ਤੇ ਵਿਰਾਸਤੀ ਮੇਲਾ ਯਾਦਗਾਰੀ ਹੋ ਨਿਬੜਿਆ

ਮਾਹਿਲਪੁਰ (ਸਫਰੀ)- ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਧੀਨ ਹੁਸ਼ਿਆਰਪੁਰ (ਜ਼ੋਨ-5) ਤਹਿਤ ਆਉਂਦੇ 30 ਕਾਲਜਾਂ ਦੇ ਵਿਦਿਆਰਥੀਆਂ ਦੀਆਂ ਵੱਖ ਵੱਖ ਸਿਰਜਣਾਤਮਿਕ, ਕਲਾਤਮਿਕ ਅਤੇ ਵਿਰਾਸਤੀ ਗਤੀਵਿਧੀਆਂ ਨਾਲ ਸਬੰਧਤ ਚਾਰ ਦਿਨਾ ਜ਼ੋਨਲ ਯੁਵਕ ਤੇ ਵਿਰਾਸਤੀ ਮੇਲਾ ਯਾਦਗਾਰੀ ਹੋ ਨਿਬੜਿਆ।ਇਸ ਮੌਕੇ ਮੁੱਖ ਮਹਿਮਾਨ ਵੱਜੋਂ ਹਾਜ਼ਰ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵੱਖ ਵੱਖ ਮੁਕਾਬਲਿਆਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਦੀ ਵੰਡ ਕੀਤੀ ਅਤੇ ਪ੍ਰਬੰਧਕਾਂ ਨੂੰ ਅਜਿਹੇ ਯੁਵਕ ਮੇਲੇ ਦੇ ਸਫ਼ਲ ਆਯੋਜਨ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਸਕੱਤਰ ਪ੍ਰੋ. ਅਪਿੰਦਰ ਸਿੰਘ ਮਾਹਿਲਪੁਰੀ, ਖਜ਼ਾਨਚੀ ਵੀਰਇੰਦਰ ਸ਼ਰਮਾ, ਗੁਰਦਿਆਲ ਸਿੰਘ ਕਹਾਰਪੁਰ ਸਮੇਤ ਕੌਂਸਲ ਦੇ ਹੋਰ ਮੈਂਬਰਾਨ, ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਇਲਾਕੇ ਦੀਆਂ ਸਿੱਖਿਆ, ਧਰਮ, ਸਮਾਜ ਸੇਵਾ ਖੇਤਰ ਦੀਆਂ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।ਇਸ ਮੌਕੇ ਲੋਕ ਨਾਚ ਗਿੱਧਾ ਅਤੇ ਭੰਗੜਾ ਦੀ ਪੇਸ਼ਕਾਰੀਆਂ ਦੇਖਣ ਲਈ ਦਰਸ਼ਕਾਂ ਦਾ ਸੈਲਾਬ ਆ ਗਿਆ। ਲੋਕ ਨਾਚ ਗਿੱਧਾ ਦੇ ਮੁਕਾਬਲੇ ਵਿੱਚ ਖਾਲਸਾ ਕਾਲਜ ਮਾਹਿਲਪੁਰ ਨੇ ਪਹਿਲਾ, ਖਾਲਸਾ ਕਾਲਜ ਗੜ੍ਹਸ਼ੰਕਰ ਨੇ ਦੂਜਾ ਸਥਾਨ ਜਦਕਿ ਸਰਕਾਰੀ ਕਾਲਜ ਹੁਸ਼ਿਆਰਪੁਰ ਅਤੇ ਐੱਸ ਪੀ ਐੱਨ ਕਾਲਜ ਮੁਕੇਰੀਆਂ ਦੀ ਟੀਮ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸੈਨੇਟ ਮੈਂਬਰ ਡਾ ਜਗਤਾਰ ਸਿੰਘ, ਪ੍ਰਿੰਸੀਪਲ ਸਵਿਤਾ ਗੁਪਤਾ, ਪ੍ਰਿੰਸੀਪਲ ਅਮਨਦੀਪ ਕੌਰ, ਅਰਵਿੰਦਰ ਸਿੰਘ ਹਵੇਲੀ, ਐਡਵੋਕੇਟ ਚਰਨਜੀਤ ਸਿੰਘ ਚੰਨੀ ਓ ਐੱਸ ਡੀ, ਪ੍ਰਿੰਸੀਪਲ ਰਾਜਵਿੰਦਰ ਕੌਰ, ਗੁਰਵਿੰਦਰ ਕੈਂਡੋਵਾਲ, ਸੁਖਦੇਵ ਨਡਾਲੋਂ ਸਮੇਤ ਅਨੇਕਾਂ ਸ਼ਖ਼ਸੀਅਤਾਂ ਹਾਜ਼ਰ ਸਨ। ਮੰਚ ਦੀ ਕਾਰਵਾਈ ਡਾ. ਜੇ ਬੀ ਸੇਖੋਂ, ਡਾ. ਦੇਵ ਕੁਮਾਰ, ਡਾ. ਦੀਪਕ ਅਤੇ ਡਾ. ਬਲਵੀਰ ਕੌਰ ਨੇ ਚਲਾਈ।



ਪੰਜਾਬ ਪੁਲਸ ਨੇ ਭਗੌੜੇ ਗੈਂਗਸਟਰ ਗੁਰਵਿੰਦਰ ਅਫਰੀਦੀ ਨੂੰ ਇਥੋਪੀਆ ਤੋਂ ਭਾਰਤ ਲਿਆਂਦਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਵਿੱਢੀ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਤਹਿਤ ਅੰਤਰਰਾਸ਼ਟਰੀ ਸੰਗਠਿਤ ਅਪਰਾਧ ਖ਼ਿਲਾਫ਼ ਵੱਡੀ ਸਫ਼ਲਤਾ ਹਾਸਲ ਕਰਦਿਆਂ, ਪੰਜਾਬ ਪੁਲੀਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏ ਜੀ ਟੀ ਐੱਫ) ਨੇ ਕਾਊਂਟਰ ਇੰਟੈਲੀਜੈਂਸ ਦੇ ਓਵਰਸੀਜ਼ ਫਿਊਜਿਟਿਵ ਟਰੈਕਿੰਗ ਐਂਡ ਐਕਸਟਰਾਡੀਸ਼ਨ ਸੈੱਲ (ਓ ਐੱਫ ਟੀ ਈ ਸੀ) ਨਾਲ ਨਜ਼ਦੀਕੀ ਤਾਲਮੇਲ ਅਤੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਭਗੌੜੇ ਗੈਂਗਸਟਰ ਗੁਰਵਿੰਦਰ ਸਿੰਘ ਉਰਫ਼ ਅਫਰੀਦੀ ਨੂੰ ਇਥੋਪੀਆ ਤੋਂ ਸਫਲਤਾਪੂਰਵਕ ਡਿਪੋਰਟ ਕਰਵਾ ਲਿਆ ਹੈ। ਇਹ ਜਾਣਕਾਰੀ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲੀਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਡੋਨੀ ਬੱਲ-ਪ੍ਰਭ ਦਾਸੂਵਾਲ ਗੈਂਗ ਦਾ ਮੁੱਖ ਸਰਗਨਾ ਗੁਰਵਿੰਦਰ ਉਰਫ਼ ਅਫ਼ਰੀਦੀ, ਜਿਸ ਨੂੰ ਗ੍ਰਿਫ਼ਤਾਰ ਕਰਵਾਉਣ ਸਬੰਧੀ ਸੂਚਨਾ ਦੇਣ 'ਤੇ ਪੰਜਾਬ ਸਰਕਾਰ ਵੱਲੋਂ 5 ਲੱਖ ਰੁਪਏ ਦਾ ਇਨਾਮ ਐਲਾਨਿਆ ਗਿਆ ਸੀ, ਵਿਦੇਸ਼ ਵਿੱਚ ਬੈਠ ਕੇ ਪੰਜਾਬ ਅੰਦਰ ਟਾਰਗੇਟ ਕਿਲਿੰਗ, ਫਿਰੌਤੀ ਲਈ ਗੋਲੀ ਚਲਾਉਣ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣਾ ਅਤੇ ਸੰਗਠਿਤ ਅਪਰਾਧਿਕ ਨੈੱਟਵਰਕ ਚਲਾਉਣ ਵਰਗੀਆਂ



ਕਾਰਵਾਈਆਂ ਨੂੰ ਅੰਜਾਮ ਦੇ ਰਿਹਾ ਸੀ। ਉਕਤ ਮੁਲਜ਼ਮ ਪੰਜ ਕਤਲਾਂ, ਇਰਾਦਾ ਕਤਲ, ਫਿਰੌਤੀ ਅਤੇ ਅਸਲਾ ਐਕਟ ਤਹਿਤ ਵੱਖ-ਵੱਖ ਅਪਰਾਧਾਂ ਸਮੇਤ 30 ਤੋਂ ਵੱਧ ਘਿਨਾਉਣੇ ਅਪਰਾਧਕ ਮਾਮਲਿਆਂ ਵਿੱਚ ਲੋੜੀਂਦਾ ਸੀ। ਪੰਜਾਬ ਪੁਲੀਸ ਹੈੱਡਕੁਆਰਟਰ (ਪੀ ਪੀ ਐੱਚ ਕਿਊ) ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡੀਜੀਪੀ ਗੌਰਵ ਯਾਦਵ, ਜਿਨ੍ਹਾਂ ਨਾਲ ਸਪੈਸ਼ਲ ਡੀ ਜੀ ਪੀ ਏ ਜੀ ਟੀ ਐੱਫ ਪ੍ਰਮੋਦ ਬਾਨ ਅਤੇ ਸਪੈਸ਼ਲ ਡੀ ਜੀ ਪੀ ਕਾਊਂਟਰ ਇੰਟੈਲੀਜੈਂਸ ਅਮਿਤ ਪ੍ਰਸਾਦ ਵੀ ਮੌਜੂਦ ਸਨ, ਨੇ ਦੱਸਿਆ ਕਿ ਪੰਜਾਬ ਪੁਲਸ ਵੱਲੋਂ ਕਿਸੇ ਅਫ਼ਰੀਕੀ ਦੇਸ਼ ਤੋਂ ਭਗੌੜੇ ਅਪਰਾਧੀ ਦੀ ਇਹ ਹੁਣ ਤੱਕ ਦੀ ਪਹਿਲੀ ਡਿਪੋਰਟੇਸ਼ਨ ਹੈ, ਜਿਸ ਨਾਲ ਸੂਬੇ ਵਿੱਚ ਸੰਗਠਿਤ ਅਪਰਾਧ ਖ਼ਿਲਾਫ਼ ਵਿੱਢੀ ਸਖ਼ਤ ਮੁਹਿੰਮ ਵਿੱਚ ਇੱਕ ਨਵੀਂ ਸਫ਼ਲਤਾ ਜੁੜ ਗਈ ਹੈ। ਉਨ੍ਹਾਂ ਕਿਹਾ, ਇਹ ਕਾਰਵਾਈ 'ਆਪਰੇਸ਼ਨ ਸ਼ਾਹਿਦ' ਦੀ ਸਫ਼ਲਤਾ ਨੂੰ ਦਰਸਾਉਂਦੀ ਹੈ—ਜੋ ਖੁਫ਼ੀਆ ਜਾਣਕਾਰੀ 'ਤੇ ਆਧਾਰਿਤ 10 ਮਹੀਨੇ ਲੰਮਾ ਇੰਟਰਨੈਸ਼ਨਲ ਮੈਨਹੰਟ ਆਪ੍ਰੇਸ਼ਨ ਸੀ, ਜਿਸ ਅਧੀਨ ਲਗਾਤਾਰ ਨਿਗਰਾਨੀ, ਖ਼ੁਫ਼ੀਆ ਜਾਣਕਾਰੀ ਜੁਟਾਉਣਾ ਅਤੇ ਕੌਮੀ ਤੇ ਕੌਮਾਂਤਰੀ ਏਜੰਸੀਆਂ ਦੇ ਨਜ਼ਦੀਕੀ ਤਾਲਮੇਲ ਜ਼ਰੀਏ ਏਸ਼ੀਆ, ਦੱਖਣੀ ਅਮਰੀਕਾ ਤੇ ਅਫ਼ਰੀਕਾ ਦੇ ਕਈ ਦੇਸ਼ਾਂ ਵਿੱਚ ਭਗੌੜੇ ਅਪਰਾਧੀਆਂ ਦੀ ਪੈੜ ਨੱਪਣ ਵਰਗੀਆਂ ਕਾਰਵਾਈਆਂ ਨੂੰ ਅੰਜਾਮ ਦਿੱਤਾ ਗਿਆ।ਜ਼ਿਕਰਯੋਗ ਹੈ ਕਿ 'ਆਪਰੇਸ਼ਨ ਸ਼ਾਹਿਦ' ਕਾਊਂਟਰ ਇੰਟੈਲੀਜੈਂਸ ਵਿੰਗ ਦੇ ਆਈ ਜੀ ਪੀ ਓ ਐੱਫ ਟੀ ਈ ਸੀ ਅਸ਼ੀਸ਼ ਚੌਧਰੀ ਦੀ ਦੇਖ-ਰੇਖ ਹੇਠ ਚਲਾਇਆ ਗਿਆ, ਜਿਨ੍ਹਾਂ ਨੇ ਕੌਮਾਂਤਰੀ ਤਾਲਮੇਲ ਅਤੇ ਫ਼ਾਲੋ-ਅੱਪ ਯਤਨਾਂ ਦੀ ਅਗਵਾਈ ਕੀਤੀ।

ਦੀਵਾਲੀ ਦਾ ਤਿਉਹਾਰ ਖ਼ੁਸ਼ੀ ਤੇ ਉਤਸ਼ਾਹ ਨਾਲ ਮਨਾਇਆ

ਚੰਡੀਗੜ੍ਹ (ਸੁਰਜੀਤ ਸੁਮਨ)- ਏ ਪੀ ਜੇ ਪਬਲਿਕ ਸਕੂਲ, ਮੁੰਡੀ ਖਰੜ ਵਿਖੇ ਰੌਸ਼ਨੀਆਂ ਦਾ ਤਿਉਹਾਰ ਦੀਵਾਲੀ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਨਰਸਰੀ ਤੋਂ ਬਾਰ੍ਹਵੀਂ



ਜਮਾਤ ਤੱਕ ਦੇ ਵਿਦਿਆਰਥੀਆਂ ਲਈ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਅਤੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਦਾ ਉਦੇਸ਼ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਕਲਾਤਮਕ ਰੁਚੀ ਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ।ਪਹਿਲੀ ਜਮਾਤ ਦੇ ਵਿਦਿਆਰਥੀਆਂ ਨੇ ਦੀਵਾ ਸਜਾਵਟ ਗਤੀਵਿਧੀ ਵਿੱਚ ਭਾਗ ਲਿਆ, ਜਦਕਿ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਕਾਗਜ਼ ਦੇ ਲਾਲਟੈਨ ਬਣਾਏ। ਤੀਜੀ ਜਮਾਤ ਦੇ ਵਿਦਿਆਰਥੀਆਂ ਨੇ ਸੁੰਦਰ ਸਜਾਵਟੀ ਥਾਲੀਆਂ ਤਿਆਰ ਕੀਤੀਆਂ। ਚੌਥੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਬੇਕਾਰ ਸਮੱਗਰੀ ਤੋਂ ਦੀਵਾਲੀ ਦੀ ਸਜਾਵਟੀ ਵਸਤੂਆਂ ਤਿਆਰ ਕਰਕੇ ਮੁੜ ਵਰਤੋਂ ਅਤੇ ਰੀਸਾਈਕਲਿੰਗ ਦਾ ਸੰਦੇਸ਼ ਦਿੱਤਾ। ਇਸ ਸਮਾਗਮ ਦਾ ਮੁੱਖ ਆਕਰਸ਼ਣ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਕਰਵਾਇਆ ਗਿਆ ਰੰਗੋਲੀ ਮੁਕਾਬਲਾ ਰਿਹਾ, ਜਿਸ ਵਿੱਚ ਪੰਜ-ਪੰਜ ਵਿਦਿਆਰਥੀਆਂ ਦੇ ਸਮੂਹਾਂ ਨੇ ਉਤਸ਼ਾਹ ਨਾਲ ਭਾਗ ਲਿਆ। ਰੰਗ-ਬਿਰੰਗੀਆਂ ਅਤੇ ਮਨਮੋਹਕ ਰੰਗੋਲੀਆਂ ਨੇ ਵਿਦਿਆਰਥੀਆਂ ਦੀ ਕਲਾਤਮਕ ਪ੍ਰਤਿਭਾ ਅਤੇ ਟੀਮ ਭਾਵਨਾ ਨੂੰ ਦਰਸਾਇਆ। ਸਕੂਲ ਦੇ ਪ੍ਰਿੰਸੀਪਲ ਜਸਵੀਰ ਚੰਦਰ ਨੇ ਵਿਦਿਆਰਥੀਆਂ ਦੇ ਯਤਨਾਂ ਅਤੇ ਸਿਰਜਣਾਤਮਕਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦੀਵਾਲੀ ਦਾ ਤਿਉਹਾਰ ਵਾਤਾਵਰਨ-ਅਨੁਕੂਲ ਢੰਗ ਨਾਲ ਮਨਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਮਿੱਟੀ ਦੇ ਦੀਵੇ ਜਗਾਉਣ, ਪਟਾਕਿਆਂ ਤੋਂ ਪਰਹੇਜ਼ ਕਰਨ, ਪ੍ਰਦੂਸ਼ਣ ਘਟਾਉਣ ਅਤੇ ਪਿਆਰ, ਖੁਸ਼ੀਆਂ ਤੇ ਦਇਆ ਵੰਡਣ ਦਾ ਸੰਦੇਸ਼ ਦਿੱਤਾ। ਇਹ ਸਮਾਗਮ ਖੁਸ਼ੀ ਅਤੇ ਉਤਸ਼ਾਹ ਭਰੇ ਮਾਹੌਲ ਵਿੱਚ ਸੰਪੰਨ ਹੋਇਆ। ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਸਿੱਖਣ, ਆਪਣੀ ਪ੍ਰਤਿਭਾ ਦਿਖਾਉਣ ਅਤੇ ਵਾਤਾਵਰਣ ਦੀ ਸੁਰੱਖਿਆ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਣ ਦਾ ਸੁਨਹਿਰੀ ਮੌਕਾ ਪ੍ਰਦਾਨ ਕੀਤਾ।

ਮਾਨ ਸਰਕਾਰ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਇਸ ਸਾਲ 56,183 ਕੰਪਿਊਟਰ ਦਿੱਤੇ

ਚੰਡੀਗੜ੍ਹ (ਗੁਰਜੀਤ ਬਿੱਲਾ)- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਪ੍ਰਮੁੱਖ ਪ੍ਰੋਗਰਾਮ 'ਸਿੱਖਿਆ ਕ੍ਰਾਂਤੀ' ਤਹਿਤ ਪੰਜਾਬ ਭਰ ਦੇ ਸਰਕਾਰੀ ਸਕੂਲਾਂ ਵਿੱਚ ਡਿਜੀਟਲ ਬਦਲਾਅ ਲਿਆਉਣ ਲਈ ਅਹਿਮ ਕਦਮ ਚੁੱਕੇ ਜਾ ਰਹੇ ਹਨ। ਇਸੇ ਤਹਿਤ, ਇਸ ਸਾਲ ਦੀ ਸ਼ੁਰੂਆਤ ਵਿੱਚ ਲਗਭਗ 396 ਕਰੋੜ ਰੁਪਏ ਦੇ ਨਿਵੇਸ਼ ਨਾਲ 40,003 ਡੈਸਕਟਾਪ ਕੰਪਿਊਟਰ ਮੁਹੱਈਆ ਕਰਵਾਏ ਗਏ। ਹੁਣ ਇਸ ਪਹਿਲਕਦਮੀ ਦੇ ਦੂਜੇ ਪੜਾਅ ਦਾ ਵਿਸਤਾਰ ਕੀਤਾ ਜਾ ਰਿਹਾ ਹੈ ਜਿਸ ਤਹਿਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ 16,180 ਹੋਰ ਡੈਸਕਟਾਪ ਕੰਪਿਊਟਰ ਮੁਹੱਈਆ ਕਰਵਾਏ ਜਾਣਗੇ, ਜਿਸ ਨਾਲ ਕੰਪਿਊਟਰਾਂ ਦੀ ਗਿਣਤੀ 56,183 ਹੋ ਜਾਵੇਗੀ। ਦੂਜੇ ਪੜਾਅ ਲਈ ਕੰਪਿਊਟਰਾਂ ਦੀ ਡਿਲਿਵਰੀ ਅਤੇ ਸਥਾਪਤ ਕਰਨ ਦੀ ਪ੍ਰਕਿਰਿਆ 2 ਨਵੰਬਰ ਤੋਂ 1 ਦਸੰਬਰ, 2026 ਤੱਕ ਨਿਰਧਾਰਤ ਕੀਤੀ ਗਈ ਹੈ। 'ਸਿੱਖਿਆ ਕ੍ਰਾਂਤੀ' ਤਹਿਤ 2,004 ਹੋਰ ਸਰਕਾਰੀ ਸਕੂਲਾਂ ਵਿੱਚ ਕੰਪਿਊਟਰ ਲੈਬਾਂ ਸਥਾਪਤ ਕੀਤੀਆਂ ਜਾਣਗੀਆਂ, ਜਦਕਿ ਇਸ ਵਰ੍ਹੇ ਦੇ ਸ਼ੁਰੂ ਵਿੱਚ ਕੰਪਿਊਟਰ ਲੈਬਾਂ ਸਥਾਪਤ ਕੀਤੇ ਗਏ ਸਕੂਲਾਂ ਦੀ ਗਿਣਤੀ 5,064 ਤੱਕ ਪਹੁੰਚ ਚੁੱਕੀ ਹੈ। ਇਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਹਰ ਬੱਚਾ, ਭਾਵੇਂ ਉਸ ਦਾ ਪਿਛੋਕੜ ਕੋਈ ਵੀ ਹੋਵੇ, ਮਿਆਰੀ ਸਿੱਖਿਆ ਅਤੇ ਇਸ ਨਾਲ ਸਬੰਧਤ ਮੌਕਿਆਂ ਤੱਕ ਪਹੁੰਚ ਦਾ ਹੱਕਦਾਰ ਹੈ। ਪੰਜਾਬ ਸਿੱਖਿਆ ਕ੍ਰਾਂਤੀ ਰਾਹੀਂ, ਅਸੀਂ ਸਰਕਾਰੀ ਸਕੂਲਾਂ ਵਿੱਚ ਅਹਿਮ ਬਦਲਾਅ ਲਿਆ ਰਹੇ ਹਾਂ ਅਤੇ ਕਲਾਸਰੂਮਾਂ ਨੂੰ ਆਧੁਨਿਕ ਤਕਨਾਲੋਜੀ ਨਾਲ ਲੈਸ ਕਰ ਰਹੇ ਹਾਂ। ਸਾਡਾ ਦ੍ਰਿਸ਼ਟੀਕੋਣ ਸਪੱਸ਼ਟ ਹੈ ਕਿ ਪੰਜਾਬ ਦੇ ਹਰ ਬੱਚੇ ਕੋਲ ਬਿਹਤਰ ਭਵਿੱਖ ਬਣਾਉਣ ਲਈ ਸਾਧਨ, ਵਿਸ਼ਵਾਸ ਅਤੇ ਬਰਾਬਰ ਮੌਕੇ ਹੋਣ।' ਇਸ ਦੌਰਾਨ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, 'ਪੰਜਾਬ ਸਿੱਖਿਆ ਕ੍ਰਾਂਤੀ ਨਾ ਸਿਰਫ਼ ਸਾਡੇ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਬਦਲ ਰਹੀ ਹੈ, ਸਗੋਂ ਉਨ੍ਹਾਂ ਵਿੱਚ ਪੜ੍ਹਦੇ ਹਰ ਬੱਚੇ ਲਈ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਵੀ ਖੋਲ੍ਹ ਰਹੀ ਹੈ। ਪਹਿਲੇ ਪੜਾਅ ਵਿੱਚ ਇੰਟਰਐਕਟਿਵ ਫਲੈਟ ਪੈਨਲ ਪ੍ਰਦਾਨ ਕੀਤੇ ਗਏ ਹਨ ਅਤੇ ਅਗਲੇ ਪੜਾਅ ਵਿੱਚ ਡੈਸਕਟੌਪ ਕੰਪਿਊਟਰ ਪ੍ਰਦਾਨ ਕਰਕੇ, ਅਸੀਂ ਸੂਬੇ ਭਰ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਤਕਨਾਲੋਜੀ ਦੇ ਹੋਰ ਨੇੜੇ ਲਿਆ ਰਹੇ ਹਾਂ। ਸਾਡਾ ਟੀਚਾ ਕਲਾਸਰੂਮਾਂ ਨੂੰ ਵਧੇਰੇ ਦਿਲਚਸਪ ਬਣਾਉਣਾ, ਸਿੱਖਣ ਨੂੰ ਵਧੇਰੇ ਅਰਥਪੂਰਨ ਬਣਾਉਣਾ ਅਤੇ ਸਰਕਾਰੀ ਸਕੂਲਾਂ ਨੂੰ ਅਜਿਹੀ ਨੁਹਾਰ ਦੇਣਾ ਹੈ ਜਿਸ ਨਾਲ ਹਰ ਪੰਜਾਬੀ ਨੂੰ ਇਹਨਾਂ ਸਕੂਲਾਂ 'ਤੇ ਮਾਣ ਹੋਵੇ।' ਇਸੇ ਸਾਲ ਵਿੱਚ 8,268 ਇੰਟਰਐਕਟਿਵ ਫਲੈਟ ਪੈਨਲ ਡਿਲਿਵਰ ਕਰਕੇ ਕਲਾਸਰੂਮਾਂ ਵਿੱਚ ਡਿਜੀਟਲ ਲਰਨਿੰਗ ਯਕੀਨੀ ਬਣਾਈ ਗਈ। ਕੰਪਿਊਟਰ ਪ੍ਰਦਾਨ ਕਰਨ ਦੇ ਨਾਲ-ਨਾਲ, ਪਹਿਲੇ ਪੜਾਅ ਅਧੀਨ 3,694 ਸਰਕਾਰੀ ਸਕੂਲਾਂ ਵਿੱਚ 8,268 ਇੰਟਰਐਕਟਿਵ ਫਲੈਟ ਪੈਨਲ (ਆਈ ਐਫ ਪੀਜ਼) ਡਿਲਿਵਰ ਕੀਤੇ ਗਏ ਹਨ, ਜਿਸ ਨਾਲ ਸੂਬੇ ਭਰ ਦੇ ਕਲਾਸਰੂਮਾਂ ਵਿੱਚ ਤਕਨਾਲੋਜੀ-ਸਮਰਥਿਤ ਅਧਿਆਪਨ ਸਾਧਨਾਂ ਨੂੰ ਯਕੀਨੀ ਬਣਾਇਆ ਗਿਆ। ਡਿਜੀਟਲ ਬੁਨਿਆਦੀ ਢਾਂਚਾ ਅਧਿਆਪਕਾਂ ਲਈ ਰੋਜ਼ਾਨਾ ਦੇ ਪਾਠਾਂ ਵਿੱਚ ਮਲਟੀਮੀਡੀਆ ਸਰੋਤਾਂ, ਡਿਜੀਟਲ ਸਮੱਗਰੀ ਅਤੇ ਅਸਲ-ਸਮੇਂ ਦੇ ਪ੍ਰਦਰਸ਼ਨਾਂ ਨੂੰ ਏਕੀਕ੍ਰਿਤ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ, ਜਿਸ ਨਾਲ ਕਲਾਸਰੂਮ ਲਰਨਿੰਗ ਨੂੰ ਵਧੇਰੇ ਪ੍ਰਭਾਵੀ ਅਤੇ ਦਿਲਚਸਪ ਬਣਾਇਆ ਜਾ ਸਕੇਗਾ।

ਪੁਲਸ ਨੇ ਦੀਵਾਲੀ ਮੌਕੇ ਮੁਸਤੈਦੀ ਨਾਲ ਡਿਊਟੀ ਨਿਭਾਈ



ਅੱਡਾ ਸਰਾਂ (ਜਸਵੀਰ ਕਾਜਲ)- ਜ਼ਿਲ੍ਹਾ ਹੁਸ਼ਿਆਰਪੁਰ ਦੇ ਪੁਲਸ ਮੁਖੀ ਦੇ ਦਿਸ਼ਾ ਨਿਰਦੇਸਾ ਹੇਠ ਅਤੇ ਡੀ ਐਸ ਪੀ ਦਵਿੰਦਰ ਸਿੰਘ ਬਾਜਵਾ ਟਾਂਡਾਂ ਤੇ ਥਾਣਾ ਮੁੱਖੀ ਅਮਰਜੀਤ ਕੌਰ ਦੇ ਹੁਕਮਾ ਤਹਿਤ ਅੱਡਾ ਸਰਾਂ ਦੇ ਚੋਕੀ ਇਨਚਾਰਜ ਏ ਐੱਸ ਆਈ ਸਜੀਵ ਕੁਮਾਰ ਦੀ ਪੁਲਸ ਵਲੋ ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰਖਦੇ ਹੋਏ ਅੱਡਾ ਸਰਾਂ ਤੇ ਬੜੀ ਮੁਸਤੈਦੀ ਨਾਲ ਡਿਊਟੀ ਨਿਭਾਈ। ਇਸ ਮੌਕੇ ਚੌਂਕੀ ਇਨਚਾਰਜ ਨੇ ਪਤਰਕਾਰਾਂ ਨਾਲ ਮੁਲਾਕਾਤ ਕਰਦਿਆਂ ਕਿਹਾ ਅਮਨ ਸ਼ਾਤੀ ਤੇ ਕਾਨੂੰਨ ਵਿਵਸਥਾ ਨੂੰ ਹਰ ਕੀਮਤ ਤੇ ਬਹਾਲ ਰਖਿਆ ਜਾਵੇਗਾ ਅਤੇ ਸਰਾਰਤੀ ਅਨਸਰਾਂ ਨੂੰ ਬਖਸਿਆ ਨਹੀਂ ਜਾਵੇਗਾ। ਉਨਾਂ ਕਿਹਾ ਪੁਲਸ ਲੋਕਾਂ ਦੀ ਸੁਰਖਿਆ ਅਤੇ ਸ਼ਾਤੀ ਪੂਰਨ ਮਾਹੌਲ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਕੋਈ ਵੀ ਸਰਾਰਤੀ ਅਨਸਰ ਬਖਸਿਆ ਨਹੀਂ ਜਾਵੇਗਾ। ਇਸ ਮੌਕੇ ਏ ਐੱਸ ਆਈ ਸੁਰਿੰਦਰਪਾਲ ਸਿੰਘ, ਏ ਐੱਸ ਆਈ ਜਗਤਾਰ ਸਿੰਘ, ਏ ਐੱਸ ਆਈ ਬੁਧ ਸਿੰਘ, ਹੈਡਕਾਸਟੇਬਲ ਬਲਵਿੰਦਰ ਸਿੰਘ ਆਦਿ ਪੁਲਸ ਕਰਮਚਾਰੀ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਮੀਟਿੰਗ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)- ਪੰਜਾਬ ਵਾਸੀਓ ਇੱਕ ਵਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੂੰ ਮੌਕਾ ਦਿਓ ਅਤੇ ਸਿਮਰਨਜੀਤ ਸਿੰਘ ਮਾਨ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਓ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾਕਟਰ ਹਰਜਿੰਦਰ ਸਿੰਘ ਜੱਖੂ ਦੁਆਬਾ ਇੰਚਾਰਜ ਅਤੇ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਜ਼ਿਲਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਦੀ ਪ੍ਰਧਾਨਗੀ ਹੇਠ ਵਿਧਾਨ ਸਭਾ ਹਲਕਾ ਟਾਂਡਾ ਦੇ ਜੋਨ ਇੰਚਾਰਜਾਂ ਦੀ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਸਮੇਂ ਡਾਕਟਰ ਜੱਖੂ ਨੇ ਦੱਸਿਆ ਕਿ



ਇਹ ਮੀਟਿੰਗ ਸਤਿਕਾਰਯੋਗ ਵਿਛੜੇ ਸਾਥੀ ਸੰਦੀਪ ਸਿੰਘ ਖਾਲਸਾ ਨੂੰ ਸ਼ਰਧਾਂਜਲੀ ਦੇ ਕੇ ਸ਼ੁਰੂ ਕੀਤੀ ਗਈ। ਇਸ ਸਮੇਂ ਉਨਾਂ ਦੀ ਧਰਮ ਸੁਪਤਨੀ ਬੀਬੀ ਮਨਦੀਪ ਕੌਰ ਖਾਲਸਾ ਹਾਜਰ ਸਨ ਅਤੇ ਪਾਰਟੀ ਨੇ ਜਿਨਾਂ ਨੂੰ ਟਾਂਡਾ ਵਿਧਾਨ ਸਭਾ ਹਲਕਾ ਇੰਚਾਰਜ ਦੀ ਜ਼ਿੰਮੇਵਾਰੀ ਪਹਿਲਾਂ ਹੀ ਦਿੱਤੀ ਹੋਈ ਹੈ। ਇਸ ਸਮੇਂ ਡਾਕਟਰ ਜੱਖੂ ਨੇ ਕਿਹਾ 2017 ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਲੋ ਬੇਗਮਪੁਰਾ ਖਾਲਸਾ ਰਾਜ ਦੇ ਸੰਕਲਪ ਦੀ ਪਹਿਰੇਦਾਰੀ, ਨਸ਼ਾ ਮੁਕਤੀ, ਪੁਲਿਸ ਜਬਰ, ਬੇਰੁਜ਼ਗਾਰੀ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਮੁੱਖ ਚੋਣ ਮੁੱਦੇ ਹੋਣਗੇ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਕਿਹਾ ਕਿ 10 ਨਵੰਬਰ ਨੂੰ ਸਵਰਨ ਮੈਰਿਜ ਪੈਲਸ ਕੋਟ ਫਤੂਹੀ ਵਿਖੇ ਸਿਮਰਨਜੀਤ ਸਿੰਘ ਮਾਨ, ਇਮਾਨ ਸਿੰਘ ਮਾਨ, ਡਾਕਟਰ ਹਰਜਿੰਦਰ ਸਿੰਘ ਜੱਖੂ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਸੰਗਤਾਂ ਨਾਲ ਮੌਜੂਦਾ ਹਾਲਾਤਾਂ ਤੇ ਚਾਨਣਾ ਪਾਉਣਗੇ ਅਤੇ ਪੰਥ ਅਤੇ ਪੰਜਾਬ ਪੱਖੀ ਸਿਆਸਤ ਸਿਰਜਣ ਲਈ ਵਿਚਾਰ ਸਾਂਝੇ ਕਰਨਗੇ। ਇਸ ਸਮੇਂ ਗੁਰਵਿੰਦਰ ਸਿੰਘ ਮਿਆਣੀ, ਮਹਿਤਾਬ ਸਿੰਘ ਹੁੰਦਲ, ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਗੁਰਵਿੰਦਰ ਸਿੰਘ ਗਿੱਦੜਵਿੰਡੀ, ਹੈਪੀ ਕੌਲ ਫਗਵਾੜਾ, ਹਰਭਜਨ ਸਿੰਘ ਜੌਹਲ, ਮਨਜਿੰਦਰ ਸਿੰਘ ਜੌਹਲ, ਅਮਨਦੀਪ ਸਿੰਘ ਜੌਹਲ, ਪ੍ਰੀਤ ਸਿੰਘ ਝੱਜ, ਗੁਰਦੀਪ ਸਿੰਘ ਝੱਜ, ਬਘੇਲ ਸਿੰਘ ਟਾਂਡਾ, ਇੰਦਰਜੀਤ ਸਿੰਘ, ਜਗਦੀਪ ਸਿੰਘ ਆਦਿ ਹਾਜ਼ਰ ਸਨ।

ਪੌਣ-ਪਾਣੀ ਬਚਾਉਣ ਲਈ ਗੰਭੀਰ ਯਤਨ ਕਰਨ ਦੀ ਲੋੜ

ਚੰਡੀਗੜ੍ਹ (ਸੁਰਜੀਤ ਸੁਮਨ)- ਦੀਵਾਲੀ ਲੋਕ ਮਨਾਂ ਵਿੱਚ ਵਸਦਾ ਇੱਕ ਪਵਿੱਤਰ ਤਿਓਹਾਰ ਹੈ, ਜੋ ਭਾਰਤੀ ਲੋਕਾਂ ਵੱਲੋਂ ਬਹੁਤ ਹੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਕਿਸੇ ਵੇਲੇ ਮਿੱਟੀ ਦੇ ਤੇਲ ਦੇ ਦੀਵੇ ਜਗਾਏ ਜਾਂਦੇ ਸਨ, ਜੋ ਅੱਜ ਰਸਮ ਵਾਂਗ ਹੀ ਹਨ। ਅਜੋਕੇ ਸਮੇਂ ਵਿੱਚ ਬਿਜਲਈ ਲੜੀਆਂ ਨਾਲ ਘਰ ਰੁਸ਼ਨਾਏ ਜਾਂਦੇ ਹਨ। ਬਾਜ਼ਾਰਾਂ ਦੀਆਂ ਰੌਣਕਾਂ ਆਪਣੇ ਆਪ ਵਿੱਚ ਹੀ ਤੁਹਾਨੂੰ ਰੰਗੀਨ ਦੁਨੀਆਂ ਵਿੱਚ ਲੈ ਜਾਂਦੀਆਂ ਹਨ। ਵਿਸ਼ਵ ਬਾਜ਼ਾਰ ਦੇ ਮੱਦੇਨਜ਼ਰ ਸਥਾਨਕ ਬਾਜ਼ਾਰ ਵੱਲੋਂ ਇਸ ਮੌਕੇ ਮਠਿਆਈਆਂ, ਪਟਾਕਿਆਂ, ਆਤਿਸ਼ਬਾਜ਼ੀਆਂ ਆਦਿ ਖਰੀਦ-ਵੇਚ ਕੇ ਖੂਬ ਧਨ ਕਮਾਇਆ ਜਾਂਦਾ ਹੈ। ਖੁਸ਼ ਹੋਣ ਵੇਲੇ ਖੁਸ਼ ਹੁੰਦੇ ਹਨ। ਇੱਕ ਦੂਜੇ ਨੂੰ ਮਿਲ ਕੇ, ਉਨ੍ਹਾਂ ਦੇ ਘਰਾਂ ਵਿੱਚ ਜਾ ਕੇ ਤੋਹਫਿਆਂ ਦਾ ਆਦਾਨ-ਪ੍ਰਦਾਨ ਕਰਕੇ ਭਾਈਚਾਰਕ ਸਾਂਝ, ਰਿਸ਼ਤੇਦਾਰੀਆਂ ਤੇ ਮਿੱਤਰਚਾਰਿਆਂ ਦੀ ਪਕੜ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਅਜਿਹੇ ਤਿਓਹਾਰਾਂ ਦੀ ਸਮਾਜਿਕ ਮਹੱਤਤਾ ਬਹੁਤ ਵਧ ਜਾਂਦੀ ਹੈ। ਅੱਜ ਦੇ ਯੁੱਗ ਜਿਸ ਵਿੱਚ ਹਰ ਕੋਈ ਡਿਪਰੈਸ਼ਨ ਦਾ ਸ਼ਿਕਾਰ ਹੋ ਰਿਹਾ ਹੈ, ਆਪਸੀ ਰਿਸ਼ਤਿਆਂ ਵਿੱਚ ਟੁੱਟ-ਭੱਜ ਹੋ ਰਹੀ ਹੈ। ਤਿਓਹਾਰਾਂ ਵੇਲੇ ਲੋਕਾਂ ਨੂੰ ਕੁਝ ਸਮਾਂ ਆਪਣੇ ਆਪ ਜਾਂ ਦੂਜਿਆਂ ਨੂੰ ਸਮਝਣ ਲਈ ਮਿਲ ਜਾਂਦਾ ਹੈ। ਇਸ ਸਬੰਧੀ ਸਾਬਕਾ ਸਿਹਤ ਮੰਤਰੀ ਤੇ ਸੀਨੀਅਰ ਕਾਂਗਰਸੀ ਆਗੂ



ਬਲਬੀਰ ਸਿੰਘ ਸਿੱਧੂ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਖੇੜਾ, ਨਗਰ ਕੌਂਸਲ ਕੁਰਾਲੀ ਦੇ ਸਾਬਕਾ ਪ੍ਰਧਾਨ ਕਾਂਗਰਸੀ ਆਗੂ ਰਣਜੀਤ ਸਿੰਘ ਜੀਤੀ ਪਡਿਆਲ਼ਾ, ਭਾਜਪਾ ਆਗੂ ਚੌਧਰੀ ਸ਼ਿਆਮ ਲਾਲ ਮਾਜਰੀਆਂ, ਪੰਜਾਬ ਸਿਵਲ ਸਕੱਤਰੇਤ ਦੇ ਅਧਿਕਾਰੀ ਪਰਮਦੀਪ ਸਿੰਘ ਭਬਾਤ, ਮਲਕੀਅਤ ਸਿੰਘ ਔਜਲਾ, ਜਸਪ੍ਰੀਤ ਸਿੰਘ ਰੰਧਾਵਾ ਤੇ ਭੁਪਿੰਦਰ ਸਿੰਘ ਝੱਜ ਨੇ ਕਿਹਾ ਕਿ ਸਾਨੂੰ ਆਪਣੀਆਂ ਔਲਾਦਾਂ ਦਾ ਭਵਿੱਖ ਸੁਰੱਖਿਅਤ ਰੱਖਣ ਲਈ ਪੌਣ-ਪਾਣੀ, ਹਵਾ ਪ੍ਰਦੂਸ਼ਣ, ਆਲੇ-ਦੁਆਲੇ ਦੀ ਸਾਫ-ਸਫਾਈ ਤੇ ਖਾਸ ਕਰਕੇ ਸਮਾਜਿਕ ਮਿਲਵਰਤਣ, ਸਹਿਯੋਗ ਤੇ ਸਹਿਚਾਰ ਲਈ ਸਦਾ ਯਤਨਸ਼ੀਲ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਮਾਨਵਵਾਦੀ ਕਦਰਾਂ-ਕੀਮਤਾਂ ਨੂੰ ਪ੍ਰਣਾਉਂਦੇ ਹੋਏ ਸਾਨੂੰ ਸਾਹਿਤ, ਸਿਹਤ, ਸਭਿਆਚਾਰ, ਚੰਗੇ ਸੰਗੀਤ, ਵਾਤਾਵਰਣ ਖਾਸ ਤੌਰ 'ਤੇ ਮੁਹੱਬਤੀ ਪੁਲ ਸਿਰ ਕੇ ਮਨੁੱਖਤਾ ਨੂੰ ਬਚਾਉਣ ਲਈ ਦਿਨ-ਰਾਤ ਉਪਰਾਲਾ ਕਰਨ ਦੀ ਜ਼ਰੂਰਤ ਹੈ।

ਅਧਿਆਪਕਾਂ 'ਤੇ ਕੀਤੇ ਤਸ਼ੱਦਦ ਦੀ ਜੀ ਟੀ ਯੂ ਵੱਲੋਂ ਨਿਖੇਧੀ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)- ਪਿਛਲੇ ਲਗਭਗ ਇੱਕੀ ਸਾਲਾਂ ਤੋਂ ਸਿੱਖਿਆ ਵਿਭਾਗ ਵਿੱਚ ਪਿਕਟਸ ਸੁਸਾਇਟੀ ਅਧੀਨ ਸਰਕਾਰੀ ਸਕੂਲਾਂ ਵਿੱਚ ਕੰਮ ਕਰ ਰਹੇ ਕੰਪਿਊਟਰ ਅਧਿਆਪਕਾਂ ਉੱਪਰ ਸਰਕਾਰ ਦੀ ਸ਼ਹਿ ਤੇ ਪੁਲਿਸ ਦੀ ਤਸ਼ੱਦਦ ਦੀ ਗੌਰਮਿੰਟ ਟੀਚਰਜ ਯੂਨੀਅਨ ਨਿਖੇਧੀ ਕਰਦੀ ਹੈ।ਇਹਨਾਂ



ਸ਼ਬਦਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰਜ ਯੂਨੀਅਨ ਬਲਾਕ ਕੋਟ ਫਤੂਹੀ ਦੇ ਪ੍ਰਧਾਨ ਨਰਿੰਦਰ ਅਜਨੋਹਾ ਅਤੇ ਜਨਰਲ ਸਕੱਤਰ ਉਂਕਾਰ ਸਿੰਘ ਨੇ ਕੀਤਾ।ਇਸ ਮੌਕੇ ਜੀ ਟੀ ਯੂ ਦੇ ਆਗੂਆਂ ਨੇ ਕਿਹਾ ਕਿ ਕੰਪਿਊਟਰ ਅਧਿਆਪਕਾਂ ਵੱਲੋਂ ਆਪਣੀਆਂ ਸੇਵਾਵਾਂ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰਵਾਉਣ ਲਈ ਸੰਗਰੂਰ ਵਿਖੇ ਪੋਲ ਖੋਲ ਰੈਲੀ ਕਰ ਰਹੇ ਸਨ।ਇਹਨਾਂ ਰੈਲੀ ਕਰ ਰਹੇ ਅਧਿਆਪਕਾਂ ਉੱਪਰ ਪੁਲਿਸ ਨੇ ਲਾਠੀਚਾਰਜ ਕਰਕੇ ਤਸ਼ੱਦਦ ਢਾਇਆ ਜਿਸ ਵਿੱਚ ਕਈ ਕੰਪਿਊਟਰ ਅਧਿਆਪਕਾਂ ਦੇ ਫਰੈਕਚਰ ਤੱਕ ਵੀ ਆਇਆ।ਪੁਲਸ ਵਲੋਂ ਮਹਿਲਾ ਅਧਿਆਪਕਾਂ ਦੀ ਵੀ ਖਿੱਚ ਧੂਹ ਕੀਤੀ ਗਈ। ਇਸ ਮੌਕੇ ਆਗੂਆਂ ਨੇ ਮੰਗ ਕੀਤੀ ਕਿ ਕੰਪਿਊਟਰ ਅਧਿਆਪਕਾਂ ਸਮੇਤ ਸਾਰੇ ਕੱਚੇ ਅਧਿਆਪਕਾਂ ਨੂੰ ਸਰਕਾਰ ਪੱਕਾ ਕਰਕੇ ਆਪਣਾ ਚੋਣ ਵਾਅਦਾ ਪੂਰਾ ਕਰੇ।ਇਸ ਮੌਕੇ ਇਸ ਮੌਕੇ ਨਰਿੰਦਰ ਅਜਨੋਹਾ, ਉਂਕਾਰ ਸਿੰਘ,ਹਰਮਨੋਜ ਕੁਮਾਰ, ਜਤਿੰਦਰ ਸਿੰਘ, ਕੁਲਵੰਤ ਸਿੰਘ, ਬਲਜੀਤ ਸਿੰਘ, ਸੁਖਜੀਵਨ ਸਿੰਘ, ਕਰਮਵੀਰ ਸਿੰਘ, ਧਰਮਵੀਰ, ਅਜੇ ਕੁਮਾਰ, ਮੱਖਣ ਸਿੰਘ, ਸੇਠੀ ਰਾਮ, ਹੇਮਰਾਜ, ਦਵਿੰਦਰ ਕੁਮਾਰ ਅਤੇ ਸੁਖਵਿੰਦਰ ਸਿੰਘ ਆਦਿ ਅਧਿਆਪਕ ਹਾਜ਼ਰ ਸਨ।

ਫਿਲੌਰ ਦੀਆਂ ਮੰਡੀਆਂ 'ਚ 9 ਲੱਖ 11 ਹਜ਼ਾਰ 801 ਕੁਇੰਟਲ ਝੋਨੇ ਦੀ ਸਰਕਾਰੀ ਖਰੀਦ

ਫਿਲੌਰ (ਨਿਰਮਨ)- ਫਿਲੌਰ ਦਾਣਾ ਮੰਡੀ ਅਤੇ ਇਸ ਦੀਆਂ ਸਹਯੋਗੀ ਮੰਡੀਆਂ ਅੱਪਰਾ, ਲਸਾੜਾ, ਤੇਹਿੰਗ, ਮੁਠੱਡਾ ਵਿੱਚ ਝੋਨੇ ਦੀ ਭਾਰੀ ਆਮਦ ਹੋ ਰਹੀ ਹੈ। ਮਾਰਕੀਟ ਕਮੇਟੀ ਦੇ ਅਧਿਕਾਰੀਆਂ ਤੋਂ ਮਿਲੀ ਜਾਣਕਾਰੀ ਮੁਤਾਬਿਕ ਹੁਣ ਤੱਕ ਉਪਰੋਕਤ ਮੰਡੀਆਂ ਵਿੱਚ 9 ਲੱਖ 11 ਹਜ਼ਾਰ 801 ਕੁਇੰਟਲ ਝੋਨੇ ਦੀ ਖ੍ਰੀਦ ਪਨਗ੍ਰੇਨ, ਮਾਰਕਫੈੱਡ, ਪਨਸਪ ਵੱਲੋਂ ਕੀਤੀ ਜਾ ਰਹੀ ਹੈ। ਇਸ ਵਾਰ ਝੋਨੇ ਦੀ ਕੀਮਤ 2661 ਰੁਪਏ ਕੁਇੰਟਲ ਹੈ। ਸੈਕਟਰੀ ਮਾਰਕੀਟ ਕਮੇਟੀ ਸੁਖਜਿੰਦਰ ਸਿੰਘ ਨੇ ਦੱਸਿਆ ਕਿ ਉਨਾ ਨਾਲੋ ਨਾਲ ਚੁਕਵਾ ਕੇ ਗੁਦਾਮਾਂ ਵਿੱਚ ਭੇਜਿਆ ਜਾ ਰਿਹਾ ਹੈ ਭੁਗਤਾਨ ਵੀ ਨਾਲੋ ਨਾਲ ਹੋ ਰਿਹਾ ਹੈ।

ਭਾਜਪਾ ਹਮੇਸ਼ਾ ਪੰਜਾਬ ਦੇ ਕਿਸਾਨਾਂ ਨੂੰ ਬਦਨਾਮ ਕਰਨ ਦੇ ਮੌਕੇ ਲੱਭਦੀ ਰਹਿੰਦੀ : ਬਲਤੇਜ ਪੰਨੂ

ਚੰਡੀਗੜ੍ਹ,(ਗੁਰਜੀਤ ਬਿੱਲਾ)- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਆਗੂਆਂ ਵੱਲੋਂ ਪੰਜਾਬ ਦੇ ਕਿਸਾਨਾਂ ਨੂੰ ਪ੍ਰਦੂਸ਼ਣ ਦੇ ਨਾਂਅ 'ਤੇ ਲਗਾਤਾਰ ਨਿਸ਼ਾਨਾ ਬਣਾਉਣ ਅਤੇ ਬਦਨਾਮ ਕਰਨ ਲਈ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਜੇ ਝੋਨੇ ਦੀ ਵਾਢੀ ਸ਼ੁਰੂ ਵੀ ਨਹੀਂ ਹੋਈ ਸੀ, ਉਦੋਂ ਤੋਂ ਹੀ ਦਿੱਲੀ ਦੇ ਭਾਜਪਾ ਨੇਤਾਵਾਂ ਨੇ ਇੱਕੋ ਰਾਗ ਅਲਾਪਣਾ ਸ਼ੁਰੂ ਕਰ ਦਿੱਤਾ ਸੀ ਕਿ ਦਿੱਲੀ ਵਿੱਚ ਧੂੰਆਂ ਪੰਜਾਬ ਤੋਂ ਆ ਰਿਹਾ ਹੈ। ਦੀਵਾਲੀ ਉੱਤੇ ਦਿੱਲੀ ਵਿੱਚ ਬਣੇ ਗੈਸ ਚੈਂਬਰ ਵਰਗੇ ਹਾਲਾਤ ਅਤੇ ਆਪਣੀਆਂ ਪ੍ਰਸ਼ਾਸਨਿਕ ਨਾਕਾਮੀਆਂ ਨੂੰ ਛੁਪਾਉਣ ਲਈ ਭਾਜਪਾ ਆਗੂ ਹਰ ਰੋਜ਼ ਨਵੇਂ ਮਨਘੜਤ ਦੋਸ਼ ਲਗਾ ਰਹੇ ਹਨ। ਭਾਜਪਾ ਆਗੂ ਕਪਿਲ ਮਿਸ਼ਰਾ ਦੇ ਬਿਆਨਾਂ 'ਤੇ ਪਲਟਵਾਰ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਰਾਤੋ-ਰਾਤ 1200 ਲੋਕਾਂ ਵੱਲੋਂ ਪਰਾਲੀ ਸਾੜਨ ਦਾ ਦਾਅਵਾ ਪੂਰੀ ਤਰ੍ਹਾਂ ਬੇਬੁਨਿਆਦ ਅਤੇ ਹਾਸੋਹੀਣਾ ਹੈ। ਜੇਕਰ ਕਪਿਲ ਮਿਸ਼ਰਾ ਦੇ ਦਾਅਵਿਆਂ ਵਿੱਚ ਕੋਈ ਸੱਚਾਈ ਹੈ, ਤਾਂ ਉਨ੍ਹਾਂ ਨੂੰ ਆਪਣੇ ਹੀ ਆਗੂ ਮਨਜਿੰਦਰ ਸਿੰਘ ਸਿਰਸਾ ਤੋਂ ਜਵਾਬ ਮੰਗਣਾ ਚਾਹੀਦਾ ਹੈ, ਜੋ ਕਈ ਦਿਨਾਂ ਤੋਂ ਪੰਜਾਬ ਤੋਂ ਧੂੰਆਂ ਆਉਣ ਦੀ ਬਿਆਨਬਾਜ਼ੀ ਕਰ ਰਹੇ ਸਨ। ਪੰਨੂ ਨੇ ਸਪੱਸ਼ਟ ਕੀਤਾ ਕਿ ਇਸ ਸਾਲ ਪੰਜਾਬ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ 90% ਤੱਕ ਕੰਟਰੋਲ ਹਾਸਲ ਕਰ ਲਿਆ ਹੈ, ਜਦਕਿ ਪਿਛਲੇ ਸਾਲ 80% ਕਮੀ ਦਰਜ ਕੀਤੀ ਗਈ ਸੀ—ਜਿਸ ਦਾ ਸਬੂਤ ਖੁਦ ਸੰਸਦ ਦੇ ਅਧਿਕਾਰਤ ਰਿਕਾਰਡ ਵਿੱਚ ਦਰਜ ਕੇਂਦਰ ਸਰਕਾਰ ਦੇ ਜਵਾਬ ਵਿੱਚ ਮੌਜੂਦ ਹੈ। ਭਾਜਪਾ ਦੀ ਕਿਸਾਨ-ਵਿਰੋਧੀ ਮਾਨਸਿਕਤਾ 'ਤੇ ਹਮਲਾ ਬੋਲਦਿਆਂ ਪੰਨੂ ਨੇ ਕਿਹਾ ਕਿ ਦਿੱਲੀ ਸਰਹੱਦਾਂ 'ਤੇ ਕਾਲੇ ਖੇਤੀ ਕਾਨੂੰਨਾਂ ਵਿਰੁੱਧ ਅੰਦੋਲਨ ਦੌਰਾਨ ਸ਼ਹੀਦ ਹੋਏ 750 ਦੇ ਕਰੀਬ ਕਿਸਾਨਾਂ ਬਾਰੇ ਭਾਜਪਾ ਨੇ ਅੱਜ ਤੱਕ ਕੋਈ ਜਵਾਬ ਨਹੀਂ ਦਿੱਤਾ। ਹਰ ਰੋਜ਼ ਕੋਈ ਨਾ ਕੋਈ ਭਾਜਪਾ ਆਗੂ ਆ ਕੇ ਪੰਜਾਬ ਦੇ ਮਿਹਨਤੀ ਕਿਸਾਨਾਂ ਨੂੰ ਬਦਨਾਮ ਕਰਨ ਦੀ ਨਾਕਾਮ ਕੋਸ਼ਿਸ਼ ਕਰਦਾ ਹੈ। ਪੰਜਾਬ ਨੇ ਲਗਭਗ ਮੁਕੰਮਲ ਤੌਰ 'ਤੇ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਨਕੇਲ ਪਾ ਲਈ ਹੈ, ਇਸ ਲਈ ਭਾਜਪਾ ਨੂੰ ਝੂਠੀ ਬਿਆਨਬਾਜ਼ੀ ਬੰਦ ਕਰਕੇ ਆਪਣੀਆਂ ਨਾਕਾਮੀਆਂ ਵੱਲ ਧਿਆਨ ਦੇਣਾ ਚਾਹੀਦਾ ਹੈ।

ਵਿਸ਼ਵਕਰਮਾ ਦੇ ਜਨਮ ਦਿਹਾੜੇ 'ਤੇ ਧਾਰਮਿਕ ਸਮਾਗਮ ਕਰਵਾਇਆ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਗੁਰੂ ਸਾਹਿਬਾਨ ਦੀ ਅਪਾਰ ਬਖਸ਼ਿਸ਼ ਅਤੇ ਸੰਗਤਾਂ ਦੀ ਸ਼ਰਧਾ ਤੇ ਸਹਿਯੋਗ ਸਦਕਾ ਗੁਰਦੁਆਰਾ ਧੰਨ-ਧੰਨ ਬਾਬਾ ਵਿਸ਼ਵਕਰਮਾ ਸੁਲਤਾਨਪੁਰ ਲੋਧੀ ਵਿਖੇ ਇੱਕ ਵਿਸ਼ਾਲ ਧਾਰਮਿਕ ਸਮਾਗਮ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਮੂਹ ਦੇਸ਼ਾਂ-ਵਿਦੇਸ਼ਾਂ ਵਿੱਚ ਵੱਸਦੇ ਰਾਮਗੜ੍ਹੀਆ ਭਾਈਚਾਰੇ, ਇਲਾਕਾ ਵਾਸੀਆਂ ਅਤੇ ਰਾਮਗੜ੍ਹੀਆ ਨੌਜਵਾਨ ਸਭਾ ਸੁਲਤਾਨਪੁਰ ਲੋਧੀ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੌਰਾਨ ਪਹਿਲਾਂ ਆਰੰਭ ਕਰਵਾਏ ਗਏ ਛੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਗੁਰੂ ਚਰਨਾਂ ਵਿੱਚ ਸਰਬੱਤ ਦੇ ਭਲੇ, ਸਮੁੱਚੀ ਮਾਨਵਤਾ ਦੀ ਸੁੱਖ-ਸ਼ਾਂਤੀ ਅਤੇ ਭਾਈਚਾਰੇ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ। ਸਮੁੱਚੇ ਸਮਾਗਮ ਦੀ ਦੇਖ-ਰੇਖ ਗੁਰਦੁਆਰਾ ਇੰਚਾਰਜ ਸੁਖਵਿੰਦਰ ਸਿੰਘ ਰਾਮਗੜ੍ਹੀਆ ਵੱਲੋਂ ਕੀਤੀ ਗਈ। ਧਾਰਮਿਕ ਦੀਵਾਨਾਂ ਦੌਰਾਨ ਰਾਗੀ ਜਥਾ ਭਾਈ ਦਿਲਾਵਰ ਸਿੰਘ ਗੋਇੰਦਵਾਲ ਸਾਹਿਬ ਵਾਲਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਉੱਥੇ ਹੀ ਕਵੀਸ਼ਰੀ ਜਥਾ ਭਾਈ ਰਣਜੀਤ ਸਿੰਘ ਚੋਹਲਾ ਸਾਹਿਬ ਵਾਲਿਆਂ ਨੇ ਸਿੱਖ ਇਤਿਹਾਸ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਸਿੱਖ ਕੌਮ ਦੀਆਂ ਕੁਰਬਾਨੀਆਂ ਨੂੰ ਕਵੀਸ਼ਰੀ ਰਾਹੀਂ ਬਿਆਨ ਕਰਦਿਆਂ ਸੰਗਤਾਂ ਵਿੱਚ ਧਾਰਮਿਕ ਜੋਸ਼ ਅਤੇ ਸਿੱਖੀ ਜਜ਼ਬੇ ਦਾ ਸੰਚਾਰ ਕੀਤਾ। ਇਸ ਮੌਕੇ ਮੀਰੀ-ਪੀਰੀ ਗਤਕਾ ਕਮੇਟੀ ਦੇ ਸਿੰਘਾਂ ਵੱਲੋਂ ਗਤਕੇ ਦੇ ਸ਼ਾਨਦਾਰ ਜੌਹਰ ਦਿਖਾਏ ਗਏ। ਸਿੱਖ ਸ਼ਸਤਰ ਵਿੱਦਿਆ ਦੇ ਇਸ ਰਵਾਇਤੀ ਪ੍ਰਦਰਸ਼ਨ ਨੇ ਸੰਗਤਾਂ ਦਾ ਵਿਸ਼ੇਸ਼ ਧਿਆਨ ਖਿੱਚਿਆ ਅਤੇ ਸਿੱਖ ਵਿਰਾਸਤ, ਬਹਾਦਰੀ ਤੇ ਸਵੈ-ਰੱਖਿਆ ਦੀ ਅਮੀਰ ਪਰੰਪਰਾ ਦੀ ਯਾਦ ਤਾਜ਼ਾ ਕਰਵਾਈ।ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ, ਜਿੱਥੇ ਸੰਗਤਾਂ ਨੇ ਪੰਗਤ ਵਿੱਚ ਬੈਠ ਕੇ ਗੁਰੂ ਕਾ ਲੰਗਰ



ਛਕਿਆ। ਸਮਾਗਮ ਵਿੱਚ ਰਾਮਗੜ੍ਹੀਆ ਵੈਲਫੇਅਰ ਬੋਰਡ ਪੰਜਾਬ ਦੇ ਹਲਕਾ ਸੁਲਤਾਨਪੁਰ ਲੋਧੀ ਤੋਂ ਨਵ-ਨਿਯੁਕਤ ਚੇਅਰਮੈਨ ਗੁਰਸ਼ਰਨ ਸਿੰਘ (ਵਿੱਕੀ ਠੇਕੇਦਾਰ) ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਸਨਮਾਨ ਦਿੱਤਾ ਗਿਆ।ਪ੍ਰਬੰਧਕਾਂ ਨੇ ਗੁਰਸ਼ਰਨ ਸਿੰਘ ਭਾਂਬਰਾ ਨੂੰ ਰਾਮਗੜ੍ਹੀਆ ਵੈਲਫੇਅਰ ਬੋਰਡ ਪੰਜਾਬ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਸੱਜਣ ਚੀਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਧਰਤੀ ਨੂੰ ਇਹ ਅਹਿਮ ਮਾਣ-ਸਨਮਾਨ ਮਿਲਣਾ ਸਮੁੱਚੇ ਇਲਾਕੇ ਅਤੇ ਰਾਮਗੜ੍ਹੀਆ ਭਾਈਚਾਰੇ ਲਈ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ। ਇਸ ਤੋਂ ਇਲਾਵਾ ਸਮਾਗਮ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਸਮੂਹ ਦਾਨੀ ਸੱਜਣਾਂ, ਸਹਿਯੋਗੀਆਂ ਅਤੇ ਸੇਵਾਦਾਰਾਂ ਦਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਜਗੀਰ ਸਿੰਘ ਝੀਤਾ ਪ੍ਰਧਾਨ, ਪਰਮਜੀਤ ਸਿੰਘ ਖਾਲਸਾ, ਅਜੀਤ ਸਿੰਘ ਝੀਤਾ, ਰਘਵੀਰ ਸਿੰਘ, ਅਜੀਤ ਸਿੰਘ, ਜਸਵੰਤ ਸਿੰਘ ਬਲਾਗਨ, ਟਵਿੰਕਲ, ਗੁਰਦਿਆਲ ਸਿੰਘ, ਸੁਖਵਿੰਦਰ ਸਿੰਘ ਬੱਗਾ, ਮਾਸਟਰ ਹਰਵਿੰਦਰ ਸਿੰਘ ਵਿਰਦੀ, ਸੁਖਵਿੰਦਰ ਸਿੰਘ ਰਾਮਗੜ੍ਹੀਆ, ਪਰਮਜੀਤ ਸਿੰਘ, ਬਾਬਾ ਸੁਖਵਿੰਦਰ ਸਿੰਘ, ਇੰਦਰਜੀਤ ਸਿੰਘ ਬਾਊ, ਹਰਜਿੰਦਰ ਸਿੰਘ ਹੀਰਾ, ਮਹਿੰਦਰ ਸਿੰਘ, ਮਨਜੀਤ ਸਿੰਘ, ਰਜਿੰਦਰ ਸਿੰਘ, ਜਗੀਰ ਸਿੰਘ, ਦਿਲਬਾਗ ਸਿੰਘ ਲਾਇਲ, ਹਰਭਜਨ ਸਿੰਘ ਵਿਰਦੀ, ਬਿਕਰਮਜੀਤ ਸਿੰਘ ਲਾਇਲ, ਅਮਰਿੰਦਰ ਸਿੰਘ ਹੈਪੀ, ਨਵਰੂਪ ਸਿੰਘ ਝੀਤਾ, ਹਰਨੂਰ ਸਿੰਘ ਤੇ ਹੋਰ ਪਤਵੰਤੇ ਸੱਜਣ ਹਾਜਰ ਸਨ।

ਬਾਬਾ ਬਲਰਾਜ ਦਾ ਛਿੰਝ ਮੇਲਾ ਕਰਵਾਇਆ


ਬਲਾਚੌਰ (ਜਸਵਿੰਦਰ ਬੈਂਸ)- ਬਲਾਚੌਰ ਸ਼ਹਿਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੀਵਾਲੀ ਤੋਂ ਅਗਲੇ ਦਿਨ ਸ੍ਰੀ ਬਾਬਾ ਬਲਰਾਜ ਦਾ ਪ੍ਰਸਿੱਧ ਛਿੰਝ ਮੇਲਾ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਹ ਮੇਲਾ ਬਲਾਚੌਰ ਦੀ ਧਾਰਮਿਕ, ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਦਾ ਅਨਿੱਖੜਵਾਂ ਹਿੱਸਾ ਮੰਨਿਆ ਜਾਂਦਾ ਹੈ। ਇਲਾਕੇ ਦੇ ਬਜ਼ੁਰਗਾਂ ਅਨੁਸਾਰ ਬਲਾਚੌਰ ਸ਼ਹਿਰ ਦਾ ਨਾਂਅ ਵੀ ਸ੍ਰੀ ਬਾਬਾ ਬਲਰਾਜ ਜੀ ਨਾਲ ਜੁੜਿਆ ਹੋਇਆ ਹੈ ਅਤੇ ਉਨ੍ਹਾਂ ਦੀ ਯਾਦ ਵਿੱਚ ਇਹ ਮੇਲਾ ਲੰਮੇ ਸਮੇਂ ਤੋਂ ਲਗਾਤਾਰ ਕਰਵਾਇਆ ਜਾ ਰਿਹਾ ਹੈ। ਮੇਲੇ ਦੇ ਮੁੱਖ ਆਕਰਸ਼ਣ ਬਾਬਾ ਬਲਰਾਜ ਦੇ ਨਾਂਅ 'ਤੇ ਕਰਵਾਇਆ ਜਾਣ ਵਾਲਾ ਵਿਸ਼ਾਲ ਕੁਸ਼ਤੀ ਦੰਗਲ ਰਿਹਾ, ਜਿਸ ਵਿੱਚ ਇਲਾਕੇ ਸਮੇਤ ਦੂਰ-ਦੁਰਾਡੇ ਤੋਂ ਪਹੁੰਚੇ ਨਾਮਵਰ ਪਹਿਲਵਾਨਾਂ ਨੇ ਆਪਣੀ ਤਾਕਤ, ਫੁਰਤੀ ਅਤੇ ਕੁਸ਼ਤੀ ਦੇ ਸ਼ਾਨਦਾਰ ਜੌਹਰ ਦਿਖਾਏ। ਪਹਿਲਵਾਨਾਂ ਦੇ ਦਿਲਚਸਪ ਮੁਕਾਬਲਿਆਂ ਨੂੰ ਦੇਖਣ ਲਈ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਅਤੇ ਦਰਸ਼ਕ ਅਖਾੜੇ ਵਿੱਚ ਪਹੁੰਚੇ ਹੋਏ



ਸਨ। ਦਰਸ਼ਕਾਂ ਨੇ ਤਾੜੀਆਂ ਅਤੇ ਜੈਕਾਰਿਆਂ ਨਾਲ ਪਹਿਲਵਾਨਾਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਪਵਿੱਤਰ ਦਿਹਾੜੇ ਮੌਕੇ ਸ਼ਰਧਾਲੂਆਂ ਨੇ ਬਾਬਾ ਬਲਰਾਜ ਦੇ ਦਰਬਾਰ ਵਿਖੇ ਨਤਮਸਤਕ ਹੋ ਕੇ ਮੱਥਾ ਟੇਕਿਆ ਅਤੇ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਸੰਗਤਾਂ ਨੇ ਬਾਬਾ ਵਿਸ਼ਵਕਰਮਾ ਦੇ ਮੰਦਰ ਵਿਖੇ ਵੀ ਨਤਮਸਤਕ ਹੋ ਕੇ ਆਪਣੀ ਹਾਜ਼ਰੀ ਲਵਾਈ। ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸੰਗਤਾਂ ਵੱਲੋਂ ਵੀ ਇਸ ਮੇਲੇ ਵਿੱਚ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਗਈ। ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਅਤੇ ਲੋਕਾਂ ਦੀ ਆਮਦ ਨੂੰ ਦੇਖਦਿਆਂ ਪ੍ਰਸ਼ਾਸਨ ਵੱਲੋਂ ਆਵਾਜਾਈ ਨੂੰ ਸੁਚਾਰੂ ਬਣਾਈ ਰੱਖਣ ਲਈ ਸ਼ਹਿਰ ਦੇ ਕੁਝ ਹਿੱਸਿਆਂ ਵਿੱਚ ਵਾਹਨਾਂ ਦੀ ਨੋ-ਐਂਟਰੀ ਲਾਗੂ ਕੀਤੀ ਗਈ, ਤਾਂ ਜੋ ਮੇਲੇ ਵਿੱਚ ਪਹੁੰਚਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਉਹ ਸ਼ਰਧਾ ਤੇ ਉਤਸ਼ਾਹ ਨਾਲ ਮੇਲੇ ਦਾ ਆਨੰਦ ਮਾਣ ਸਕਣ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਲਾਡੀ ਰਾਣਾ, ਸ੍ਰੀ ਬਾਬਾ ਬਲਰਾਜ ਮੇਲਾ ਕਮੇਟੀ ਦੇ ਸਮੂਹ ਮੈਂਬਰਾਂ ਤੋਂ ਇਲਾਵਾ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ, ਕਾਂਗਰਸ ਪਾਰਟੀ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ, ਸਤਨਾਮ ਜਲਾਲਪੁਰ, ਭਾਜਪਾ ਆਗੂ ਵਿਜੇ ਭਾਟੀਆ, ਕਾਂਗਰਸੀ ਆਗੂ ਜਸਵਿੰਦਰ ਵਿੱਕੀ ਕਾਠਗੜ੍ਹ ਸਮੇਤ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਸ਼ਿਰਕਤ ਕਰਕੇ ਆਪਣੀ ਹਾਜ਼ਰੀ ਲਵਾਈ। ਇਸ ਤੋਂ ਇਲਾਵਾ ਇਲਾਕੇ ਦੀਆਂ ਸਮਾਜਿਕ, ਧਾਰਮਿਕ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਮੇਲੇ ਵਿੱਚ ਪਹੁੰਚ ਕੇ ਰੌਣਕਾਂ ਨੂੰ ਹੋਰ ਵਧਾਇਆ।

ਕੇਂਦਰ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ ਕਿਰਤੀ ਕਾਮਿਆਂ ਦਾ ਭਵਿੱਖ ਖ਼ਤਰੇ 'ਚ : ਡਾ. ਕਰੀਮਪੁਰੀ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ, ਸਾਬਕਾ ਐਮ.ਪੀ. ਅਤੇ ਸਾਬਕਾ ਵਿਧਾਇਕ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੇਂਦਰ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦੀ ਕਰੜੀ ਨਿਖੇਧੀ ਕਰਦਿਆਂ



ਕਿਹਾ ਕਿ ਕੇਂਦਰ ਦੀ ਸਰਕਾਰ ਵੱਲੋਂ ਮਜ਼ਦੂਰਾਂ ਦੀ ਦਿਹਾੜੀ ਦੇ ਸਮੇਂ ਨੂੰ 8 ਘੰਟੇ ਤੋਂ ਵਧਾ ਕੇ 12 ਘੰਟੇ ਕਰਨ ਦਾ ਫੈਸਲਾ ਸਿੱਧੇ ਤੌਰ 'ਤੇ ਮਜ਼ਦੂਰਾਂ ਦੇ ਸ਼ੋਸ਼ਣ ਦਾ ਰਾਹ ਪੱਧਰਾ ਕਰਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਹ ਨੀਤੀਆਂ ਬਣਾ ਕੇ ਵੱਡੇ ਉਦਯੋਗਪਤੀਆਂ ਅਤੇ ਘਰਾਣਿਆਂ ਨੂੰ ਲਾਭ ਪਹੁੰਚਾ ਰਹੀ ਹੈ, ਜਿਸ ਕਾਰਨ ਛੋਟੀ ਉਦਯੋਗਿਕ ਸ਼੍ਰੇਣੀ (ਸਮਾਲ ਸਕੇਲ ਇੰਡਸਟਰੀ) ਤਬਾਹੀ ਦੇ ਕੰਢੇ ਪਹੁੰਚ ਰਹੀ ਹੈ। ਡਾ. ਕਰੀਮਪੁਰੀ ਨੇ ਕਿਹਾ ਕਿ ਅੱਜ ਦਾ ਮਜ਼ਦੂਰ ਅਤੇ ਕਿਰਤੀ ਕਾਮਾ ਦਿਨ-ਰਾਤ ਹੱਡ-ਭੰਨਵੀਂ ਮਿਹਨਤ ਕਰਦਾ ਹੈ, ਪਰ ਇਸ ਦੇ ਬਾਵਜੂਦ ਉਹ ਆਪਣੇ ਅਤੇ ਆਪਣੇ ਪਰਵਾਰ ਦੀਆਂ ਮੁਢਲੀਆਂ ਜ਼ਰੂਰਤਾਂ ਵੀ ਪੂਰੀਆਂ ਨਹੀਂ ਕਰ ਪਾ ਰਿਹਾ। ਕੇਂਦਰ ਅਤੇ ਸੂਬਾ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਕਿਰਤੀ ਕਾਮੇ, ਛੋਟੇ ਕਿਸਾਨ ਅਤੇ ਸਮਾਲ ਸਕੇਲ ਇੰਡਸਟਰੀ ਚਲਾਉਣ ਵਾਲੇ ਲੋਕ ਆਰਥਿਕ ਮੰਦਹਾਲੀ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਬਹੁਜਨ ਸਮਾਜ ਪਾਰਟੀ ਵੱਲੋਂ ਚਲਾਈ ਜਾ ਰਹੀ 'ਪੰਜਾਬ ਸੰਭਾਲੋ ਮੁਹਿੰਮ' ਦਾ ਮੁੱਖ ਮਨੋਰਥ ਕਿਰਤੀ ਕਾਮਿਆਂ, ਮਜ਼ਦੂਰਾਂ, ਛੋਟੇ ਕਿਸਾਨਾਂ ਅਤੇ ਸਮਾਲ ਸਕੇਲ ਇੰਡਸਟਰੀ ਨੂੰ ਦਰਪੇਸ਼ ਮਸਲਿਆਂ ਨੂੰ ਹੱਲ ਕਰਨਾ ਅਤੇ ਉਨ੍ਹਾਂ ਦੇ ਸੁਨਹਿਰੀ ਤੇ ਸੁਰੱਖਿਅਤ ਭਵਿੱਖ ਦਾ ਨਿਰਮਾਣ ਕਰਨਾ ਹੈ। ਇਹ ਸਾਰੇ ਮਸਲੇ ਕੇਵਲ ਬਸਪਾ ਦੀ ਸਰਕਾਰ ਬਣਾ ਕੇ ਹੀ ਹੱਲ ਕੀਤੇ ਜਾ ਸਕਦੇ ਹਨ। ਡਾ. ਕਰੀਮਪੁਰੀ ਨੇ ਪੰਜਾਬ ਦੇ ਸਮੂਹ ਕਿਰਤੀ ਕਾਮਿਆਂ, ਮਜ਼ਦੂਰਾਂ, ਛੋਟੇ ਕਿਸਾਨਾਂ ਅਤੇ ਸਮਾਲ ਸਕੇਲ ਇੰਡਸਟਰੀ ਦੇ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਦੀ ਰਾਖੀ ਅਤੇ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਇੱਕ ਮੌਕਾ ਬਹੁਜਨ ਸਮਾਜ ਪਾਰਟੀ ਨੂੰ ਦੇਣ, ਤਾਂ ਜੋ ਆਮ ਲੋਕਾਂ ਦੀ ਆਪਣੀ ਸਰਕਾਰ ਬਣਾ ਕੇ ਜਨ-ਹਿੱਤੂ ਕਦਮ ਚੁੱਕੇ ਜਾ ਸਕਣ।

13 ਤੋਂ 19 ਤੱਕ ਸੰਗਰੂਰ ਦੇ ਪੱਕੇ ਧਰਨੇ 'ਚ ਸ਼ਾਮਲ ਹੋਣਗੇ ਪੈਨਸ਼ਨਰ

ਫ਼ਗਵਾੜਾ (ਜਸਵਿੰਦਰ ਢੱਡਾ)- ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੀ ਮਾਸਿਕ ਮੀਟਿੰਗ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੇ ਸ਼ੁਰੂ ਵਿੱਚ ਪੈਨਸ਼ਨਰ ਆਗੂ ਦਰਸ਼ਨ ਰਾਮ ਬਿਲਗਾ,ਜੀ ਟੀ ਯੂ ਪੰਜਾਬ ਦੇ ਸਾਬਕਾ ਸੂਬਾਈ ਆਗੂ ਜਰਮਨਜੀਤ ਸਿੰਘ ਬਾਠ, ਮੁਲਾਜ਼ਮ ਲਹਿਰ ਮੈਗਜ਼ੀਨ ਦੇ ਮੈਨੇਜਰ ਗਿਆਨੀ ਜਗਤਾਰ ਸਿੰਘ, ਪੁਰਾਣੀ ਪੈਨਸ਼ਨ ਬਹਾਲ ਕਮੇਟੀ ਕਪੂਰਥਲਾ ਦੇ ਕਨਵੀਨਰ ਪਰਮਿੰਦਰ ਪਾਲ ਸਿੰਘ ਦੀ ਮੌਤ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਦੀ ਸਮੁੱਚੀ ਕਾਰਵਾਈ ਨੂੰ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ(ਰਜਿ) ਦੇ ਸੂਬਾ ਪ੍ਰੈਸ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਚਲਾਇਆ। ਪ੍ਰੈਸ ਨੂੰ ਜਾਣਕਾਰੀ ਦਿੰਦੇ ਜਨਰਲ ਸਕੱਤਰ ਕੌੜਾ ਨੇ ਦੱਸਿਆ ਕਿ ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਹਾਈਕੋਰਟ ਦੇ ਡਬਲ ਬੈਂਚ ਵਲੋਂ 18 ਪ੍ਰਤੀਸ਼ਤ ਡੀ ਏ ਦੇਣ ਦੇ ਦਿੱਤੇ ਫੈਸਲੇ ਅਨੁਸਾਰ ਅਜੇ ਤੱਕ ਵੀ ਪੂਰਾ ਪੂਰਾ ਡੀ ਏ ਨਾ ਦੇ ਕੇ, ਸਿਰਫ਼ 3 ਪ੍ਰਤੀਸ਼ਤ ਡੀ ਏ ਦੇ ਕੇ , ਉਸ ਨੂੰ ਦੀਵਾਲੀ ਦਾ ਤੋਹਫ਼ਾ ਕਹਿਣਾ ਸਰਾ ਸਰ ਆਮ ਲੋਕਾਂ ਨੂੰ ਗੁੰਮਰਾਹ ਕਰਨ ਵਾਲਾ ਬਿਆਨ ਹੈ,ਜਿਸ ਦੀ ਐਸੋਸੀਏਸ਼ਨ ਵੱਲੋਂ ਜ਼ੋਰਦਾਰ ਨਿਖੇਧੀ ਕੀਤੀ ਜਾਂਦੀ ਹੈ। ਨਵੰਬਰ ਮਹੀਨੇ ਵਿੱਚ ਐਸੋਸੀਏਸ਼ਨ ਦੇ ਜਿਹਨਾਂ ਮੈਂਬਰਾਂ ਦਾ ਜਨਮ ਦਿਨ ਆਉਂਦਾ ਹੈ,ਉਹਨਾਂ ਨੂੰ ਜਨਮ ਦਿਨ ਦੀਆਂ



ਮੁਬਾਰਕਾਂ ਦਿੰਦੇ ਹੋਏ ਤੰਦਰੁਸਤੀ ਅਤੇ ਖੁਸ਼ੀਆਂ ਭਰਪੂਰ ਲੰਬੀ ਉਮਰ ਦੀ ਕਾਮਨਾ ਕੀਤੀ ਗਈ। ਸਾਂਝੀ ਤਾਲਮੇਲ ਕਮੇਟੀ ਪੰਜਾਬ ਵਲੋਂ 13 ਤੋਂ 19 ਨਵੰਬਰ ਤੱਕ ਸੰਗਰੂਰ ਵਿਖੇ ਲਗਾਏ ਜਾ ਰਹੇ ਪੱਕੇ ਧਰਨੇ ਵਿੱਚ ਅਤੇ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਅਤੇ ਪੈਨਸ਼ਨਰਜ਼ ਫੈਡਰੇਸ਼ਨ ਵਲੋਂ ਸਾਂਝੇ ਤੌਰ 'ਤੇ 12 ਦਸੰਬਰ ਦੀ ਕੌਮੀ ਪੱਧਰ ਦੀ ਦਿੱਲੀ ਰੈਲੀ ਵਿੱਚ ਐਸੋਸੀਏਸ਼ਨ ਦੀ ਸਮਰੱਥਾ ਅਨੁਸਾਰ ਸ਼ਾਮਲ ਹੋਣ ਦਾ ਐਲਾਨ ਕੀਤਾ ਗਿਆ। ਐਸੋਸੀਏਸ਼ਨ ਨੇ ਸਰਬ ਸੰਮਤੀ ਨਾਲ ਮਤਾ ਪਾਸ ਕਰਦੇ ਹੋਏ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵਲੋਂ ਭਰਤੀ ਦੀਆਂ ਵਿਭਾਗੀ ਗਲਤੀਆਂ ਦੀ ਸਜ਼ਾ 253 ਅਧਿਆਪਕਾਂ ਨੂੰ ਰੁਜ਼ਗਾਰ ਵਿਹੂਣੇ ਕਰਕੇ ਅਤੇ ਟਰਮੀਨੇਟ ਕਰਕੇ ਘਰਾਂ ਨੂੰ ਤੋਰਨ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਕੂਲਾਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਖ਼ਾਲੀ ਪਈਆਂ ਪੋਸਟਾਂ ਉੱਤੇ 253 ਟਰਮੀਨੇਟ ਕੀਤੇ ਅਧਿਆਪਕਾਂ ਦੀ ਤੁਰੰਤ ਐਡਜਸਟਮੈਂਟ ਕਰਕੇ ਉਹਨਾਂ ਨੂੰ ਇਨਸਾਫ਼ ਦਿੱਤਾ ਜਾਵੇ। ਪਿਛਲੇ ਸਮੇਂ ਦੌਰਾਨ ਹੋਏ ਸੰਘਰਸ਼ਾਂ ਦਾ ਰਿਵਿਊ ਕਰਦੇ ਹੋਏ ਸੰਘਰਸ਼ਾਂ ਵਿੱਚ ਐਸੋਸੀਏਸ਼ਨ ਵੱਲੋਂ ਕੀਤੀ ਗਈ ਸ਼ਮੂਲੀਅਤ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਐਸੋਸੀਏਸ਼ਨ ਦੇ ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ ਵਲੋਂ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨਾਲ ਆਮਦਨ ਅਤੇ ਖਰਚੇ ਦੇ ਵੇਰਵਿਆਂ ਨੂੰ ਸਾਂਝਾ ਕਰਦੇ ਹੋਏ ਕੀਤੇ ਗਏ ਖਰਚਿਆਂ ਨੂੰ ਪਾਸ ਕਰਵਾਇਆ ਗਿਆ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਸਪਾਲ ਸਿੰਘ ਗਰੇਵਾਲ, ਕ੍ਰਿਸ਼ਨ ਗੋਪਾਲ ਚੋਪੜਾ, ਪ੍ਰਮੋਦ ਕੁਮਾਰ ਜੋਸ਼ੀ, ਗੁਰਨਾਮ ਸਿੰਘ ਸੈਣੀ, ਸਤਪਾਲ ਸਿੰਘ ਖੱਟਕੜ, ਰਤਨ ਸਿੰਘ ਗੁਰਾਇਆ, ਨਿਰਮੋਲਕ ਸਿੰਘ ਹੀਰਾ, ਸੁੱਚਾ ਰਾਮ ਬੰਗੜ, ਪਿਆਰਾ ਰਾਮ ਜੱਸੀ,ਕੇ ਕੇ ਪਾਂਡੇ, ਅਸ਼ਵਨੀ ਕੁਮਾਰ ਆਦਿ ਪੈਨਸ਼ਨਰ ਸਾਥੀ ਸ਼ਾਮਲ ਹੋਏ।

ਸੈਣੀ ਨੇ ਪਿੰਡ ਵਾਸੀਆਂ ਨਾਲ ਮਨਾਈ ਦੀਵਾਲੀ



ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦੀਵਾਲੀ ਦਾ ਪਵਿੱਤਰ ਤਿਉਹਾਰ ਆਪਣੇ ਪਰਵਾਰ ਨਾਲ ਮਨਾਇਆ। ਇਸ ਦੌਰਾਨ ਉਨ੍ਹਾਂ ਨੇ ਲਾਡਵਾ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਥਾਵਾਂ 'ਤੇ ਰੁਕ ਕੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਹਾਲ-ਚਾਲ ਜਾਣਿਆ। ਮੁੱਖ ਮੰਤਰੀ ਨੂੰ ਆਪਣੇ ਵਿਚਕਾਰ ਪਾ ਕੇ ਪਿੰਡਾਂ ਦੇ ਲੋਕਾਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ। ਮੁੱਖ ਮੰਤਰੀ ਨੇ ਹਲਕਾ ਵਾਸੀਆਂ ਨੂੰ ਦੀਵਾਲੀ ਦੀਆਂ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਉਨ੍ਹਾਂ ਦੀ ਸੁੱਖ, ਸ਼ਾਂਤੀ ਅਤੇ ਸਮ੍ਰਿੱਧੀ ਦੀ ਕਾਮਨਾ ਕੀਤੀ। ਇਸ ਮੌਕੇ 'ਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪਰਵਾਰ ਸਮੇਤ ਭਗਵਾਨ ਗਣੇਸ਼ ਅਤੇ ਮਾਂ ਲਕਸ਼ਮੀ ਦੀ ਵਿਧੀ-ਵਿਧਾਨ ਨਾਲ ਪੂਜਾ-ਅਰਚਨਾ ਕੀਤੀ ਅਤੇ ਸੂਬੇ ਦੇ ਨਾਲ-ਨਾਲ ਸੂਬਾ ਵਾਸੀਆਂ ਦੇ ਉੱਜਵਲ ਭਵਿੱਖ, ਸੁੱਖ-ਸਮ੍ਰਿੱਧੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ।

ਲਿੰਕ ਸੜਕ ਦੀ ਉਸਾਰੀ ਦੇ ਚੱਲ ਰਹੇ ਕੰਮ ਦਾ ਚੱਬੇਵਾਲ ਨੇ ਲਿਆ ਜਾਇਜ਼ਾ

ਫਗਵਾੜਾ (ਜਸਵਿੰਦਰ ਢੱਡਾ)- ਫਗਵਾੜਾ ਦੇ ਨਜ਼ਦੀਕੀ ਪਿੰਡ ਖਲਵਾੜਾ ਤੋਂ ਵਾਹਦ ਨੂੰ ਜਾਂਦੀ ਲਿੰਕ ਸੜਕ ਦੀ ਉਸਾਰੀ ਦੇ ਚੱਲ ਰਹੇ



ਕੰਮ ਦਾ ਜਾਇਜ਼ਾ ਲੈਣ ਲਈ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਮੈਂਬਰ ਪਾਰਲੀਮੈਂਟ ਅਤੇ ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਡਾ. ਰਾਜਕੁਮਾਰ ਚੱਬੇਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦਾ ਸਰਬਪੱਖੀ ਵਿਕਾਸ ਜੰਗੀ ਪੱਧਰ 'ਤੇ ਕਰਵਾਇਆ ਜਾ ਰਿਹਾ ਹੈ ਅਤੇ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੇ ਸੜਕ ਦੀ ਉਸਾਰੀ ਕਰਵਾ ਰਹੇ ਲੋਕ ਨਿਰਮਾਣ ਵਿਭਾਗ (ਪੀ ਡਬਲਯੂ ਡੀ) ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਿਰਮਾਣ ਕਾਰਜ ਤੈਅ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਸਪੱਸ਼ਟ ਕੀਤਾ ਕਿ ਸੜਕ ਦੀ ਉਸਾਰੀ ਦੌਰਾਨ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਹੀਂ ਹੋਣਾ ਚਾਹੀਦਾ, ਕਿਉਂਕਿ ਲੋਕਾਂ ਨੂੰ ਲੰਬੇ ਸਮੇਂ ਤੱਕ ਟਿਕਾਊ ਅਤੇ ਸੁਚਾਰੂ ਆਵਾਜਾਈ ਦੀ ਸਹੂਲਤ ਮਿਲਣੀ ਬੇਹੱਦ ਜ਼ਰੂਰੀ ਹੈ। ਇਸ ਮੌਕੇ ਸਰਪੰਚ ਸੁਰਿੰਦਰ ਸਿੰਘ ਖਲਵਾੜਾ ਕਲੋਨੀ, ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਪੰਡੋਰੀ ਅਤੇ ਸਰਪੰਚ ਪੁਰਸ਼ੋਤਮ ਲਾਲ ਵਾਹਦ ਸਮੇਤ ਹੋਰ ਪਤਵੰਤਿਆਂ ਨੇ ਸੜਕ ਦੀ ਉਸਾਰੀ ਕਰਵਾਉਣ ਲਈ ਡਾ. ਰਾਜਕੁਮਾਰ ਚੱਬੇਵਾਲ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਇਸ ਲਿੰਕ ਸੜਕ ਦੀ ਖਸਤਾ ਹਾਲਤ ਕਾਰਨ ਇਲਾਕੇ ਦੇ ਲੋਕਾਂ ਨੂੰ ਲੰਬੇ ਸਮੇਂ ਤੋਂ ਆਵਾਜਾਈ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਸੜਕ ਦੀ ਉਸਾਰੀ ਮੁਕੰਮਲ ਹੋਣ ਨਾਲ ਖਲਵਾੜਾ, ਪੰਡੋਰੀ, ਵਾਹਦ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਆਉਣ-ਜਾਣ ਵਿੱਚ ਵੱਡੀ ਰਾਹਤ ਮਿਲੇਗੀ। ਉਨ੍ਹਾਂ ਆਸ ਪ੍ਰਗਟਾਈ ਕਿ ਸੜਕ ਦਾ ਨਿਰਮਾਣ ਨਿਰਧਾਰਤ ਮਾਪਦੰਡਾਂ ਅਨੁਸਾਰ ਜਲਦੀ ਮੁਕੰਮਲ ਹੋਵੇਗਾ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤ ਮਿਲੇਗੀ। ਇਸ ਮੌਕੇ ਜਤਿੰਦਰ ਸਿੰਘ ਜੇ.ਈ. ਪੀ.ਡਬਲਯੂ.ਡੀ. ਫਗਵਾੜਾ ਤੋਂ ਇਲਾਵਾ ਆਪ ਆਗੂ ਕਸ਼ਮੀਰ ਸਿੰਘ ਖਲਵਾੜਾ, ਤਰਸੇਮ ਲਾਲ, ਅਨਿਲ ਕੁਮਾਰ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਦੀਵਾਲੀ ਫੈਸਟ 2026 ਕਰਵਾਇਆ

ਬੰਗਾ (ਅਵਤਾਰ ਕਲੇਰ) ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ-ਕਲੇਰਾਂ ਵਿਖੇ ਦੀਵਾਲੀ ਦਾ ਤਿਉਹਾਰ ਦੀ ਖੁਸ਼ੀ ਵਿਚ ਜਸ਼ਨ-ਏ-ਚਿਰਾਗ਼ਾਂ ਦੀਵਾਲੀ ਫੈਸਟ 2026 ਦਾ ਆਯੋਜਨ ਕੀਤਾ ਗਿਆ। ਉਦਘਾਟਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਸੀਨੀਅਰ ਮੈਂਬਰ ਦਰਸ਼ਨ ਸਿੰਘ ਮਾਹਿਲ ਅਤੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਸਾਂਝੇ ਤੌਰ ਤੇ ਕੀਤਾ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਟਰੱਸਟ ਨੇ ਸੰਬੋਧਨ ਕਰਦਿਆਂ ਕਿਹਾ ਕਿ



ਸਿੱਖਿਆ ਦੇ ਨਾਲ-ਨਾਲ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਅਜਿਹੇ ਫੈਸਟ ਦਾ ਆਯੋਜਨ ਕਰਨਾ ਸਕੂਲ ਦਾ ਸ਼ਲਾਘਾਯੋਗ ਉੱਦਮ ਹੈ। ਸਕੂਲ ਵਿਚ ਆਯੋਜਿਤ ਅਜਿਹੇ ਪ੍ਰੋਗਰਾਮਾਂ ਵਿੱਚ ਭਾਗ ਲੈਣ ਨਾਲ ਵਿਦਿਆਰਥੀਆਂ ਅੰਦਰ ਪ੍ਰਬੰਧਕੀ ਕੰਮ ਕਰਨ, ਕਾਰੋਬਾਰ ਕਰਨ ਦੀ ਸਮਰੱਥਾ ਦਾ ਵਿਕਾਸ ਹੁੰਦਾ ਹੈ।

ਸ. ਢਾਹਾਂ ਨੇ ਬੱਚਿਆਂ ਦੀ ਇਸ ਮਿਹਨਤ ਦੀ ਖੂਬ ਤਾਰੀਫ਼ ਕੀਤੀ ਅਤੇ ਸਾਰਿਆਂ ਨੂੰ ਸੁਰੱਖਿਅਤ ਗਰੀਨ ਦੀਵਾਲੀ ਮਨਾਉਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਿੰਸੀਪਲ ਵਨੀਤਾ ਚੋਟ ਨੇ ਜਸ਼ਨ-ਏ-ਚਿਰਾਗ਼ਾਂ - ਦੀਵਾਲੀ ਫੈਸਟ-2026 ਦੇ ਆਯੋਜਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਆਏ ਹੋਏ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ ।ਇਸ ਮੌਕੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਪ੍ਰਕਾਰ ਦੇ ਖਾਣ-ਪੀਣ ਦੇ ਸਟਾਲ ਅਤੇ ਮਨੋਰੰਜਕ ਖੇਡਾਂ ਦੇ ਸਟਾਲ ਲਗਾਏ । ਮਹਿਮਾਨਾਂ ਨੇ ਵਿਦਿਆਰਥੀਆਂ ਦੇ ਇਸ ਸਿਰਜਣਾਤਮਕ ਉੱਦਮ ਦੀ ਭਰਪੂਰ ਸ਼ਲਾਘਾ ਕੀਤੀ। ਫੇਟ ਵਿਚ ਰੰਗਾ-ਰੰਗ ਸੱਭਿਆਚਾਰਕ ਸਮਾਗਮ ਮੌਕੇ ਵਿਦਿਆਰਥੀਆਂ ਨੇ ਗੀਤ, ਗਿੱਧਾ ਅਤੇ ਭੰਗੜਾ ਦੀ ਪੇਸ਼ਕਾਰੀ ਕੀਤੀ । ਇਸ ਮੌਕੇ ਜਗਜੀਤ ਸਿੰਘ ਸੋਢੀ ਮੀਤ ਸਕੱਤਰ, ਬੀਬੀ ਬਲਵਿੰਦਰ ਕੌਰ ਖਜ਼ਾਨਚੀ, ਦਵਿੰਦਰ ਸਿੰਘ ਢਿੱਲੋਂ ਮੈਂਬਰ, ਮਲਕੀਅਤ ਸਿੰਘ ਬਾਹੜੋਵਾਲ ਸਾਬਕਾ ਪ੍ਰਧਾਨ, ਡਾ. ਰਮਨਦੀਪ ਕੌਰ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ, ਰਾਜਦੀਪ ਥਿਦਵਾਰ ਵਾਈਸ ਪ੍ਰਿੰਸੀਪਲ ਗੁਰੂ ਨਾਨਕ ਅਲਾਈਡ ਕਾਲਜ ਆਫ ਹੈਲਥ ਕੇਅਰ ਢਾਹਾਂ ਕਲੇਰਾਂ, ਬੀਬੀ ਜਿੰਦਰ ਕੌਰ ਢਾਹਾਂ, ਬੀਬੀ ਬਲਜਿੰਦਰ ਕੌਰ ਸੋਢੀ, ਬੀਬੀ ਰਸ਼ਪਾਲ ਕੌਰ, ਰਮਨ ਕੁਮਾਰ ਵਾਈਸ ਪ੍ਰਿੰਸੀਪਲ, ਭਾਈ ਜੋਗਾ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਮਾਤਾ ਭੁਪਿੰਦਰ ਕੌਰ ਦੀ ਅੰਤਮ ਅਰਦਾਸੇ ਮੌਕੇ ਕੀਤੀ ਸ਼ਰਧਾਂਜਲੀ ਭੇਟ

ਨੰਗਲ (ਸੁਰਜੀਤ ਸਿੰਘ)- ਟਰਾਂਸਪੋਰਟ ਸੋਸਾਇਟੀ ਨੰਗਲ ਦੇ ਮੁਲਾਜ਼ਮ ਹਰਪ੍ਰੀਤ ਸਿੰਘ ਸੋਢੀ, ਸਰਬਜੀਤ ਸਿੰਘ ਦੀ ਮਾਤਾ ਭੁਪਿੰਦਰ ਕੌਰ ਵਾਸੀ ਮਜਾਰੀ ਭੱਲੜੀ ਦੀ ਅੰਤਿਮ ਅਰਦਾਸ ਉਹਨਾਂ ਦੇ ਗ੍ਰਹਿ ਵਿਖੇ ਹੋਈ ।ਇਸ ਮੌਕੇ ਦੇ ਰਿਸ਼ਤੇਦਾਰ ਮਿੱਤਰ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਮਾਤਾ ਜੀ ਨੂੰ ਸ਼ਰਧਾਂਜਲੀ ਭੇਂਟ ਕਰਦੇ ਕਿਹਾ ਕਿ ਮਾਤਾ ਦਾ ਜੀਵਨ ਬਹੁਤ ਹੀ ਸੰਘਰਸ਼ਮਈ ਰਿਹਾ। ਮਾਤਾ ਜੀ ਨੇ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਬਹੁਤ ਹੀ ਔਖੇ ਸਮੇਂ ਕੀਤਾ। ਮਾਤਾ ਨੇ ਆਪਣੇ ਬੱਚਿਆਂ ਨੂੰ ਵਧੀਆ ਸੰਸਾਰਿਕ ਗੁਣ ਦਿੱਤੇਜਿਸ ਦੇ ਕਾਰਨ ਅੱਜ ਪਰਿਵਾਰ ਬੁਲੰਦੀਆਂ ਤੇ ਪਹੁੰਚ ਰਿਹਾ ਹੈ।



ਇਸ ਮੌਕੇ ਦੇ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਕਿਹਾ ਕਿ ਮਾਤਾ ਤੋਂ ਪਿਆਰੀ ਚੀਜ਼ ਦੁਨੀਆਂ ਵਿੱਚ ਕੋਈ ਵੀ ਨਹੀਂ ਹੈ। ਮਾਤਾ ਦੇ ਪਿਆਰ ਨੂੰ ਭੁਲਾਇਆ ਨਹੀਂ ਜਾ ਸਕਦਾ। ਮਾਤਾ ਨੇ ਔਖੇ ਸਮੇਂ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕਰਕੇ ਇਕ ਮਿਸਾਲ ਪੈਦਾ ਕੀਤੀ।ਇਸ ਮੌਕੇ ਤੇ ਮਹਿੰਦਰਪਾਲ ਸਿੰਘ ਘਰਲਾ,ਅਮਰੀਕ ਸਿੰਘ, ਕੁਲਦੀਪ ਸਿੰਘ,ਹਰਜਾਪ ਸਿੰਘ,ਸੁਮੀਤ ਸਿੰਘ, ਮਹਿੰਦਰ ਸਿੰਘ, ਗੁਰਦੀਪ ਸਿੰਘ, ਪ੍ਰਦੀਪ ਕੁਮਾਰ, ਮਨੋਜ ਕੁਮਾਰ ਸ਼ਰਮਾ, ਰੋਹਿਤ ਸ਼ਰਮਾ, ਗੁਰਮੁਖ ਸਿੰਘ,ਸੁਰਿੰਦਰ ਸਿੰਘ ਸਮੇਤ ਹੋਰ ਰਿਸ਼ਤੇਦਾਰ ਮਿੱਤਰ ਸੱਜਣ ਪਿੰਡ ਵਾਸੀ ਹਾਜ਼ਰ ਸਨ। ਮਾਤਾ ਜੀ ਦੀ ਮੌਤ ਬੀਤੇ ਦਿਨੀਂ ਦਿਲ ਦੀ ਗਤੀ ਰੁਕਣ ਕਾਰਨ 27 ਅਕਤੂਬਰ ਨੂੰ ਅਕਾਲ ਚਲਾਣਾ ਕਰ ਗਏ ਸਨ। ਟਰਾਂਸਪੋਰਟਰਾਂ ਨੇ ਵੱਡੀ ਗਿਣਤੀ ਵਿੱਚ ਸੋਢੀ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

ਸੇਂਟ ਜ਼ੇਵੀਅਰਜ਼ 'ਚ ਦੀਵਾਲੀ ਦਾ ਤਿਉਹਾਰ ਮਨਾਇਆ



ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਸੇਂਟ ਜ਼ੇਵੀਅਰਜ਼ ਇੰਟਰਨੈਸ਼ਨਲ ਸਕੂਲ ਅਤਾਲਾਂ ਵਿਖੇ ਦੀਵਾਲੀ 2026 ਦਾ ਤਿਉਹਾਰ ਬੜੇ ਉਤਸ਼ਾਹ ਤੇ ਖ਼ੁਸ਼ੀ ਨਾਲ ਮਨਾਇਆ।ਇਸ ਮੌਕੇ ਦੋ ਵਿਸ਼ੇਸ਼ ਗਤੀਵਿਧੀਆਂ 'ਏਕ ਦੀਆ-ਸਕੂਲ ਕੇ ਨਾਮ' ਤੇ 'ਜ਼ੇਵੀਅਰਜ਼ ਦੀਵਾਲੀ ਫੂਡ ਫਿਏਸਟਾ 2026' ਦਾ ਆਯੋਜਨ ਕੀਤਾ ਗਿਆ।ਇਨ੍ਹਾਂ ਗਤੀਵਿਧੀਆਂ ਰਾਹੀਂ ਵਾਤਾਵਰਣ ਦੀ ਸੁਰੱਖਿਆ, ਏਕਤਾ ਤੇ ਜ਼ਿੰਮੇਵਾਰੀ ਨਾਲ ਤਿਉਹਾਰ ਮਨਾਉਣ ਦਾ ਮਹੱਤਵਪੂਰਨ ਸੰਦੇਸ਼ ਦਿੱਤਾ ਗਿਆ।'ਦੀਵੇ ਜਗਾਓ, ਪਟਾਕੇ ਨਹੀਂ', 'ਗ੍ਰੀਨ ਦੀਵਾਲੀ ਮਨਾਓ' ਦੇ ਵਿਸ਼ੇ ਤਹਿਤ ਸਮਾਰੋਹ ਦੀ ਸ਼ੁਰੂਆਤ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਵਾਤਾਵਰਣ-ਅਨੁਕੂਲ ਤੇ ਪ੍ਰਦੂਸ਼ਣ-ਮੁਕਤ ਦੀਵਾਲੀ ਮਨਾਉਣ ਦਾ ਸੰਕਲਪ ਲਿਆ। ਇਸ ਸਮਾਰੋਹ ਦੇ ਦੂਜੇ ਭਾਗ ਵਿੱਚ 'ਜ਼ੇਵੀਅਰਜ਼ ਦੀਵਾਲੀ ਫੂਡ ਫਿਏਸਟਾ 2026' ਦਾ ਆਯੋਜਨ ਕੀਤਾ ਗਿਆ, ਜਿਸ ਨੇ ਸਕੂਲ ਦੇ ਵਿਹੜੇ ਨੂੰ ਇੱਕ ਰੌਣਕ ਭਰੇ ਤਿਉਹਾਰੀ ਬਾਜ਼ਾਰ ਵਿੱਚ ਬਦਲ ਦਿੱਤਾ। ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਖਾਣ-ਪੀਣ ਦੀਆਂ ਵੱਖ-ਵੱਖ ਸਟਾਲਾਂ ਲਗਾਈਆਂ, ਜਿਨ੍ਹਾਂ ਵਿੱਚ ਸਮੋਸੇ, ਚਾਟ, ਮਿਠਾਈਆਂ, ਜਲੇਬੀਆਂ, ਕੱਪਕੇਕ, ਜੂਸ ਤੇ ਹੋਰ ਕਈ ਸੁਆਦੀ ਪਕਵਾਨ ਸ਼ਾਮਲ ਸਨ।ਇਸ ਮੌਕੇ ਸਕੂਲ ਦੇ ਡਾਇਰੈਕਟਰ ਅਰਨਬ ਸਰਕਾਰ ਨੇ ਪਟਾਕਿਆਂ ਤੋਂ ਦੂਰ ਰਹਿਣ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰੇ, ਹਰਿਆ-ਭਰਿਆ ਤੇ ਸਿਹਤਮੰਦ ਵਾਤਾਵਰਣ ਦੀ ਚੋਣ ਕਰਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਸਕੂਲ ਪ੍ਰਬੰਧਕ ਕਮੇਟੀ ਵੱਲੋਂ ਇਸ ਅਰਥਪੂਰਨ ਸਮਾਰੋਹ ਦੇ ਸਫ਼ਲ ਆਯੋਜਨ ਲਈ ਸਮੂਹ ਸਟਾਫ਼ ਮੈਂਬਰਾਂ, ਵਿਦਿਆਰਥੀਆਂ ਤੇ ਮਾਪਿਆਂ ਦੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ ਗਈ।

ਸਾਂਝਾ ਆਸਰਾ ਵੈੱਲਫੇਅਰ ਸੋਸਾਇਟੀ ਨੇ ਦਿਵਾਲੀ ਤੇ ਬੰਦੀ ਛੋੜ ਦਿਵਸ ਮਨਾਇਆ



ਬਰਨਾਲਾ (ਰਾਜਿੰਦਰ ਬਰਾੜ/ਰਕੇਸ਼ ਨੀਟਾ)-ਸਾਂਝਾ ਆਸਰਾ ਵੈੱਲਫੇਅਰ ਸੋਸਾਇਟੀ ਨੇ ਹਰ ਸਾਲ ਦੀ ਤਰ੍ਹਾਂ ਦਿਵਾਲੀ ਅਤੇ ਬੰਦੀ ਛੋੜ ਦਿਵਸ ਮੌਕੇ ਜਿੱਥੇ ਸਮੂਹ ਮੈਂਬਰਾਂ ਨੂੰ ਵਧਾਈਆਂ ਦਿੱਤੀਆਂ, ਉੱਥੇ ਹੀ ਸੁਸਾਇਟੀ ਦੇ ਸਮੂਹ ਵਰਕਰਾਂ ਨੂੰ ਗਿਫਟ ਵੰਡ ਕੇ ਵਧਾਈਆਂ ਦੇ ਕੇ ਪਵਿੱਤਰ ਤਿਉਹਾਰਾਂ ਨੂੰ ਮਨਾਇਆ। ਇਸ ਮੌਕੇ ਸੋਸਾਇਟੀ ਦੇ ਸਰਪ੍ਰਸਤ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਲੈਬਾਰਟਰੀ ਵਿੱਚ ਹਰ ਤਰ੍ਹਾਂ ਦੇ ਟੈਸਟ ਸਸਤੇ ਰੇਟਾਂ ਤੇ ਵਧੀਆ ਮਸ਼ੀਨਾਂ ਰਾਹੀਂ ਉਪਲਬਧ ਕਰਵਾਏ ਜਾ ਰਹੇ ਹਨ, ਉਥੇ ਹੀ ਸੁਸਾਇਟੀ ਵੱਲੋਂ ਵੱਖ-ਵੱਖ ਸਮਾਜਿਕ ਕਾਰਜਾਂ ਵਿੱਚ ਆਪਣਾ ਯੋਗਦਾਨ ਵੀ ਸਮੇਂ ਸਮੇਂ ਸਿਰ ਪਾਇਆ ਜਾਂਦਾ ਹੈ। ਇਸ ਮੌਕੇ ਸੋਸਾਇਟੀ ਦੇ ਸਮੂਹ ਮੈਂਬਰਾਂ ਸਰਪ੍ਰਸਤ ਭੁਪਿੰਦਰ ਸਿੰਘ ਜਲੂਰ, ਪ੍ਰਧਾਨ ਹਰਦੇਵ ਸਿੰਘ ਲੀਲਾ ਬਾਜਵਾ, ਚੇਅਰਮੈਨ ਰਜਿੰਦਰ ਕੁਮਾਰ, ਸੀਨੀਅਰ ਮੀਤ ਪ੍ਰਧਾਨ ਜਸਪ੍ਰੀਤ ਸਿੰਘ ਜੱਸਾ ਸਿੱਧੂ, ਖਜ਼ਾਨਚੀ ਪਵਨ ਕੁਮਾਰ, ਸਹਾਇਕ ਖਜ਼ਾਨਚੀ ਡਿੰਪਲ ਬਾਂਸਲ, ਜਨਰਲ ਸਕੱਤਰ ਕੁਲਤਾਰ ਸਿੰਘ ਤਾਰੀ, ਪ੍ਰੈੱਸ ਸਕੱਤਰ ਰਾਜਾ ਸਿੰਘ, ਐੱਮ ਡੀ ਲੈਬ ਵਿਨੋਦ ਜੈਨ, ਲੈਬ ਕਮੇਟੀ ਮੈਂਬਰ ਦਿਨੇਸ਼ ਕੁਮਾਰ, ਕ੍ਰਿਸ਼ਨ ਕੁਮਾਰ, ਨੀਟੂ ਅਹੂਜਾ, ਅਸ਼ੋਕ ਕੁਮਾਰ ਕਾਲਾ, ਮਹਿੰਦਰ ਸਿੰਘ, ਅਸ਼ਵਨੀ ਮਦਾਨ, ਭਜਨ ਸਿੰਘ ਢਿੱਲੋਂ ਤੇ ਰਮੇਸ਼ਵਰ ਦਾਸ ਮੈਂਬਰ ਹਾਜ਼ਰ ਸਨ।

ਆਧੁਨਿਕ ਸਹੂਲਤਾਂ ਨਾਲ ਲੈਸ ਕਲਾਸ ਰੂਮ ਦਾ ਚੇਅਰਮੈਨ ਮਾਨ ਵੱਲੋਂ ਉਦਘਾਟਨ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੇ ਪਿੰਡ ਫੂਲ ਵਿਖੇ ਸਿੱਖਿਆ ਕ੍ਰਾਂਤੀ ਤਹਿਤ 19 ਲੱਖ 10 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਧੁਨਿਕ ਸਹੂਲਤਾਂ ਨਾਲ ਲੈੱਸ ਕਲਾਸ ਰੂਮ ਦਾ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਸ੍ਰ. ਇੰਦਰਜੀਤ ਸਿੰਘ ਮਾਨ ਵੱਲੋਂ ਉਦਘਾਟਨ ਕੀਤਾ ਗਿਆ।ਇਸ ਮੌਕੇ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਲਈ ਲਗਾਤਾਰ ਯਤਨਸ਼ੀਲ ਹੈ।ਸਰਕਾਰ ਦਾ ਮੁੱਖ ਮਕਸਦ ਸਰਕਾਰੀ ਸਕੂਲਾਂ ਵਿੱਚ ਬਿਹਤਰ ਬੁਨਿਆਦੀ ਢਾਂਚਾ ਤੇ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣਾ ਹੈ, ਤਾਂ ਜੋ ਹਰ ਵਰਗ ਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਮਿਲ ਸਕੇ, ਉੱਥੇ ਹੀ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਸਿੱਖਿਆ ਕਿਸੇ ਵੀ ਸਮਾਜ ਦੀ ਤਰੱਕੀ ਦਾ ਮੁੱਖ ਆਧਾਰ ਹੈ।ਸਰਕਾਰੀ ਸਕੂਲਾਂ ਦੀ ਬਦਲ ਰਹੀ ਨੁਹਾਰ ਤੇ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਵਧੀਆ ਮਾਹੌਲ ਪ੍ਰਦਾਨ ਕਰਨਗੇ।ਪਿੰਡਾਂ ਦੇ ਸਕੂਲਾਂ ਨੂੰ ਵੀ ਸ਼ਹਿਰਾਂ ਦੇ ਸਕੂਲਾਂ ਦੇ ਬਰਾਬਰ ਸਹੂਲਤਾਂ ਦੇਣਾ ਸਰਕਾਰ ਦੀ ਮੁੱਖ ਤਰਜੀਹ ਹੈ।ਚੇਅਰਮੈਨ ਮਾਨ ਨੇ ਕਿਹਾ ਕਿ ਪਿੰਡ ਫੂਲ ਵਿਖੇ ਤਿਆਰ ਕੀਤਾ ਗਿਆ ਇਹ ਆਧੁਨਿਕ ਕਲਾਸ ਰੂਮ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਮਜ਼ਬੂਤ ਨੀਂਹ ਬਣੇਗਾ।ਇਸ ਮੌਕੇ ਕੌਂਸਲਰ ਰੌਬੀ ਢਿੱਲੋਂ, ਸੋਸ਼ਲ ਮੀਡੀਆ ਸਟੇਟ ਜੁਆਇੰਟ ਸੈਕਟਰੀ ਕੁਲਦੀਪ ਸਿੰਘ ਸੋਹੀ, ਸੋਸ਼ਲ ਮੀਡੀਆ ਬਲਾਕ ਪ੍ਰਧਾਨ ਬੇਅੰਤ ਸਿੰਘ, ਸਾਬਕਾ ਕੌਂਸਲਰ ਧਰਮਪਾਲ ਢੱਡੇ, ਯੂਥ ਵਿੰਗ ਹਲਕਾ ਕੋਆਰਡੀਨੇਟਰ ਸਰਬਜੀਤ ਸਿੰਘ ਭੁੱਲਰ, ਬਲਾਕ ਪ੍ਰਧਾਨ ਸੀਰਾ ਮੱਲੂਆਣਾ, ਅਮਰੀਕ ਸਿੰਘ ਕਾਮਰੇਡ, ਡਾ. ਹਰਦੀਪ ਸਿੰਘ, ਜੰਟਾ ਸਿੰਘ ਹਾਜ਼ਰ ਸਨ।

ਕਾਹਨਗੜ੍ਹ ਦੇ ਪ੍ਰਮੁੱਖ ਆਗੂ ਪਰਵਾਰਾਂ ਸਮੇਤ ਅਕਾਲੀ ਦਲ 'ਚ ਸ਼ਾਮਲ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਹਲਕਾ ਸਮਾਣਾ ਦੇ ਪਿੰਡ ਕਾਹਨਗੜ੍ਹ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਪਿੰਡ ਦੇ ਕਈ ਪ੍ਰਮੁੱਖ ਆਗੂਆਂ ਨੇ ਆਪਣੇ ਪਰਵਾਰਾਂ ਤੇ ਸਮਰਥਕਾਂ ਸਮੇਤ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਇਸ ਸਬੰਧੀ ਕਰਵਾਏ ਗਏ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਸ੍ਰ. ਸੁਖਬੀਰ ਸਿੰਘ (ਸਾਬਕਾ ਸਰਪੰਚ), ਜੋਗਿੰਦਰ ਸਿੰਘ (ਸਾਬਕਾ ਪੰਚਾਇਤ ਮੈਂਬਰ), ਦਲਵੀਰ ਸਿੰਘ (ਗੋਗੀ), ਗਗਨਦੀਪ ਸਿੰਘ ਐਡਵੋਕੇਟ (ਮੌਜੂਦਾ ਪੰਚਾਇਤ ਮੈਂਬਰ) ਤੇ ਰਣਵੀਰ ਸਿੰਘ (ਛੋਟਾ) ਨੇ ਸ਼੍ਰੋਮਣੀ ਅਕਾਲੀ ਦਲ ਦਾ ਦਾਮਨ ਥੰਮ੍ਹ ਲਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਨੇ ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਦਾ ਸਿਰੋਪਾਓ ਪਾ ਕੇ ਨਿੱਘਾ ਸਵਾਗਤ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਇਨ੍ਹਾਂ ਪ੍ਰਮੁੱਖ ਆਗੂਆਂ ਦੇ ਸ਼ਾਮਲ ਹੋਣ ਨਾਲ ਨਾ ਸਿਰਫ਼ ਪਿੰਡ ਕਾਹਨਗੜ੍ਹ, ਸਗੋਂ ਪੂਰੇ ਹਲਕਾ ਸਮਾਣਾ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੰਗਠਨ ਨੂੰ ਵੱਡੀ ਮਜ਼ਬੂਤੀ ਮਿਲੀ ਹੈ।ਉਨ੍ਹਾਂ ਕਿਹਾ ਕਿ ਅਕਾਲੀ ਦਲ ਦਾ ਵਧ ਰਿਹਾ ਇਹ ਕਾਫ਼ਲਾ ਇਸ ਗੱਲ ਦਾ ਪ੍ਰਤੀਕ ਹੈ ਕਿ ਲੋਕ ਪਾਰਟੀ ਦੀਆਂ ਨੀਤੀਆਂ 'ਤੇ ਮੁੜ ਵਿਸ਼ਵਾਸ ਪ੍ਰਗਟਾ ਰਹੇ ਹਨ।ਇਸ ਮੌਕੇ ਕੁਲਦੀਪ ਸਿੰਘ ਨੱਸੂਪੁਰ, ਐੱਸ.ਜੀ.ਪੀ.ਸੀ. ਮੈਂਬਰ ਨਿਸ਼ਾਨ ਸੰਧੂ, ਅਮਰਜੀਤ ਟੋਡਰਪੁਰ, ਚੇਅਰਮੈਨ ਮਲਕੀਤ ਚੀਮਾ, ਗੁਰਚਰਨ ਸਿੰਘ, ਡਾਕਟਰ ਬੱਗਾ, ਗੁਰਮੁਖ ਰਜਲਾ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

ਅਰੋਗਿਆ ਭਾਰਤੀ ਨੇ ਧਨਵੰਤਰੀ ਜਯੰਤੀ ਮਨਾਈ



ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)-ਅਰੋਗਿਆ ਭਾਰਤੀ ਫਰੀਦਕੋਟ ਨੇ ਆਯੁਰਵੇਦ ਦੇ ਜਨਮਦਾਤਾ ਤੇ ਸਿਹਤ ਦੇ ਦੇਵਤਾ ਭਗਵਾਨ ਧਨਵੰਤਰੀ ਦਾ ਜਨਮ ਦਿਵਸ ਬਹੁਤ ਉਤਸ਼ਾਹ, ਸ਼ਰਧਾ ਤੇ ਖ਼ੁਸ਼ੀ ਨਾਲ ਮਨਾਇਆ।ਇਸ ਸ਼ਾਨਦਾਰ ਸਮਾਗਮ ਦਾ ਮੁੱਖ ਉਦੇਸ਼ ਭਗਵਾਨ ਧਨਵੰਤਰੀ ਦੇ ਸੰਦੇਸ਼ ਨੂੰ ਜਨਤਾ ਤੱਕ ਫੈਲਾਉਣਾ ਤੇ ਸਮਾਜ ਵਿੱਚ ਆਯੁਰਵੇਦ ਦੀ ਸਾਰਥਕਤਾ ਨੂੰ ਉਜਾਗਰ ਕਰਨਾ ਸੀ।ਇਸ ਸਮਾਗਮ ਵਿੱਚ ਦੁਰਗੇਸ਼ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਜਦੋਂਕਿ ਫਰੀਦਕੋਟ ਤੋਂ ਸੰਭਾਵੀ ਵਿਧਾਇਕ ਉਮੀਦਵਾਰ ਸ੍ਰੀ ਗੌਰਵ ਕੱਕੜ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਅਰੋਗਿਆ ਭਾਰਤੀ ਪੰਜਾਬ ਦੇ ਪ੍ਰਧਾਨ ਡਾ. ਚੰਦਰ ਸ਼ੇਖਰ ਕੱਕੜ ਤੇ ਗੌਰਵ ਕੱਕੜ ਦੀ ਮੌਜੂਦਗੀ ਵਿੱਚ 50 ਤੋਂ ਵੱਧ ਲੋਕ ਇਸ ਸਮਾਗਮ ਵਿੱਚ ਸ਼ਾਮਲ ਹੋਏ।ਪ੍ਰੋਗਰਾਮ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕਰਦੇ ਹੋਏ ਅਰੋਗਿਆ ਭਾਰਤੀ ਪੰਜਾਬ ਦੇ ਪ੍ਰਧਾਨ ਡਾ. ਚੰਦਰ ਸ਼ੇਖਰ ਕੱਕੜ ਨੇ ਦੱਸਿਆ ਕਿ ਸਿਹਤ ਸੰਭਾਲ ਦਾ ਅਸਲ ਉਦੇਸ਼ ਸਿਰਫ਼ ਬਿਮਾਰੀਆਂ ਦਾ ਇਲਾਜ ਕਰਨਾ ਨਹੀਂ ਹੈ, ਸਗੋਂ ਬਿਮਾਰੀਆਂ ਦੀ ਰੋਕਥਾਮ, ਸਿਹਤ ਜਾਗਰੂਕਤਾ ਤੇ ਸੰਤੁਲਿਤ ਜੀਵਨ ਸ਼ੈਲੀ ਨੂੰ ਉਤਸ਼ਾਹਤ ਕਰਨਾ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਜੀਵਨ ਵਿੱਚ ਇੱਕ ਨਿਯਮਤ ਰੁਟੀਨ, ਯੋਗਾ, ਸੰਤੁਲਿਤ ਖੁਰਾਕ ਤੇ ਵਾਤਾਵਰਣ ਸੁਰੱਖਿਆ ਨੂੰ ਸ਼ਾਮਲ ਕਰਨ।ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਆਯੁਰਵੇਦ ਤੇ ਆਧੁਨਿਕ ਡਾਕਟਰੀ ਅਭਿਆਸ ਇੱਕ ਦੂਜੇ ਦੇ ਪੂਰਕ ਹਨ, ਇੱਕ ਸੰਪੂਰਨ ਸਿਹਤਮੰਦ ਸਮਾਜ ਵਿੱਚ ਯੋਗਦਾਨ ਪਾਉਂਦੇ ਹਨ।ਇਸ ਮੌਕੇ ਆਰੋਗਿਆ ਭਾਰਤੀ ਫਰੀਦਕੋਟ ਦੇ ਪ੍ਰਧਾਨ ਡਾ. ਦਾਨਿਸ਼ ਜਿੰਦਲ, ਉਪ-ਪ੍ਰਧਾਨ ਡਾ. ਪੁਸ਼ਪਿੰਦਰ ਕੌਰ, ਉਪ-ਪ੍ਰਧਾਨ ਡਾ. ਅਨੀਤਾ ਮਹਿਤਾ, ਪੰਜਾਬ ਕਾਰਜਕਾਰੀ ਪ੍ਰਧਾਨ, ਰਾਕੇਸ਼ ਸ਼ਰਮਾ, ਨਵੀਨ ਗੁਪਤਾ, ਸੁਖਦੇਵ ਸ਼ਰਮਾ, ਹਰਪ੍ਰੀਤ ਸਿੰਘ, ਪ੍ਰਿੰਸ ਗੰਧਾਰੀ, ਰਾਹੁਲ ਸ਼ਰਮਾ, ਆਰ. ਕੇ. ਸ਼ਰਮਾ ਤੇ ਨਰੇਸ਼ ਸ਼ਰਮਾ ਸਮੇਤ ਕਈ ਪਤਵੰਤੇ, ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਂਦੇ ਰਹੇ।ਪ੍ਰੋਗਰਾਮ ਦੇ ਅੰਤ ਵਿੱਚ ਅਰੋਗਿਆ ਭਾਰਤੀ ਫਰੀਦਕੋਟ ਦੇ ਪ੍ਰਧਾਨ ਡਾ. ਦਾਨਿਸ਼ ਜਿੰਦਲ ਨੇ ਮੌਜੂਦ ਨਾਗਰਿਕਾਂ, ਸਾਰੇ ਮਹਿਮਾਨਾਂ ਤੇ ਅਧਿਕਾਰੀਆਂ ਦਾ ਦਿਲੋਂ ਧੰਨਵਾਦ ਕੀਤਾ।

ਭਾਈ ਗੁਰਦਾਸ ਕਾਲਜ ਦਾ 'ਆਗਮਨ' ਪ੍ਰੋਗਰਾਮ ਯਾਦਗਾਰੀ ਹੋ ਨਿੱਬੜਿਆ

ਯੂਥ ਫੈਸਟੀਵਲ ਦੀ ਫਸਟ ਰਨਰਅੱਪ ਭੰਗੜਾ ਟੀਮ ਦਾ ਵਿਸ਼ੇਸ਼ ਸਨਮਾਨ



ਭਵਾਨੀਗੜ੍ਹ (ਰਾਜ ਖੁਰਮੀ)-ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਸ਼ਨਜ਼ ਸੰਗਰੂਰ ਵਿਖੇ ਨਵੇਂ ਵਿਦਿਆਰਥੀਆਂ ਦੇ ਸਵਾਗਤ ਲਈ ਕਰਵਾਇਆ ਗਿਆ 'ਆਗਮਨ' ਪ੍ਰੋਗਰਾਮ ਸਿੱਖਿਆ, ਵਿਗਿਆਨ, ਤਕਨਾਲੋਜੀ ਤੇ ਪੰਜਾਬੀ ਸੱਭਿਆਚਾਰ ਦਾ ਸ਼ਾਨਦਾਰ ਸੁਮੇਲ ਹੋ ਨਿੱਬੜਿਆ।ਇਸ ਮੌਕੇ ਜਿੱਥੇ ਵਿਦਿਆਰਥੀਆਂ ਨੇ ਵਿਗਿਆਨਕ ਪ੍ਰੋਜੈਕਟਾਂ ਰਾਹੀਂ ਆਪਣੀ ਸਿਰਜਣਾਤਮਕ ਸੋਚ ਤੇ ਤਕਨੀਕੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ, ਉੱਥੇ ਹੀ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਨੇ ਸਮਾਗਮ ਨੂੰ ਯਾਦਗਾਰੀ ਬਣਾ ਦਿੱਤਾ।ਸਮਾਗਮ ਦਾ ਉਦਘਾਟਨ ਭਾਈ ਗੁਰਦਾਸ ਗਰੁੱਪ ਦੀ ਸਕੱਤਰ ਮੈਡਮ ਬਲਜਿੰਦਰ ਕੌਰ ਜਵੰਧਾ ਤੇ ਕੈਂਪਸ ਡਾਇਰੈਕਟਰ ਡਾ. ਤਨੂਜਾ ਸ੍ਰੀਵਾਸਤਵਾ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ।ਉਪਰੰਤ ਸੰਸਥਾ ਦੇ ਮੁੱਖ ਲਾਅਨ ਵਿੱਚ ਸਾਇੰਸ ਤੇ ਤਕਨਾਲੋਜੀ ਦੇ ਪ੍ਰੋਜੈਕਟ ਡਿਸਪਲੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਭਾਈ ਗੁਰਦਾਸ ਗਰੁੱਪ ਦੇ ਵਿਦਿਆਰਥੀਆਂ ਤੋਂ ਇਲਾਵਾ ਇਲਾਕੇ ਦੇ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਨੇ ਵੀ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਨਵੀਨਤਮ ਮਾਡਲਾਂ ਤੇ ਪ੍ਰੋਜੈਕਟਾਂ ਨੇ ਦਰਸ਼ਕਾਂ ਦਾ ਧਿਆਨ ਖਿੱਚਿਆ।ਮਹਿਮਾਨਾਂ ਨੇ ਪ੍ਰੋਜੈਕਟਾਂ ਦਾ ਬਾਰੀਕੀ ਨਾਲ ਨਿਰੀਖਣ ਕਰਦਿਆਂ ਵਿਦਿਆਰਥੀਆਂ ਦੀ ਮਿਹਨਤ ਤੇ ਨਵੇਂ ਵਿਚਾਰਾਂ ਦੀ ਸ਼ਲਾਘਾ ਕੀਤੀ।ਇਸ ਤੋਂ ਬਾਅਦ ਸ਼ਾਮ ਨੂੰ ਕਰਵਾਇਆ ਗਿਆ ਸੱਭਿਆਚਾਰਕ ਸਮਾਗਮ ਵਿਸ਼ੇਸ਼ ਖਿੱਚ ਦਾ ਕੇਂਦਰ ਬਣਿਆ, ਜਿਸ ਦੀ ਸ਼ੁਰੂਆਤ ਮੈਡਮ ਬਲਜਿੰਦਰ ਕੌਰ ਜਵੰਧਾ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਵਿਦਿਆਰਥੀਆਂ ਨੇ ਕਲਾਸੀਕਲ ਡਾਂਸ, ਵੈਸਟਰਨ ਡਾਂਸ ਅਤੇ ਪੰਜਾਬੀ ਗਰੁੱਪ ਡਾਂਸ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨਾਲ ਖੂਬ ਰੰਗ ਬੰਨ੍ਹਿਆ।ਇਸ ਦੌਰਾਨ ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਈਟ), ਲੌਂਗੋਵਾਲ ਦੀ ਟੀਮ ਨੇ ਵੀ ਮਹਿਮਾਨ ਕਲਾਕਾਰਾਂ ਵਜੋਂ ਆਪਣੀਆਂ ਪੇਸ਼ਕਾਰੀਆਂ ਦਿੱਤੀਆਂ।ਸਮਾਗਮ ਦੌਰਾਨ ਪੇਸ਼ ਕੀਤੇ ਗਏ ਸ਼ਾਨਦਾਰ ਫੈਸ਼ਨ ਸ਼ੋਅ ਨੇ ਵੀ ਦਰਸ਼ਕਾਂ ਦੀ ਵਾਹ-ਵਾਹ ਖੱਟੀ। ਇਸ ਤੋਂ ਬਾਅਦ ਲੁੱਡੀ, ਗਿੱਧੇ ਅਤੇ ਭੰਗੜੇ ਦੀਆਂ ਪੇਸ਼ਕਾਰੀਆਂ ਨੇ ਪੰਜਾਬੀ ਸੱਭਿਆਚਾਰ ਦੀ ਅਮੀਰ ਵਿਰਾਸਤ ਦੀ ਝਲਕ ਪੇਸ਼ ਕਰਦਿਆਂ ਸਮਾਗਮ ਨੂੰ ਸਿਖਰਾਂ 'ਤੇ ਪਹੁੰਚਾ ਦਿੱਤਾ।ਇਸ ਮੌਕੇ ਪ੍ਰੋਜੈਕਟ ਡਿਸਪਲੇ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਸਮਾਗਮ ਦਾ ਸਭ ਤੋਂ ਖ਼ਾਸ ਪਲ ਉਸ ਵੇਲੇ ਦੇਖਣ ਨੂੰ ਮਿਲਿਆ, ਜਦੋਂ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਵੱਲੋਂ ਕਰਵਾਏ ਗਏ ਯੂਥ ਫੈਸਟੀਵਲ-2026 ਵਿੱਚ ਫਸਟ ਰਨਰਅੱਪ ਰਹੀ ਭਾਈ ਗੁਰਦਾਸ ਗਰੁੱਪ ਦੀ ਭੰਗੜਾ ਟੀਮ ਦਾ ਮੈਡਮ ਬਲਜਿੰਦਰ ਕੌਰ ਜਵੰਧਾ ਤੇ ਡਾ. ਤਨੂਜਾ ਸ੍ਰੀਵਾਸਤਵਾ ਵੱਲੋਂ ਮੈਡਲ ਪਹਿਨਾ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਤੋਂ ਇਲਾਵਾ ਸਲਾਈਟ ਲੌਂਗੋਵਾਲ ਤੋਂ ਆਏ ਵਿਦਿਆਰਥੀਆਂ ਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਸਰਟੀਫਿਕੇਟ ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਭਾਈ ਗੁਰਦਾਸ ਗਰੁੱਪ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਜਵੰਧਾ ਨੇ ਕਿਹਾ ਕਿ ਸੰਸਥਾ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਮੌਕੇ ਸਕੱਤਰ ਮੈਡਮ ਬਲਜਿੰਦਰ ਕੌਰ ਜਵੰਧਾ ਨੇ ਪ੍ਰੋਗਰਾਮ ਦੇ ਸਫਲ ਆਯੋਜਨ ਲਈ ਪ੍ਰਬੰਧਕਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਡਾ. ਸੁਵਰੀਤ ਕੌਰ ਜਵੰਧਾ ਐਮ.ਡੀ. ਤੇ ਐਗਜ਼ੈਕਟਿਵ ਮੈਂਬਰ ਭਾਈ ਗੁਰਦਾਸ ਗਰੁੱਪ ਨੇ ਵੀ ਸਮੂਹ ਸਟਾਫ਼ ਤੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਕੈਂਪਸ ਡਾਇਰੈਕਟਰ ਡਾ. ਤਨੂਜਾ ਸ੍ਰੀਵਾਸਤਵਾ ਨੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।ਇਸ ਤਰ੍ਹਾਂ ਵਿਗਿਆਨਕ ਸੋਚ, ਸਿੱਖਿਆ, ਕਲਾ ਤੇ ਸੱਭਿਆਚਾਰ ਦਾ ਸੁਮੇਲ ਪੇਸ਼ ਕਰਦਾ 'ਆਗਮਨ' ਪ੍ਰੋਗਰਾਮ ਵਿਦਿਆਰਥੀਆਂ ਲਈ ਅਭੁੱਲ ਯਾਦਾਂ ਛੱਡਦਾ ਹੋਇਆ ਸੰਪੰਨ ਹੋਇਆ।

ਘਰ 'ਚ ਮੁਰੰਮਤ ਕਰਨ ਆਇਆ ਨੌਜਵਾਨ ਰਿਵਾਲਵਰ ਲੈ ਕੇ ਫ਼ਰਾਰ, ਮਾਮਲਾ ਦਰਜ

ਮਲੋਟ (ਰਜਿੰਦਰ ਜੁਨੇਜਾ)-ਇੱਥੋਂ ਦੀ ਕਲੱਬ ਵਾਲੀ ਗਲੀ ਵਿਖੇ ਮਕਾਨ ਦੇ ਦਰਵਾਜ਼ੇ-ਖਿੜਕੀਆਂ ਦੀ ਮੁਰੰਮਤ ਕਰਨ ਆਏ ਇੱਕ ਨੌਜਵਾਨ ਵੱਲੋਂ ਘਰ ਦੇ ਮਾਲਕ ਬਜ਼ੁਰਗ ਜ਼ਿਮੀਂਦਾਰ ਦਾ ਲਾਇਸੈਂਸੀ ਰਿਵਾਲਵਰ ਤੇ ਕਾਰਤੂਸ ਚੋਰੀ ਕਰਕੇ ਫ਼ਰਾਰ ਹੋ ਗਿਆ।ਸੂਚਨਾ ਮਿਲਦਿਆਂ ਹੀ ਮਲੋਟ ਪੁਲਸ ਨੇ ਕਾਰਵਾਈ ਕਰਦੇ ਹੋਏ ਮੁਲਜ਼ਮ ਦੀ ਪਛਾਣ ਕਰ ਲਈ ਹੈ ਤੇ ਉਸ ਖ਼ਿਲਾਫ਼ ਕੇਸ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।ਮਿਲੀ ਜਾਣਕਾਰੀ ਅਨੁਸਾਰ ਮੂਲ ਰੂਪ ਵਿੱਚ ਪਿੰਡ ਆਧਨੀਆਂ ਦੇ ਵਸਨੀਕ ਤੇ ਮੌਜੂਦਾ ਸਮੇਂ ਕਲੱਬ ਵਾਲੀ ਗਲੀ ਨੰਬਰ-5, ਮਲੋਟ ਵਿਖੇ ਰਹਿ ਰਹੇ ਬੇਅੰਤ ਸਿੰਘ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਨ੍ਹਾਂ ਆਪਣੇ ਮੁਹੱਲੇ ਦੇ ਹੀ ਹਰਜੀਤ ਸਿੰਘ ਨੂੰ ਘਰ ਦੇ ਦਰਵਾਜ਼ਿਆਂ ਤੇ ਖਿੜਕੀਆਂ ਦੀ ਰਿਪੇਅਰ ਲਈ ਬੁਲਾਇਆ ਸੀ।ਹਰਜੀਤ ਸਿੰਘ ਆਪਣੇ ਨਾਲ ਅਮਿਤ ਕੁਮਾਰ ਉਰਫ਼ ਬੱਬਲੂ (ਵਾਸੀ ਪਿੰਡ ਭਾਈਕਾ ਕੇਰਾ, ਥਾਣਾ ਲੰਬੀ) ਨਾਂ ਦੇ ਨੌਜਵਾਨ ਨੂੰ ਵੀ ਕੰਮ ਲਈ ਲੈ ਕੇ ਆਇਆ ਸੀ।ਕੰਮ ਦੌਰਾਨ ਹਰਜੀਤ ਸਿੰਘ ਮਕਾਨ ਦੀ ਉੱਪਰਲੀ (ਪਹਿਲੀ) ਮੰਜ਼ਿਲ 'ਤੇ ਕੰਮ ਕਰ ਰਿਹਾ ਸੀ, ਜਦਕਿ ਅਮਿਤ ਕੁਮਾਰ ਹੇਠਲੀ ਮੰਜ਼ਿਲ 'ਤੇ ਮੌਜੂਦ ਸੀ।ਸ਼ਿਕਾਇਤਕਰਤਾ ਬੇਅੰਤ ਸਿੰਘ ਨੇ ਦੱਸਿਆ ਕਿ ਕਮਰੇ ਵਿੱਚ ਬੈੱਡ 'ਤੇ ਉਨ੍ਹਾਂ ਦਾ ਇੱਕ ਬੈਗ ਪਿਆ ਸੀ, ਜਿਸ ਅੰਦਰ ਉਨ੍ਹਾਂ ਦਾ ਲਾਇਸੈਂਸੀ .32 ਬੋਰ ਦਾ ਰਿਵਾਲਵਰ, 6 ਜ਼ਿੰਦਾ ਕਾਰਤੂਸ ਤੇ ਹੋਰ ਜ਼ਰੂਰੀ ਦਸਤਾਵੇਜ਼ ਰੱਖੇ ਹੋਏ ਸਨ।ਇਸੇ ਦੌਰਾਨ ਜਦੋਂ ਬਜ਼ੁਰਗ ਕੁਝ ਸਮੇਂ ਲਈ ਬਾਥਰੂਮ ਗਏ ਤਾਂ ਹੇਠਾਂ ਕੰਮ ਕਰ ਰਹੇ ਅਮਿਤ ਕੁਮਾਰ ਨੇ ਮੌਕਾ ਤਾੜ ਕੇ ਬੈਗ ਵਿੱਚੋਂ ਰਿਵਾਲਵਰ ਤੇ ਕਾਰਤੂਸ ਚੋਰੀ ਕਰ ਲਏ ਅਤੇ ਮੌਕੇ ਤੋਂ ਰਫੂਚੱਕਰ ਹੋ ਗਿਆ।ਬਾਥਰੂਮ ਵਿੱਚੋਂ ਬਾਹਰ ਆਉਣ 'ਤੇ ਜਦੋਂ ਬੇਅੰਤ ਸਿੰਘ ਨੇ ਬੈਗ ਦੀ ਜਾਂਚ ਕੀਤੀ ਤਾਂ ਉਨ੍ਹਾਂ ਦੇ ਹੋਸ਼ ਉੱਡ ਗਏ।ਉਨ੍ਹਾਂ ਤੁਰੰਤ ਇਸ ਸਬੰਧੀ ਥਾਣਾ ਮਲੋਟ ਦੀ ਪੁਲਸ ਨੂੰ ਸੂਚਿਤ ਕੀਤਾ।ਪੁਲਸ ਨੇ ਘਟਨਾ ਵਾਲੀ ਥਾਂ ਦਾ ਜਾਇਜ਼ਾ ਲੈਂਦਿਆਂ ਮੁਲਜ਼ਮ ਅਮਿਤ ਕੁਮਾਰ ਉਰਫ਼ ਬੱਬਲੂ ਦੀ ਸ਼ਨਾਖ਼ਤ ਕਰਕੇ ਉਸ ਵਿਰੁੱਧ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਹੈ।

ਸਾਇੰਸ ਪ੍ਰਦਰਸ਼ਨੀ 'ਚ ਵਿਦਿਆਰਥੀਆਂ ਨੂੰ ਕੀਤਾ ਸਨਮਾਨਤ



ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)-ਜ਼ਿਲ੍ਹਾ ਸਿੱਖਿਆ ਅਫਸਰ ਸ਼੍ਰੀਮਤੀ ਡਿੰਪਲ ਮਦਾਨ ਤੇ ਬਲਾਕ ਨੋਡਲ ਅਫਸਰ ਸ਼੍ਰੀਮਤੀ ਅਮਰਦੀਪ ਕੌਰ ਗਿੱਲ ਦੀ ਅਗਵਾਈ ਹੇਠ ਬਲਾਕ ਰਾਏਕੋਟ ਦੀ ਐਲੀਮੈਂਟਰੀ ਤੇ ਸੈਕੰਡਰੀ ਪੱਧਰ ਦੀ ਸਾਇੰਸ ਪ੍ਰਦਰਸ਼ਨੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੱਥੋਵਾਲ ਵਿਖੇ ਕਰਵਾਈ ਗਈ। ਇਸ ਮੌਕੇ ਪ੍ਰਿੰਸੀਪਲ ਡਾਇਟ ਸ੍ਰ. ਗੁਰਦੀਪ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਪ੍ਰਦਰਸ਼ਨੀ ਵਿੱਚ ਕੁਨਾਲ ਭ ਮ ਰਾਏਕੋਟ, ਹਰਜੋਤ ਕੌਰ ਬੱਸੀਆਂ, ਹਰਮਨ ਕੌਰ ਲੰਮਾ ਜੱਟਪੁਰਾ, ਪ੍ਰਮੋਦ ਕੁਮਾਰ, ਰੌਣਕ ਕੁਮਾਰੀ ਤਲਵੰਡੀ ਰਾਏ, ਪ੍ਰੀਤ ਕੌਰ, ਜਸ਼ਨਪਰੀਤ ਕੌਰ, ਸਤਵੀਰ ਪਾਲ ਕੌਰ, ਗੁਰਸੀਰਤ ਕੌਰ, ਰਮਨਦੀਪ ਕੌਰ ਡਾਕਟਰ ਦਵਾਰਕਾ ਨਾਥ ਸਕੂਲ ਰਾਏਕੋਟ, ਨੀਰੂ ਕਲਸੀਆਂ, ਵੰਸ਼ ਮਹਿਰਾ ਭੈਣੀ ਬੜਿੰਗਾ, ਮਨਸਰੀਤ ਕੌਰ ਦੱਧਾਹੂਰ, ਅਰਵਿੰਦਰ ਸਿੰਘ ਨੱਥੋਵਾਲ ਦੇ ਵਿਦਿਆਰਥੀਆਂ ਨੇ ਵੱਖ ਵੱਖ ਥੀਮਜ਼ ਵਿੱਚੋਂ ਪਹਿਲੀ ਪੁਜ਼ੀਸ਼ਨ ਲੈ ਕੇ ਇਸ ਮੇਲੇ ਵਿੱਚ ਮੱਲਾਂ ਮਾਰੀਆਂ। ਇਸ ਮੌਕੇ ਹਰਪ੍ਰੀਤ ਸਿੰਘ ਹੈੱਡ ਮਾਸਟਰ, ਸ੍ਰੀਮਤੀ ਸੀਮਾ ਰਾਣੀ ਹੈੱਡ ਮਿਸਟ੍ਰੈੱਸ ਤੇ ਸ੍ਰੀਮਤੀ ਰਣਜੀਤ ਕੌਰ ਹੈੱਡ ਮਿਸਟ੍ਰੈੱਸ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੱਤਾ।

ਇਸ ਸਾਇੰਸ ਪ੍ਰਦਰਸ਼ਨੀ 'ਚ ਰਮਨਦੀਪ ਸਿੰਘ ਲੈਕਚਰਾਰ ਕੈਮਸਟਰੀ, ਰਮਨਦੀਪ ਸਿੰਘ ਲੈਕਚਰਾਰ ਫਿਜ਼ਿਕਸ, ਹਰਦੀਪ ਸਿੰਘ ਲੈਕਚਰਾਰ ਫਿਜ਼ਿਕਸ, ਨਿਸ਼ਾ ਰਾਣੀ ਲੈਕਚਰਾਰ ਬਾਇਓ, ਲਵਲੀਨ ਕੌਰ, ਪੁਸ਼ਪਿੰਦਰ ਕੌਰ, ਵਰਿੰਦਰ ਕੌਰ, ਪ੍ਰਦੀਪ ਰਾਣੀ ਨੇ ਜੱਜ ਦੀ ਭੂਮਿਕਾ ਨਿਭਾਈ।ਇਸ ਮੌਕੇ ਮਿਸ ਵਨੀਤਾ ਸਾਇੰਸ ਮਿਸਟ੍ਰੈੱਸ ਦਾ ਨੈਸ਼ਨਲ ਪੱਧਰ 'ਤੇ ਸਾਇੰਸ ਪ੍ਰਦਰਸ਼ਨੀ ਵਿੱਚ ਪਾਰਟੀਸਿਪੇਟ ਕਰਨ ਲਈ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਪਿੰਡ ਨੱਥੋਵਾਲ ਦੇ ਸਰਪੰਚ ਸ੍ਰ. ਜਸਵਿੰਦਰ ਸਿੰਘ ਤੇ ਸਮੂਹ ਪੰਚਾਇਤ, ਹਰਵੰਤ ਕੌਰ ਸਕੂਲ ਇੰਚਾਰਜ, ਗਗਨਦੀਪ ਸਿੰਘ, ਇੰਦੂ ਬਾਲਾ ਤੇ ਸਮੂਹ ਸਟਾਫ ਹਾਜ਼ਰ ਸਨ।ਇਹ ਸਾਰੀ ਪ੍ਰਦਰਸ਼ਨੀ ਰਾਏਕੋਟ ਬਲਾਕ ਦੇ ਬੀ ਆਰ ਸੀ ਸ੍ਰ. ਰਵਿੰਦਰ ਸਿੰਘ ਰਵੀ ਤੇ ਸ੍ਰ. ਸਰਬਜੀਤ ਸਿੰਘ ਦੀ ਦੇਖ ਰੇਖ ਵਿੱਚ ਕਰਵਾਈ ਗਈ।

ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਨੇ ਬਾਬਾ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਮਨਾਇਆ



ਜਗਰਾਉਂ (ਅਮਿਤ ਖੰਨਾ)-ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ: 133 ਵੱਲੋਂ ਬਾਬਾ ਵਿਸ਼ਵਕਰਮਾ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਨੇੜੇ ਮਿਊਂਸਪਲ ਕਮੇਟੀ ਜਗਰਾਉਂ ਵਿਖੇ ਗੁਰਦੁਆਰਾ ਰਾਮਗੜ੍ਹੀਆ ਪ੍ਰਬੰਧਕ ਕਮੇਟੀ ਤੇ ਵਿਸ਼ਵਕਰਮਾ ਵੈੱਲਫੇਅਰ ਸਰਬ ਸਾਂਝੀ ਸੁਸਾਇਟੀ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ, ਜਿਸ ਵਿੱਚ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਸ ਤੋਂ ਬਾਅਦ ਪੰਡਿਤ ਬਲਵੰਤ ਰਾਏ ਦੀ ਹਰਦੁਆਰ ਵੱਲੋਂ ਹਵਨ ਕਰਵਾਇਆ ਗਿਆ। ਕੀਰਤਨੀ ਜਥਾ ਬਾਬਾ ਪਿਆਰਾ ਸਿੰਘ ਜੀ ਸਿਰਥਲੇ ਵਾਲੇ ਆਪਣੇ ਜਥੇ ਸਮੇਤ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪਹੁੰਚੀਆਂ ਮੁੱਖ ਸ਼ਖ਼ਸੀਅਤਾਂ ਵਿਸ਼ਵਕਰਮਾ ਵੈੱਲਫੇਅਰ ਸਰਬ ਸਾਂਝੀ ਸੁਸਾਇਟੀ, ਦੁਸਹਿਰਾ ਕਮੇਟੀ, ਸ਼ਿਵ ਸ਼ੰਕਰ ਕਮੇਟੀ, ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਬਾਂਕੇ ਲਾਲ ਗੁਪਤਾ ਸਕੂਟਰ ਐਸੋਸੀਏਸ਼ਨ, ਹਨੂਮਾਨ ਸੇਵਾ ਸਮਤੀ, ਮੌਰਨਿੰਗ ਵਾਕ ਕਲੱਬ, ਅਗਰਸੈਨ ਕਮੇਟੀ, ਵਿਸ਼ਕਰਮਾ ਮੰਦਿਰ ਅਗਵਾੜ ਲੋਪੋ ਡੱਲਾ, ਆਮ ਆਦਮੀ ਪਾਰਟੀ ਤੋਂ ਵਿਧਾਇਕਾ ਸਰਵਜੀਤ ਕੌਰ ਮਾਣੂਕੇ, ਬੀ ਜੇ ਪੀ ਤੋਂ ਜ਼ਿਲ੍ਹਾ ਪ੍ਰਧਾਨ ਡਾਕਟਰ ਰਾਜਿੰਦਰ ਸ਼ਰਮਾ, ਸ਼੍ਰੋਮਣੀ ਅਕਾਲੀ ਦਲ ਤੋਂ ਐੱਸ ਆਰ ਕਲੇਰ, ਨਗਰ ਕੌਂਸਲ ਪ੍ਰਧਾਨ ਕੰਵਰਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਪੱਪੂ, ਸੁਖਮਿੰਦਰ ਸਿੰਘ ਆਪਣੇ ਸਾਥੀਆਂ ਸਮੇਤ ਪਹੁੰਚੇ। ਇਸ ਮੌਕੇ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਜਿੰਦਰਪਾਲ ਧੀਮਾਨ, ਧੀਮਾਨ ਪ੍ਰੈੱਸ ਸਕੱਤਰ ਹਰਨੇਕ ਸਿੰਘ ਸੋਹੀ ਨੇ ਕਿਹਾ ਕਿ ਇਹ ਦਿਹਾੜਾ ਸਵਰਗੀ ਸ੍ਰ. ਮਹਿੰਦਰ ਸਿੰਘ ਸੋਹੀ ਤੇ ਸ੍ਰ. ਕਰਮ ਸਿੰਘ ਜਗਦੇ ਪ੍ਰਧਾਨ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਦੇ ਅਸ਼ੀਰਵਾਦ ਸਦਕਾ ਅਸੀਂ ਪਿਛਲੇ ਕਈ ਸਾਲਾਂ ਤੋਂ ਮਨਾ ਰਹੇ ਹਾਂ, ਕਿਉਂਕਿ ਸਾਨੂੰ ਆਪਣੇ ਗੁਰੂਆਂ ਦਾ ਦਿਨ ਕਦੇ ਵੀ ਨਹੀਂ ਭੁੱਲਣਾ ਚਾਹੀਦਾ। ਇਸ ਸਮਾਗਮ ਤੋਂ ਬਾਅਦ ਗੁਰੂ ਕਾ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਗੁਰਮੇਲ ਸਿੰਘ ਢੁੱਡੀਕੇ, ਪ੍ਰਿਤਪਾਲ ਸਿੰਘ ਮਣਕੂ, ਕਰਮ ਸਿੰਘ ਜਗਦੇ, ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਜਨਰਲ ਸਕੱਤਰ ਠੇਕੇਦਾਰ ਅਮਰਜੀਤ ਸਿੰਘ ਘਟੌੜੇ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਮੀਤ ਪ੍ਰਧਾਨ ਠੇਕੇਦਾਰ ਬਹਾਦਰ ਸਿੰਘ ਕਮਾਲਪੁਰਾ, ਪ੍ਰੈੱਸ ਸਕੱਤਰ ਠੇਕੇਦਾਰ ਹਰਨੇਕ ਸਿੰਘ ਸੋਹੀ, ਜਸਪਾਲ ਸਿੰਘ ਕਲਿਆਣ, ਜਗਰੂਪ ਸਿੰਘ ਗੈਦੂ, ਜਗਦੀਸ਼ ਸਿੰਘ ਦੀਸ਼ਾ, ਮਨਦੀਪ ਸਿੰਘ ਮਨੀ, ਪ੍ਰੀਤਮ ਸਿੰਘ ਜੰਡੂ, ਤਰਲੋਚਨ ਸਿੰਘ ਸੀਹਰਾ, ਕਾਂਗਰਸ ਦੇ ਓ ਬੀ ਸੀ ਜ਼ਿਲ੍ਹਾ ਲੁਧਿਆਣਾ ਦੇ ਚੇਅਰਮੈਨ ਸੁਖਪਾਲ ਸਿੰਘ ਖਹਿਰਾ, ਡ. ਨਰਿੰਦਰ ਸਿੰਘ ਬੀ ਕੇ ਵਾਲੇ ਗੁਰਦੁਆਰਾ ਕਮੇਟੀ ਦੇ ਸਮੂਹ ਮੈਂਬਰ ਆਦਿ ਹਾਜ਼ਰ ਸਨ।

ਘਰ 'ਚ ਖੜ੍ਹੀ ਕਾਰ 'ਤੇ ਆਤਿਸ਼ਬਾਜ਼ੀ ਡਿੱਗਣ ਨਾਲ ਲੱਗੀ ਅੱਗ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਦੀਵਾਲੀ ਦੀ ਰਾਤ ਗੋਡੀਆ ਪ੍ਰੈੱਸ ਗਲੀ 'ਚ ਆਤਿਸ਼ਬਾਜ਼ੀ ਆ ਕੇ ਇੱਕ ਘਰ ਦੀ ਗੈਲਰੀ 'ਚ ਖੜ੍ਹੀ ਕਾਰ 'ਤੇ ਆ ਡਿੱਗੀ, ਜਿਸ ਨਾਲ ਕਾਰ ਨੂੰ ਅੱਗ ਲੱਗ ਗਈ।ਇਸ ਸਬੰਧੀ ਥਾਣਾ ਸਿਟੀ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਸੁਮਿਤ ਕੁਮਾਰ ਪੁੱਤਰ ਸਤਪਾਲ ਗੋਇਲ ਵਾਸੀ ਮਕਾਨ ਨੰਬਰ 195, ਗੋਡੀਆ ਪ੍ਰੈੱਸ ਵਾਲੀ ਗਲੀ, ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਉਹ ਮੰਡੀ ਵਿੱਚ ਆੜ੍ਹਤ ਦਾ ਕੰਮ ਕਰਦਾ ਹਾਂ।ਦੀਵਾਲੀ ਦੀ ਅੱਧੀ ਰਾਤ ਘਰ ਖੜ੍ਹੀ ਬਰਿਜ਼ਾ ਕਾਰ 'ਤੇ ਇੱਕ ਆਤਿਸ਼ਬਾਜ਼ੀ ਆ ਡਿੱਗੀ, ਜਿਸ ਨਾਲ ਕਾਰ ਨੂੰ ਅੱਗ ਲੱਗ ਗਈ।ਉਹ ਲੋਕ ਘਰ ਦੇ ਅੰਦਰ ਸੁੱਤੇ ਪਏ ਸਨ।ਅੱਗ ਲੱਗਣ ਬਾਰੇ ਸਾਹਮਣੇ ਰਹਿਣ ਵਾਲੇ ਗੁਆਂਢੀਆਂ ਨੇ ਦੱਸਿਆ ਤਾਂ ਉਹ ਬਾਹਰ ਆਏ, ਜਦਕਿ ਰਸੋਈ ਦੇ ਬਾਹਰ ਗੈਲਰੀ ਵਿੱਚ ਸਿਲੰਡਰ ਦਾ ਬਾਕਸ ਪਿਆ ਸੀ, ਜਿਸ ਨੂੰ ਅੱਗ ਨੇ ਆਪਣੇ ਲਪੇਟੇ ਵਿੱਚ ਲੈ ਲਿਆ ਸੀ।ਉਨ੍ਹਾਂ ਤੁਰੰਤ ਪਤਾ ਲੱਗਦਿਆਂ ਹੀ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਤੇ ਆਪਣੇ ਪੱਧਰ 'ਤੇ ਵੀ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ।ਫਾਇਰ ਬ੍ਰਿਗੇਡ ਤੇ ਲੋਕਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਜਾ ਸਕਿਆ।ਕਾਰ ਮਾਲਕ ਦੇ ਅਨੁਸਾਰ ਇਸ ਅੱਗ ਲੱਗਣ ਨਾਲ ਉਸ ਦਾ ਲਗਭਗ 10 ਤੋਂ 12 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ।

ਵਿਸ਼ਵਕਰਮਾ ਜਯੰਤੀ ਮੌਕੇ ਵਿਧਾਇਕਾ ਨੇ ਸ਼ੈੱਡ ਲਈ 10 ਲੱਖ ਗ੍ਰਾਂਟ ਦਾ ਐਲਾਨ



ਭਵਾਨੀਗੜ੍ਹ (ਰਾਜ ਖੁਰਮੀ)-ਸਥਾਨਕ ਸ਼ਹਿਰ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਭਗਵਾਨ ਸ੍ਰੀ ਵਿਸ਼ਵਕਰਮਾ ਮੂਰਤੀ ਸਥਾਪਨਾ ਦਿਵਸ ਤੇ ਔਜ਼ਾਰ ਪੂਜਾ ਨੂੰ ਸਮਰਪਤ ਭਗਵਾਨ ਸ੍ਰੀ ਵਿਸ਼ਵਕਰਮਾ ਜਯੰਤੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਤੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਸ਼ਿਰਕਤ ਕਰਕੇ ਭਗਵਾਨ ਵਿਸ਼ਵਕਰਮਾ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਸਮਾਗਮ ਦੌਰਾਨ ਪ੍ਰਧਾਨ ਜਸਵਿੰਦਰ ਸਿੰਘ ਜੱਜ ਦੀ ਅਗਵਾਈ ਹੇਠ ਮੁੱਖ ਮਹਿਮਾਨ ਵਜੋਂ ਪਹੁੰਚੀ ਹਲਕਾ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਵਿਧਾਇਕ ਭਰਾਜ ਨੇ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦੇ ਜੀਵਨ, ਉਨ੍ਹਾਂ ਦੀ ਮਹਾਨ ਸ਼ਖ਼ਸੀਅਤ ਤੇ ਸਿਰਜਣਾਤਮਕ ਯੋਗਦਾਨ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਨੂੰ ਕਿਰਤੀਆਂ, ਕਾਰੀਗਰਾਂ ਤੇ ਸ਼ਿਲਪਕਾਰਾਂ ਦਾ ਮਾਰਗਦਰਸ਼ਕ ਮੰਨਿਆ ਜਾਂਦਾ ਹੈ।ਉਨ੍ਹਾਂ ਦੀ ਸਿੱਖਿਆ ਸਾਨੂੰ ਮਿਹਨਤ, ਲਗਨ ਤੇ ਹੁਨਰ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੰਦੀ ਹੈ।ਇਸ ਮੌਕੇ ਉਨ੍ਹਾਂ ਵੱਲੋਂ ਸੰਸਥਾ ਦੇ ਸ਼ੈੱਡ ਦੀ ਉਸਾਰੀ ਲਈ 10 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ ਗਿਆ।ਸਮਾਗਮ ਵਿੱਚ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਵੀ ਸ਼ਿਰਕਤ ਕੀਤੀ।ਇਸ ਮੌਕੇ ਰਣਜੀਤ ਸਿੰਘ ਮੁੰਦੜ, ਮਨਦੀਪ ਸਿੰਘ ਮੁੰਦੜ, ਕਰਮਜੀਤ ਸਿੰਘ ਚੌਹਾਨ, ਪ੍ਰੀਤ ਸਿੰਘ ਤੂਰ, ਰਾਜੂ ਫਾਈਨੈਂਸਰ ਸਮੇਤ ਹੋਰ ਪਤਵੰਤੇ ਤੇ ਆਗੂ ਹਾਜ਼ਰ ਸਨ।

ਸਫਾ 1 ਦੇ ਬਾਕੀ...

ਦੀਵਾਲੀ ਨੇ ਕੱਢਿਆ...

ਪਿਆ। ਮੰਡੀ ਗੋਬਿੰਦਗੜ੍ਹ ਸਭ ਤੋਂ ਵੱਧ ਪ੍ਰਭਾਵਤ ਇਲਾਕਿਆਂ ਵਿੱਚੋਂ ਇੱਕ ਰਿਹਾ। ਇੱਥੇ ਐਤਵਾਰ ਏ ਕਿਊ ਆਈ 445 ਤੱਕ ਪਹੁੰਚ ਗਿਆ। ਸਥਿਤੀ ਦੇ ਚਿੰਤਾਜਨਕ ਬਣੇ ਰਹਿਣ ਦੀ ਸੰਭਾਵਨਾ ਹੈ, ਕਿਉਂਕਿ ਖੇਤਾਂ ਵਿੱਚ ਸੜ ਰਹੀ ਪਰਾਲੀ ਕਾਰਨ ਪੈਦਾ ਹੋਏ ਪ੍ਰਦੂਸ਼ਣ ਵਿੱਚ ਪਟਾਕਿਆਂ ਦਾ ਧੂੰਆਂ ਵੀ ਸ਼ਾਮਲ ਹੋ ਗਿਆ ਹੈ। ਏ ਕਿਊ ਆਈ ਦੇ ਮਾਪਦੰਡਾਂ ਅਨੁਸਾਰ 0 ਤੋਂ 50 ਦਰਮਿਆਨ ਰੀਡਿੰਗ ਨੂੰ 'ਚੰਗਾ', 51 ਤੋਂ 100 ਨੂੰ 'ਤਸੱਲੀਬਖਸ਼', 101 ਤੋਂ 200 ਨੂੰ 'ਦਰਮਿਆਨਾ', 201 ਤੋਂ 300 ਨੂੰ 'ਖਰਾਬ', 301 ਤੋਂ 400 ਨੂੰ 'ਬਹੁਤ ਖਰਾਬ' ਅਤੇ 401 ਤੋਂ 500 ਨੂੰ 'ਖਤਰਨਾਕ' ਮੰਨਿਆ ਜਾਂਦਾ ਹੈ। ਸਿਹਤ ਮਾਹਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਹਵਾ ਦੀ ਵਿਗੜ ਰਹੀ ਗੁਣਵੱਤਾ ਫੇਫੜਿਆਂ, ਦਿਲ ਦੀਆਂ ਬਿਮਾਰੀਆਂ ਅਤੇ ਦਮੇ ਤੋਂ ਪੀੜਤ ਲੋਕਾਂ ਵਿੱਚ ਸਾਹ ਲੈਣ 'ਚ ਮੁਸ਼ਕਲ ਪੈਦਾ ਕਰ ਸਕਦੀ ਹੈ। ਇਸ ਨਾਲ ਚਮੜੀ, ਅੱਖਾਂ ਅਤੇ ਨੱਕ ਦੀ ਐਲਰਜੀ ਵੀ ਵਧ ਸਕਦੀ ਹੈ।

ਸਮਾਜਵਾਦ ਦੀ ਅਟੱਲਤਾ...

ਬਰਸੀ ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਵਿੱਚ ਅਹਿਮ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ, ਜਿਨ੍ਹਾਂ ਵਿੱਚ ਉੱਘੇ ਸਾਹਿਤਕਾਰ ਬਲਦੇਵ ਸੜਕਨਾਮਾ, ਸਾਬਕਾ ਅਧਿਆਪਕ ਆਗੂ ਮਹਿੰਦਰ ਸਿੰਘ ਧਾਲੀਵਾਲ, ਉੱਘੇ ਟਰੇਡ ਯੂਨੀਅਨ ਆਗੂ ਜਗਦੀਸ਼ ਚਾਹਲ ਸਿੰਘ ਸ਼ਾਮਲ ਸਨ। ਸਮਾਗਮ ਵਿੱਚ ਹਾਜ਼ਰ ਸਾਥੀ ਰਣਧੀਰ ਗਿੱਲ ਨਾਲ ਕੰਮ ਕਰਦੇ ਸਾਥੀਆਂ ਵੱਲੋਂ ਉਹਨਾ ਨਾਲ ਬਿਤਾਏ ਯਾਦਗਾਰੀ ਪਲ ਵੀ ਸਾਂਝੇ ਕੀਤੇ ਗਏ।

ਅਖੀਰ ਵਿੱਚ ਸਮਾਗਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਅਤੇ ਸਾਥੀਆਂ ਦਾ ਟਰੇਡ ਯੂਨੀਅਨ ਆਗੂ ਗੁਰਦੀਪ ਮੋਤੀ ਵੱਲੋਂ ਧੰਨਵਾਦ ਕੀਤਾ ਗਿਆ ਅਤੇ ਕਾਮਰੇਡ ਰਣਧੀਰ ਗਿੱਲ ਦੀ ਸੋਚ 'ਤੇ ਪਹਿਰਾ ਦੇਣ ਦਾ ਅਹਿਦ ਦੁਹਰਾਇਆ। ਇਸ ਸਮੇਂ ਇਪਟਾ ਦੇ ਸਾਥੀਆਂ ਵੱਲੋਂ ਭੰਡਾਂ ਦੀ ਪੇਸ਼ਕਾਰੀ ਕੀਤੀ ਗਈ। ਸਮਾਗਮ ਵਿੱਚ ਸਟੇਜ ਸਕੱਤਰ ਦੀ ਭੂਮਿਕਾ ਜ਼ਿਲ੍ਹਾ ਪਾਰਟੀ ਸਕੱਤਰ ਕੁਲਦੀਪ ਭੋਲਾ ਨੇ ਨਿਭਾਈ।

ਇਸ ਮੌਕੇ ਸੂਬਾ ਪਾਰਟੀ ਦੇ ਕੰਟਰੋਲ ਕਮਿਸ਼ਨ ਮੈਂਬਰ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਸਰਬ ਭਾਰਤ ਨੌਜਵਾਨ ਸਭਾ ਦੇ ਕੌਮੀ ਜਨਰਲ ਸਕੱਤਰ ਸੁਖਜਿੰਦਰ ਮਹੇਸਰੀ, ਕਮਿਊਨਿਸਟ ਆਗੂ ਹੰਸ ਰਾਜ ਗੋਲਡਨ, ਅਸ਼ੋਕ ਕੌਸ਼ਲ, ਕਿਸਾਨ ਆਗੂ ਸੂਰਤ ਸਿੰਘ ਧਰਮਕੋਟ, ਨਰੇਗਾ ਕਾਮਿਆਂ ਦੇ ਆਗੂ ਕਸ਼ਮੀਰ ਗਦਾਈਆ ਤੇ ਜਗਸੀਰ ਖੋਸਾ, ਸੁਖਦੇਵ ਸਿੰਘ ਭੋਲਾ, ਮਹਿੰਦਰ ਸਿੰਘ ਧੂੜਕੋਟ, ਗੁਰਦਿੱਤ ਦੀਨਾ, ਬਲਵਿੰਦਰ ਬੁੱਧ ਸਿੰਘ ਵਾਲਾ, ਪ੍ਰਿੰਸੀਪਲ ਪੂਰਨ ਸਿੰਘ ਸੰਧੂ, ਸਾਬਕਾ ਅਧਿਆਪਕ ਆਗੂ ਅਵਤਾਰ ਸਿੰਘ ਫਿਰੋਜ਼ਪੁਰ ਤੇ ਬਚਿੱਤਰ ਸਿੰਘ ਗਾਦੜੀਵਾਲਾ ਤੇ ਨੌਜਵਾਨ ਆਗੂ ਜਗਵਿੰਦਰ ਸਿੰਘ ਕਾਕਾ, ਜਸਪ੍ਰੀਤ ਕੌਰ ਬੱਧਨੀ, ਰਾਜੂ ਮਹੇਸਰੀ, ਇਕਬਾਲ ਤਖਾਣਵੱਧ ਅਤੇ ਬੋਹੜ ਬੁੱਟਰ ਸ਼ਾਮਲ ਸਨ।

ਪਰਗਟ ਤੇ ਬਾਜਵਾ ਵੱਲੋਂ...

ਬਾਵਜੂਦ ਭ੍ਰਿਸ਼ਟਾਚਾਰ ਵਧਦਾ ਜਾ ਰਿਹਾ ਹੈ। ਉਨ੍ਹਾਂ 'ਆਪ' ਸਰਕਾਰ ਨੂੰ ਨਸ਼ਿਆਂ ਦੀ ਵਧਦੀ ਮਾਰ, ਵਧ ਰਹੀਆਂ ਅਪਰਾਧਕ ਗਤੀਵਿਧੀਆਂ ਅਤੇ ਵਿਗੜ ਰਹੀ ਕਾਨੂੰਨ ਵਿਵਸਥਾ ਦੀ ਸਥਿਤੀ ਲਈ ਵੀ ਜ਼ਿੰਮੇਵਾਰ ਠਹਿਰਾਇਆ।

ਕਾਂਗਰਸੀ ਆਗੂਆਂ ਨੇ ਅਕਾਲੀ ਦਲ ਦੀ ਸਿਆਸੀ ਵਿਰਾਸਤ ਅਤੇ ਸ਼ਾਸਨ ਦੇ ਰਿਕਾਰਡ, ਖਾਸ ਕਰਕੇ ਸੱਤਾ ਵਿੱਚ ਇਸ ਦੇ ਪਿਛਲੇ ਕਾਰਜਕਾਲ 'ਤੇ ਵੀ ਸਵਾਲ ਚੁੱਕੇ। ਕਈ ਸਾਲਾਂ ਤੱਕ ਪੰਜਾਬ 'ਤੇ ਰਾਜ ਕਰਨ ਵਾਲੇ ਅਕਾਲੀ ਦਲ ਨੂੰ ਆਪਣੇ ਪਿਛਲੇ ਰਾਜ ਦੌਰਾਨ ਨਸ਼ਿਆਂ ਦੀ ਸਮੱਸਿਆ, ਬੇਅਦਬੀ ਦੀਆਂ ਘਟਨਾਵਾਂ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਸੰਭਾਲਣ ਨਾਲ ਜੁੜੇ ਮੁੱਦਿਆਂ 'ਤੇ ਲਗਾਤਾਰ ਸਿਆਸੀ ਆਲੋਚਨਾ ਦਾ ਸਾਹਮਣਾ ਕਰਨਾ ਪਿਆ ਹੈ। ਇਸ ਮੌਕੇ ਨਰੇਸ਼ ਭਾਰਦਵਾਜ, ਵਿਨੋਦ ਵਰਮਾਨੀ, ਤਰਨਜੀਤ ਸਿੰਘ ਵਾਲੀਆ, ਜਤਿੰਦਰ ਵਰਮਾਨੀ, ਅਵਿਨਾਸ਼ ਗੁਪਤਾ, ਸਰਜੀਵਨ ਲਤਾ, ਅਮਰਿੰਦਰ ਕੂਨਰ ਅਤੇ ਅੰਮ੍ਰਿਤ ਲਾਲ ਭੌਂਸਲੇ ਸਮੇਤ ਕਈ ਸਥਾਨਕ ਕਾਂਗਰਸ ਆਗੂ ਹਾਜ਼ਰ ਸਨ। ਇਸ ਦੌਰਾਨ ਰਿਟਾਇਰਡ ਐੱਸ ਪੀ ਪਰਮਜੀਤ ਸਿੰਘ ਕਾਂਗਰਸ ਵਿੱਚ ਸ਼ਾਮਲ ਹੋ ਗਏ।

ਪਸ਼ੂ ਲੈ ਕੇ ਹਜ਼ਾਰਾਂ...

ਇਸ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ। ਸੋਮਵਾਰ ਨੂੰ ਛਤਰਪਤੀ ਸੰਭਾਜੀਨਗਰ ਬੈਂਚ ਦੇ ਸਾਹਮਣੇ ਸੁਣਵਾਈ ਹੋਣੀ ਸੀ, ਕਿਉਂਕਿ ਕੋਲਹਾਪੁਰ ਬੈਂਚ ਛੁੱਟੀਆਂ ਕਾਰਨ ਬੰਦ ਸੀ। ਮਾਰਚ ਤੋਂ ਪਹਿਲਾਂ ਸਤੇਜ ਪਾਟਿਲ, ਸੰਸਦ ਮੈਂਬਰ ਵਿਸ਼ਾਲ ਪਾਟਿਲ ਅਤੇ ਧੀਰੇਸ਼ੀਲ ਮੋਹਿਤੇ-ਪਾਟਿਲ ਅਤੇ ਸਵਾਭਿਮਾਨੀ ਸ਼ੇਤਕਾਰੀ ਸੰਗਠਨ ਦੇ ਮੁਖੀ ਰਾਜੂ ਸ਼ੈਟੀ ਨੇ ਤਾਲਮੇਲ ਮੀਟਿੰਗ ਕੀਤੀ। ਵਿਰੋਧ ਪ੍ਰਦਰਸ਼ਨ ਦੇ ਰਸਤੇ 'ਤੇ, ਖਾਸ ਕਰਕੇ ਡੀ ਸੀ ਦਫਤਰ ਦੇ ਆਲੇ-ਦੁਆਲੇ ਭਾਰੀ ਪੁਲਸ ਤਾਇਨਾਤ ਸੀ। ਪਿਛਲੇ ਹਫਤੇ ਰਾਹੁਲ ਗਾਂਧੀ ਨੇ ਕਿਹਾ ਸੀ, "ਗੋਕੁਲ ਵਿੱਚ ਦੁੱਧ ਉਤਪਾਦਕਾਂ ਨੇ ਭਾਜਪਾ ਨੂੰ ਹਰਾਇਆ ਹੈ। ਇਸ ਲਈ ਭਾਜਪਾ ਨੇ ਚੋਣਾਂ ਤੋਂ ਬਾਅਦ ਨਿਯਮ ਬਦਲ ਦਿੱਤੇ। ਚਾਰ ਡਾਇਰੈਕਟਰ ਨਵੇਂ ਪਾ ਕੇ 12 ਤੋਂ 16 ਬਣਾ ਕੇ, ਬਹੁਮਤ ਚੋਰੀ ਕਰ ਲਿਆ। ਇਹ ਦੁੱਧ ਉਤਪਾਦਕਾਂ ਦੀਆਂ ਵੋਟਾਂ ਦੀ ਚੋਰੀ ਹੈ-ਫਤਵੇ ਵਿੱਚ ਮਿਲਾਵਟ। ਭਾਜਪਾ ਇੰਨੀ ਬੇਚੈਨ ਹੋ ਗਈ ਹੈ ਕਿ ਉਹ ਸੱਤਾ ਬਚਾਉਣ ਲਈ ਹਰ ਹੱਦ ਤੱਕ ਜਾ ਰਹੀ ਹੈ।"

ਭਗਵੰਤ ਮਾਨ ਸਰਕਾਰ ਨੇ ਸਾਰੇ ਚੋਣ ਵਾਅਦੇ ਪੂਰੇ ਕੀਤੇ : ਸੰਧੂ ਤੇ ਡਰੋਲਾ



ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)-ਹੁਣ ਤੱਕ ਜਿੰਨੀਆਂ ਵੀ ਸਿਆਸੀ ਪਾਰਟੀਆਂ ਨੇ ਪੰਜਾਬ ਵਿੱਚ ਰਾਜ ਕੀਤਾ ਹੈ, ਕਿਸੇ ਵੀ ਪਾਰਟੀ ਨੇ ਚੋਣਾਂ ਸਮੇਂ ਕੀਤੇ ਵੋਟਰਾਂ ਨਾਲ ਵਾਅਦੇ ਪੂਰੇ ਨਹੀਂ ਕੀਤੇ, ਪਰ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਇੱਕੋ ਇੱਕ ਸਰਕਾਰ ਹੈ, ਜਿਸ ਨੇ ਚੋਣਾਂ ਸਮੇਂ ਕੀਤਾ ਹਰ ਵਾਅਦਾ ਪੂਰਾ ਕੀਤਾ। ਇਹ ਵਿਚਾਰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਤਾਰ ਸਿੰਘ ਸੰਧੂ ਕੌਂਸਲਰ ਤੇ ਰਣਦੀਪ ਸਿੰਘ ਡਰੋਲਾ ਨੇ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਆਉਣ ਵਾਲੀ ਸਰਕਾਰ ਆਮ ਆਦਮੀ ਪਾਰਟੀ ਦੀ ਹੀ ਬਣੇਗੀ, ਜਿਸ ਵਿੱਚ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਦਾ ਵਿਸ਼ੇਸ਼ ਯੋਗਦਾਨ ਹੋਵੇਗਾ, ਕਿਉਂਕਿ ਸੁਰਜੀਤ ਸਿੰਘ ਰੱਖੜਾ ਪੂਰੇ ਪੰਜਾਬ ਵਿੱਚ ਇੱਕ ਦਰਵੇਸ਼ ਸਿਆਸਤਦਾਨ ਵੱਜੋਂ ਜਾਣੇ ਜਾਂਦੇ ਹਨ, ਜੋ ਲੋਕਾਂ ਦੇ ਕੰਮ ਕਰਾਉਣ ਲਈ ਹਮੇਸ਼ਾ ਤਿਆਰ ਰਹਿੰਦੇ ਹਨ। ਇਹੋ ਕਾਰਨ ਹੈ ਕਿ ਰੱਖੜਾ ਸਾਹਿਬ ਦੇ ਦਫਤਰ ਤੇ ਰਿਹਾਇਸ਼ ਦੇ ਹਰ ਸਮੇਂ ਲੋਕਾਂ ਦਾ ਭਾਰੀ ਇਕੱਠ ਜੁੜਿਆ ਰਹਿੰਦਾ ਹੈ।

ਅਨੁਵ੍ਰਤ ਸੋਸਾਇਟੀ ਵੱਲੋਂ ਵਾਤਾਵਰਣ-ਅਨੁਕੂਲ ਤਿਉਹਾਰ ਦਾ ਆਯੋਜਨ



ਜਗਰਾਉਂ (ਅਮਿਤ ਖੰਨਾ)-ਅਨੁਵ੍ਰਤ ਵਿਸ਼ਵ ਭਾਰਤੀ ਸੋਸਾਇਟੀ ਨੇ ਆਪਣੀ ਵਾਤਾਵਰਣ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ ਇੱਕ ਵਾਤਾਵਰਣ-ਅਨੁਕੂਲ ਤਿਉਹਾਰ ਦਾ ਆਯੋਜਨ ਕੀਤਾ।ਇਹ ਸਮਾਗਮ ਜਗਰਾਉਂ ਦੇ ਲਾਲਾ ਲਾਜਪਤ ਰਾਏ ਗਰਲਜ਼ ਸਕੂਲ ਵਿੱਚ ਹੋਇਆ।ਇਸ ਸਮਾਗਮ ਵਿੱਚ ਵਾਤਾਵਰਣ-ਅਨੁਕੂਲ ਜੀਵਨ ਸ਼ੈਲੀ ਅਪਨਾਉਣ ਤੇ ਵਾਤਾਵਰਣ ਨੂੰ ਬਚਾਉਣ ਦਾ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਅਨੁਵ੍ਰਤ ਸਮਿਤੀ ਜਗਰਾਉਂ ਦੇ ਪ੍ਰਧਾਨ ਰਾਜਪਾਲ ਜੈਨ ਨੇ ਸਕੂਲੀ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਸਾਡੇ ਪ੍ਰਦੂਸ਼ਤ ਵਾਤਾਵਰਣ ਨੂੰ ਬਚਾਉਣ ਲਈ ਹਰੀ ਦੀਵਾਲੀ ਮਨਾਉਣਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਅਨੁਵ੍ਰਤ ਸਮਿਤੀ ਦਾ ਉਦੇਸ਼ ਹੈ ਕਿ ਹਰ ਵਿਅਕਤੀ ਵਾਤਾਵਰਣ-ਅਨੁਕੂਲ ਜੀਵਨ ਸ਼ੈਲੀ ਅਪਨਾਏ ਤੇ ਸਮਾਜ ਵਿੱਚ ਵਾਤਾਵਰਣ ਨੂੰ ਬਚਾਉਣ ਲਈ ਹਰਿਆਲੀ ਦਾ ਰਖਵਾਲਾ ਬਣੇ। ਇਸ ਮੌਕੇ ਪ੍ਰਿੰਸੀਪਲ ਨੀਨਾ ਗਰਗ, ਲਾਜਪਤ ਕੰਨਿਆ ਪਾਠਸ਼ਾਲਾ ਸਕੂਲ ਵਿਨੋਦ ਜੈਨ, ਅਨੁਵ੍ਰਤ ਸਮਿਤੀ ਜਗਰਾਉਂ ਦੇ ਮੀਤ ਪ੍ਰਧਾਨ ਰਜਿੰਦਰ ਜੈਨ ਕਾਕਾ, ਚੇਅਰਮੈਨ ਕੁਦਰਤ ਦੇ ਰਾਖੇ ਰਜਿੰਦਰ ਕੁਮਾਰ ਗੋਇਲ, ਅਨੁਵਰਤ ਸਮਿਤੀ ਜਗਰਾਉਂ ਦੇ ਸਲਾਹਕਾਰ ਕੈਪਟਨ ਨਰੇਸ਼ ਵਰਮਾ, ਸੋਨੀ ਮੱਕੜ ਤੇ ਸਕੂਲ ਸਟਾਫ਼ ਹਾਜ਼ਰ ਸੀ।

ਏ ਡੀ ਸੀ ਗੋਇਲ ਵੱਲੋਂ ਖੇਤੀਬਾੜੀ ਵਿਕਾਸ ਤੇ ਕਲੱਸਟਰ ਅਫਸਰਾਂ ਨਾਲ ਮੀਟਿੰਗ



ਮਾਨਸਾ (ਆਤਮਾ ਸਿੰਘ ਪਮਾਰ)-ਪਰਾਲੀ ਪ੍ਰਬੰਧਨ ਨੂੰ ਸੁਚਾਰੂ ਬਣਾਉਣ ਤੇ ਝੋਨੇ ਦੇ ਸੀਜ਼ਨ ਦੌਰਾਨ ਅੱਗ ਲੱਗਣ ਦੀਆਂ ਘਟਨਾਵਾਂ ਨੂੰ ਰੋਕਣ ਦੇ ਮਕਸਦ ਨਾਲ ਵਧੀਕ ਡਿਪਟੀ ਕਮਿਸ਼ਨਰ ਕ੍ਰਿਤਿਕਾ ਗੋਇਲ ਵੱਲੋਂ ਖੇਤੀਬਾੜੀ ਵਿਕਾਸ ਅਫਸਰਾਂ ਤੇ ਕਲੱਸਟਰ ਅਫਸਰਾਂ ਨਾਲ ਇੱਕ ਵਿਸ਼ੇਸ਼ ਸਮੀਖਿਆ ਮੀਟਿੰਗ ਕੀਤੀ ਗਈ।ਜ਼ਿਲ੍ਹਾ ਪ੍ਰੀਸ਼ਦ ਵਿਖੇ ਹੋਈ ਮੀਟਿੰਗ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਨੂੰ ਜ਼ਮੀਨੀ ਪੱਧਰ 'ਤੇ ਚੌਕਸੀ ਵਧਾਉਣ ਤੇ ਪਿੰਡਾਂ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮਾਂ ਚਲਾਉਣ ਦੀਆਂ ਸਖ਼ਤ ਹਦਾਇਤਾਂ ਦਿੱਤੀਆਂ।ਕ੍ਰਿਤਿਕਾ ਗੋਇਲ ਨੇ ਆਦੇਸ਼ ਦਿੱਤੇ ਕਿ ਸਰਕਾਰ ਵੱਲੋਂ ਪਰਾਲੀ ਦੇ ਨਿਪਟਾਰੇ ਲਈ ਸਬਸਿਡੀ 'ਤੇ ਦਿੱਤੀ ਜਾਣ ਵਾਲੀ ਖੇਤੀ ਮਸ਼ੀਨਰੀ ਬਿਨਾਂ ਕਿਸੇ ਦੇਰੀ ਦੇ ਸਮੇਂ ਸਿਰ ਲੋੜਵੰਦ ਕਿਸਾਨਾਂ ਤੱਕ ਪਹੁੰਚਾਉਣੀ ਯਕੀਨੀ ਬਣਾਈ ਜਾਵੇ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮਸ਼ੀਨਰੀ ਪ੍ਰਾਪਤੀ 'ਚ ਕੋਈ ਪ੍ਰਸ਼ਾਸਨਕ ਔਕੜ ਨਹੀਂ ਆਉਣੀ ਚਾਹੀਦੀ, ਤਾਂ ਜੋ ਉਹ ਖੇਤਾਂ 'ਚ ਹੀ ਰਹਿੰਦ-ਖੂੰਹਦ ਦੀ ਸਾਂਭ-ਸੰਭਾਲ ਕਰ ਸਕਣ।ਉਨ੍ਹਾਂ ਸਪੱਸ਼ਟ ਕੀਤਾ ਕਿ ਪਰਾਲੀ ਸਾੜਨ ਦੀ ਰੋਕਥਾਮ ਲਈ ਤੇ ਮਸ਼ੀਨਰੀ ਵੰਡ ਦੀ ਪ੍ਰਕਿਰਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਜਾਂ ਢਿੱਲ-ਮੱਠ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਫੀਲਡ ਸਟਾਫ਼ ਨੂੰ ਨਿਰਦੇਸ਼ ਦਿੱਤੇ ਕਿ ਅਧਿਕਾਰੀ ਆਪੋ-ਆਪਣੇ ਖੇਤਰਾਂ ਵਿੱਚ ਖੇਤਾਂ ਤੱਕ ਪਹੁੰਚ ਕਰਕੇ ਕਿਸਾਨਾਂ ਨਾਲ ਲਗਾਤਾਰ ਰਾਬਤਾ ਤੇ ਤਾਲਮੇਲ ਬਣਾ ਕੇ ਰੱਖਣ।ਅਧਿਕਾਰੀਆਂ ਨੂੰ ਹਰ ਪਿੰਡ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਸਾੜਨ ਨਾਲ ਹੁੰਦੇ ਵਾਤਾਵਰਨ ਤੇ ਜ਼ਮੀਨੀ ਉਪਜਾਊ ਸ਼ਕਤੀ ਦੇ ਨੁਕਸਾਨ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਤਕਨੀਕੀ ਮਾਰਗਦਰਸ਼ਨ ਦੇਣ ਲਈ ਵੀ ਕਿਹਾ।

ਪਰਾਲੀ ਨੂੰ ਅੱਗ ਨਾ ਲਗਾਓ, ਪਰਾਲੀ ਨੂੰ ਸੰਭਾਲੋ : ਡੀ ਸੀ




ਬਠਿੰਡਾ (ਪਰਵਿੰਦਰ ਜੀਤ ਸਿੰਘ)-ਝੋਨੇ ਦੀ ਕਟਾਈ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਬਠਿੰਡਾ ਜ਼ਿਲ੍ਹੇ ਦੇ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਵਿਸ਼ੇਸ਼ ਮੁਹਿੰਮ ਤਹਿਤ ਕਿਸਾਨਾਂ ਨੂੰ ਉਨ੍ਹਾਂ ਦੇ ਖੇਤਾਂ ਵਿੱਚ ਜਾ ਕੇ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਬਠਿੰਡਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੇ ਮੰਡੀਆਂ ਦਾ ਦੌਰਾ ਕਰਕੇ ਕਿਸਾਨਾਂ ਨਾਲ ਸਿੱਧੀ ਗੱਲਬਾਤ ਕਰਕੇ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ ਜਾ ਰਹੀ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਨਾ ਸਿਰਫ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਸਗੋਂ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਖ਼ਤਮ ਹੁੰਦੀ ਹੈ ਤੇ ਮਨੁੱਖੀ ਸਿਹਤ 'ਤੇ ਬੁਰਾ ਪ੍ਰਭਾਵ ਪੈਂਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਲਈ ਸੁਪਰ ਸੀਡਰ, ਹੈਪੀ ਸੀਡਰ, ਬੇਲਰ ਤੇ ਮਲਚਰ ਵਰਗੀਆਂ ਆਧੁਨਿਕ ਮਸ਼ੀਨਾਂ 'ਤੇ ਭਾਰੀ ਸਬਸਿਡੀ ਦਿੱਤੀ ਗਈ ਹੈ ਤਾਂ ਜੋ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਵਿੱਚ ਦਿੱਕਤ ਨਾ ਆਵੇ।ਜ਼ਿਲ੍ਹਾ ਪੁਲਸ ਮੁਖੀ ਸ੍ਰੀ ਸੁਹੇਲ ਕਾਸਿਮ ਮੀਰ ਨੇ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣਾ ਕਾਨੂੰਨੀ ਜੁਰਮ ਹੈ ਤੇ ਅਜਿਹਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੁਲਸ ਤੇ ਪ੍ਰਸ਼ਾਸਨ ਵੱਲੋਂ ਪਿੰਡ ਪੱਧਰ 'ਤੇ ਨਿਗਰਾਨੀ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ ਤੇ ਅੱਗ ਲੱਗਣ ਦੀਆਂ ਘਟਨਾਵਾਂ 'ਤੇ ਨਜ਼ਰ ਰੱਖੀ ਜਾ ਰਹੀ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਦਾ ਸਾਥ ਦੇਣ ਅਤੇ ਆਪਣੇ ਪਿੰਡ ਨੂੰ ਅੱਗ ਮੁਕਤ ਪਿੰਡ ਬਣਾਉਣ।ਇਸ ਮੁਹਿੰਮ ਤਹਿਤ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਬਲਾਕ ਨਥਾਣਾ ਦੇ ਪਿੰਡਾਂ ਭੁੱਚੋ ਕਲਾਂ, ਪੂਹਲਾ ਤੇ ਪੂਹਲੀ ਦੇ ਖੇਤਾਂ ਦਾ ਦੌਰਾ ਕਰਕੇ ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਜ਼ਮੀਨ ਵਿੱਚ ਮਿਲਾਉਣ ਜਾਂ ਪਰਾਲੀ ਦੀਆਂ ਗੱਠਾਂ ਬਣਾਉਣ ਉਪਰੰਤ ਹੀ ਕਣਕ ਦੀ ਬਿਜਾਈ ਕਰਨ ਲਈ ਅਪੀਲ ਕੀਤੀ ਗਈ।

ਬਲਜਿੰਦਰ ਢਿੱਲੋਂ ਨੇ ਓ ਐੱਸ ਡੀ ਘੁੰਮਣ ਨਾਲ ਕੀਤੀ ਮੁਲਾਕਾਤ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਐਗਰੋ (ਫੂਡਗ੍ਰੇਨਜ਼ ਕਾਰਪੋਰੇਸ਼ਨ) ਦੇ ਚੇਅਰਮੈਨ ਸ੍ਰ. ਬਲਜਿੰਦਰ ਸਿੰਘ ਢਿੱਲੋਂ ਨੇ ਮਾਣਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਓ ਐੱਸ ਡੀ ਸ੍ਰ. ਰਾਜਬੀਰ ਸਿੰਘ ਘੁੰਮਣ ਨਾਲ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਇੱਕ ਅਹਿਮ ਮੁਲਾਕਾਤ ਕੀਤੀ।ਇਸ ਦੌਰਾਨ ਸ੍ਰ. ਢਿੱਲੋਂ ਨੇ ਦਿਵਾਲੀ ਦੇ ਪਾਵਨ ਤਿਉਹਾਰ ਦੀਆਂ ਦਿਲੋਂ ਵਧਾਈਆਂ ਤੇ ਸ਼ੁਭ-ਕਾਮਨਾਵਾਂ ਦਿੱਤੀਆਂ।ਇਸ ਮੁਲਾਕਾਤ ਦੌਰਾਨ ਦੋਵਾਂ ਆਗੂਆਂ ਵਿਚਾਲੇ ਸੁਖਾਵੇਂ ਮਾਹੌਲ ਵਿੱਚ ਵਿਚਾਰ-ਵਟਾਂਦਰਾ ਹੋਇਆ ਤੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ।ਇਸ ਮੌਕੇ ਸ੍ਰ. ਢਿੱਲੋਂ ਨੇ ਵਿਸ਼ਵਾਸ ਦਿਵਾਇਆ ਕਿ ਆਮ ਆਦਮੀ ਪਾਰਟੀ ਦੀ ਸਮੂਹ ਟੀਮ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਜੀ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਅਤੇ 2027 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨਾ ਤੈਅ ਹੈ।ਸ੍ਰ. ਢਿੱਲੋਂ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਦਿਵਾਲੀ ਦਾ ਇਹ ਪਵਿੱਤਰ ਤਿਉਹਾਰ ਸਮੂਹ ਪੰਜਾਬੀਆਂ ਦੇ ਜੀਵਨ ਵਿੱਚ ਖੁਸ਼ਹਾਲੀ, ਤੰਦਰੁਸਤੀ, ਸੁੱਖ-ਸ਼ਾਂਤੀ ਤੇ ਨਵੀਆਂ ਉਮੀਦਾਂ ਦਾ ਚਾਨਣ ਲੈ ਕੇ ਆਵੇ।ਉਨ੍ਹਾ ਨੇ ਸਭ ਨੂੰ ਦੀਵਾਲੀ ਦੇ ਇਸ ਮੁਕੱਦਸ ਤਿਉਹਾਰ ਦੀਆਂ ਲੱਖ-ਲੱਖ ਮੁਬਾਰਕਾਂ ਵੀ ਦਿੱਤੀਆਂ।

ਪੁਲਸ ਵੱਲੋਂ ਕਿਸਾਨਾਂ ਨੂੰ ਪਰਾਲੀ ਸਾੜਨ ਖ਼ਿਲਾਫ਼ ਕੀਤਾ ਜਾ ਰਿਹੈ ਜਾਗਰੂਕ : ਰਾਣਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਸ੍ਰੀ ਮੁਕਤਸਰ ਸਾਹਿਬ ਦੇ ਸੀਨੀਅਰ ਪੁਲਿਸ ਕਪਤਾਨ ਸ੍ਰੀ ਅਭਿਮੰਨਿਊ ਰਾਣਾ (ਆਈ.ਪੀ.ਐੱਸ.) ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਚਾਰੇ ਸਬ-ਡਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀਵਿੱਚ ਪਰਾਲੀ ਸਾੜਨ ਖ਼ਿਲਾਫ਼ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਪੁਲਸ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਸੈਮੀਨਾਰ ਤੇ ਕਿਸਾਨਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਪਰਾਲੀ ਨਾ ਸਾੜਨ ਤੇ ਇਸ ਦੇ ਬਦਲਵੇਂ ਪ੍ਰਬੰਧਨ ਦੇ ਤਰੀਕਿਆਂ ਬਾਰੇ ਵਿਸਥਾਰ ਨਾਲ ਜਾਗਰੂਕ ਕੀਤਾ ਜਾ ਰਿਹਾ ਹੈ।ਪਰਾਲੀ ਸਾੜਨ ਦੇ ਨੁਕਸਾਨਾਂ ਬਾਰੇ ਕਿਸਾਨਾਂ ਨੂੰ ਕੀਤਾ ਜਾਗਰੂਕ ਇਸ ਮੁਹਿੰਮ ਤਹਿਤ ਪੁਲਸ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਸਮਝਾਇਆ ਜਾ ਰਿਹਾ ਹੈ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਵਿੱਚ ਪ੍ਰਦੂਸ਼ਣ ਵਧਦਾ ਹੈ, ਮਿੱਟੀ ਦੀ ਉਪਜਾਊ ਸ਼ਕਤੀ ਪ੍ਰਭਾਵਿਤ ਹੁੰਦੀ ਹੈ ਤੇ ਮਨੁੱਖੀ ਸਿਹਤ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ।ਪਰਾਲੀ ਦੇ ਧੂੰਏਂ ਕਾਰਨ ਸੜਕਾਂ 'ਤੇ ਵਿਜ਼ੀਬਿਲਟੀ ਘਟਣ ਨਾਲ ਸੜਕ ਹਾਦਸਿਆਂ ਦਾ ਖ਼ਤਰਾ ਵੀ ਵਧ ਜਾਂਦਾ ਹੈ, ਜਿਸ ਨਾਲ ਜਾਨ-ਮਾਲ ਦਾ ਨੁਕਸਾਨ ਹੋ ਸਕਦਾ ਹੈ।ਪੁਲਸ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦੇ ਬਦਲਵੇਂ ਪ੍ਰਬੰਧਨ ਦੇ ਢੰਗ ਅਪਨਾਉਣ।ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਸਮੂਹ ਕਿਸਾਨਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਰਾਲੀ ਸਾੜਨ ਦੀ ਪ੍ਰਥਾ ਨੂੰ ਰੋਕਣ ਲਈ ਪ੍ਰਸ਼ਾਸਨ ਤੇ ਪੁਲਸ ਦਾ ਸਹਿਯੋਗ ਕਰਨ।ਪਰਾਲੀ ਪ੍ਰਬੰਧਨ ਦੇ ਬਦਲਵੇਂ ਢੰਗ ਅਪਨਾ ਕੇ ਤੇ ਹੋਰਨਾਂ ਨੂੰ ਵੀ ਇਸ ਸਬੰਧੀ ਜਾਗਰੂਕ ਕਰਕੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਵਿੱਚ ਆਪਣਾ ਯੋਗਦਾਨ ਪਾਇਆ ਜਾਵੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਜੇ ਆਰ ਐੱਸ ਡੀ ਏ ਵੀ ਪਬਲਿਕ ਸਕੂਲ ਝਬਾਲ ਵਿਖੇ ਦੀਵਾਲੀ ਬੜੀ ਧੂਮ-ਧਾਮ ਨਾਲ ਮਨਾਈ



ਝਬਾਲ (ਹਰਜਿੰਦਰ ਸਿੰਘ ਸੋਨੀ)-ਜੇ ਆਰ ਐੱਸ ਡੀ.ਏ.ਵੀ.ਪਬਲਿਕ ਸਕੂਲ ਝਬਾਲ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ, ਖੁਸ਼ੀ ਅਤੇ ਸ਼ਰਧਾ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਿਲ ਕੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਸਮਾਗਮ ਦੌਰਾਨ ਵਿਦਿਆਰਥੀਆਂ ਨੇ ਰੰਗੋਲੀ ਬਣਾਉਣ, ਦੀਵੇ ਸਜਾਉਣ ਅਤੇ ਵੱਖ-ਵੱਖ ਸਿਰਜਣਾਤਮਕ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲਿਆ। ਸਕੂਲ ਦਾ ਵਾਤਾਵਰਣ ਰੰਗ-ਬਿਰੰਗੀਆਂ ਸਜਾਵਟਾਂ ਅਤੇ ਦੀਵਿਆਂ ਦੀ ਰੌਸ਼ਨੀ ਨਾਲ ਮਨਮੋਹਕ ਬਣ ਗਿਆ।

ਵਿਦਿਆਰਥੀਆਂ ਨੂੰ ਦੀਵਾਲੀ ਦੇ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਵ ਬਾਰੇ ਵੀ ਜਾਣਕਾਰੀ ਦਿੱਤੀ ਗਈ।ਸਿੱਖ ਧਰਮ ਵਿੱਚ ਇਸ ਤਿਉਹਾਰ ਨੂੰ ਬੰਦੀ ਛੋੜ ਦਿਵਸ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ।ਇਸ ਮੌਕੇ ਪੰਜਵੀਂ ਜਮਾਤ ਦੀ ਵਿਦਿਆਰਥਣ ਜਸਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਬੰਦੀ ਛੋੜ ਦਿਵਸ ਦੇ ਇਤਿਹਾਸ ਤੋਂ ਜਾਣੂ ਕਰਵਾਇਆ।ਇਸ ਮੌਕੇ ਬੱਚਿਆਂ ਨੇ ਆਪਣੇ ਅਧਿਆਪਕਾਂ ਦੀ ਅਗਵਾਈ ਵਿੱਚ ਰੰਗਾਂ -ਰੰਗ ਪ੍ਰਸਤੁਤੀਆਂ ਵੀ ਦਿੱਤੀਆਂ।ਸਟੇਜ ਸੰਭਾਲਣ ਦੀ ਸੇਵਾ ਮੈਡਮ ਰਜਨੀ ਅਤੇ ਮੈਡਮ ਆਰਤੀ ਮਹਾਜਨ ਦੁਆਰਾ ਨਿਭਾਈ ਗਈ।ਸਟੇਜ ਸਜਾਉਣ ਤੇ ਮੁਕਾਬਲੇ ਕਰਾਉਣ ਦੀ ਸੇਵਾ ਮੈਡਮ ਆਸਥਾ ਦੁਆਰਾ ਨਿਭਾਈ ਗਈ। ਸਕੂਲ ਦੇ ਪ੍ਰਿੰਸੀਪਲ ਅਸ਼ਵਨੀ ਕੁਮਾਰ ਜੀ ਨੇ ਵਿਦਿਆਰਥੀਆਂ ਨੂੰ ਦੀਵਾਲੀ ਦਾ ਤਿਉਹਾਰ ਸੁਰੱਖਿਅਤ ਅਤੇ ਪ੍ਰਦੂਸ਼ਣ ਰਹਿਤ ਢੰਗ ਨਾਲ ਮਨਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਨੇ ਸਾਰਿਆਂ ਨੂੰ ਪਿਆਰ, ਸਦਭਾਵਨਾ, ਆਪਸੀ ਸਾਂਝ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ।ਇਸ ਮੌਕੇ ਵਿਦਿਆਰਥੀਆਂ ਨੂੰ ਇਹ ਸਿੱਖਿਆ ਦਿੱਤੀ ਗਈ ਕਿ ਦੀਵਾਲੀ ਸਿਰਫ਼ ਦੀਵੇ ਜਗਾਉਣ ਦਾ ਤਿਉਹਾਰ ਨਹੀਂ, ਸਗੋਂ ਆਪਣੇ ਮਨ ਵਿੱਚੋਂ ਹਨੇਰੇ, ਬੁਰਾਈ ਅਤੇ ਨਕਾਰਾਤਮਕਤਾ ਨੂੰ ਦੂਰ ਕਰਕੇ ਗਿਆਨ, ਸੱਚਾਈ ਅਤੇ ਨੇਕੀ ਦੀ ਰੌਸ਼ਨੀ ਫੈਲਾਉਣ ਦਾ ਪ੍ਰਤੀਕ ਹੈ। ਸਮਾਗਮ ਖੁਸ਼ੀ ਅਤੇ ਉਤਸ਼ਾਹ ਨਾਲ ਸੰਪੰਨ ਹੋਇਆ।

ਸ਼ੈਰੀ ਕਲਸੀ ਨੇ ਬਜ਼ੁਰਗਾਂ ਨਾਲ ਦੀਵਾਲੀ ਦੀ ਖੁਸ਼ੀ ਸਾਂਝੀ ਕੀਤੀ

ਬਟਾਲਾ, (ਤਰਲੋਕ ਬੱਗਾ)-ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ 'ਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਿਰਧ ਆਸ਼ਰਮ, ਬਟਾਲਾ ਵਿਖੇ ਪਹੁੰਚ ਕੇ ਬਜ਼ੁਰਗਾਂ ਨੂੰ ਦੀਵਾਲੀ ਦੀ ਮੁਬਾਰਕਬਾਦ ਦਿੱਤੀ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਹ ਬਜ਼ੁਰਗ ਸਾਡੇ ਆਪਣੇ ਹਨ ਅਤੇ ਇਥੇ ਆ ਕੇ ਬਜ਼ੁਰਗਾਂ ਦਾ ਆਸ਼ੀਰਵਾਦ ਲਿਆ ਹੈ।ਇਸ ਮੌਕੇ ਉਹਨਾਂ ਨੇ ਬਜ਼ੁਰਗਾਂ ਨੂੰ ਕੰਬਲ ਆਦਿ ਵੰਡੇ ਅਤੇ ਸੰਬੰਧਤ ਸਟਾਫ ਨੂੰ ਬਜ਼ੁਰਗਾਂ ਦੀ ਸਿਹਤ ਅਤੇ ਸੁਖ-ਸੁਵਿਧਾ ਦਾ ਖਾਸ ਧਿਆਨ ਰੱਖਣ ਲਈ ਕਿਹਾ।ਨਾਲ ਹੀ ਉਨ੍ਹਾਂ ਕਿਹਾ ਕਿ ਜੇਕਰ ਆਸ਼ਰਮ ਨੂੰ ਕਿਸੇ ਵੀ ਤਰ੍ਹਾਂ ਦੀ ਮਦਦ ਦੀ ਲੋੜ ਹੋਵੇ ਤਾਂ ਉਨ੍ਹਾਂ ਨੂੰ ਜ਼ਰੂਰ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਬਜ਼ੁਰਗਾਂ ਨੂੰ ਇਥੇ ਰਹਿਣ ਦੀ ਕੋਈ ਮੁਸ਼ਕਿਲ ਪੇਸ਼ ਨਾ



ਘਰ ਤੇ ਦੁਕਾਨ 'ਚ ਲੱਗੀ ਭਿਆਨਕ ਅੱਗ; ਲੋਕਾਂ ਨੇ ਮਿਲ ਕੇ ਪਾਇਆ ਕਾਬੂ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਦਿਵਾਲੀ ਮੌਕੇ ਕਾਦੀਆਂ ਦੇ ਮੁਹੱਲਾ ਅਕਾਲਗੜ੍ਹ ਤੋਂ ਇੱਕ ਦੁਖਦਾਈ ਘਟਨਾ ਸਾਹਮਣੇ ਆਈ ਹੈ।ਇੱਥੇ ਸਥਿਤ ਅਵਤਾਰ ਸਿੰਘ ਭਾਟੀਆ ਦੇ ਘਰ ਅਤੇ ਦੁਕਾਨ ਵਿੱਚ ਅਚਾਨਕ ਭਿਆਨਕ ਅੱਗ ਲੱਗ ਗਈ, ਜਿਸ ਨਾਲ ਇਲਾਕੇ ਵਿੱਚ ਹੜਕੰਪ ਮਚ ਗਿਆ।ਅੱਗ ਲੱਗਣ ਦੀ ਖ਼ਬਰ ਮਿਲਦਿਆਂ ਹੀ ਮੁਹੱਲਾ ਅਕਾਲਗੜ੍ਹ ਦੇ ਸਥਾਨਕ ਨਿਵਾਸੀਆਂ ਅਤੇ ਮੁਸਲਿਮ ਜਮਾਤ ਅਹਿਮਦੀਆ ਦੇ ਨੌਜਵਾਨਾਂ ਨੇ ਮਿਸਾਲੀ ਭਾਈਚਾਰਕ ਸਾਂਝ ਦਾ ਸਬੂਤ ਦਿੰਦਿਆਂ ਤੁਰੰਤ ਮੌਕੇ ਤੇ ਪਹੁੰਚ ਕੇ ਅੱਗ ਬੁਝਾਉਣ ਦੀ ਸੇਵਾ ਸ਼ੁਰੂ ਕੀਤੀ।

ਇਸ ਦੇ ਨਾਲ ਹੀ ਮੁਸਲਿਮ ਜਮਾਤ ਅਹਿਮਦੀਆ ਦੀ ਫਾਇਰ ਸਰਵਿਸ ਦੀ ਟੀਮ ਨੇ ਮੌਕੇ ਤੇ ਪਹੁੰਚ ਕੇ ਕੜੀ ਮਿਹਨਤ ਤੋਂ ਬਾਅਦ ਅੱਗ ਤੇ ਪੂਰੀ ਤਰ੍ਹਾਂ ਕਾਬੂ ਪਾਇਆ।ਅਵਤਾਰ ਸਿੰਘ ਭਾਟੀਆ ਨੇ ਦੱਸਿਆ ਕਿ ਅੱਗ ਸੱਤ ਵਜੇ ਦੇ ਕਰੀਬ ਲੱਗੀ ਸੀ ਅਤੇ ਉਹਨਾਂ ਦੀ ਖੁਸ਼ਕਿਸਮਤੀ ਰਹੀ ਕਿ ਅਜੇ ਸਮਾਂ ਸ਼ਾਮ ਦਾ ਸੀ ਜਿਸ ਕਾਰਨ ਉਹਨਾਂ ਨੂੰ ਤੁਰੰਤ ਪਤਾ ਲੱਗ ਗਿਆ ਅਤੇ ਅੱਗ ਤੇ ਲੋਕਾਂ ਵੱਲੋਂ ਅਤੇ ਅਹਿਮਦੀਆ ਜਮਾਤ ਭਾਈਚਾਰੇ ਵੱਲੋਂ ਆਪਣੀ ਫਾਇਰ ਬ੍ਰਿਗੇਡ ਲਿਆ ਕੇ ਅੱਗ ਤੇ ਕਾਬੂ ਕਰ ਲਿਆ ਗਿਆ ਅਤੇ ਉਹਨਾਂ ਨੇ ਅਹਿਮਦੀਆ ਭਾਈਚਾਰੇ ਦੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ ਜਿਨਾਂ ਦੀ ਲੋਕਲ ਫਾਇਰ ਬ੍ਰਿਗੇਡ ਕਾਦੀਆਂ ਵਿਖੇ ਹੋਣ ਕਾਰਨ ਕਾਰਨ ਉਹਨਾਂ ਦਾ ਵੱਡਾ ਨੁਕਸਾਨ ਹੋਣ ਤੋਂ ਬਚਾ ਹੋ ਗਿਆ।

ਇਸ ਮੌਕੇ ਨਗਰ ਕੌਂਸਲ ਕਾਦੀਆਂ ਦੇ ਮੀਤ ਪ੍ਰਧਾਨ ਗੁਰਦਿਲਬਾਗ ਸਿੰਘ ਨੀਟਾ ਮਾਹਲ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਮੌਕੇ ਦਾ ਜਾਇਜ਼ਾ ਲਿਆ।

ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਲੋਕਤੰਤਰੀ ਤੇ ਇਨਕਲਾਬੀ ਵਿਚਾਰਧਾਰਾ ਨਾਲ ਹੀ ਸੰਭਵ: ਜਾਮਾਰਾਏ, ਪੰਡੋਰੀ



ਤਰਨ ਤਾਰਨ ਪ੍ਰਿਤਪਾਲ ਸਿੰਘ)-ਭਾਰਤੀ ਇਨਕਲਾਬੀ ਮਾਰਕਵਾਦੀ ਪਾਰਟੀ (ਆਰ.ਐਮ.ਪੀ.ਆਈ.) ਵੱਲੋਂ ਅੱਜ ਗਾਂਧੀ ਪਾਰਕ, ਤਰਨ ਤਾਰਨ ਵਿਖੇ ਕੁਲਦੀਪ ਸਿੰਘ ਮਾਣੋਚਾਹਲ ਦੀ ਪ੍ਰਧਾਨਗੀ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਰੂਸ ਦੀ ਧਰਤੀ 'ਤੇ ਸਮਾਜਵਾਦੀ ਕ੍ਰਾਂਤੀ ਆਈ ਸੀ।ਉਨਾਂ ਅਕਤੂਬਰ ਇਨਕਲਾਬ ਦੇ ਇਤਿਹਾਸਕ ਮਹੱਤਵ ਤੇ ਚਾਨਣਾ ਪਾਇਆ।ਉਨ੍ਹਾਂ ਕਿਹਾ ਕਿ ਅਕਤੂਬਰ ਇਨਕਲਾਬ ਨੇ ਦੁਨੀਆ ਭਰ ਦੇ ਮਜ਼ਦੂਰਾਂ ਅਤੇ ਕਿਸਾਨਾਂ ਲਈ ਸਮਾਜਿਕ ਨਿਆਂ ਅਤੇ ਬਰਾਬਰੀ ਦਾ ਰਾਹ ਖੋਲ੍ਹਿਆ ਅਤੇ ਇਸ ਦੇ ਸਿਧਾਂਤ ਅੱਜ ਵੀ ਪ੍ਰਾਸੰਗਿਕ ਹਨ।ਉਨ੍ਹਾਂ ਭਾਰਤ ਦੀ ਮੌਜੂਦਾ ਰਾਜਸੀ ਸਥਿਤੀ ਤੇ ਵੀ ਵਿਸਥਾਰ ਨਾਲ ਗੱਲ ਕੀਤੀ ਅਤੇ ਆਰਥਿਕ ਅਸਮਾਨਤਾ, ਬੇਰੁਜ਼ਗਾਰੀ, ਕਿਸਾਨਾਂ ਮਜ਼ਦੂਰਾਂ ਦੀਆਂ ਸਮੱਸਿਆਵਾਂ ਅਤੇ ਆਮ ਲੋਕਾਂ ਦੀ ਘਟਦੀ ਕਰਜ਼ਦਾਰੀ ਵਰਗੇ ਮੁੱਦਿਆਂ ਵੱਲ ਧਿਆਨ ਦਿਵਾਇਆ।ਉਨ੍ਹਾਂ ਜ਼ੋਰ ਦਿੱਤਾ ਕਿ ਇਨ੍ਹਾਂ ਸਮੱਸਿਆਵਾਂ ਦਾ ਹੱਲ ਸਿਰਫ਼ ਲੋਕਤੰਤਰੀ ਅਤੇ ਇਨਕਲਾਬੀ ਰਾਹੀਂ ਹੀ ਸੰਭਵ ਹੈ।ਪਾਰਟੀ ਦੇ ਤਹਿਸੀਲ ਸਕੱਤਰ ਸਕੱਤਰ ਬਲਦੇਵ ਸਿੰਘ ਪੰਡੋਰੀ ਨੇ ਕਿਹਾ ਕਿ ਅਜਿਹੀਆਂ ਮੀਟਿੰਗਾਂ ਲੋਕਾਂ ਵਿੱਚ ਰਾਜਨੀਤਿਕ ਚੇਤਨਾ ਪੈਦਾ ਕਰਨ ਅਤੇ ਪਾਰਟੀ ਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।ਪੰਡੋਰੀ ਨੇ ਦੱਸਿਆ ਕਿ ਮਜ਼ਦੂਰਾਂ ਕਿਸਾਨਾਂ ਅਤੇ ਆਮ ਵਰਗ ਦੇ ਲੋਕਾਂ ਨੂੰ ਰਾਜਨੀਤਿਕ ਚੇਤਨਾ ਪੈਦਾ ਕਰਨ ਲਈ 6 ਦਸੰਬਰ ਨੂੰ ਪਿੰਡ ਮਾਣੋਚਾਹਲ ਵਿਖੇ ਰਾਜਨੀਤਿਕ ਕਾਨਫਰੰਸ ਕੀਤੀ ਜਾਵੇਗੀ।ਉਨ੍ਹਾਂ ਸਾਰੇ ਲੋਕਾਂ ਨੂੰ ਪਾਰਟੀ ਦੇ ਸੰਘਰਸ਼ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।

ਹੜ੍ਹਾਂ ਕਾਰਨ ਸਰਹੱਦੀ ਖੇਤਰ ਦੀਆਂ ਟੁੱਟੀਆਂ ਸੜਕਾਂ ਦੀ ਸਰਕਾਰ ਨਹੀਂ ਲੈ ਰਹੀ ਸਾਰ



ਗੁਰਦਾਸਪੁਰ, (ਜਨਕ ਮਹਾਜਨ)- ਪਿਛਲੇ ਸਮੇਂ ਦੌਰਾਨ ਦਰਿਆ ਰਾਵੀ ਵਿਚ ਆਏ ਹੜ ਦੇ ਕਾਰਨ ਸਰਹੱਦੀ ਖੇਤਰ ਦੇ ਲੋਕਾਂ ਦਾ ਜਿੱਥੇ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਸੀ ਉੱਥੇ ਹੀ ਇਲਾਕੇ ਦੀਆਂ ਸੜਕਾਂ ਵੀ ਬੁਰੀ ਤਰ੍ਹਾਂ ਨਾਲ ਟੁੱਟ ਭੱਜ ਅਤੇ ਰੁੜ ਗਈਆਂ ਸਨ।

ਹੜਾਂ ਕਾਰਨ ਟੁੱਟੀਆਂ ਇਨ੍ਹਾਂ ਸੜਕਾਂ ਦੀ ਸਰਕਾਰ ਵਲੋਂ ਅਜੇ ਤੀਕ ਕੋਈ ਸਾਰ ਨਾ ਲੈਣ ਕਾਰਨ ਲੋਕਾਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਸਰਹੱਦੀ ਖੇਤਰ ਦੇ ਲੋਕਾਂ ਨੇ ਦੱਸਿਆ ਕਿ ਦਰਿਆ ਰਾਵੀ ਵਿਚ ਹੜ੍ਹ ਆਉਣ ਨਾਲ ਧੁੱਸੀ ਬੰਨ੍ਹ ਕਈ ਜਗ੍ਹਾ ਤੋਂ ਟੁੱਟਣ ਕਾਰਨ ਉਨ੍ਹਾਂ ਜਿਥੇ ਬਹੁਤ ਜਿਆਦਾ ਮਾਲੀ ਨੁਕਸਾਨ ਹੋਇਆ ਸੀ ਉਥੇ ਹੀ ਇਲਾਕੇ ਦੀਆਂ ਸਾਰੀਆਂ ਸੜਕਾਂ ਬੁਰੀ ਤਰ੍ਹਾਂ ਟੁੱਟ ਭੱਜ ਕੇ ਰੁੜ ਗਈਆਂ ਸਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖਸਤਾ ਹਾਲਤ ਸੜਕਾਂ ਵਿੱਚੋਂ ਗੁਜ਼ਰਨਾ ਉਨ੍ਹਾਂ ਲਈ ਬੇਹੱਦ ਮੁਸ਼ਕਿਲ ਅਤੇ ਕਿਸੇ ਖਤਰੇ ਤੋਂ ਖਾਲੀ ਨਹੀਂ।

ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਰਾਹੀਂ ਰੋਜ਼ਾਨਾ ਵੱਡੀ ਗਿਣਤੀ ਵਿੱਚ ਲੋਕ ਆਪਣੇ ਕੰਮ ਕਾਜ ਲਈ ਆਉਂਦੇ-ਜਾਂਦੇ ਹਨ। ਉਨ੍ਹਾਂ ਕਿਹਾ ਰੋਜ਼ਾਨਾ ਸਕੂਲੀ ਬੱਚਿਆਂ ਦੀਆਂ ਬੱਸਾਂ ਇਨ੍ਹਾਂ ਖਸਤਾ ਹਾਲਤ ਸੜਕਾਂ ਵਿੱਚੋਂ ਬੜੀ ਮੁਸ਼ਕਿਲ ਨਾਲ ਲੰਘਦੀਆਂ ਹਨ ਤੇ ਕਈ ਵਾਰ ਹਾਦਸਿਆਂ ਦਾ ਸ਼ਿਕਾਰ ਹੋ ਜਾਂਦੀਆਂ ਹਨ।

ਦੀਵਾਲੀ ਧੂਮਧਾਮ ਨਾਲ ਮਨਾਈ



ਛੇਹਰਟਾ, (ਮਨੋਜ ਕੁਮਾਰ) : ਸ੍ਰੀ ਗੁਰੂ ਅਰਜਨ ਦੇਵ ਜੀ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਚ ਦੀਵਾਲੀ ਦਾ ਤਿਓਹਾਰ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਉਤਸ਼ਾਹ ਭਰੇ ਮਾਹੌਲ ਵਿਚ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਭਾਜਪਾ ਕੌਂਸਲਰ ਤੇ ਵਿਰੋਧੀ ਧਿਰ ਦੀ ਡਿਪਟੀ ਲੀਡਰ ਕ੍ਰਿਤੀ ਅਰੋੜਾ ਨੇ ਮੁੱਖ ਮਹਿਮਾਨ ਵਜੋਂ ਪ੍ਰੋਗਰਾਮ ਵਿਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਦੀਵਾਲੀ ਰੌਸ਼ਨੀਆਂ ਤੇ ਖੁਸ਼ੀਆਂ ਦਾ ਪ੍ਰਤੀਕ ਹੈ। ਇਹ ਤਿਓਹਾਰ ਸਾਨੂੰ ਹਨੇਰੇ ਤੋਂ ਰੌਸ਼ਨੀ ਵੱਲ ਜਾਣ ਅਤੇ ਆਪਸੀ ਪਿਆਰ, ਭਾਈਚਾਰੇ ਤੇ ਸਦਭਾਵਨਾ ਨਾਲ ਜੀਵਨ ਜਿਊਣ ਲਈ ਪ੍ਰੇਰਨਾ ਦਿੰਦਾ ਹੈ। ਪ੍ਰਿੰਸੀਪਲ ਡਾ. ਸੁਖਬੀਰ ਕੌਰ ਨੇ ਕਿਹਾ ਕਿ ਦੀਵਾਲੀ ਸਿਰਫ਼ ਦੀਵੇ ਜਗਾਉਣ ਦਾ ਤਿਓਹਾਰ ਨਹੀਂ ਹੈ, ਸਗੋਂ ਸਾਡੇ ਜੀਵਨ ਵਿਚ ਗਿਆਨ, ਉਮੀਦ ਤੇ ਸਕਾਰਾਤਮਕ ਵਿਚਾਰਾਂ ਦੀ ਰੌਸ਼ਨੀ ਫ਼ੈਲਾਉਣ ਦਾ ਮੌਕਾ ਹੈ। ਇਸ ਮੌਕੇ ਸੰਸਥਾ ਦੇ ਮੁੱਖ ਪ੍ਰਸ਼ਾਸਨਿਕ ਅਧਿਕਾਰੀ ਮੋਨਿਕਾ ਤਲਵਾੜ, ਰਮਨਦੀਪ ਕੌਰ, ਅਰਸ਼ਦੀਪ, ਲਵਲੀਨ, ਉਬੈਦ, ਬਲਰਾਜ, ਕੋਮਲ, ਜਸ਼ਨਦੀਪ, ਜਸਪ੍ਰੀਤ ਤੇ ਲਵਪ੍ਰੀਤ ਵੀ ਮੌਜੂਦ ਸਨ।

ਚੇਤਨਪੁਰਾ ਵਿਖੇ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ 15 ਨੂੰ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਲਾਨਾ ਗੁਰਮਤਿ ਸਮਾਗਮ 15 ਨਵੰਬਰ ਦਿਨ ਐਤਵਾਰ ਨੂੰ ਸਮੂਹ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਚੇਤਨਪੁਰਾ ਵਿਖੇ ਬੜੀ ਸ਼ਰਧਾ, ਭਾਵਨਾ ਅਤੇ ਪਿਆਰ ਸਹਿਤ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਸਮਾਗਮ ਦੀਆਂ ਤਿਆਰੀਆਂ ਨੂੰ ਲੈ ਕੇ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਮੀਟਿੰਗ ਵੀ ਕੀਤੀ ਗਈ, ਜਿਸ ਵਿੱਚ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਬੰਧਕਾਂ ਦੀਆਂ ਵੱਖ-ਵੱਖ ਡਿਊਟੀਆਂ ਲਗਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਕਮੇਟੀ ਦੇ ਪ੍ਰਧਾਨ ਭਾਈ ਦਲੇਰ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸਲਾਨਾ ਗੁਰਮਤਿ ਸਮਾਗਮ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ ਹੋਵੇਗਾ, ਜਿਸ ਸਮੇਂ ਪੰਥ ਦੇ ਸਿਰਮੌਰ ਰਾਗੀ, ਢਾਡੀ ਅਤੇ ਕਵੀਸ਼ਰੀ ਜਥਿਆਂ ਵੱਲੋਂ ਸਿੱਖ ਇਤਿਹਾਸ ਤੇ ਚਾਨਣਾ ਪਾਇਆ ਜਾਏਗਾ। ਉਨਾਂ ਦੱਸਿਆ ਕਿ ਇਸ ਮੌਕੇ ਭਾਈ ਰਵਿੰਦਰ ਸਿੰਘ ਜੋਨੀ ਨਾਨਕਸਰ ਵਾਲੇ, ਬਾਬਾ ਬਲਵਿੰਦਰ ਸਿੰਘ ਝੰਡੇਰਾਂ ਵਾਲੇ, ਭਾਈ ਜੋਗਾ ਸਿੰਘ ਮਹਿਲ ਜੰਡਿਆਲੇ ਵਾਲੇ, ਕੇਵਲ ਸਿੰਘ ਮਹਿਤਾ (ਸੋਹੀ ਬ੍ਰਦਰਜ਼) ਅਤੇ ਬਾਬਾ ਗੁਰਬੇਜ ਸਿੰਘ ਆਦਿ ਦੇ ਜਥਿਆਂ ਵੱਲੋਂ ਹਾਜ਼ਰ ਸੰਗਤਾਂ ਨੂੰ ਗੁਰੂ ਜਸ ਗਾ ਕੇ ਨਿਹਾਲ ਕੀਤਾ ਜਾਵਗਾ। ਪ੍ਰਬੰਧਕਾਂ ਵੱਲੋਂ ਸਮੂਹ ਨਗਰ ਵਾਸੀਆਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਇਸ ਪਵਿੱਤਰ ਗੁਰਮਤਿ ਸਮਾਗਮ ਵਿੱਚ ਪਰਿਵਾਰਾਂ ਸਮੇਤ ਸ਼ਾਮਲ ਹੋ ਕਿ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਅਤੇ ਬਾਬਾ ਦੀਪ ਸਿੰਘ ਜੀ ਦੀ ਮਹਾਨ ਸ਼ਹਾਦਤ ਨੂੰ ਸਿਜਦਾ ਕਰਨ ਦੀ ਬੇਨਤੀ ਕੀਤੀ।

ਸੀ ਪੀ ਆਈ ਐੱਮ ਵੱਲੋਂ ਅਕਤੂਬਰ ਇਨਕਲਾਬ ਦੀ ਵਰ੍ਹੇਗੰਢ ਨੂੰ ਲਾਲ ਸਲਾਮ

*** ਕਾਮਰੇਡ ਜਸਬੀਰ ਸਿੰਘ ਝਬਾਲ ਨੇ ਜਥੇਬੰਦੀ ਦੀਆਂ ਇਕਾਈਆਂ ਮਜ਼ਬੂਤ ਕਰਨ ਦਾ ਦਿੱਤਾ ਸੱਦਾ**



ਝਬਾਲ (ਹਰਜਿੰਦਰ ਸਿੰਘ ਸੋਨੀ)-ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਸੀਪੀਆਈਐੱਮ ਵੱਲੋਂ ਇੱਕ ਭਰਵੀਂ ਮੀਟਿੰਗ ਕਰਕੇ ਅਕਤੂਬਰ ਇਨਕਲਾਬ ਦੀ ਵਰ੍ਹੇਗੰਢ ਮਨਾਈ ਗਈ।ਇਸ ਮੌਕੇ ਕਾਮਰੇਡ ਮਨਜੀਤ ਸਿੰਘ ਝਬਾਲ ਦੀ ਅਗਵਾਈ ਹੇਠ ਪਾਰਟੀ ਦਾ ਲਾਲ ਝੰਡਾ ਲਹਿਰਾਇਆ ਗਿਆ।ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਦੀਪ ਸਿੰਘ ਭਿੱਖੀਵਿੰਡ ਨੇ ਕਿਹਾ ਕਿ ਜਥੇਬੰਦੀ ਦੀ ਮੈਂਬਰਸ਼ਿਪ ਮੁਹਿੰਮ ਨੂੰ ਤੇਜ਼ ਕੀਤਾ ਜਾਵੇ। ਮੈਂਬਰਸ਼ਿਪ ਕਰਨ ਤੋਂ ਬਾਅਦ ਪਿੰਡਾਂ ਵਿੱਚ ਜਥੇਬੰਦੀ ਦੀਆਂ ਇਕਾਈਆਂ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਮਜ਼ਦੂਰਾਂ ਦੇ ਹੱਕਾਂ ਲਈ ਜਥੇਬੰਦੀ ਵੱਲੋਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇ।ਇਸ ਉਪਰੰਤ ਜਥੇਬੰਦੀ ਦੇ ਸੂਬਾਈ ਆਗੂ ਕਾਮਰੇਡ ਜਸਬੀਰ ਸਿੰਘ ਝਬਾਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਲ 1917 ਵਿੱਚ ਰੂਸ ਦੀ ਧਰਤੀ ਤੇ ਦੁਨੀਆ ਦਾ ਪਹਿਲਾ ਮਜ਼ਦੂਰ ਇਨਕਲਾਬ ਹੋਇਆ ਸੀ, ਜਿਸ ਰਾਹੀਂ ਮਜ਼ਦੂਰਾਂ ਨੇ ਆਪਣਾ ਰਾਜ ਸਥਾਪਤ ਕੀਤਾ।ਇਸ ਇਨਕਲਾਬ ਨੇ ਦੁਨੀਆ ਭਰ ਦੇ ਮਜ਼ਦੂਰਾਂ ਅਤੇ ਕਿਰਤੀ ਲੋਕਾਂ ਨੂੰ ਆਪਣੇ ਹੱਕਾਂ ਲਈ ਲੜਨ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਕਿਹਾ ਕਿ ਗੁਆਂਢੀ ਦੇਸ਼ ਚੀਨ ਵਿੱਚ ਕਿਰਤੀ ਲੋਕਾਂ ਦੀ ਸਰਕਾਰ ਹੋਣ ਕਰਕੇ ਅੱਜ ਚੀਨ ਦੁਨੀਆ ਵਿੱਚ ਆਪਣੀ ਵੱਖਰੀ ਪਛਾਣ ਬਣਾ ਰਿਹਾ ਹੈ।ਉਨ੍ਹਾਂ ਅਮਰੀਕੀ ਸਾਮਰਾਜਵਾਦ ਦੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਕਿਹਾ ਕਿ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਲੋਕ ਜਬਰ ਅਤੇ ਜ਼ੁਲਮ ਦੇ ਖ਼ਿਲਾਫ਼ ਸੰਘਰਸ਼ ਕਰ ਰਹੇ ਹਨ। ਬ੍ਰਾਜ਼ੀਲ ਸਮੇਤ ਹੋਰ ਦੇਸ਼ਾਂ ਵਿੱਚ ਵੀ ਕਿਰਤੀ ਲੋਕਾਂ ਦੀ ਰਾਜਨੀਤਿਕ ਤਾਕਤ ਮਜ਼ਬੂਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਅਕਤੂਬਰ ਇਨਕਲਾਬ ਦੀ ਵਿਚਾਰਧਾਰਾ ਅੱਜ ਵੀ ਮਜ਼ਦੂਰਾਂ ਅਤੇ ਕਿਰਤੀ ਲੋਕਾਂ ਲਈ ਪ੍ਰੇਰਨਾ ਦਾ ਸਰੋਤ ਹੈ।ਲੋੜ ਹੈ ਕਿ ਮਜ਼ਦੂਰ ਜਮਾਤ ਇਕਜੁੱਟ ਹੋ ਕੇ ਲਾਲ ਝੰਡੇ ਦੀ ਅਗਵਾਈ ਹੇਠ ਆਪਣੇ ਹੱਕਾਂ ਦੀ ਲੜਾਈ ਨੂੰ ਹੋਰ ਮਜ਼ਬੂਤ ਕਰੇ।ਇਸ ਮੌਕੇ ਕਾਮਰੇਡ ਕੁਲਦੀਪ ਸਿੰਘ, ਕਾਮਰੇਡ ਸੁਖਵਿੰਦਰ ਸਿੰਘ,ਕਾਮਰੇਡ ਸੁਖਦੇਵ ਸਿੰਘ,ਕਾਮਰੇਡ ਕੁਲਦੀਪ ਸਿੰਘ, ਕਾਮਰੇਡ ਸੁਖਦੇਵ ਸਿੰਘ, ਕਾਮਰੇਡ ਕੁਲਵੰਤ ਸਿੰਘ, ਕਾਮਰੇਡ ਜਸਪਾਲ ਸਿੰਘ ਐਮਾ, ਮਨਜਿੰਦਰ ਸਿੰਘ ਕੋਟ ਧਰਮ ਚੰਦ,ਗੁਰਦੇਵ ਸਿੰਘ ਮੀਰਪੁਰ, ਬਲਵਿੰਦਰ ਸਿੰਘ ਝਬਾਲ, ਮਾਸਟਰ ਬਲਦੇਵ ਸਿੰਘ, ਕਾਮਰੇਡ ਸਾਹਿਬ ਸਿੰਘ, ਚਰਨ ਸਿੰਘ ਅਤੇ ਬਲਦੇਵ ਸਿੰਘ ਸਮੇਤ ਹੋਰ ਸਾਥੀ ਹਾਜ਼ਰ ਸਨ।

ਰੇਵੰਨ ਇੰਟਰਨੈਸ਼ਨਲ ਸਕੂਲ ਮਜੀਠਾ ਵਿਖੇ ਰੰਗੋਲੀ ਬਣਾ ਕੇ ਮਨਾਈ ਦੀਵਾਲੀ



ਮਜੀਠਾ (ਸੋਇਮ ਆਨੰਦ)- ਰੇਵੰਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਹਰੀਆਂ ਰੋਡ ਮਜੀਠਾ ਵਿਖੇ ਦੀਵਾਲੀ ਦੇ ਤਿਉਹਾਰ ਮੌਕੇ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋ ਸੁੱਕੇ ਰੰਗਾਂ ਨਾਲ ਰੰਗੋਲੀ ਬਣਾਈ। ਇਸ ਮੌਕੇ ਸਕੂਲ ਦੇ ਐੱਮ ਡੀ ਅਮਰਪ੍ਰੀਤ ਸਿੰਘ ਗਿੱਲ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੀਵਾਲੀ ਦੇ ਤਿਓਹਾਰ ਦੀ ਇਤਿਹਾਸਕ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ।ਇਸ ਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਧੂੰਆਂ ਰਹਿਤ ਗਰੀਨ ਦੀਵਾਲੀ ਮਨਾਉਣ ਲਈ ਜਾਗਰੂਕ ਕੀਤਾ। ਉਨ੍ਹਾਂ ਦੱਸਿਆ ਕਿ ਕਿਸ ਤਰ੍ਹਾਂ ਪਟਾਕੇ ਚਲਾਉਣ ਨਾਲ ਇੱਕ ਤਾਂ ਹਵਾ ਵਿਚ ਪ੍ਰਦੂਸ਼ਣ ਫੈਲਦਾ ਹੈ ਜਿਸ ਨਾਲ ਅਨੇਕਾਂ ਤਰ੍ਹਾਂ ਦੀਆਂ ਸਾਹ ਦੀਆਂ ਬਿਮਾਰੀਆਂ ਪੈਦਾ ਹੁੰਦੀਆਂ ਹਨ। ਇਸ ਦੇ ਨਾਲ ਹੀ ਕਈ ਵਾਰ ਇਨ੍ਹਾਂ ਪਟਾਕਿਆਂ ਨਾਲ ਹਾਦਸੇ ਵੀ ਹੋ ਜਾਂਦੇ ਹਨ ਜਿਹੜੇ ਕਿ ਕਈ ਵਾਰ ਜਾਨ ਲੇਵਾ ਵੀ ਸਾਬਤ ਹੁੰਦੇ ਹਨ।ਇਸ ਲਈ ਉਨ੍ਹਾਂ ਨੇ ਬੱਚਿਆਂ ਨੂੰ ਧੂੰਆਂ ਰਹਿਤ ਗਰੀਨ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਆਲੇ ਦੁਆਲੇ ਵਿਚ ਵੱਧ ਤੋ ਵੱਧ ਰੁੱਖ ਲਗਾਉਣ ਲਈ ਕਿਹਾ।ਇਸ ਮੌਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸਕੂਲ ਦੇ ਵਿਹੜੇ ਵਿਚ ਸ਼ਾਨਦਾਰ ਰੰਗੋਲੀ ਬਣਾ ਕੇ ਦੀਵਾਲੀ ਦੇ ਇਸ ਤਿਉਹਾਰ ਨੂੰ ਹੋਰ ਵੀ ਖੂਬਸੂਰਤ ਬਣਾ ਦਿੱਤਾ ਅਤੇ ਇੱਕ ਦੂਸਰੇ ਨੂੰ ਵਧਾਈ ਦਿੱਤੀ।

ਦੀਵਾਲੀ ਦਾ ਤਿਉਹਾਰ ਪ੍ਰਦੂਸ਼ਣ ਰਹਿਤ ਮਨਾਇਆ



ਅੰਮ੍ਰਿਤਸਰ (ਅਰੋੜਾ):ਯੋਗ ਸਾਧਨਾ ਆਸ਼ਰਮ ਛੇਹਰਟਾ ਵਿਖੇ ਦੀਵਾਲੀ ਦਾ ਪਵਿੱਤਰ ਤਿਉਹਾਰ ਯੋਗ ਆਸ਼ਰਮ ਦੇ ਆਚਾਰੀਆ ਸਵਾਮੀ ਗੁਰਬਖ਼ਸ਼ ਰਾਏ ਮਹਾਰਾਜ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ।ਇਸ ਮੌਕੇ ਆਸ਼ਰਮ ਵਿੱਚ ਸਾਰਿਆਂ ਨੇ ਵਿਧੀ-ਵਿਧਾਨ ਨਾਲ ਭਗਵਾਨ ਰਾਮ, ਮਾਂ ਲਕਸ਼ਮੀ ਅਤੇ ਗਣਪਤੀ ਗਣੇਸ਼ ਜੀ ਦੀ ਪੂਜਾ-ਅਰਚਨਾ ਕੀਤੀ।ਸਾਰਿਆਂ ਨੇ ਦੀਵਾਲੀ ਦੇ ਮੌਕੇ ਇੱਕ-ਦੂਜੇ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਸਵਾਮੀ ਗੁਰਬਖ਼ਸ਼ ਰਾਏ ਮਹਾਰਾਜ ਨੇ ਸਾਰੇ ਯੋਗ ਪ੍ਰੇਮੀਆਂ ਨੂੰ ਸੁਨੇਹਾ ਦਿੱਤਾ ਕਿ ਉਹ ਪ੍ਰਦੂਸ਼ਣ ਰਹਿਤ ਜਲਵਾਯੂ ਨੂੰ ਸਾਫ਼-ਸੁਥਰਾ ਬਣਾਉਣ ਲਈ ਇੱਕ ਜਨ-ਜਾਗਰੂਕਤਾ ਮੁਹਿੰਮ ਚਲਾਉਣ ਅਤੇ ਬਿਨਾਂ ਆਤਿਸ਼ਬਾਜ਼ੀ ਅਤੇ ਬਿਨਾਂ ਪ੍ਰਦੂਸ਼ਣ ਦੇ ਦੀਵਾਲੀ ਮਨਾਉਣ ਦੀ ਪ੍ਰਥਾ ਕਾਇਮ ਕਰਨ।ਸਾਰਿਆਂ ਨੇ ਮਿਲ ਕੇ ਆਸ਼ਰਮ ਦੇ ਵਿਹੜੇ ਵਿੱਚ ਪ੍ਰੀਤੀ ਭੋਜ ਵੀ ਕੀਤਾ ਅਤੇ ਦੀਵਾਲੀ ਦੀਆਂ ਮਠਿਆਈਆਂ ਵੀ ਵੰਡੀਆਂ। ਮਹਾਰਾਜ ਨੇ ਸਾਰਿਆਂ ਨੂੰ ਹਮੇਸ਼ਾ ਸਵੱਛ ਅਤੇ ਨਿਰੋਗ ਰਹਿਣ ਦਾ ਆਸ਼ੀਰਵਾਦ ਦਿੱਤਾ।ਇਸ ਮੌਕੇ ਸਮਾਜ ਸੇਵਕ ਅੰਦੇਸ਼ ਭੱਲਾ, ਵਾਰਡ ਨੰਬਰ 79 ਦੇ ਕੌਂਸਲਰ ਬੌਬੀ, ਅਸ਼ਵਨੀ ਐਰੀ, ਗੁਰਸ਼ਰਨ ਸਿੰਘ, ਹਰਦੀਪ ਸਿੰਘ, ਭੁਪਿੰਦਰ ਗੁਪਤਾ, ਰਾਜਨ, ਨਰੇਸ਼ ਸ਼ਰਮਾ, ਰਜਿੰਦਰ ਨਈਅਰ, ਵਿਜੇ ਕੁਮਾਰ ਪਟਵਾਰੀ, ਅਜੈ ਭਾਟੀਆ ਸਮੇਤ ਯੋਗ ਆਸ਼ਰਮ ਦੇ ਹੋਰ ਯੋਗ ਪ੍ਰੇਮੀ ਵੀ ਮੌਜੂਦ ਸਨ।

ਗੁ. ਰਾਠੀਕੇ ਸਾਹਿਬ ਮਰਹਾਣਾ ਵਿਖੇ ਦਸਤਾਰ, ਦੁਮਾਲਾ, ਗੁਰਬਾਣੀ ਕੰਠ ਤੇ ਕਵਿਤਾ ਮੁਕਾਬਲੇ 12 ਨੂੰ



ਪੱਟੀ,(ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸ਼ਹੀਦ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈਲਫੇਅਰ ਸੋਸਾਇਟੀ (ਰਜਿ.) ਪੰਜਾਬ ਦੇ ਵੱਲੋਂ ਬਾਬਾ ਰਤਨ ਦੇਵ ਜੀ ਦੀ ਸਾਲਾਨਾ ਯਾਦ ਨੂੰ ਸਮਰਪਿਤ ਗੁਰਦੁਆਰਾ ਰਾਠੀਕੇ ਸਾਹਿਬ ਪਿੰਡ ਮਰਹਾਣਾ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ, ਪਰਚਾਰਕ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਸਦਕਾ ਬੱਚਿਆਂ ਦੇ ਦਸਤਾਰ , ਦੁਮਾਲਾ , ਗੁਰਬਾਣੀ ਕੰਠ ਅਤੇ ਕਵਿਤਾ ਮੁਕਾਬਲੇ 12 ਨਵੰਬਰ ਨੂੰ ਸਵੇਰੇ 9 ਵਜੇ ਤੋਂ ਲੈ ਕੇ ਦੁਪਹਿਰ 1 ਵਜੇ ਤੱਕ ਕਰਵਾਏ ਜਾ ਰਹੇ ਹਨ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਮੁੱਖ ਸੇਵਾਦਾਰ ਭਾਈ ਜਗਜੀਤ ਸਿੰਘ ਅਹਿਮਦਪੁਰ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਹਰਚਰਨ ਸਿੰਘ ਉਬੋਕੇ, ਖਜਾਨਚੀ ਗੁਰਜੰਟ ਸਿੰਘ ਭਿੱਖੀਵਿੰਡ ਅਤੇ ਮਨਦੀਪ ਸਿੰਘ ਘੋਲੀਆਂ ਕਲਾਂ ਨੇ ਪ੍ਰੈਸ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਦਸਤਾਰ ਦੁਮਾਲਾ ਮੁਕਾਬਲੇ ਵਿੱਚ ਚੌਥੀ ਜਮਾਤ ਤੋਂ ਬਾਰਵੀਂ ਜਮਾਤ ਤੱਕ ਦੇ ਲੜਕੇ ਲੜਕੀਆਂ, ਗੁਰਬਾਣੀ ਕੰਠ ਅਤੇ ਕਵਿਤਾ ਮੁਕਾਬਲੇ ਵਿੱਚ ਛੇਵੀਂ ਤੋਂ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀ ਭਾਗ ਲੈ ਸਕਦੇ ਹਨ।ਹਰੇਕ ਮੁਕਾਬਲੇ ਵਿੱਚ ਪਹਿਲਾ, ਦੂਸਰਾ, ਤੀਸਰਾ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਪ੍ਰਭਾਵਸ਼ਾਲੀ ਸ਼ੀਲਡਾਂ ਤੇ ਬਾਕੀ ਸਭਨਾਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਜਾਵੇਗਾ।ਇਸ ਦੇ ਨਾਲ ਹੀ ਬੱਚਿਆਂ ਨੂੰ ਲੈ ਕੇ ਪਹੁੰਚਣ ਵਾਲੇ ਅਧਿਆਪਕ ਅਤੇ ਹੋਰ ਸ਼ਖਸ਼ੀਅਤਾਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਹੋਵੇਗਾ।

ਕੇ ਵੀ ਕੇ ਅੰਮ੍ਰਿਤਸਰ ਨੇ 'ਖੇਤ ਬਚਾਓ ਅਭਿਆਨ' ਅਧੀਨ ਕਰਵਾਈ ਵਿਸ਼ਾਲ ਕਿਸਾਨ ਗੋਸ਼ਟੀ



ਮਜੀਠਾ (ਸੋਇਮ ਆਨੰਦ) - ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਅੰਮ੍ਰਿਤਸਰ ਵਿਖੇ 'ਖੇਤ ਬਚਾਓ ਅਭਿਆਨ' ਤਹਿਤ ਕਿਸਾਨ ਜਾਗਰੂਕਤਾ ਗੋਸ਼ਟੀ ਕਰਵਾਈ ਗਈ।ਇਸ ਗੋਸ਼ਟੀ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੋਂ ਆਏ ਕਿਸਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਪ੍ਰੋਗਰਾਮ ਵਿੱਚ ਇੰਡੀਅਨ ਇੰਸਟੀਚਿਊਟ ਆਫ ਮੇਜ਼ ਰਿਸਰਚ ਲੁਧਿਆਣਾ ਦੇ ਮਾਹਿਰ ਡਾ. ਮਨੀਸ਼ ਧਾਂਗਲਾ ਮੁੱਖ ਬੁਲਾਰੇ ਵਜੋਂ ਪੁੱਜੇ।ਗੋਸ਼ਟੀ ਦਾ ਮੁੱਖ ਮਕਸਦ ਕਿਸਾਨਾਂ ਨੂੰ ਧਰਤੀ ਹੇਠਲੇ ਪਾਣੀ ਦੀ ਬੱਚਤ, ਮਿੱਟੀ ਦੀ ਸਿਹਤ ਸੁਧਾਰਨ ਅਤੇ ਖੇਤੀ ਖਰਚ ਘਟਾਉਣ ਪ੍ਰਤੀ ਜਾਗਰੂਕ ਕਰਨਾ ਸੀ।

ਮਾਹਿਰਾਂ ਨੇ ਕਿਹਾ ਕਿ ਲਗਾਤਾਰ ਝੋਨੇ ਦੀ ਕਾਸ਼ਤ ਨਾਲ ਕੁਦਰਤੀ ਸਰੋਤਾਂ 'ਤੇ ਭਾਰੀ ਦਬਾਅ ਪੈ ਰਿਹਾ ਹੈ, ਇਸ ਲਈ ਫਸਲੀ ਵਿਭਿੰਨਤਾ ਸਮੇਂ ਦੀ ਲੋੜ ਹੈ।ਇਸ ਮੌਕੇ ਕੇ.ਵੀ.ਕੇ. ਦੇ ਮਿੱਟੀ ਵਿਗਿਆਨੀ ਡਾ. ਰਾਜਨ ਭੱਟ ਨੇ ਕਣਕ, ਆਲੂ ਅਤੇ ਮਟਰ ਦੀ ਫਸਲ ਵਿੱਚ ਸਿਫਾਰਸ਼ ਅਨੁਸਾਰ ਖਾਦਾਂ ਪਾਉਣ ਦੀ ਸਲਾਹ ਦਿੱਤੀ।ਉਨ੍ਹਾਂ ਕਿਹਾ ਕਿ ਮਿੱਟੀ ਪਰਖ ਦੇ ਆਧਾਰ 'ਤੇ ਖਾਦਾਂ ਦੀ ਵਰਤੋਂ ਨਾਲ ਜਿੱਥੇ ਝਾੜ ਵਧਦਾ ਹੈ, ਉੱਥੇ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਬਣੀ ਰਹਿੰਦੀ ਹੈ। ਖੇਤੀ ਮਾਹਿਰ ਡਾ. ਰਮਿੰਦਰ ਕੌਰ ਨੇ ਪਰਾਲੀ ਪ੍ਰਬੰਧਨ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਹੈਪੀ ਸੀਡਰ ਅਤੇ ਸਮਾਰਟ ਸੀਡਰ ਨਾਲ ਕਣਕ ਦੀ ਬਿਜਾਈ ਕਰਨ ਨਾਲ ਪਰਾਲੀ ਨੂੰ ਅੱਗ ਲਾਉਣ ਦੀ ਲੋੜ ਨਹੀਂ ਪੈਂਦੀ, ਜਿਸ ਨਾਲ ਵਾਤਾਵਰਨ ਪ੍ਰਦੂਸ਼ਿਤ ਹੋਣ ਤੋਂ ਬਚਦਾ ਹੈ ਅਤੇ ਖਰਚ ਵੀ ਘਟਦਾ ਹੈ। ਇਹ ਤਕਨੀਕਾਂ ਕਿਸਾਨ ਦੀ ਆਮਦਨ ਵਧਾਉਣ ਵਿੱਚ ਸਹਾਈ ਹਨ। ਪਸ਼ੂ ਵਿਗਿਆਨੀ ਡਾ. ਕੰਵਰਪਾਲ ਸਿੰਘ ਢਿੱਲੋਂ ਨੇ ਝੋਨੇ ਦੀ ਪਰਾਲੀ ਨੂੰ ਯੂਰੀਆ ਨਾਲ ਸੋਧ ਕੇ ਪਸ਼ੂਆਂ ਲਈ ਚਾਰੇ ਵਜੋਂ ਵਰਤਣ ਦੀ ਵਿਧੀ ਸਮਝਾਈ।

ਦਸਮੇਸ਼ ਪਬਲਿਕ ਸਕੂਲ 'ਚ ਦੀਵਾਲੀ ਤੇ ਬੰਦੀ ਛੋੜ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)—ਦਸਮੇਸ਼ ਪਬਲਿਕ ਸੀਨੀ. ਸੈਕੰਡਰੀ ਸਕੂਲ ਵਿੱਚ ਦੀਵਾਲੀ ਤੇ ਬੰਦੀ ਛੋੜ ਦਿਵਸ ਬੜੀ ਹੀ ਸ਼ਰਧਾ, ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੀ ਅਸੈਂਬਲੀ ਵਿੱਚ ਕਵਿਤਾ, ਭਾਸ਼ਣ ਤੇ ਗ੍ਰੀਨ ਦੀਵਾਲੀ ਉੱਤੇ ਐਕਟ ਕਰਵਾਇਆ ਗਿਆ।ਸਕੂਲ ਵਿੱਚ ਚੱਲ ਰਹੇ ਤਿੰਨ ਹਾਊਸ ਸਤਲੁਜ, ਬਿਆਸ ਅਤੇ ਰਾਵੀ ਵਿਚਕਾਰ ਰੰਗੋਲੀ ਅਤੇ ਦੀਵਾ ਮੇਕਿੰਗ ਪ੍ਰਤੀਯੋਗਤਾ ਕਰਵਾਈ ਗਈ।ਸੀਨੀਅਰ ਵਿੰਗ ਦੀ ਰੰਗੋਲੀ ਪ੍ਰਤੀਯੋਗਿਤਾ ਵਿੱਚ ਰਾਵੀ ਹਾਊਸ ਫਸਟ ਬਿਆਸ ਹਾਊਸ ਸੈਕਿੰਡ ਤੇ ਸਤਲੁਜ ਹਾਊਸ ਥਰਡ ਪੁਜ਼ੀਸ਼ਨ ਤੇ ਰਿਹਾ।

ਇਸੇ ਤਰਾਂ ਦੀਵਾ ਮੇਕਿੰਗ ਪ੍ਰਤੀਯੋਗਿਤਾ ਵਿੱਚ ਬਿਆਸ ਹਾਊਸ ਫਸਟ ਅਤੇ ਥਰਡ ਪੁਜੀਸ਼ਨ ਤੇ ਸਤਲੁਜ ਹਾਊਸ ਸੈਕਿੰਡ ਪੁਜੀਸ਼ਨ ਤੇ ਰਿਹਾ।ਵਿਦਿਆਰਥੀਆਂ ਨੇ ਆਪਣੀਆਂ ਜਮਾਤਾਂ ਦੀ ਵੀ ਬਹੁਤ ਸੁੰਦਰ ਸਜਾਵਟ ਕੀਤੀ। ਸੰਸਥਾ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਬੰਦੀ ਛੋੜ ਦਿਵਸ ਤੇ ਦੀਵਾਲੀ ਦੀਆਂ ਬਹੁਤ-ਬਹੁਤ ਵਧਾਈਆਂ ਦਿੱਤੀਆਂ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿੱਖਿਆ ਦਿੱਤੀ ਕਿ ਸਾਨੂੰ ਆਪਣੇ ਅੰਦਰ ਵਿੱਦਿਆ ਦਾ ਚਾਨਣ ਕਰਨਾ ਚਾਹੀਦਾ ਹੈ ਅਤੇ ਅਗਿਆਨਤਾ ਦਾ ਹਨੇਰਾ ਦੂਰ ਕਰਨਾ ਚਾਹੀਦਾ ਹੈ, ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਾਤਾਵਰਨ ਦੀ ਸੰਭਾਲ ਲਈ ਪਟਾਕਿਆਂ ਤੋਂ ਦੂਰੀ ਬਣਾਉਣ ਅਤੇ ਦੀਵੇ ਬਾਲ ਕੇ ਖੁਸ਼ੀਆਂ ਵੰਡਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸਕੂਲ ਦੇ ਪ੍ਰਬੰਧਕਾਂ ਅਤੇ ਸਮੂਹ ਸਟਾਫ ਵੱਲੋ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਪ੍ਰਿੰ: ਗੁਰਬੀਰ ਕੌਰ, ਮੈ. ਹਰਪ੍ਰੀਤ ਕੌਰ, ਮੈ. ਰਵਨੀਤ ਕੌਰ, ਮੈ. ਰਵਿੰਦਰ ਕੌਰ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ ।

ਕੁਸ਼ਤੀ ਦੰਗਲ ਤੋਂ ਬਾਅਦ ਹੁਣ ਸਿਆਸਤ 'ਚ ਕਿਸਮਤ ਅਜ਼ਮਾਏਗਾ ਜੱਸਾ ਪੱਟੀ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਜਸਕੰਵਰ ਸਿੰਘ ਜੱਸਾ ਪੱਟੀ ਪਹਿਲਵਾਨ ਕਿਸੇ ਜਾਣ ਪਹਿਚਾਣ ਦਾ ਮੁਥਾਜ ਨਹੀਂ। ਅਖਾੜੇ ਦਾ ਜੇਤੂ ਜੱਸਾ ਪੱਟੀ ਨੇ 13 ਸਾਲ ਦੀ ਉਮਰ ਵਿੱਚ ਸ਼ੁਰੂ ਕੀਤੀ ਸੀ ਕੁਸ਼ਤੀ, 2500 ਤੋਂ ਵੱਧ ਮੁਕਾਬਲਿਆਂ ਵਿੱਚ ਜਿੱਤ ਦੇ ਰਿਕਾਰਡ ਬਣਾਏ। ਹੁਣ ਪੱਟੀ ਦੇ ਵਿਕਾਸ ਲਈ ਸਿਆਸੀ ਪਾਰੀ ਖੇਡਣਗੇ ਜੱਸਾ ਪੱਟੀ/ ਤਰਨਤਾਰਨ। ਪੰਜਾਬ ਦੀ ਮਿੱਟੀ ਵਿੱਚੋਂ ਉੱਠ ਕੇ ਕੁਸ਼ਤੀ ਦੇ ਅਖਾੜਿਆਂ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਵਾਲੇ ਪਹਿਲਵਾਨ ਜੱਸਾ ਪੱਟੀ ਹੁਣ ਸਿਆਸਤ ਦੇ ਮੈਦਾਨ ਵਿੱਚ ਆਪਣੀ ਨਵੀਂ ਪਾਰੀ ਸ਼ੁਰੂ ਕਰਨ ਜਾ ਰਹੇ ਹਨ। ਸਾਲਾਂ ਤੱਕ ਆਪਣੀ ਤਾਕਤ, ਮਿਹਨਤ ਅਤੇ ਲਗਨ ਨਾਲ ਕੁਸ਼ਤੀ ਦੀ ਦੁਨੀਆ ਵਿੱਚ ਨਾਮ ਕਮਾਉਣ ਵਾਲੇ ਜੱਸਾ ਪੱਟੀ ਨੇ ਹੁਣ ਆਮ ਆਦਮੀ ਪਾਰਟੀ ਦੇ ਮਾਧਿਅਮ ਰਾਹੀਂ ਲੋਕ ਸੇਵਾ ਅਤੇ ਆਪਣੇ ਇਲਾਕੇ ਦੇ ਵਿਕਾਸ ਲਈ ਸਿਆਸਤ ਵਿੱਚ ਕਦਮ ਰੱਖਿਆ ਹੈ। ਜੱਸਾ ਪੱਟੀ ਦਾ ਕੁਸ਼ਤੀ ਸਫਰ ਸਿਰਫ਼ 13 ਸਾਲ ਦੀ ਉਮਰ ਵਿੱਚ ਸ਼ੁਰੂ ਹੋ ਗਿਆ ਸੀ। 16 ਸਾਲ ਦੀ ਉਮਰ ਵਿੱਚ ਪਹਿਲਾ ਮੋਟਰਸਾਈਕਲ ਜਿੱਤ ਕੇ ਉਨ੍ਹਾਂ ਨੇ ਆਪਣੀ ਕਾਮਯਾਬੀ ਦਾ ਸਫਰ ਹੋਰ ਮਜ਼ਬੂਤ ਕੀਤਾ।ਇਸ ਤੋਂ ਬਾਅਦ ਉਨ੍ਹਾਂ ਨੇ ਪਿੱਛੇ ਮੁੜ ਕੇ ਨਹੀਂ ਦੇਖਿਆ।ਹੁਣ ਤੱਕ ਉਹ ਲਗਭਗ 2500 ਤੋਂ ਵੱਧ ਕੁਸ਼ਤੀ ਮੁਕਾਬਲਿਆਂ ਵਿੱਚ ਹਿੱਸਾ ਲੈ ਚੁੱਕੇ ਹਨ।ਦੱਸਿਆ ਜਾਂਦਾ ਹੈ ਕਿ ਇਨ੍ਹਾਂ ਵਿੱਚੋਂ 98 ਤੋਂ 99 ਫੀਸਦੀ ਮੁਕਾਬਲਿਆਂ ਵਿੱਚ ਉਨ੍ਹਾਂ ਨੇ ਜਿੱਤ ਹਾਸਲ ਕੀਤੀ ਜਾਂ ਮੁਕਾਬਲਾ ਬਰਾਬਰੀ ਤੇ ਰਿਹਾ। ਆਪਣੇ ਕੁਸ਼ਤੀ ਕਰੀਅਰ ਦੌਰਾਨ ਉਨ੍ਹਾਂ ਨੇ 12-13 ਟਰੈਕਟਰ, ਸਮੇਤ ਅਣਗਿਣਤ ਇਨਾਮ ਪ੍ਰਾਪਤ ਕੀਤੇ ।ਜੱਸਾ ਪੱਟੀ ਦੇ ਨਾਮ ਨਾਲ ਉਨ੍ਹਾਂ ਨੇ ਦੇਸ਼-ਵਿਦੇਸ਼ ਵਿੱਚ ਆਪਣੀ ਪਛਾਣ ਬਣਾਈ, ਹੁਣ ਉਸੇ ਪੱਟੀ ਦੇ ਲੋਕਾਂ ਦੀ ਆਵਾਜ਼ ਬਣਨ ਅਤੇ ਇਲਾਕੇ ਦੇ ਵਿਕਾਸ ਲਈ ਕੰਮ ਕਰਨ ਦਾ ਟੀਚਾ ਲੈ ਕੇ ਉਹ ਸਿਆਸਤ ਵਿੱਚ ਉਤਰੇ ਹਨ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਦੀ ਇਹ ਨਵੀਂ ਪਾਰੀ ਕਿੰਨਾ ਰੰਗ ਲਿਆਉਂਦੀ ਹੈ, ਇਹ ਸਮਾਂ ਦੱਸੇਗਾ।ਫਿਲਹਾਲ ਅਖਾੜੇ ਤੋਂ ਸਿਆਸਤ ਤੱਕ ਦਾ ਉਨ੍ਹਾਂ ਦਾ ਸਫਰ ਇਲਾਕੇ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।

ਬੱਕਰੀ ਪਾਲਣ ਦਾ ਕਿੱਤਾ ਅਪਣਾਉਣ ਸਬੰਧੀ ਸੱਤ ਰੋਜ਼ਾ ਸਿਖਲਾਈ ਕੋਰਸ ਅੱਜ ਤੋਂ



ਮਜੀਠਾ (ਸੋਇਮ ਆਨੰਦ) ਕਿਸਾਨਾਂ ਅਤੇ ਪੇਂਡੂ ਨੌਜਵਾਨਾਂ ਨੂੰ ਸਵੈ-ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਮਕਸਦ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ, ਅੰਮ੍ਰਿਤਸਰ ਵੱਲੋਂ ਬੱਕਰੀ ਪਾਲਣ ਦੇ ਕਿੱਤੇ ਸਬੰਧੀ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਤਹਿਤ 10 ਤੋਂ 19 ਨਵੰਬਰ ਤੱਕ ਸੱਤ ਦਿਨਾਂ ਦਾ ਕਿੱਤਾ ਮੁਖੀ ਸਿਖਲਾਈ ਕੋਰਸ ਲਗਾਇਆ ਜਾਵੇਗਾ। ਇਸ ਕੋਰਸ ਦਾ ਉਦੇਸ਼ ਸਿਖਿਆਰਥੀਆਂ ਨੂੰ ਬੱਕਰੀ ਪਾਲਣ ਦੀਆਂ ਆਧੁਨਿਕ ਤਕਨੀਕਾਂ ਨਾਲ ਜਾਣੂ ਕਰਵਾਉਣਾ ਅਤੇ ਇਸ ਕਿੱਤੇ ਨੂੰ ਆਮਦਨ ਦੇ ਸਾਧਨ ਵਜੋਂ ਵਿਕਸਤ ਕਰਨ ਲਈ ਤਿਆਰ ਕਰਨਾ ਹੈ।

ਇਸ ਸਬੰਧੀ ਡਾ. ਬਿਕਰਮਜੀਤ ਸਿੰਘ, ਸਹਿਯੋਗੀ ਨਿਰਦੇਸ਼ਕ (ਸਿਖਲਾਈ) ਅਤੇ ਡਾ. ਕੰਵਰਪਾਲ ਸਿੰਘ ਢਿੱਲੋਂ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਬੱਕਰੀ ਪਾਲਣ ਪੇਂਡੂ ਖੇਤਰਾਂ ਦੇ ਲੋਕਾਂ ਲਈ ਰੁਜ਼ਗਾਰ ਦਾ ਇੱਕ ਵਧੀਆ ਬਦਲ ਬਣ ਸਕਦਾ ਹੈ।ਇਸ ਕਿੱਤੇ ਨੂੰ ਸਹੀ ਯੋਜਨਾਬੰਦੀ, ਵਿਗਿਆਨਕ ਜਾਣਕਾਰੀ ਅਤੇ ਸੁਚੱਜੇ ਪ੍ਰਬੰਧਾਂ ਨਾਲ ਅਪਣਾ ਕੇ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ।

ਨਸ਼ਾ ਕਰਨ ਤੇ ਵੇਚਣ ਤੋਂ ਰੋਕਣ 'ਤੇ ਮਹਿਲਾ ਕੌਂਸਲਰ ਦੇ ਪਤੀ ਦਾ ਕੁਟਾਪਾ



ਹਸਪਤਾਲ ਵਿੱਚ ਦਾਖਲ 'ਆਪ' ਦੀ ਮਹਿਲਾ ਕੌਂਸਲਰ ਦਾ ਪਤੀ ਕੁਲਵੰਤ ਸਿੰਘ।

ਮਾਨਸਾ (ਧਰਮਵੀਰ ਸ਼ਰਮਾ)-ਸਥਾਨਕ ਵਾਰਡ ਨੰ. 7 ਦੇ ਆਮ ਆਦਮੀ ਪਾਰਟੀ ਦੀ ਮਹਿਲਾ ਕੌਂਸਲਰ ਦੇ ਪਤੀ ਦੀ ਕਥਿਤ ਨੌਜਵਾਨਾਂ ਨੂੰ ਨਸ਼ਾ ਕਰਨ ਤੇ ਵੇਚਣ ਤੋਂ ਰੋਕਣ ਦੀ ਰੰਜਿਸ਼ ਨੂੰ ਲੈ ਕੇ ਉਸ ਦਾ ਕੁਟਾਪਾ ਚਾੜ੍ਹ ਦਿੱਤਾ ਗਿਆ। ਮਹਿਲਾ ਕੌਂਸਲਰ ਦੇ ਪਤੀ ਨੂੰ ਭੀਖੀ ਹਸਪਤਾਲ ਵਿਖੇ ਦਾਖ਼ਲ ਕਰਵਾਉਣ ਤੋਂ ਬਾਅਦ ਮਾਨਸਾ ਸਿਵਲ ਹਸਪਤਾਲ ਲਈ ਰੈਫ਼ਰ ਕਰ ਦਿੱਤਾ ਗਿਆ। ਥਾਣਾ ਭੀਖੀ ਦੀ ਪੁਲਸ ਨੇ ਪੀੜਤ ਦੇ ਬਿਆਨ ਲੈ ਕੇ ਇਸ 'ਤੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਭੀਖੀ ਦੇ ਵਾਰਡ ਨੰਬਰ-7 'ਤੋਂ ਆਮ ਆਦਮੀ ਪਾਰਟੀ ਦੀ ਮਹਿਲਾ ਕੌਂਸਲਰ ਚਰਨਜੀਤ ਕੌਰ ਦੇ ਪਤੀ ਕੁਲਵੰਤ ਸਿੰਘ ਨੇ ਦੱਸਿਆ ਕਿ ਵਾਰਡ ਦੇ ਇੱਕ ਪਾਰਕ ਵਿੱਚ ਕੁੱਝ ਵਿਅਕਤੀ ਨਸ਼ਾ ਕਰਦੇ ਤੇ ਨਸ਼ਾ ਵੇਚਦੇ ਸਨ, ਜਿਨ੍ਹਾਂ ਨੂੰ ਉਹ ਅਕਸਰ ਹੀ ਰੋਕਦਾ ਤੇ ਟੋਕਦਾ ਸੀ। ਉਨ੍ਹਾਂ ਦੱਸਿਆ ਕਿ ਉਸ ਵੱਲੋਂ ਕੁੱਝ ਦਿਨ ਪਹਿਲਾਂ ਇਨ੍ਹਾਂ ਨੌਜਵਾਨਾਂ ਬਾਰੇ ਪੁਲਸ ਨੂੰ ਇਤਲਾਹ ਦੇਕੇ ਥਾਣੇ ਚੁਕਵਾ ਦਿੱਤਾ ਗਿਆ ਸੀ ਤੇ ਇਹੀ ਰੰਜਿਸ਼ ਰੱਖਦਿਆਂ ਨੌਜਵਾਨਾਂ ਨੇ ਅੱਜ ਉਸ 'ਤੇ ਹਮਲਾ ਕਰ ਦਿੱਤਾ, ਜਿਸ ਵਿੱਚ ਉਸ ਨੂੰ ਗੰਭੀਰ ਸੱਟਾਂ ਲੱਗੀਆਂ ਹਨ। ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਵੀ ਕੀਤੀ। ਕੌਂਸਲਰ ਚਰਨਜੀਤ ਕੌਰ ਨੇ ਕਿਹਾ ਕਿ ਇਥੇ ਨਸ਼ਾ ਖੁੱਲ੍ਹੇਆਮ ਵਿਕਦਾ ਹੈ, ਉਸ ਦਾ ਪਤੀ ਨਸ਼ਾ ਵੇਚਣ ਤੇ ਕਰਨ ਵਾਲਿਆਂ ਨੂੰ ਰੋਕਦਾ-ਟੋਕਦਾ ਸੀ, ਇਸ ਕਰਕੇ ਉਨ੍ਹਾਂ ਦੇ ਸੱਟਾਂ ਮਾਰੀਆਂ ਗਈਆਂ ਹਨ। ਮਹਿਲਾ ਕੌਂਸਲਰ ਨੇ ਦੋਸ਼ ਲਾਇਆ ਕਿ ਉਨ੍ਹਾਂ ਦੀ ਪਾਰਟੀ ਦੇ ਰਾਜ ਵਿੱਚ ਹੀ ਉਨ੍ਹਾਂ ਉੱਪਰ ਹਮਲਾ ਹੋਣਾ ਨਿੰਦਣਯੋਗ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੂੰ ਇਸ ਦੀ ਸੂਚਨਾ ਦੇ ਦਿੱਤੀ। ਉਧਰ ਥਾਣਾ ਭੀਖੀ ਦੇ ਮੁਖੀ ਗੁਰਮੇਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਪੀੜਤ ਦੇ ਬਿਆਨ ਦਰਜ ਕਰ ਲਏ ਹਨ ਅਤੇ ਮਾਮਲੇ ਦੀ ਜਾਂਚ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ ਤੇ ਜਲਦੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

ਗੰਦੀ ਨਾਲੇ 'ਤੇ ਬਣੀ ਰੇਲਿੰਗ ਟੁੱਟਣ ਕਾਰਨ ਹਾਦਸੇ ਵਾਪਰਨ ਦਾ ਡਰ



ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਕਸਬਾ ਸ਼ਾਲਾ ਤੇ ਜਗਤਪੁਰ ਵਿਚਕਾਰੋਂ ਲੰਘਦੇ ਗੰਦੀ ਨਾਲੇ ਦੀ ਰੇਲਿੰਗ ਟੁੱਟ ਜਾਣ ਕਾਰਨ ਹਰ ਵੇਲੇ ਕਿਸੇ ਵਹੀਕਲ ਦਾ ਨਾਲੇ ਵਿੱਚ ਡਿਗਣ ਦਾ ਡਰ ਬਣਿਆ ਰਹਿੰਦਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਗੁਰਦਾਸਪੁਰ ਤੋਂ ਲਗਭਗ 15 ਕਿੱਲੋ ਮੀਟਰ ਦੂਰ ਪੈਂਦੇ ਇਸ ਗੰਦੀ ਨਾਲੇ ਤੋਂ ਵੱਡੀ ਗਿਣਤੀ ਵਿਚ ਬੱਸਾਂ, ਟਰੱਕ ਅਤੇ ਹੋਰ ਵਾਹਨ ਦਿਨ ਰਾਤ ਗੁਜ਼ਰਦੇ ਹਨ ਅਤੇ ਗੰਦੀ ਨਾਲੇ 'ਤੇ ਬਣੀ ਪੁਲੀ ਦੀ ਚੌੜਾਈ ਘੱਟ ਹੋਣ ਕਾਰਨ ਦੋ ਵਾਹਨਾਂ ਦਾ ਆਹਮਣੇ-ਸਾਹਮਣੇ ਤੋਂ ਆਉਂਦੇ-ਜਾਂਦੇ ਸਮੇਂ ਗੁਜ਼ਰਨ ਵੇਲੇ ਬੜੀ ਸਾਵਧਾਨੀ ਵਰਤਣੀ ਪੈਂਦੀ ਹੈ। ਜਰਾ ਜਿਹੀ ਕੁਤਾਹੀ ਹੋਣ ਕਾਰਨ ਕੋਈ ਹਾਦਸਾ ਵਾਪਰ ਸਕਦਾ ਹੈ। ਇਸ ਗੰਦੀ ਨਾਲੇ ਦੀ ਡੂੰਘਾਈ ਕਾਫ਼ੀ ਹੈ ਅਤੇ ਇਹ ਨਾਲਾ ਦਰਿਆ ਬਿਆਸ ਵਿਚ ਥੋੜ੍ਹੀ ਅੱਗੇ ਜਾ ਕੇ ਮਿਲ ਜਾਂਦਾ ਹੈ। ਇਸ ਗੰਦੀ ਨਾਲੇ 'ਤੇ ਬਣੀ ਪੁਲੀ ਦੀ ਰੇਲਿੰਗ ਆਏ ਦਿਨ ਟੁੱਟ ਜਾਂਦੀ ਹੈ ਅਤੇ ਹਾਦਸੇ ਹੁੰਦੇ-ਹੁੰਦੇ ਬਚ ਜਾਂਦੇ ਹਨ। ਇਸ ਪੁਲ ਦੀ ਰੇਲਿੰਗ ਨੂੰ ਤੋੜ ਕੇ ਕਈ ਵਾਰ ਵਾਹਨ ਨਾਲੇ ਵਿਚ ਡਿੱਗ ਜਾਂਦੇ ਹਨ।

ਠੋਸ ਰਹਿੰਦ-ਖੂੰਹਦ ਪ੍ਰੋਜੈਕਟ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਏ ਡੀ ਸੀ ਨੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਪਿੰਡਾਂ ਵਿੱਚ ਠੋਸ ਰਹਿੰਦ-ਖੂੰਹਦ ਪ੍ਰਬੰਧਨ (ਸਾਲਿਡ ਵੇਸਟ ਮੈਨੇਜਮੈਂਟ) ਪ੍ਰੋਜੈਕਟ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਮਾਨਯੋਗ ਪੱਲਵੀ ਮਿਸ਼ਰਾ, ਆਈ.ਏ.ਐੱਸ., ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਅੰਮ੍ਰਿਤਸਰ ਦੀ ਪ੍ਰਧਾਨਗੀ ਹੇਠ ਵੱਖ-ਵੱਖ ਬਲਾਕਾਂ ਦੇ ਸਰਪੰਚਾਂ, ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀਆਂ ਅਤੇ ਪੰਚਾਇਤ ਸਕੱਤਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਸਾਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਨੂੰ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾਵੇ, ਤਾਂ ਜੋ ਕੂੜੇ ਦਾ ਸਹੀ ਪ੍ਰਬੰਧਨ ਯਕੀਨੀ ਬਣਾਉਣ ਦੇ ਨਾਲ-ਨਾਲ ਪਿੰਡਾਂ ਵਿੱਚ ਸਾਫ਼-ਸੁਥਰਾ ਅਤੇ ਸਵੱਛ ਵਾਤਾਵਰਣ ਸਿਰਜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਘਰ-ਘਰ ਜਾ ਕੇ ਕੂੜਾ ਇਕੱਠਾ ਕਰਨ ਲਈ ਰੇਹੜੀਆਂ ਦਾ ਢੁੱਕਵਾਂ ਪ੍ਰਬੰਧ ਕੀਤਾ ਜਾਵੇ ਅਤੇ ਲੋਕਾਂ ਨੂੰ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਰੱਖਣ ਲਈ ਜਾਗਰੂਕ ਕੀਤਾ ਜਾਵੇ। ਇਸ ਦੇ ਨਾਲ ਹੀ ਪਿੰਡਾਂ ਵਿੱਚ ਚਾਰ-ਪੱਖੀ ਕੂੜਾ ਛਾਂਟੀ ਪ੍ਰਣਾਲੀ ਲਾਗੂ ਕਰਨੀ ਯਕੀਨੀ ਬਣਾਈ ਜਾਵੇ, ਜਿਸ ਤਹਿਤ ਗਿੱਲਾ ਕੂੜਾ, ਸੁੱਕਾ ਕੂੜਾ, ਸੈਨੇਟਰੀ ਰਹਿੰਦ-ਖੂੰਹਦ ਅਤੇ ਖ਼ਤਰਨਾਕ ਘਰੇਲੂ ਰਹਿੰਦ-ਖੂੰਹਦ ਨੂੰ ਵੱਖ-ਵੱਖ ਇਕੱਠਾ ਕੀਤਾ ਜਾਵੇ। ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਕੂੜਾ ਇਕੱਠਾ ਕਰਨ ਅਤੇ ਇਸ ਦੇ ਵਿਗਿਆਨਕ ਢੰਗ ਨਾਲ ਨਿਪਟਾਰੇ ਲਈ ਪਿੰਡ ਪੱਧਰ 'ਤੇ ਢੁੱਕਵੀਂ ਵਿਵਸਥਾ ਕੀਤੀ ਜਾਵੇ। ਇਸ ਤੋਂ ਇਲਾਵਾ ਲੋਕਾਂ ਨੂੰ ਕੂੜੇ ਦੀ ਸਹੀ ਛਾਂਟੀ ਅਤੇ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾਵੇ, ਤਾਂ ਜੋ ਪਿੰਡਾਂ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਇਆ ਜਾ ਸਕੇ। ਉਨ੍ਹਾਂ ਰਾਊਂਡ ਗਲਾਸ ਫਾਊਂਡੇਸ਼ਨ ਦੇ ਕੋਆਰਡੀਨੇਟਰ ਰੇਸ਼ਮ ਸਿੰਘ ਨੂੰ ਵੀ ਹਦਾਇਤ ਕੀਤੀ ਕਿ ਵੱਧ ਤੋਂ ਵੱਧ ਪਿੰਡਾਂ ਵਿੱਚ ਸਾਲਿਡ ਵੇਸਟ ਮੈਨੇਜਮੈਂਟ ਸਬੰਧੀ ਗਤੀਵਿਧੀਆਂ ਕਰਵਾਈਆਂ ਜਾਣ ਅਤੇ ਇਸ ਪ੍ਰੋਜੈਕਟ ਨੂੰ ਜ਼ਮੀਨੀ ਪੱਧਰ 'ਤੇ ਸਫਲ ਬਣਾਉਣ ਲਈ ਗ੍ਰਾਮ ਪੰਚਾਇਤਾਂ ਨਾਲ ਤਾਲਮੇਲ ਕਰਕੇ ਕੰਮ ਕੀਤਾ ਜਾਵੇ। ਮੀਟਿੰਗ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਉਪ ਮੰਡਲ ਇੰਜੀਨੀਅਰ, ਬੀ. ਆਰ. ਸੀ., ਸੀ. ਡੀ. ਐੱਸ. ਦੇ ਨੁਮਾਇੰਦੇ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚ ਤੇ ਪੰਚਾਇਤ ਸਕੱਤਰ ਹਾਜ਼ਰ ਸਨ।

ਹਾਵਰਡ ਲੇਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਦੀਆਂ ਰੌਣਕਾਂ



ਝਬਾਲ (ਹਰਜਿੰਦਰ ਸਿੰਘ ਸੋਨੀ)-ਹਾਵਰਡ ਲੇਨ ਸੀਨੀਅਰ ਸੈਕੰਡਰੀ ਸਕੂਲ, ਠੱਠਾ ਝਬਾਲ ਵਿਖੇ ਦੀਵਾਲੀ ਦੇ ਪਵਿੱਤਰ ਤਿਉਹਾਰ ਨੂੰ ਸਮਰਪਿਤ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਦੀਵਾਲੀ ਦੀ ਮਹੱਤਤਾ ਅਤੇ ਇਤਿਹਾਸਕ ਪਿਛੋਕੜ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ।ਵਿਦਿਆਰਥੀਆਂ ਨੇ ਦੀਵਾਲੀ ਨਾਲ ਸਬੰਧਿਤ ਕਵਿਤਾਵਾਂ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ। ਇਸ ਤੋਂ ਇਲਾਵਾ ਇੰਟਰ ਹਾਊਸ ਰੰਗੋਲੀ ਅਤੇ ਹੋਰ ਮੁਕਾਬਲਿਆਂ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਸਕੂਲ ਦੀਆਂ ਸਾਰੀਆਂ ਜਮਾਤਾਂ ਵਿੱਚ ਦੀਵਾਲੀ ਨਾਲ ਸਬੰਧਿਤ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ ਜਿਵੇਂ ਦੀਵਾ ਸਜਾਵਟ, ਪੇਪਰ ਲੈਂਪ, ਝੂਮਰ, ਵਾਲ ਹੈਂਗਿੰਗ, ਤੋਰਨ ਸਜਾਵਟ ਆਦਿ।ਵਿਦਿਆਰਥੀਆਂ ਨੇ ਆਪਣੀਆਂ ਜਮਾਤਾਂ ਨੂੰ ਸੁੰਦਰ ਢੰਗ ਨਾਲ ਸਜਾ ਕੇ ਤਿਉਹਾਰ ਦੀ ਖੁਸ਼ੀ ਸਾਂਝੀ ਕੀਤੀ।ਇਨ੍ਹਾਂ ਗਤੀਵਿਧੀਆਂ ਰਾਹੀਂ ਬੱਚਿਆਂ ਦੀ ਸਿਰਜਣਾਤਮਕ ਪ੍ਰਤਿਭਾ ਨੂੰ ਉਤਸ਼ਾਹਿਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੀਵਾਲੀ ਖੁਸ਼ੀਆਂ, ਰੌਸ਼ਨੀ ਅਤੇ ਆਪਸੀ ਪਿਆਰ ਦਾ ਤਿਉਹਾਰ ਹੈ।ਸਾਨੂੰ ਇਹ ਤਿਉਹਾਰ ਸਾਦਗੀ ਅਤੇ ਸੁਰੱਖਿਅਤ ਢੰਗ ਨਾਲ ਮਨਾਉਣਾ ਚਾਹੀਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਪਟਾਕਿਆਂ ਤੋਂ ਪਰਹੇਜ਼ ਕਰਨ, ਵਾਤਾਵਰਨ ਦੀ ਸਾਂਭ-ਸੰਭਾਲ ਕਰਨ ਅਤੇ ਆਪਣੀਆਂ ਖੁਸ਼ੀਆਂ ਲੋੜਵੰਦਾਂ ਨਾਲ ਸਾਂਝੀਆਂ ਕਰਨ।ਉਨ੍ਹਾਂ ਕਿਹਾ ਕਿ ਅਸਲ ਦੀਵਾਲੀ ਤਾਂ ਉਦੋਂ ਹੈ ਜਦੋਂ ਅਸੀਂ ਕਿਸੇ ਦੇ ਜੀਵਨ ਵਿੱਚ ਖੁਸ਼ੀ ਅਤੇ ਉਮੀਦ ਦਾ ਦੀਵਾ ਜਗਾਈਏ।ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਅਤੇ ਪ੍ਰਿੰਸੀਪਲ ਸਾਹਿਬ ਨੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਦੀਵਾਲੀ, ਬੰਦੀਛੋੜ, ਗੁਰਪੁਰਬ ਅਤੇ ਬਾਬਾ ਵਿਸ਼ਵਕਰਮਾ ਦਿਵਸ ਨੂੰ ਸਮਰਪਿਤ ਪੱਤਰਕਾਰ ਸੁਰਜੀਤ ਸਿੰਘ ਢੇਰ ਵੱਲੋਂ ਨੰਗਲ ਵਿਸ਼ੇਸ਼ ਸਪਲੀਮੈਂਟ



ਸਰਪੰਚ ਮਹੇਸ਼ ਸ਼ਰਮਾ
ਗ੍ਰਾਮ ਪੰਚਾਇਤ ਲੰਗ ਮਜਾਰੀ

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਸਰਪੰਚ ਮਹੇਸ਼ ਸ਼ਰਮਾ

ਗ੍ਰਾਮ ਪੰਚਾਇਤ ਲੰਗ ਮਜਾਰੀ



ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਮਾਸਟਰ ਗੁਰਦੇਵ ਸਿੰਘ ਡੱਬਰੀ

ਸਮਾਜ ਸੇਵੀ

ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ



ਬਲਬੀਰ ਧਰਮਾਣੀ

ਨੰਬਰਦਾਰ, ਪਿੰਡ ਚੰਡੇਸਰ



ਧੰਨਵਾਦ



ਮੈਂ ਉਨ੍ਹਾਂ ਸੱਜਣਾਂ-ਮਿੱਤਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੈਨੂੰ ਸਪਲੀਮੈਂਟ ਦੇ ਕੇ ਸਾਥ ਦਿੱਤਾ ਤੇ ਭਰਵਾਂ ਸਹਿਯੋਗ ਦਿੱਤਾ। ਮੈਂ ਆਸ ਕਰਦਾ ਹਾਂ ਕਿ ਅੱਗੋਂ ਤੋਂ ਵੀ ਉਹ ਮੇਰਾ ਇਸੇ ਤਰ੍ਹਾਂ ਸਪਲੀਮੈਂਟ ਵਿੱਚ ਸਹਿਯੋਗ ਜਰੂਰ ਦੇਣਗੇ।

ਸੁਰਜੀਤ ਸਿੰਘ ਢੇਰ

ਪੱਤਰਕਾਰ ਨੰਗਲ

ਮੋਬਾ. 98155-13425, ਵਟਸਅੱਪ : 94788-13425



ਜਤਿਨ ਗੁਪਤਾ
72345-45777

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਗੁਪਤਾ ਸਵੀਟਸ

ਮਿਠਾਈ ਦੇ ਥੋਕ ਵਿਕਰੇਤਾ



ਦਰਵੇਸ਼ ਗੁਪਤਾ
98156-72046



ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਨਰਿੰਦਰ ਰਾਣਾ

ਟਰਾਂਸਪੋਰਟਰ



ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਰਘਬੀਰ ਸਿੰਘ ਬੇਲਾ

ਸਾਬਕਾ ਸਰਪੰਚ




ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਨੰਬਰਦਾਰ ਗੁਰਜਿੰਦਰ ਸਿੰਘ

ਸਾਬਕਾ ਸਰਪੰਚ, ਦਸਗਰਾਈਂ

ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ



ਚੌਧਰੀ ਮੋਹਨ ਲਾਲ
ਪ੍ਰਧਾਨ ਬਾਹਤੀ ਮਹਾਂ ਸਭਾ, ਰੂਪਨਗਰ

ਮੋਬਾ. 94173-70700



ਸੁਰਜੀਤ ਸਿੰਘ ਢੇਰ
ਪੱਤਰਕਾਰ ਨੰਗਲ, ਮੋਬਾ.94788-13425



ਬਰਜਿੰਦਰ ਸਿੰਘ ਭੋਡ
ਪ੍ਰੈਸ ਫੋਟੋਗ੍ਰਾਫਰ



ਨੀਰਜ ਅਰੋੜਾ
ਨਿਊਜ਼ ਏਜੰਸੀ ਢੇਰ



ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਸਰਪੰਚ ਮੋਹਨ ਸਿੰਘ

ਗ੍ਰਾਮ ਪੰਚਾਇਤ ਗੰਭੀਰਪੁਰ ਬਸਤੀ ਬਾਠਾਂ



ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਸੁਰਜੀਤ ਸਿੰਘ ਬਿਰਲ

ਸਮਾਜ ਸੇਵੀ



ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਸੁਰਿੰਦਰ ਸ਼ਾਹ

ਟਰਾਂਸਪੋਰਟਰ, ਸਮਾਜ ਸੇਵੀ



ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਗੁਰਭਾਗ ਸਿੰਘ

ਓ ਐਸ ਡੀ ਸਿੱਖਿਆ ਮੰਤਰੀ, ਪੰਜਾਬ



ਗੁਰਭਾਗ ਸਿੰਘ



ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਰਣਬਹਾਦਰ ਸਿੰਘ ਰਾਣਾ

ਐਡਵੋਕੇਟ



ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਠੇਕੇਦਾਰ ਬਲਜਿੰਦਰ ਸਿੰਘ

ਇੱਥੇ ਨਵੇਂ-ਨਵੇਂ ਡਿਜ਼ਾਇਨਾਂ ਰਾਹੀਂ ਕੋਠੀਆਂ ਬਣਾਉਣ ਲਈ ਮਿਲੋ

ਪਿੰਡ ਢਾਹੇ

ਮੋਬਾ. 98551-80768

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਦੀ ਢਾਹੇ ਦੁੱਧ ਉਤਪਾਦਕ ਸਹਿਕਾਰੀ ਸਭਾ ਢਾਹੇ

ਮੀਤ ਪ੍ਰਧਾਨ ਪ੍ਰੇਮ ਸਿੰਘ, ਮਨਜੀਤ ਕੌਰ, ਗੁਰਦੀਪ ਸਿੰਘ, ਜਗੀਰ ਕੌਰ

ਪ੍ਰਧਾਨ ਹਰਜਿੰਦਰ ਕੌਰ

ਸੈਕਟਰੀ ਮੁਖਤਿਆਰ ਸਿੰਘ

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਨੈਨਾ ਹਸਪਤਾਲ, ਗੰਭੀਰਪੁਰ

ਡਾ. ਅੱਛਰ ਸ਼ਰਮਾ

ਯੂਥ ਕਾਂਗਰਸੀ ਆਗੂ

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਸਾਬਕਾ ਸਰਪੰਚ ਜਗਰੂਪ ਸਿੰਘ

ਪਿੰਡ ਚੰਡੇਸਰ

ਪੰਜਾਬ ਕਾਂਗਰਸ ਐੱਸ ਸੀ ਵਿੰਗ ਬਲਾਕ ਪ੍ਰਧਾਨ ਸ੍ਰੀ ਆਨੰਦਪੁਰ ਸਾਹਿਬ

ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ



ਭਗਵੰਤ ਸਿੰਘ ਅਟਵਾਲ ਸਰਪੰਚ

ਗ੍ਰਾਮ ਪੰਚਾਇਤ ਬਲੂਹ, ਬਲਾਕ ਪ੍ਰਧਾਨ 'ਆਪ'

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

Atwal Trading Company

Aurtorised Dealer of Ambuja Cement Limited

Nangal Road, Dher, Rupnagar, Dher

98551-03900

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

Sukhman Jewellers

Deals in : All Kinds Gold & silver Ornaments 100% 23c K.D.M. Jewellery etc.

Specialist in : Lucky Stone

Kulvinder Singh

94172-38593

Bus Stand, Dher, Distt, Ropar

ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ



ਗੁਰਨਾਮ ਸਿੰਘ ਬਿਦਰਾ
ਉਘੇ ਟਰਾਂਸਪੋਰਟਰ

ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ



ਕੁਲਦੀਪ ਕੌਰ
ਬਲਾਕ ਸੰਮਤੀ ਮੈਂਬਰ, ਜ਼ੋਨ ਢੇਰ ਸ੍ਰੀ ਆਨੰਦਪੁਰ ਸਾਹਿਬ

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਬਬਲੂ ਰਾਣਾ

ਚੇਅਰਮੈਨ ਰਾਜਪੂਤ ਵੈਲਫੇਅਰ ਬੋਰਡ ਰੋਪੜ

ਬਬਲੂ ਰਾਣਾ

ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਰਘਬੀਰ ਸਿੰਘ

ਸਰਪੰਚ ਗ੍ਰਾਮ ਪੰਚਾਇਤ ਮਥਰਾ

ਰਘਬੀਰ ਸਿੰਘ

ਮੋਹਿਤ ਸ਼ਰਮਾ ਜੇ ਈ
ਸਕੱਤਰ ਟੀ ਐੱਸ ਯੂ
ਹਾਈਡਲ ਸਰਕਲ ਸ੍ਰੀ ਆਨੰਦਪੁਰ ਸਾਹਿਬ



ਇੰਜ. ਕੁਲਵਿੰਦਰ ਸਿੰਘ ਝੱਜ
ਐਸ ਡੀ ਓ




ਇੰਜ. ਕੇਸਰ ਸਿੰਘ
ਜੇ ਈ ਸ੍ਰੀ ਆਨੰਦਪੁਰ ਸਾਹਿਬ ਹਾਈਡਲ

ਬਲੱਵ ਸਿੰਘ ਝੱਜ
ਪ੍ਰਧਾਨ ਡਵੀਜਨ ਸ੍ਰੀ ਅਨੰਦਪੁਰ ਸਾਹਿਬ ਟੀ ਐੱਸ ਯੂ



ਚਮਨ ਲਾਲ
ਮੀਤ ਪ੍ਰਧਾਨ ਸਬ ਡਵੀਜ਼ਨ ਨੰਗਲ, ਲਾਇਨਮੈਨ



ਅਜੈ ਕੁਮਾਰ
ਕੈਸ਼ੀਅਰ ਟੀ ਐਸ ਯੂ ਸਬ ਡਵੀਜਨ ਨੰਗਲ



ਬਹਾਦਰ ਸਿੰਘ
ਪ੍ਰਧਾਨ ਸਬ ਡਵੀਜਨ, ਨੰਗਲ, ਟੀ ਐੱਸ ਯੂ

ਦੀਵਾਲੀ, ਬੰਦੀਛੋੜ, ਬਾਬਾ ਵਿਸ਼ਵਕਰਮਾ ਅਤੇ ਗੁਰਪੁਰਬ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਹਿਮਾਚਲ ਕਿਸਾਨ ਸਭਾ (AIKS)

ਜ਼ਿਲ੍ਹਾ ਊਨਾ (ਹਿਮਾਚਲ ਪ੍ਰਦੇਸ਼)

ਟੈਕਨੀਕਲ ਸਰਵਿਸ ਯੂਨੀਅਨ (ਟੀ ਐਸ ਯੂ)

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਕਾਮਰੇਡ ਬਜਿੰਦਰ ਪੰਡਤ

ਸਕੱਤਰ ਸੀ ਪੀ ਆਈ ਐਮ, ਰੋਪੜ

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਅਰੁਨ ਸੋਨੀ
ਰੇਲਵੇ ਰੋਡ ਨੰਗਲ

M/S SHIVALIK CONSTRUCTION COMPANY

(M) 98154-82414, 92163-01324

ਸਿਮਰਇੰਦਰ ਸਿੰਘ
ਠੇਕੇਦਾਰ

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

The Beet Area Truck Operatiors Union

VPO THALIWAL, DISTT. UNA (H.P.)

ਪ੍ਰਧਾਨ ਮਨੋਹਰ ਲਾਲ, 98168-21736

Phone : 01975-257517, Mob. 98161-97217,
Email : societythaliwal66@gmail.com

PRIMO CHEMICALS LTD.

(Formerly Known as Punjab Alkalies & Chemicals Ltd.)

NAYA NANGAL DISTT. ROPAR (PB)

"Market leadership and growth through higher customer satisfaction for enhanced profitability using eco-friendly, cost effective technology and safest practices."

Our products

- Caustic soda lye
- Caustic soda Flakes
- Hydrochloric acid
- Liquid chlorine
- Sodium hypochlorite
- Hydrogen gas
- Aluminium chloride
- Stable Bleaching Powder

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਫਰੀਦਾ ਬੇਗਮ
ਸਾਬਕਾ ਬਲਾਕ ਸੰਮਤੀ ਮੈਂਬਰ, ਕਾਂਗਰਸੀ ਆਗੂ

ਦੀਵਾਲੀ, ਬੰਦੀਛੋੜ ਅਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ

ਲੱਖ-ਲੱਖ ਵਧਾਈਆਂ

ਰਾਣਾ ਕੰਵਰਪਾਲ ਸਿੰਘ
ਸਾਬਕਾ ਸੰਸਦੀ ਸਕੱਤਰ

ਦੀਵਾਲੀ, ਬੰਦੀਛੋੜ ਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਸ਼ਿਵਾਲਿਕ ਪੈਲੇਸ ਜਿੰਦਬੜੀ

ਇੱਥੇ ਵਿਆਹ-ਸ਼ਾਦੀਆਂ ਤੇ ਹਰ ਪ੍ਰਕਾਰ ਦੇ ਪ੍ਰੋਗਰਾਮ ਕੀਤੇ ਜਾਂਦੇ ਹਨ। ਸੇਵਾ ਦਾ ਮੌਕਾ ਦਿਓ

ਜਥੇਦਾਰ ਮੋਹਨ ਸਿੰਘ ਢਾਹੇ

ਮੋਬਾ. 94174-66000

ਰਣਬੀਰ ਸਿੰਘ ਢਾਹੇ

ਦੀਵਾਲੀ, ਬੰਦੀਛੋੜ ਤੇ ਵਿਸ਼ਵਕਰਮਾ ਦਿਵਸ ਦੀਆਂ ਸਮੂਹ ਦੇਸ਼ ਵਾਸੀਆਂ ਨੂੰ ਲੱਖ-ਲੱਖ ਵਧਾਈਆਂ

ਵੱਲੋਂ :

ਗਰਾਮ ਪੰਚਾਇਤ ਦਬਕੇਹੜਾ ਉਪਰਲਾ

ਸਰਪੰਚ ਵਿਨੋਦ ਕੁਮਾਰ ਸ਼ਰਮਾ

ਰਾਣਾ ਕੰਵਰਪਾਲ ਸਿੰਘ
ਸਾਬਕਾ ਸਪੀਕਰ ਵਿਧਾਨ ਸਭਾ, ਪੰਜਾਬ